ਸ਼ੁੱਕਰਵਾਰ, 6 ਮਾਰਚ, 2026
23 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 274

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • FRIDAY, 6 MARCH, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਖਾਮਨੇਈ ਦਾ ਪੰਜਵੇਂ ਦਿਨ ਭਾਰਤ ਨੇ ਦੁੱਖ ਪ੍ਰਗਟਾਇਆ

## ਈਰਾਨੀ ਵਿਦੇਸ਼ ਮੰਤਰੀ ਨਾਲ ਫੋਨ 'ਤੇ ਗੱਲਬਾਤ, ਪ੍ਰਧਾਨ ਮੰਤਰੀ ਨੇ ਰਣਨੀਤਕ ਆਜ਼ਾਦੀ ਗੁਆਈ : ਰਾਹੁਲ



**ਨਵੀਂ ਦਿੱਲੀ** : ਅਮਰੀਕਾ-ਇਜ਼ਰਾਈਲ ਅਤੇ ਈਰਾਨ ਵਿਚਾਲੇ ਚੱਲ ਰਹੀ ਜੰਗ ਦੇ ਵੀਰਵਾਰ ਅੱਜ ਛੇਵੇਂ ਦਿਨ ਭਾਰਤ ਨੇ ਪਹਿਲੀ ਵਾਰ ਈਰਾਨੀ ਸੁਪਰੀਮ ਲੀਡਰ ਆਇਤੁੱਲ੍ਹਾ ਅਲੀ ਖਾਮਨੇਈ ਦੀ ਮੌਤ 'ਤੇ ਦੁੱਖ ਪ੍ਰਗਟਾਇਆ ਹੈ। ਭਾਰਤ ਸਰਕਾਰ ਵੱਲੋਂ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਨਵੀਂ ਦਿੱਲੀ ਸਥਿਤ ਈਰਾਨੀ ਦੂਤਾਵਾਸ ਵਿੱਚ ਜਾ ਕੇ ਖਾਮਨੇਈ ਨੂੰ ਸ਼ਰਧਾਂਜਲੀ ਦਿੱਤੀ ਅਤੇ ਉੱਥੇ ਰੱਖੀ ਗਈ ਸ਼ੋਕ ਕਿਤਾਬ ਵਿੱਚ ਆਪਣੇ ਦਸਤਖਤ ਕੀਤੇ। ਖਾਮਨੇਈ ਦੀ 28 ਫਰਵਰੀ ਨੂੰ ਹਮਲੇ ਵਿੱਚ ਮੌਤ ਹੋਈ ਸੀ, ਜਿਸ ਦੀ ਅਧਿਕਾਰਤ ਪੁਸ਼ਟੀ ਈਰਾਨ ਨੇ ਇੱਕ ਦਿਨ ਬਾਅਦ ਕੀਤੀ ਸੀ। ਇਸੇ ਦੌਰਾਨ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਵੀਰਵਾਰ ਈਰਾਨੀ ਵਿਦੇਸ਼ ਮੰਤਰੀ ਅਰਾਗਚੀ ਨਾਲ ਫੋਨ 'ਤੇ ਗੱਲਬਾਤ ਕੀਤੀ।

ਰਾਹੁਲ ਗਾਂਧੀ ਨੇ ਵੀਰਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਕਰਦਿਆਂ ਕਿਹਾ ਕਿ ਪੱਛਮੀ ਏਸ਼ੀਆ ਦਾ ਸੰਘਰਸ਼ ਭਾਰਤ ਦੇ ਵਿਹੜੇ ਤੱਕ ਪਹੁੰਚ ਗਿਆ ਹੈ, ਪਰ ਉਹ ਚੁੱਪ ਹਨ ਅਤੇ ਜਦੋਂ ਦੇਸ਼ ਨੂੰ ਸੱਤਾ ਦੀ ਵਾਗਡੋਰ ਸੰਭਾਲਣ ਲਈ ਇੱਕ ਮਜ਼ਬੂਤ ਹੱਥ ਦੀ ਲੋੜ ਸੀ, ਤਾਂ ਇਸ ਕੋਲ ਇੱਕ 'ਸਮਝੌਤਾਵਾਦੀ ਪ੍ਰਧਾਨ ਮੰਤਰੀ ਹੈ ਜਿਸ ਨੇ ਸਾਡੀ ਰਣਨੀਤਕ ਖੁਦਮੁਖਤਿਆਰੀ ਦਾ ਸਮਰਪਣ ਕਰ ਦਿੱਤਾ ਹੈ।'

ਰਾਹੁਲ ਨੇ ਕਿਹਾ ਕਿ ਦੁਨੀਆ ਇੱਕ ਅਸਥਿਰ ਦੌਰ ਵਿੱਚ ਦਾਖਲ ਹੋ ਗਈ ਹੈ ਅਤੇ 'ਅੱਗੇ ਤੂਫਾਨੀ ਸਮੁੰਦਰ ਹਨ।' ਉਨ੍ਹਾ ਐਕਸ 'ਤੇ ਕਿਹਾ, "ਭਾਰਤ ਦੀ ਤੇਲ ਸਪਲਾਈ ਖਤਰੇ ਵਿੱਚ ਹੈ, ਕਿਉਂਕਿ ਸਾਡੀ ਦਰਾਮਦ ਦਾ 40 ਫੀਸਦੀ ਤੋਂ ਵੱਧ ਹਿੱਸਾ ਸਟਰੇਟ ਆਫ ਹਾਰਮੁਜ਼ ਰਾਹੀਂ ਆਉਂਦਾ ਹੈ। ਐੱਲ ਪੀ ਜੀ ਅਤੇ ਐੱਲ ਐੱਨ ਜੀ ਲਈ ਸਥਿਤੀ ਹੋਰ ਵੀ ਮਾੜੀ ਹੈ।"

ਰਾਹੁਲ ਨੇ ਕਿਹਾ, "ਹਿੰਦ ਮਹਾਸਾਗਰ ਵਿੱਚ ਇੱਕ ਈਰਾਨੀ ਜੰਗੀ ਜਹਾਜ਼ ਦੇ ਡੁੱਬਣ ਨਾਲ ਸੰਘਰਸ਼ ਸਾਡੇ ਵਿਹੜੇ ਤੱਕ ਪਹੁੰਚ ਗਿਆ ਹੈ। ਫਿਰ ਵੀ ਪ੍ਰਧਾਨ ਮੰਤਰੀ ਨੇ ਕੁਝ ਨਹੀਂ ਕਿਹਾ।" ਉਨ੍ਹਾ ਦੋਸ਼ ਲਾਇਆ ਕਿ ਅਜਿਹੇ ਸਮੇਂ ਵਿੱਚ ਭਾਰਤ ਨੂੰ ਇੱਕ ਸਥਿਰ ਅਗਵਾਈ ਦੀ ਲੋੜ ਹੈ, ਪਰ ਇਸ ਦੀ ਬਜਾਏ ਭਾਰਤ ਕੋਲ ਇੱਕ ਅਜਿਹਾ ਪ੍ਰਧਾਨ ਮੰਤਰੀ ਹੈ, ਜਿਸ ਨੇ ਰਣਨੀਤਕ ਸੁਤੰਤਰਤਾ ਗੁਆ ਦਿੱਤੀ ਹੈ। ਉਨ੍ਹਾ ਦੀਆਂ ਇਹ ਟਿੱਪਣੀਆਂ ਇੱਕ ਅਮਰੀਕੀ ਪਣਡੁੱਬੀ ਦੁਆਰਾ ਸ੍ਰੀਲੰਕਾ ਦੇ ਤੱਟ ਨੇੜੇ ਅੰਤਰਰਾਸ਼ਟਰੀ ਪਾਣੀਆਂ ਵਿੱਚ ਇੱਕ ਈਰਾਨੀ ਜੰਗੀ ਜਹਾਜ਼ ਨੂੰ ਤਾਰਪੀਡੋ ਨਾਲ ਡੁਬੋਣ ਤੋਂ ਇੱਕ ਦਿਨ ਬਾਅਦ ਆਈਆਂ ਹਨ, ਜੋ ਭਾਰਤ ਦੁਆਰਾ ਆਯੋਜਤ 'ਮਿਲਾਨ' ਜਲ ਸੈਨਾ ਅਭਿਆਸ ਵਿੱਚ ਹਿੱਸਾ ਲੈ ਕੇ ਵਾਪਸ ਜਾ ਰਿਹਾ ਸੀ। ਅਮਰੀਕੀ ਰੱਖਿਆ ਮੰਤਰੀ ਪੀਟ ਹੇਗਸੇਥ ਨੇ ਪੈਂਟਾਗਨ ਵਿੱਚ ਪੁਸ਼ਟੀ ਕੀਤੀ ਕਿ ਦੂਜੀ ਵਿਸ਼ਵ ਜੰਗ ਤੋਂ ਬਾਅਦ ਤਾਰਪੀਡੋ ਦੁਆਰਾ ਦੁਸ਼ਮਣ ਦੇ ਜੰਗੀ ਜਹਾਜ਼ ਨੂੰ ਡੁਬੋਣ ਦੀ ਇਹ ਪਹਿਲੀ ਘਟਨਾ ਹੈ। ਸ੍ਰੀਲੰਕਾਈ ਜਲ ਸੈਨਾ ਨੇ ਜਹਾਜ਼ ਵਿੱਚੋਂ 87 ਲਾਸ਼ਾਂ ਬਰਾਮਦ ਕੀਤੀਆਂ ਹਨ ਅਤੇ 32 ਲੋਕਾਂ ਨੂੰ ਬਚਾਇਆ ਹੈ।

## ਫੌਜੀ ਟਕਰਾਅ ਨਾਲ ਮਸਲੇ ਹੱਲ ਨਹੀਂ ਹੋ ਸਕਦੇ : ਮੋਦੀ



**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੱਛਮੀ ਏਸ਼ੀਆ ਅਤੇ ਯੂਕਰੇਨ ਦੇ ਸੰਘਰਸ਼ਾਂ ਨੂੰ ਜਲਦੀ ਖਤਮ ਕਰਨ ਦਾ ਸੱਦਾ ਦਿੰਦੇ ਹੋਏ ਕਿਹਾ ਕਿ ਫੌਜੀ ਟਕਰਾਅ ਰਾਹੀਂ ਕਿਸੇ ਵੀ ਮਸਲੇ ਦਾ ਹੱਲ ਨਹੀਂ ਕੀਤਾ ਜਾ ਸਕਦਾ। ਮੋਦੀ ਨੇ ਇਹ ਟਿੱਪਣੀਆਂ ਫਿਨਲੈਂਡ ਦੇ ਰਾਸ਼ਟਰਪਤੀ ਅਲੈਗਜ਼ੈਂਡਰ ਸਟੱਬ ਨਾਲ ਵਿਆਪਕ ਗੱਲਬਾਤ ਕਰਨ ਤੋਂ ਬਾਅਦ ਕੀਤੀਆਂ। ਉਨ੍ਹਾ ਆਪਣੇ ਮੀਡੀਆ ਬਿਆਨ ਵਿੱਚ ਕਿਹਾ, 'ਭਾਰਤ ਅਤੇ ਫਿਨਲੈਂਡ ਦੋਵੇਂ ਕਾਨੂੰਨ ਦੇ ਰਾਜ, ਸੰਵਾਦ ਅਤੇ ਕੂਟਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ। ਅਸੀਂ ਇਸ ਗੱਲ 'ਤੇ ਸਹਿਮਤ ਹਾਂ ਕਿ ਕੋਈ ਵੀ ਮਸਲਾ ਇਕੱਲੇ ਫੌਜੀ ਟਕਰਾਅ ਰਾਹੀਂ ਹੱਲ ਨਹੀਂ ਕੀਤਾ ਜਾ ਸਕਦਾ। ਚਾਹੇ ਯੂਕਰੇਨ ਹੋਵੇ ਜਾਂ ਪੱਛਮੀ ਏਸ਼ੀਆ, ਅਸੀਂ ਸੰਘਰਸ਼ਾਂ ਦੇ ਜਲਦੀ ਅੰਤ ਅਤੇ ਸ਼ਾਂਤੀ ਵੱਲ ਹਰ ਯਤਨ ਦਾ ਸਮਰਥਨ ਕਰਨਾ ਜਾਰੀ ਰੱਖਾਂਗੇ।'

# ਨਿਤੀਸ਼ ਕੁਮਾਰ ਵੱਲੋਂ ਰਾਜ ਸਭਾ ਲਈ ਕਾਗਜ਼ ਦਾਖਲ



**ਪਟਨਾ** : ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਵੀਰਵਾਰ ਰਾਜ ਸਭਾ ਚੋਣਾਂ ਲਈ ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰ ਦਿੱਤੇ। ਜਨਤਾ ਦਲ-ਯੂਨਾਈਟਿਡ (ਜੇ ਡੀ ਯੂ) ਦੇ ਮੁਖੀ ਨੇ ਵਿਧਾਨ ਸਭਾ ਸਕੱਤਰ ਦੇ ਦਫਤਰ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੌਜੂਦਗੀ ਵਿੱਚ ਨਾਮਜ਼ਦਗੀ ਦਾਖਲ ਕੀਤੀ।

ਬਿਹਾਰ ਦੇ ਸਭ ਤੋਂ ਲੰਬੇ ਸਮੇਂ ਤੱਕ ਰਹਿਣ ਵਾਲੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਰਾਜ ਸਭਾ ਵਿੱਚ ਜਾਣ ਦੇ ਆਪਣੇ ਇਰਾਦੇ ਦਾ ਐਲਾਨ ਕਰਦਿਆਂ ਕਿਹਾ ਸੀ ਕਿ ਇਹ ਇਕੋ-ਇਕ ਸਦਨ ਹੈ, ਜਿਸ ਦੇ ਉਹ ਹੁਣ ਤੱਕ ਮੈਂਬਰ ਨਹੀਂ ਰਹੇ ਸਨ। 2005 ਤੋਂ ਮੁੱਖ ਮੰਤਰੀ ਵਜੋਂ ਸੇਵਾਵਾਂ ਨਿਭਾਅ ਰਹੇ ਕੁਮਾਰ ਨੇ ਕਿਹਾ ਕਿ ਸੂਬੇ ਵਿੱਚ ਬਣਨ ਵਾਲੀ ਨਵੀਂ ਸਰਕਾਰ ਨੂੰ ਉਨ੍ਹਾ ਦਾ ਪੂਰਾ ਸਹਿਯੋਗ ਅਤੇ ਮਾਰਗਦਰਸ਼ਨ ਮਿਲੇਗਾ।

ਕਾਂਗਰਸ ਨੇ ਤਿਲੰਗਾਨਾ ਤੋਂ ਰਾਜ ਸਭਾ ਚੋਣਾਂ ਲਈ ਸੀਨੀਅਰ ਬੁਲਾਰੇ ਅਭਿਸ਼ੇਕ ਸਿੰਘਵੀ ਨੂੰ ਮੈਦਾਨ ਵਿੱਚ ਉਤਾਰਿਆ ਹੈ, ਜਦਕਿ ਹਿਮਾਚਲ ਪ੍ਰਦੇਸ਼ ਤੋਂ ਕਾਂਗੜਾ ਜ਼ਿਲ੍ਹਾ ਪ੍ਰਧਾਨ ਅਨੁਰਾਗ ਸ਼ਰਮਾ ਅਤੇ ਹਰਿਆਣਾ ਤੋਂ ਕਰਮਵੀਰ ਬੌਧ ਦੇ ਨਾਵਾਂ ਦਾ ਐਲਾਨ ਕੀਤਾ ਹੈ। ਬੌਧ ਹਰਿਆਣਾ ਕਾਂਗਰਸ ਦੇ ਕਿਸੇ ਵਿਸ਼ੇਸ਼ ਧੜੇ ਨਾਲ ਸੰਬੰਧ ਨਹੀਂ ਰੱਖਦੇ। ਹਿਮਾਚਲ ਪ੍ਰਦੇਸ਼ ਵਿੱਚ ਮੁੱਖ ਮੰਤਰੀ ਸੁਖਵਿੰਦਰ ਸਿੰਘ ਸੁੱਖੂ ਦੇ ਨਜ਼ਦੀਕੀ ਅਨੁਰਾਗ ਸ਼ਰਮਾ ਨੂੰ ਨਾਮਜ਼ਦ ਕੀਤਾ ਗਿਆ ਹੈ, ਜੋ ਕਿ ਉਸ ਸਮੇਂ ਹੋਇਆ ਹੈ ਜਦੋਂ ਸਾਬਕਾ ਸੂਬਾ ਪ੍ਰਧਾਨ ਪ੍ਰਤਿਭਾ ਸਿੰਘ ਆਪਣੇ ਲਈ ਜਾਂ ਆਪਣੇ ਪੁੱਤਰ ਵਿਕਰਮਾਦਿਤਿਆ ਸਿੰਘ ਲਈ ਨਾਮਜ਼ਦਗੀ ਦੀ ਉਮੀਦ ਕਰ ਰਹੇ ਸਨ।

ਛੱਤੀਸਗੜ੍ਹ ਵਿੱਚ ਪਾਰਟੀ ਨੇ ਕਬਾਇਲੀ ਆਗੂ ਫੂਲੋ ਦੇਵੀ ਨੇਤਮ ਨੂੰ ਮੁੜ ਨਾਮਜ਼ਦ ਕੀਤਾ ਹੈ ਅਤੇ ਤੇਲੰਗਾਨਾ ਦੇ ਮੁੱਖ ਮੰਤਰੀ ਰੇਵੰਤ ਰੈਡੀ ਦੇ ਸਲਾਹਕਾਰ ਵੇਮ ਨਰਿੰਦਰ ਰੈਡੀ ਨੂੰ ਵੀ ਉਮੀਦਵਾਰ ਬਣਾਇਆ ਗਿਆ ਹੈ।

ਰਾਜ ਸਭਾ ਚੋਣਾਂ ਵਿੱਚ ਦਿਲਚਸਪੀ ਵਧਾਉਂਦੇ ਹੋਏ ਭਾਜਪਾ ਦੇ ਹਰਿਆਣਾ ਉਪ ਪ੍ਰਧਾਨ ਅਤੇ ਉਸਾਰੀ ਕਾਰੋਬਾਰੀ ਸਤੀਸ਼ ਨਾਂਦਲ ਨੇ ਵੀਰਵਾਰ ਤੀਜੇ ਉਮੀਦਵਾਰ ਵਜੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਉਹ ਹਰਿਆਣਾ ਲੋਕਹਿਤ ਪਾਰਟੀ ਦੇ ਗੋਪਾਲ ਕਾਂਡਾ, ਭਾਜਪਾ ਦੀ ਇੱਕ ਹੋਰ ਅਹੁਦੇਦਾਰ ਅਰਚਨਾ ਗੁਪਤਾ ਅਤੇ ਇੱਕ ਰੀਅਲ ਅਸਟੇਟ ਡਿਵੈੱਲਪਰ ਦੇ ਨਾਲ ਚੋਟੀ ਦੇ ਦਾਅਵੇਦਾਰਾਂ ਵਿੱਚ ਸ਼ਾਮਲ ਸਨ।

ਨਾਂਦਲ, ਜੋ ਕਿ ਇੱਕ ਜੱਟ ਹਨ, ਰੋਹਤਕ ਜ਼ਿਲ੍ਹੇ ਦੇ ਗੜ੍ਹੀ-ਸਾਂਪਲਾ-ਕਿਲੋਈ ਵਿਧਾਨ ਸਭਾ ਹਲਕੇ ਨਾਲ ਸੰਬੰਧਤ ਹਨ, ਜਿਸ ਦੀ ਨੁਮਾਇੰਦਗੀ ਵਰਤਮਾਨ ਵਿੱਚ ਸਾਬਕਾ ਮੁੱਖ ਮੰਤਰੀ ਅਤੇ ਵਿਰੋਧੀ ਧਿਰ ਦੇ ਨੇਤਾ ਭੁਪਿੰਦਰ ਸਿੰਘ ਹੁੱਡਾ ਕਰ ਰਹੇ ਹਨ। ਸਾਬਕਾ ਇਨੈਲੋ ਆਗੂ ਨਾਂਦਲ ਨੂੰ ਹੁੱਡਾ ਦਾ ਮੁੱਖ ਸਿਆਸੀ ਵਿਰੋਧੀ ਮੰਨਿਆ ਜਾਂਦਾ ਹੈ। ਉਨ੍ਹਾ ਹੁੱਡਾ ਦੇ ਖਿਲਾਫ ਗੜ੍ਹੀ-ਸਾਂਪਲਾ-ਕਿਲੋਈ ਤੋਂ ਲਗਾਤਾਰ ਤਿੰਨ ਵਿਧਾਨ ਸਭਾ ਚੋਣਾਂ 2009 ਅਤੇ 2014 ਵਿੱਚ ਇਨੈਲੋ ਉਮੀਦਵਾਰ ਵਜੋਂ ਅਤੇ 2019 ਵਿੱਚ ਭਾਜਪਾ ਉਮੀਦਵਾਰ ਵਜੋਂ ਲੜੀਆਂ, ਪਰ ਅਸਫਲ ਰਹੇ।

ਸਾਬਕਾ ਮੁੱਖ ਮੰਤਰੀ ਮਨੋਹਰ ਲਾਲ ਖੱਟਰ ਦੇ ਸਹਿਯੋਗੀ ਅਤੇ ਸਾਬਕਾ ਮੰਤਰੀ ਮਨੀਸ਼ ਗਰੋਵਰ ਦੇ ਕਰੀਬੀ ਮੰਨੇ ਜਾਣ ਵਾਲੇ ਨਾਂਦਲ ਨੇ ਪਿਛਲੇ ਸਾਲ ਅਕਤੂਬਰ ਵਿੱਚ ਰੋਹਤਕ ਦੇ ਪਿੰਡ ਲਾਢੌਤ ਵਿੱਚ ਖੁਦਕੁਸ਼ੀ ਕਰਨ ਵਾਲੇ ਏ ਐੱਸ ਆਈ ਸੰਦੀਪ ਲਾਠਰ ਦੇ ਪਰਵਾਰ ਨਾਲ ਵਿਚੋਲਗੀ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ ਸੀ, ਤਾਂ ਜੋ ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕੀਤਾ ਜਾ ਸਕੇ ਅਤੇ ਪੋਸਟਮਾਰਟਮ ਕਰਵਾਇਆ ਜਾ ਸਕੇ।

ਨਾਂਦਲ ਦੇ ਪੁੱਤਰ ਸੰਚਿਤ ਨਾਂਦਲ ਨੇ ਵੀ 2018 ਵਿੱਚ ਰੋਹਤਕ ਮੇਅਰ ਦੀ ਚੋਣ ਇਨੈਲੋ ਉਮੀਦਵਾਰ ਵਜੋਂ ਲੜੀ ਸੀ, ਪਰ ਉਹ ਹਾਰ ਗਏ ਸਨ। ਹਾਲਾਂਕਿ, ਉਨ੍ਹਾ ਦੀ ਸ਼ਮੂਲੀਅਤ ਨੇ ਕਥਿਤ ਤੌਰ 'ਤੇ ਵੋਟਾਂ ਵੰਡ ਕੇ ਭਾਜਪਾ ਉਮੀਦਵਾਰ ਮਨਮੋਹਨ ਗੋਇਲ ਨੂੰ ਜਿੱਤ ਦਿਵਾਉਣ ਵਿੱਚ ਮਦਦ ਕੀਤੀ ਸੀ, ਜਿਵੇਂ ਕਿ ਹਾਲ ਹੀ ਵਿੱਚ ਗਰੋਵਰ ਨੇ ਦਾਅਵਾ ਕੀਤਾ ਸੀ। ਇਸ ਤੋਂ ਬਾਅਦ ਨਾਂਦਲ ਰਸਮੀ ਤੌਰ 'ਤੇ ਭਾਜਪਾ ਵਿੱਚ ਸ਼ਾਮਲ ਹੋ ਗਏ ਅਤੇ ਉਦੋਂ ਤੋਂ ਰੋਹਤਕ ਵਿੱਚ ਪਾਰਟੀ ਦੇ ਮਾਮਲਿਆਂ ਵਿੱਚ ਸਰਗਰਮ ਹਨ। ਰਾਜ ਸਭਾ ਦੀ ਇਹ ਚੋਣ 16 ਮਾਰਚ ਨੂੰ ਹੋਵੇਗੀ।

## ਕੋਟਲੀ ਦੀ ਪੰਚਾਇਤ 'ਆਪ' 'ਚ ਸ਼ਾਮਲ

**ਪਾਇਲ** : ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੇ ਪਿੰਡ ਕੋਟਲੀ ਦੀ ਪੰਚਾਇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਈ। ਸਰਪੰਚ ਸੰਦੀਪ ਕੌਰ, ਪੰਚ ਹਰਿੰਦਰ ਸਿੰਘ, ਪੰਚ ਧਰਮਪਾਲ ਸਿੰਘ ਅਤੇ ਪੰਚ ਸਰਬਜੀਤ ਸਿੰਘ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਦਾ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ। ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਨੇ ਪਿੰਡ ਕੋਟਲੀ ਦੀ ਪੰਚਾਇਤ ਦੇ 'ਆਪ' ਵਿੱਚ ਸ਼ਾਮਲ ਹੋਣ 'ਤੇ ਹਲਕਾ ਵਿਧਾਇਕ 'ਤੇ ਗੰਭੀਰ ਦੋਸ਼ ਲਗਾਏ ਹਨ। ਉਨ੍ਹਾ ਕਿਹਾ ਕਿ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਵੱਲੋਂ ਗ੍ਰਾਮ ਪੰਚਾਇਤ ਕੋਟਲੀ ਨੂੰ ਸਸਪੈਂਡ ਕਰਵਾਉਣ, ਵਿਕਾਸ ਦੇ ਕੰਮਾਂ ਪ੍ਰਤੀ ਡਰਾ ਧਮਕਾ ਕੇ ਆਪ ਵਿੱਚ ਸ਼ਾਮਲ ਕਰਾਉਣਾ ਰਾਜਨੀਤੀ ਨਹੀਂ।

## ਜਹਾਜ਼ ਡੋਬ ਕੇ ਅਮਰੀਕਾ ਬਹੁਤ ਪਛਤਾਏਗਾ : ਈਰਾਨ

**ਤਹਿਰਾਨ** : ਸ੍ਰੀਲੰਕਾ ਦੇ ਤੱਟ ਕੋਲ ਅਮਰੀਕੀ ਪਣਡੁੱਬੀ ਵੱਲੋਂ ਈਰਾਨੀ ਜਲ ਸੈਨਾ ਦੇ ਜੰਗੀ ਜਹਾਜ਼ ਨੂੰ ਡੁਬੋਣ ਦੇ ਇੱਕ ਦਿਨ ਬਾਅਦ ਈਰਾਨ ਦੇ ਵਿਦੇਸ਼ ਮੰਤਰੀ ਸੱਯਦ ਅੱਬਾਸ ਅਰਾਗਚੀ ਨੇ ਚਿਤਾਵਨੀ ਦਿੱਤੀ ਹੈ ਕਿ ਅੰਤਰਰਾਸ਼ਟਰੀ ਪਾਣੀਆਂ ਵਿੱਚ ਜਹਾਜ਼ ਨੂੰ ਨਿਸ਼ਾਨਾ ਬਣਾਉਣ ਲਈ ਅਮਰੀਕਾ ਨੂੰ ਭਾਰੀ ਕੀਮਤ ਚੁਕਾਉਣੀ ਪਵੇਗੀ। ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਅਰਾਗਚੀ ਨੇ ਕਿਹਾ, "ਅਮਰੀਕਾ ਨੇ ਸਮੁੰਦਰ ਵਿੱਚ, ਈਰਾਨ ਦੇ ਤੱਟਾਂ ਤੋਂ 2,000 ਮੀਲ ਦੂਰ ਹਮਲਾ ਕੀਤਾ ਹੈ। ਫਰੀਗੇਟ, ਜੋ ਕਿ ਭਾਰਤੀ ਜਲ ਸੈਨਾ ਦਾ ਮਹਿਮਾਨ ਸੀ ਅਤੇ ਲੱਗਭੱਗ 130 ਮਲਾਹਾਂ ਨੂੰ ਲੈ ਕੇ ਜਾ ਰਿਹਾ ਸੀ। ਅੰਤਰਰਾਸ਼ਟਰੀ ਪਾਣੀਆਂ ਵਿੱਚ ਬਿਨਾਂ ਕਿਸੇ ਚੇਤਾਵਨੀ ਦੇ ਹਮਲਾ ਕੀਤਾ ਗਿਆ। ਮੇਰੇ ਸ਼ਬਦ ਯਾਦ ਰੱਖਣਾ: ਅਮਰੀਕਾ ਨੂੰ ਇਸ ਮਿਸਾਲ (ਘਟਨਾ) 'ਤੇ ਬਹੁਤ ਪਛਤਾਵਾ ਹੋਵੇਗਾ, ਜੋ ਉਸ ਨੇ ਕਾਇਮ ਕੀਤੀ ਹੈ।"

ਇਸੇ ਦੌਰਾਨ ਭਾਰਤ ਨੇ ਇਨ੍ਹਾਂ ਰਿਪੋਰਟਾਂ ਦਾ ਖੰਡਨ ਕੀਤਾ ਹੈ ਕਿ ਅਮਰੀਕੀ ਜਲ ਸੈਨਾ ਭਾਰਤੀ ਬੰਦਰਗਾਹਾਂ ਦੀ ਵਰਤੋਂ ਕਰ ਰਹੀ ਸੀ।

ਦੱਖਣੀ ਤੱਟ 'ਤੇ ਅਮਰੀਕੀ ਪਣਡੁੱਬੀ ਦੇ ਹਮਲੇ ਵਿੱਚ ਈਰਾਨੀ ਜਹਾਜ਼ ਦੇ ਡੁੱਬਣ ਤੋਂ ਬਾਅਦ ਹੁਣ ਸ੍ਰੀਲੰਕਾ ਆਪਣੇ ਸਮੁੰਦਰੀ ਖੇਤਰ ਦੇ ਨੇੜੇ ਮੌਜੂਦ ਇੱਕ ਦੂਜੇ ਈਰਾਨੀ ਜਹਾਜ਼ 'ਤੇ ਸਵਾਰ ਲੋਕਾਂ ਦੀਆਂ ਜਾਨਾਂ ਬਚਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਅਧਿਕਾਰੀ ਇਸ ਦੂਜੇ ਜਹਾਜ਼ ਦੀ ਸਥਿਤੀ 'ਤੇ ਲਗਾਤਾਰ ਨਜ਼ਰ ਰੱਖ ਰਹੇ ਹਨ।

# ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਲਈ ਸੀਨੀਅਰ ਅਧਿਕਾਰੀ ਤਾਇਨਾਤ



**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**
ਜੰਗੀ ਸਥਿਤੀ ਵਿੱਚੋਂ ਗੁਜ਼ਰ ਰਹੇ ਮੱਧ ਪੂਰਬ ਖਿੱਤੇ ਵਿੱਚੋਂ ਪੰਜਾਬੀਆਂ ਦੀ ਸੁਰੱਖਿਅਤ ਵਾਪਸੀ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਮੁੱਚੀ ਪ੍ਰਕਿਰਿਆ ਲਈ ਤਾਲਮੇਲ ਅਤੇ ਨਿਗਰਾਨੀ ਕਰਨ ਲਈ ਪੰਜਾਬ ਸਰਕਾਰ ਦੇ ਦੋ ਸੀਨੀਅਰ ਅਧਿਕਾਰੀਆਂ ਨੂੰ ਤਾਇਨਾਤ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਤੁਰੰਤ ਹੈਲਪਲਾਈਨ ਪਹਿਲਾਂ ਹੀ ਸਥਾਪਤ ਕੀਤੀ ਜਾ ਚੁੱਕੀ ਹੈ। ਐਡੀਸ਼ਨਲ ਡਾਇਰੈਕਟਰ ਜਨਰਲ ਆਫ਼ ਪੁਲਸ ਆਰ ਕੇ ਜੈਸਵਾਲ ਨੂੰ ਹੈਲਪਲਾਈਨ ਦਾ ਓਵਰਆਲ ਇੰਚਾਰਜ ਨਿਯੁਕਤ ਕੀਤਾ ਗਿਆ ਹੈ, ਜਦੋਂ ਕਿ ਗ੍ਰਹਿ ਵਿਭਾਗ ਦੇ ਸਕੱਤਰ ਵਿਮਲ ਸੇਤੀਆ ਨੂੰ ਤਾਲਮੇਲ ਅਤੇ ਨਿਗਰਾਨੀ ਦੇ ਉਦੇਸ਼ਾਂ ਲਈ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਨੋਡਲ ਅਫ਼ਸਰ ਨੂੰ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨਾਲ ਨਿਰੰਤਰ ਸੰਪਰਕ ਵਿੱਚ ਰਹਿਣ ਲਈ ਕਿਹਾ ਗਿਆ ਹੈ। ਨੋਡਲ ਅਫ਼ਸਰ ਮੱਧ ਪੂਰਬੀ ਏਸ਼ੀਆ ਅਤੇ ਹੋਰ ਦੇਸ਼ਾਂ ਵਿੱਚ ਫਸੇ ਭਾਰਤੀਆਂ ਨੂੰ ਕੱਢਣ ਅਤੇ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਭਾਰਤ ਸਰਕਾਰ ਦੁਆਰਾ ਚੁੱਕੇ ਜਾ ਰਹੇ ਕਦਮਾਂ 'ਤੇ ਨਜ਼ਰ ਰੱਖੇਗਾ। ਇਸੇ ਤਰ੍ਹਾਂ ਹੈਲਪਲਾਈਨ 'ਤੇ ਪ੍ਰਾਪਤ ਹੋਈਆਂ ਸਾਰੀਆਂ ਕਾਲਾਂ ਦਾ ਸਹੀ ਰਿਕਾਰਡ ਰੱਖਣ ਦੇ ਨਾਲ-ਨਾਲ ਇਨ੍ਹਾਂ ਕਾਲਾਂ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ। ਜਿੱਥੇ ਵੀ ਕੋਈ ਮਾਮਲਾ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਜਾਂ ਕਿਸੇ ਹੋਰ ਵਿਭਾਗ ਜਾਂ ਅਥਾਰਟੀ ਕੋਲ ਉਠਾਉਣ ਦੀ ਲੋੜ ਹੋਵੇ, ਨੋਡਲ ਅਫ਼ਸਰ ਇਹ ਯਕੀਨੀ ਬਣਾਏਗਾ ਕਿ ਇਸ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ।

ਮੁੱਖ ਮੰਤਰੀ ਨੇ ਕਿਹਾ—ਇਹ ਕਦਮ ਮੱਧ ਪੂਰਬੀ ਏਸ਼ੀਆ ਅਤੇ ਹੋਰ ਦੇਸ਼ਾਂ ਵਿੱਚ ਫਸੇ ਪੰਜਾਬ ਦੇ ਵਸਨੀਕਾਂ ਨਾਲ ਸੰਬੰਧਤ ਸੰਕਟਕਾਲੀਨ ਸਥਿਤੀ ਦੇ ਮੱਦੇਨਜ਼ਰ ਚੁੱਕਿਆ ਗਿਆ ਹੈ। ਇਸ ਦਾ ਇੱਕੋ-ਇੱਕ ਉਦੇਸ਼ ਇਸ ਗੰਭੀਰ ਅਤੇ ਅਣਕਿਆਸੇ ਸੰਕਟ ਦੀ ਘੜੀ ਵਿੱਚ ਉਨ੍ਹਾਂ ਅਤੇ ਉਨ੍ਹਾਂ ਦੇ ਪਰਵਾਰਾਂ ਨੂੰ ਲੋੜੀਂਦੀ ਇਮਦਾਦ ਅਤੇ ਸਹਿਯੋਗ ਪ੍ਰਦਾਨ ਕਰਨਾ ਹੈ। ਪੰਜਾਬ ਸਰਕਾਰ ਖਾੜੀ ਖਿੱਤੇ ਵਿੱਚ ਫਸੇ ਪੰਜਾਬੀਆਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਅਤੇ ਸਹਿਯੋਗ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

## ਵਿਸ਼ੇਸ਼ ਸਪਲੀਮੈਂਟ



**ਕਪੂਰਥਲਾ** ਤੋਂ ਜਰਨਲਿਸਟ ਪ੍ਰੈੱਸ ਕਲੱਬ (ਰਜਿ.) ਪੰਜਾਬ ਦੀ 12ਵੀਂ ਵਰ੍ਹੇਗੰਢ ਮੌਕੇ 10 ਮਾਰਚ ਨੂੰ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕੀਤਾ ਜਾ ਰਿਹਾ ਹੈ। ਇਸ ਸੰਬੰਧੀ ਇਸ਼ਤਿਹਾਰ ਤੇ ਹੋਰ ਸਮੱਗਰੀ ਦੇਣ ਲਈ ਸਾਡੇ ਪੱਤਰਕਾਰ **ਪ੍ਰੀਤ ਸੰਗੋਜਲਾ** ਨਾਲ ਮੋਬਾਇਲ 99143-35663 'ਤੇ ਸੰਪਰਕ ਕਰੋ।

-ਜਨਰਲ ਮੈਨੇਜਰ

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

# ਨੈਨਸੀ ਗਰੇਵਾਲ ਦੀ ਕੈਨੇਡਾ 'ਚ ਚਾਕੂ ਮਾਰ ਕੇ ਹੱਤਿਆ



**ਓਟਵਾ** : ਜਲੰਧਰ ਵਿੱਚ ਜਨਮੀ ਸੋਸ਼ਲ ਮੀਡੀਆ ਪ੍ਰਭਾਵਕ 45 ਸਾਲਾ ਨੈਨਸੀ ਗਰੇਵਾਲ ਦਾ ਕੈਨੇਡਾ ਦੇ ਵਿੰਡਸਰ ਵਿੱਚ ਕਤਲ ਕਰ ਦਿੱਤਾ ਗਿਆ। ਉਹ ਸੋਸ਼ਲ ਮੀਡੀਆ 'ਤੇ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਅਤੇ ਗਰਮ ਖਿਆਲੀਆਂ ਦੇ ਖਿਲਾਫ ਬਿਆਨਾਂ ਕਾਰਨ ਕਾਫੀ ਚਰਚਾ 'ਚ ਰਹੀ। ਅਣਪਛਾਤੇ ਹਮਲਾਵਰ ਨੇ ਚਾਕੂ ਨਾਲ ਹਮਲਾ ਕਰਕੇ ਉਸ ਨੂੰ ਗੰਭੀਰ ਜ਼ਖਮੀ ਕਰ ਦਿੱਤਾ ਤੇ ਹਸਪਤਾਲ 'ਚ ਇਲਾਜ ਦੌਰਾਨ ਉਸ ਦੀ ਮੌਤ ਹੋ ਗਈ। ਕੈਨੇਡੀਅਨ ਪੁਲਸ ਨੇ ਕਤਲ ਦਾ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਕੈਨੇਡੀਅਨ ਮੀਡੀਆ ਰਿਪੋਰਟਾਂ ਅਨੁਸਾਰ ਪੁਲਸ ਨੂੰ ਮੰਗਲਵਾਰ ਰਾਤ ਨੂੰ ਰਿਪੋਰਟ ਮਿਲੀ ਕਿ ਵਿੰਡਸਰ ਦੇ ਟੌਡ ਲੇਨ ਇਲਾਕੇ ਦੀ ਰਹਿਣ ਵਾਲੀ ਨੈਂਸੀ ਗਰੇਵਾਲ ਨੂੰ ਉਸ ਦੇ ਘਰ ਦੇ ਅੰਦਰ ਚਾਕੂ ਮਾਰਿਆ ਗਿਆ ਹੈ। ਪੁਲਸ ਅਤੇ ਐਸੈਕਸ-ਵਿੰਡਸਰ ਐਮਰਜੈਂਸੀ ਮੈਡੀਕਲ ਸੇਵਾ ਦੇ ਮੈਂਬਰ ਰਾਤ 9:30 ਵਜੇ ਦੇ ਕਰੀਬ ਟੌਡ ਲੇਨ ਦੇ 2400 ਬਲਾਕ 'ਤੇ ਪਹੁੰਚੇ। ਉਸ ਨੂੰ ਤੁਰੰਤ ਹਸਪਤਾਲ ਪਹੁੰਚਾਇਆ ਗਿਆ। ਨੈਨਸੀ ਦੇ ਕਤਲ ਦੀ ਖਬਰ ਸਾਹਮਣੇ ਆਉਣ ਤੋਂ ਬਾਅਦ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਨਾਰੰਗਵਾਲ ਦੇ ਵਸਨੀਕ ਗਮਗੀਨ ਹਨ, ਪਰ ਉਸ ਦੇ ਬੇਬਾਕ ਸੁਭਾਅ ਕਾਰਨ ਹੋਈ ਉਸ ਦੀ ਮੌਤ ਬਾਰੇ ਚੁੱਪ ਹਨ। ਹਾਲਾਂਕਿ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਯੂਟਿਊਬਰ ਦੇ ਕਤਲ ਦੀ ਨਿੰਦਾ ਕਰਦਿਆਂ ਤਰਕ ਦਿੱਤਾ ਹੈ ਕਿ ਵਿਸ਼ਵ ਪੱਧਰ 'ਤੇ ਸ਼ਾਸਨ ਅਰਾਜਕਤਾ ਵੱਲ ਵਧ ਰਿਹਾ ਹੈ।

ਹਾਲਾਂਕਿ ਕੋਈ ਵੀ ਵਸਨੀਕ 45 ਸਾਲਾ ਪੇਸ਼ੇਵਰ ਨਰਸ ਦੇ ਮਾਪਿਆਂ ਅਤੇ ਦਾਦਾ-ਦਾਦੀ ਬਾਰੇ ਬਹੁਤੀ ਜਾਣਕਾਰੀ ਨਹੀਂ ਦੇ ਸਕਿਆ, ਪਰ ਉਨ੍ਹਾਂ ਕਿਹਾ ਕਿ ਉਸ ਦੇ ਮਾਪੇ ਇੱਕ ਸਾਬਕਾ ਪੰਚ ਰਣਜੀਤ ਸਿੰਘ ਦੇ ਨਜ਼ਦੀਕੀ ਰਿਸ਼ਤੇਦਾਰ ਸਨ। ਪਰਵਾਰ ਬਾਅਦ ਵਿੱਚ ਪੱਖੋਵਾਲ ਲੁਧਿਆਣਾ ਰੋਡ 'ਤੇ ਸਥਿਤ ਨੇੜਲੇ ਪਿੰਡ ਜੋਧਾਂ ਵਿੱਚ ਚਲਾ ਗਿਆ ਸੀ। ਵਸਨੀਕਾਂ ਅਨੁਸਾਰ ਨੈਂਸੀ ਦੇ ਪਰਵਾਰ ਦੇ ਕੁਝ ਮੈਂਬਰ ਜਲੰਧਰ ਵਿੱਚ ਰਹਿ ਰਹੇ ਦੱਸੇ ਜਾਂਦੇ ਹਨ। ਜ਼ਿਲ੍ਹਾ ਪ੍ਰੀਸ਼ਦ ਦੇ ਸਾਬਕਾ ਮੈਂਬਰ ਪ੍ਰਭਦੀਪ ਨਾਰੰਗਵਾਲ ਨੇ ਦੱਸਿਆ ਕਿ ਸਥਾਨਕ ਨਿਵਾਸੀਆਂ ਨੂੰ ਪੰਜ ਸਾਲ ਪਹਿਲਾਂ ਨੈਨਸੀ ਬਾਰੇ ਪਤਾ ਲੱਗਿਆ ਸੀ ਜਦੋਂ ਉਸ ਨੇ ਇੱਕ ਵੀਡੀਓ ਵਿੱਚ ਨਾਰੰਗਵਾਲ ਵਿੱਚ ਆਪਣੀਆਂ ਜੜ੍ਹਾਂ ਬਾਰੇ ਤੱਥਾਂ ਦਾ ਖੁਲਾਸਾ ਕੀਤਾ ਸੀ। ਸਰਪੰਚ ਮਨਜਿੰਦਰ ਸਿੰਘ ਗਰੇਵਾਲ ਨੇ ਦੱਸਿਆ ਕਿ ਨੈਂਸੀ ਦੇ ਪਰਵਾਰ ਨੇ 2024 ਦੀ ਆਖਰੀ ਤਿਮਾਹੀ ਦੌਰਾਨ ਜ਼ਮੀਨੀ ਵਿਵਾਦ ਸੰਬੰਧੀ ਸ਼ਿਕਾਇਤ ਦਰਜ ਕਰਵਾਈ ਸੀ, ਜੋ ਕਿ ਪਿੰਡ ਦੇ ਬਾਹਰਵਾਰ ਸਥਿਤ ਇੱਕ ਇਤਿਹਾਸਕ ਧਾਰਮਿਕ ਸਥਾਨ ਦੇ ਨੇੜੇ ਸਥਿਤ ਜਾਇਦਾਦ ਨਾਲ ਸੰਬੰਧਤ ਸੀ। ਸਾਬਕਾ ਵਿਧਾਇਕ ਤਰਸੇਮ ਜੋਧਾਂ ਨੇ ਇਸ ਘਟਨਾ ਨੂੰ ਵਿਸ਼ਵ ਪੱਧਰ 'ਤੇ ਸ਼ਾਸਨ ਪ੍ਰਣਾਲੀ ਦੀ ਅਸਫਲਤਾ ਕਰਾਰ ਦਿੱਤਾ ਅਤੇ ਦੋਸ਼ ਲਾਇਆ ਕਿ ਕਾਰਪੋਰੇਟ ਅਤੇ ਰਾਜਨੀਤਕ ਖੇਤਰ ਆਪਣੇ ਸਵਾਰਥਾਂ ਲਈ ਨੌਜਵਾਨਾਂ ਦਾ ਸ਼ੋਸ਼ਣ ਕਰ ਰਹੇ ਹਨ। ਇਸ ਦੌਰਾਨ ਜਲੰਧਰ ਵਿੱਚ ਆਪਣੀ ਧੀ ਨਾਲ ਰਹਿ ਰਹੀ ਨੈਨਸੀ ਦੀ ਮਾਂ ਛਿੰਦਰਪਾਲ ਕੌਰ ਨੇ ਆਪਣੀ ਮ੍ਰਿਤਕ ਧੀ ਲਈ ਇਨਸਾਫ ਦੀ ਮੰਗ ਕੀਤੀ ਹੈ। ਉਸ ਨੇ ਇੱਕ ਚੈਨਲ ਨੂੰ ਦਿੱਤੇ ਇੰਟਰਵਿਊ ਵਿੱਚ ਵਿੰਡਸਰ ਵਿੱਚ ਰਹਿਣ ਵਾਲੇ ਕੁਝ ਕੱਟੜਪੰਥੀਆਂ 'ਤੇ ਕਤਲ

## ਗੁਰਦਾਸਪੁਰ 'ਚ ਸਰਾਫ ਦੇ ਘਰ ਵੱਡਾ ਡਾਕਾ

**ਗੁਰਦਾਸਪੁਰ** : ਸ਼ਹਿਰ ਦੀ ਨਗਰ ਸੁਧਾਰ ਟਰੱਸਟ ਦੀ ਸਕੀਮ ਨੰਬਰ 5 ਵਿੱਚ ਦਿਨ-ਦਿਹਾੜੇ ਨਿਹੰਗ ਸਿੰਘਾਂ ਦੇ ਭੇਸ ਵਿੱਚ 5 ਲੁਟੇਰੇ ਵਰੁਨ ਸਰਾਫ ਦੇ ਘਰ ਵਿੱਚ ਦਾਖਲ ਹੋਏ ਅਤੇ ਪਰਵਾਰ ਨੂੰ ਬੰਦੀ ਬਣਾ ਕੇ 30 ਤੋਂ 40 ਲੱਖ ਰੁਪਏ ਦੀ ਨਗਦੀ ਅਤੇ ਕਰੋੜਾਂ ਰੁਪਏ ਦੇ ਸੋਨੇ, ਚਾਂਦੀ ਅਤੇ ਹੀਰੇ ਦੇ ਗਹਿਣੇ ਲੁੱਟ ਕੇ ਲੈ ਗਏ। ਪਰਵਾਰ ਅਨੁਸਾਰ ਵੀਰਵਾਰ ਸਵੇਰੇ ਸਾਢੇ 8 ਵਜੇ ਦੇ ਕਰੀਬ ਪੰਜ ਲੁਟੇਰੇ ਗੇਟ ਖੜਕਾ ਕੇ ਉਨ੍ਹਾਂ ਦੇ ਘਰ ਵੜ ਗਏ। ਲੁਟੇਰਿਆਂ ਵੱਲੋਂ ਘਰ ਦੇ ਸਾਰੇ ਕੈਮਰੇ ਤੋੜ ਦਿੱਤੇ ਗਏ ਅਤੇ ਗੇਟ ਖੋਲ੍ਹਣ ਵਾਲੇ ਡਰਾਈਵਰ ਅਤੇ ਪੂਰੇ ਪਰਵਾਰ ਨੂੰ ਘਰ ਵਿੱਚ ਹੀ ਹਥਿਆਰਾਂ ਦੀ ਨੋਕ 'ਤੇ ਬੰਦੀ ਬਣਾ ਕੇ ਉਨ੍ਹਾਂ ਕੋਲੋਂ ਤਿਜੌਰੀ ਦੀ ਚਾਬੀ ਲੈ ਲਈ ਅਤੇ ਘਰ ਵਿੱਚ ਪਈ ਕਰੀਬ 40 ਲੱਖ ਰੁਪਏ ਦੀ ਨਗਦੀ ਅਤੇ ਕਰੋੜਾਂ ਦੇ ਸੋਨੇ, ਚਾਂਦੀ ਅਤੇ ਹੀਰੇ ਦੇ ਗਹਿਣੇ ਲੁੱਟ ਕੇ ਫਰਾਰ ਹੋ ਗਏ।

## ਅੱਜ-ਨਾਮਾ

ਲੱਗਦੀ ਨਿਤੀਸ਼ ਦੇ ਨਾਲ ਕੁਝ ਬੁਰੀ ਹੋਈ,
ਲੱਗੇ ਈ ਕੱਢਣ ਬਿਹਾਰ ਤੋਂ ਬਾਹਰ ਬੇਲੀ।
ਰਾਜ ਸਭਾ ਲਈ ਕਾਗਜ਼ ਭਰਵਾਏ ਕਹਿੰਦੇ,
ਮੂੰਹ ਤੋਂ ਖੁਸ਼ੀ ਨਾ ਹੋਈ ਆ ਜ਼ਾਹਰ ਬੇਲੀ।
ਚਿਰਾਂ ਦੀ ਚੌਧਰ ਬਿਹਾਰ ਵਿੱਚ ਖੁੱਸ ਚੱਲੀ,
ਚਲਾਵਾਂ ਦੇਣਾ ਕੁਝ ਕੇਂਦਰੀ ਆਹਰ ਬੇਲੀ।
ਭਾਜਪਾ ਨਾਲ ਮਿਲ ਪਾਰਟੀ ਡੋਬ ਲਈ ਉ,
ਦੇਵੇ ਅੱਜ ਨਾ ਉਹਨੂੰ ਕੋਈ ਠਾਹਰ ਬੇਲੀ।
ਆਪਣੇ ਛੱਡੇ ਸਨ ਆਪ ਨਹੀਂ ਮੁੜਨ ਜੋਗੇ,
ਮਿਲੇ ਨਾਲ ਨਹੀਂ ਨਵੇਂ ਕੋਈ ਜੁੜਨ ਵਾਲੇ।
ਜਿਨ੍ਹਾਂ ਤੋਂ ਰੱਖੀ ਉਸ ਝਾਕ ਸੀ ਬੜੀ ਵੱਡੀ,
ਰੁੜ੍ਹਦੇ ਨਾਲ ਨਾ ਆੜੀ ਉਹ ਰੁੜ੍ਹਨ ਵਾਲੇ।

-ਤੀਸ ਮਾਰ ਖਾਂ

# ਈਰਾਨ 'ਤੇ ਹਮਲਾ ਕੌਮਾਂਤਰੀ ਗੁੰਡਾਗਰਦੀ : ਅਰਸ਼ੀ

**ਬੋਹਾ/ਬੁਢਲਾਡਾ (ਨਿਰੰਜਣ ਬੋਹਾ, ਅਸ਼ੋਕ ਲਾਕੜਾ)**
ਭਾਰਤੀ ਕਮਿਊਨਿਸਟ ਪਾਰਟੀ ਨੇ ਵੀਰਵਾਰ ਅਮਰੀਕਾ ਤੇ ਇਜ਼ਰਾਈਲ ਵੱਲੋਂ ਮਿਲ ਕੇ ਈਰਾਨ 'ਤੇ ਕੀਤੇ ਇਕਤਰਫਾ ਹਮਲੇ ਦਾ ਵਿਰੋਧ ਕਰਨ ਲਈ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਪੁਤਲੇ ਸਾੜੇ। ਇਸ ਅਰਥੀ ਫੂਕ ਰੋਸ ਮੁਜ਼ਾਹਰੇ ਦੀ ਅਗਵਾਈ ਪਾਰਟੀ ਦੀ ਕੌਮੀ ਕੌਂਸਲ ਦੇ ਮੈਂਬਰ ਤੇ ਸਾਬਕਾ ਵਿਧਾਇਕ ਹਰਦੇਵ ਅਰਸ਼ੀ, ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ, ਸਹਾਇਕ ਸਕੱਤਰ ਵੇਦ ਪ੍ਰਕਾਸ਼, ਬਲਾਕ ਸਕੱਤਰ ਸੀਤਾ ਰਾਮ ਗੋਬਿੰਦਪੁਰਾ, ਮਲਕੀਤ ਸਿੰਘ ਮੰਦਰਾਂ ਤੇ ਜਗਸੀਰ ਸਿੰਘ ਰਾਏ ਕੇ ਨੇ ਕੀਤੀ। ਸੀ ਪੀ ਆਈ ਦਫਤਰ ਤੋਂ ਸ਼ੁਰੂ ਹੋਇਆ ਕਿ ਇਹ ਰੋਸ ਮੁਜ਼ਾਹਰਾ ਟਰੰਪ, ਨੇਤਨਯਾਹੂ ਤੇ ਅਮਰੀਕੀ ਸਾਮਰਾਜ ਵਿਰੁੱਧ ਮੁਰਦਾਬਾਦ ਦੇ ਨਾਹਰੇ ਮਾਰਦਾ ਬੱਸ ਅੱਡਾ ਬੁਢਲਾਡਾ ਵਿਖੇ ਪਹੁੰਚਿਆ। ਜੰਗਬਾਜ਼ਾਂ ਦੀ ਅਰਥੀ ਫੂਕਣ ਤੋਂ ਪਹਿਲਾਂ ਵੱਡੇ ਇੱਕਠ ਨੂੰ ਸੰਬੋਧਨ ਕਰਦਿਆਂ ਹਰਦੇਵ ਅਰਸ਼ੀ ਨੇ ਕਿਹਾ ਕਿ ਦੋ ਸਾਮਰਾਜੀ ਮੁਲਕਾਂ ਵੱਲੋਂ ਈਰਾਨ 'ਤੇ ਕੀਤਾ ਹਮਲਾ ਪੂਰੀ ਤਰ੍ਹਾਂ ਸੰਯੁਕਤ ਰਾਸ਼ਟਰ ਦੇ ਚਾਰਟਰ ਦੇ ਵਿਰੁੱਧ ਹੈ ਤੇ ਕੌਮਾਂਤਰੀ ਪੱਧਰ ਦੀ ਗੁੰਡਾਗਰਦੀ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਭਾਰਤ ਦਾ ਭਾਰਤ ਮੰਤਰੀ ਮਿੱਤਰ ਦੇਸ਼ ਈਰਾਨ ਦਾ ਸਾਥ ਦੇਣ ਦੀ ਬਜਾਏ ਪੂਰੀ ਤਰ੍ਹਾਂ ਅਮਰੀਕੀ ਰਾਸ਼ਟਰਪਤੀ ਦੇ ਦਬਾਅ ਵਿਚ ਆ ਕੇ ਭਾਰਤ ਦੇ ਰਾਸ਼ਟਰੀ ਹਿੱਤਾਂ ਨੂੰ ਨੁਕਸਾਨ ਪਹੁੰਚਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੀ ਨਜ਼ਰ ਈਰਾਨ ਦੇ ਤੇਲ ਭੰਡਾਰ 'ਤੇ ਹੈ, ਪਰ ਉਸ ਬਹਾਨਾ ਇਹ ਬਣਾਇਆ ਹੈ ਕਿ ਈਰਾਨ ਪ੍ਰਮਾਣੂ ਬੰਬ ਬਣਾ ਰਿਹਾ ਹੈ। ਇਸ ਸਾਮਰਾਜੀ ਮੁਲਕ ਨੇ ਇਰਾਕ 'ਤੇ ਹਮਲਾ ਕਰਨ ਵੇਲੇ ਵੀ ਇਹੀ ਬਹਾਨਾ ਵਰਤਿਆ ਸੀ।



ਸੀ ਪੀ ਆਈ ਵੱਲੋਂ ਟਰੰਪ ਤੇ ਨੇਤਨਯਾਹੂ ਦੀ ਅਰਥੀ ਸਾੜੇ ਜਾਣ ਦਾ ਦ੍ਰਿਸ਼।

ਇਸ ਮੌਕੇ ਮਾਸਟਰ ਲਾਭ ਸਿੰਘ ਬਰ੍ਹੇ, ਨਿਰੰਜਣ ਬੋਹਾ, ਤੇਜ ਰਾਮ ਅਹਿਮਦਪੁਰ, ਅਸ਼ੋਕ ਲਾਕੜਾ, ਭੁਪਿੰਦਰ ਸਿੰਘ ਗੁਰਨੇ, ਰਘੂ ਨਾਥ ਸਿੰਗਲਾ, ਤਰਸੇਮ ਸੈਕਟਰੀ ਬੋਹਾ, ਜਗਨ ਨਾਥ ਬੋਹਾ, ਜੱਗਾ ਸਿੰਘ ਸ਼ੇਰ ਖਾਂ , ਮਲਕੀਤ ਸਿੰਘ ਬਖਸ਼ੀਵਾਲਾ, ਗੁਰਦੀਪ ਰਾਣਾ ਆਦਿ ਨੇ ਵੀ ਸੰਬੋਧਨ ਕੀਤਾ।

## ਅਕਾਲੀ ਸਰਕਾਰ ਬਣਨ 'ਤੇ ਭੂੰਦੜ ਹੋਣਗੇ ਸੁਪਰ ਸੀ ਐੱਮ : ਸੁਖਬੀਰ



**ਮਾਨਸਾ** : ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਐਲਾਨ ਕੀਤਾ ਹੈ ਕਿ ਜੇ 2027 ਵਿੱਚ ਉਨ੍ਹਾ ਦੀ ਪਾਰਟੀ ਸੱਤਾ ਵਿੱਚ ਆਉਂਦੀ ਹੈ ਤਾਂ ਸਾਬਕਾ ਸੰਸਦ ਮੈਂਬਰ ਬਲਵਿੰਦਰ ਸਿੰਘ ਭੂੰਦੜ 'ਸੁਪਰ ਸੀ ਐੱਮ' ਹੋਣਗੇ। ਵੀਰਵਾਰ ਪੰਜਾਬ ਬਚਾਓ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਬੀਰ ਨੇ ਔਖੇ ਸਮੇਂ ਵਿੱਚ ਭੂੰਦੜ ਦੀ ਵਫਾਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜਦੋਂ ਕਈ ਸੀਨੀਅਰ ਆਗੂ ਪਾਰਟੀ ਛੱਡ ਗਏ ਸਨ, ਉਦੋਂ ਭੂੰਦੜ ਸਾਹਿਬ ਅਕਾਲੀ ਦਲ ਨਾਲ ਚੱਟਾਨ ਵਾਂਗ ਖੜ੍ਹੇ ਰਹੇ। ਸੁਖਬੀਰ ਬਾਦਲ ਨੇ ਕਿਹਾ ਕਿ ਭੂੰਦੜ ਸਾਹਿਬ ਹੀ ਇਲਾਕੇ ਦੇ ਵਿਕਾਸ ਕਾਰਜਾਂ ਦਾ ਐਲਾਨ ਕਰਨਗੇ। ਉਨ੍ਹਾ ਭਾਵੁਕ ਹੁੰਦਿਆਂ ਕਿਹਾ ਕਿ ਜਿਸ ਸਮੇਂ ਸੂਬਾ ਅਤੇ ਕੇਂਦਰ ਸਰਕਾਰਾਂ ਸਿੱਖ ਪੰਥ ਦੀ ਇਸ ਜਥੇਬੰਦੀ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰ ਰਹੀਆਂ ਸਨ, ਉਸ ਵੇਲੇ ਭੂੰਦੜ ਨੇ ਉਨ੍ਹਾ ਦਾ ਅਤੇ ਉਨ੍ਹਾ ਦੇ ਪਿਤਾ (ਪ੍ਰਕਾਸ਼ ਸਿੰਘ ਬਾਦਲ) ਦਾ ਪੂਰਾ ਸਾਥ ਦਿੱਤਾ। ਇਸ ਮੌਕੇ ਸੰਸਦ ਮੈਂਬਰ ਹਰਸਿਮਰਤ ਕੌਰ ਬਾਦਲ ਨੇ ਵੀ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬਲਵਿੰਦਰ ਸਿੰਘ ਭੂੰਦੜ ਦੇ ਬੇਟੇ ਦਿਲਰਾਜ ਸਿੰਘ ਭੂੰਦੜ ਨੂੰ ਵਿਧਾਇਕ ਵਜੋਂ ਚੁਣ ਕੇ ਸੇਵਾ ਦਾ ਮੌਕਾ ਦੇਣ।

## ਛੀਨੀਵਾਲ ਕਲਾਂ-ਸਹਿਜੜਾ ਲਿੰਕ ਸੜਕ 'ਤੇ ਬਣਿਆ ਗੰਦੇ ਪਾਣੀ ਦਾ ਛੱਪੜ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਛੀਨੀਵਾਲ ਕਲਾਂ ਤੋਂ ਸਹਿਜੜਾ ਨੂੰ ਜਾਣ ਵਾਲੀ ਲਿੰਕ ਸੜਕ ਦੀ ਖਸਤਾ ਹਾਲਤ ਕਰਕੇ ਗੰਦੇ ਪਾਣੀ ਨੇ ਛੱਪੜ ਦਾ ਰੂਪ ਧਾਰਨ ਕਰ ਲਿਆ ਹੈ, ਜਿਸ ਕਾਰਨ ਆਮ ਲੋਕਾਂ, ਵਾਹਨ ਚਾਲਕਾਂ ਤੇ ਵਿਦਿਆਰਥੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲ੍ਹਾ ਬਰਨਾਲਾ ਐਸ.ਸੀ. ਡਿਪਾਰਟਮੈਂਟ ਦੇ ਚੇਅਰਮੈਨ ਜਸਮੇਲ ਸਿੰਘ ਡੇਅਰੀ ਵਾਲਾ, ਬਲਾਕ ਪ੍ਰਧਾਨ ਪਰਮਿੰਦਰ ਸ਼ੰਮੀ ਠੁੱਲੀਵਾਲ, ਜ਼ਿਲ੍ਹਾ ਸਕੱਤਰ ਡਾ: ਬਲਵੰਤ ਰਾਏ ਸ਼ਰਮਾ ਨੇ ਲਿੰਕ ਸੜਕ ਦੀ ਤਰਸਯੋਗ ਸਥਿਤੀ 'ਤੇ ਗੰਭੀਰ ਚਿੰਤਾ ਪ੍ਰਗਟਾਈ।ਆਗੂਆਂ ਨੇ ਕਿਹਾ ਕਿ ਇੱਕ ਪਾਸੇ ਰਾਜ ਸਰਕਾਰ ਵੱਲੋਂ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਨੂੰ ਜੋੜਨ ਵਾਲੀਆਂ ਸੰਪਰਕ ਸੜਕਾਂ ਦੇ ਨਿਰਮਾਣ ਲਈ ਕਰੋੜਾਂ ਰੁਪਏ ਖਰਚ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ, ਜਦਕਿ ਦੂਜੇ ਪਾਸੇ ਪਿੰਡਾਂ ਦੀਆਂ ਲਿੰਕ ਸੜਕਾਂ ਉੱਪਰ ਡੂੰਘੇ ਟੋਏ ਪੈਣ ਨਾਲ ਛੱਪੜਾਂ ਦਾ ਰੂਪ ਧਾਰਨ ਕਰਨ ਤੇ ਇਕੱਠੇ ਹੋਏ ਗੰਦੇ ਪਾਣੀ ਨਾਲ ਲੋਕਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਛੀਨੀਵਾਲ ਕਲਾਂ ਤੋਂ ਸਹਿਜੜਾ ਸੜਕ 'ਤੇ ਖੜ੍ਹਾ ਗੰਦਾ ਪਾਣੀ ਨਿੱਤ ਲੰਘਣ ਵਾਲੇ ਲੋਕਾਂ ਲਈ ਵੱਡੀ ਸਿਰਦਰਦੀ ਬਣ ਚੁੱਕਾ ਹੈ, ਸਕੂਲੀ ਬੱਚਿਆਂ ਨੂੰ ਹਰ ਰੋਜ਼ ਇਸ ਪਾਣੀ ਵਿੱਚੋਂ ਲੰਘਣਾ ਪੈਂਦਾ ਹੈ।ਆਗੂਆਂ ਨੇ ਮੰਗ ਕੀਤੀ ਕਿ ਇਸ ਲਿੰਕ ਸੜਕ ਦੀ ਤਰਸਯੋਗ ਹਾਲਤ ਦੇ ਮੱਦੇਨਜ਼ਰ ਇਸ ਨੂੰ ਨਵੇਂ ਸਿਰਿਓਂ ਬਣਾ ਕੇ ਲੋਕਾਂ ਦੀ ਗੰਭੀਰ ਮੁਸ਼ਕਲ ਨੂੰ ਤੁਰੰਤ ਹੱਲ ਕੀਤਾ ਜਾਵੇ।

## ਤੀਜੀ ਪ੍ਰੋਫੈਸ਼ਨਲ ਮੈਰਾਥਨ 13 ਨੂੰ, ਡੀ ਸੀ ਵੱਲੋਂ ਪੋਸਟਰ ਜਾਰੀ



**ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਨੌਜਵਾਨਾਂ ਨੂੰ ਖੇਡਾਂ ਤੇ ਸਿਹਤਮੰਦ ਜੀਵਨਸ਼ੈਲੀ ਵੱਲ ਪ੍ਰੇਰਤ ਕਰਨ ਲਈ ਤੀਜੀ ਪ੍ਰੋਫੈਸ਼ਨਲ ਮੈਰਾਥਨ 13 ਮਾਰਚ ਨੂੰ ਦੇਸ਼ ਭਗਤ ਯੂਨੀਵਰਸਿਟੀ (ਡੀ.ਬੀ.ਯੂ.) ਵਿਖੇ ਕਰਵਾਈ ਜਾਵੇਗੀ, ਜਿਸ ਦਾ ਅਧਿਕਾਰਕ ਪੋਸਟਰ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵੱਲੋਂ ਜਾਰੀ ਕੀਤਾ ਗਿਆ। ਇਹ ਮੈਰਾਥਨ 22 ਮਾਰਚ ਨੂੰ ਮਾਹਿਲਪੁਰ ਵਿਖੇ ਹੋਣ ਵਾਲੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ ਲਈ ਇਕ ਮਹੱਤਵਪੂਰਨ ਪ੍ਰੇਰਕ ਕਦਮ ਵਜੋਂ ਮੰਨੀ ਜਾ ਰਹੀ ਹੈ।ਇਸ ਪ੍ਰੋਗਰਾਮ ਰਾਹੀਂ ਨੌਜਵਾਨਾਂ ਵਿੱਚ ਦੇਸ਼ਭਗਤੀ ਦੀ ਭਾਵਨਾ ਜਗਾਉਣ ਦੇ ਨਾਲ-ਨਾਲ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦਾ ਸੰਦੇਸ਼ ਵੀ ਦਿੱਤਾ ਜਾਵੇਗਾ।ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ 5 ਕਿਲੋਮੀਟਰ ਦੀ ਇਹ ਮੈਰਾਥਨ ਸਵੇਰੇ 6:00 ਵਜੇ ਸ਼ੁਰੂ ਹੋਵੇਗੀ, ਜਿਸ ਵਿੱਚ ਵਿਦਿਆਰਥੀਆਂ, ਖਿਡਾਰੀਆਂ ਅਤੇ ਆਮ ਨਾਗਰਿਕਾਂ ਦੀ ਵੱਡੀ ਭਾਗੀਦਾਰੀ ਹੋਵੇਗੀ।ਉਨ੍ਹਾਂ ਕਿਹਾ ਕਿ ਇਹ ਮੈਰਾਥਨ ਸਿਰਫ ਇੱਕ ਖੇਡ ਪ੍ਰੋਗਰਾਮ ਨਹੀਂ, ਬਲਕਿ ਨੌਜਵਾਨਾਂ ਨੂੰ ਤੰਦਰੁਸਤੀ, ਅਨੁਸ਼ਾਸਨ ਤੇ ਸਮਾਜਕ ਜ਼ਿੰਮੇਵਾਰੀ ਵੱਲ ਪ੍ਰੇਰਿਤ ਕਰਨ ਵਾਲਾ ਇੱਕ ਜਨ ਅੰਦੋਲਨ ਹੈ।ਉਨ੍ਹਾਂ ਕਿਹਾ ਕਿ ਸ਼ਹੀਦ-ਏ-ਆਜ਼ਮ ਭਗਤ ਸਿੰਘ ਜੀ ਦੀ ਮਹਾਨ ਸ਼ਹਾਦਤ ਨੂੰ ਨਮਨ ਕਰਦਿਆਂ ਇਹ ਮੈਰਾਥਨ ਪੰਜਾਬ ਦੇ ਨੌਜਵਾਨਾਂ ਨੂੰ ਦੇਸ਼ ਭਗਤੀ ਤੇ ਸਮਾਜਿਕ ਜਾਗਰੂਕਤਾ ਨਾਲ ਜੋੜੇਗੀ।ਖੇਡਾਂ ਤੇ ਸਾਂਝੀ ਭਾਗੀਦਾਰੀ ਰਾਹੀਂ ਹੀ ਅਸੀਂ ਨਸ਼ਿਆਂ ਵਰਗੀ ਗੰਭੀਰ ਸਮੱਸਿਆ ਦਾ ਡਟ ਕੇ ਮੁਕਾਬਲਾ ਕਰ ਸਕਦੇ ਹਾਂ। ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ, ਨੌਜਵਾਨਾਂ, ਸਰਕਾਰੀ ਕਰਮਚਾਰੀਆਂ, ਸਮਾਜਿਕ ਸੰਸਥਾਵਾਂ, ਪਰਿਵਾਰਾਂ ਤੇ ਸੀਨੀਅਰ ਸਿਟੀਜ਼ਨਾਂ ਸਮੇਤ ਹਰ ਵਰਗ ਦੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦੀ ਅਪੀਲ ਕਰਦਿਆਂ ਕਿਹਾ ਕਿ 13 ਮਾਰਚ ਨੂੰ ਡੀ.ਬੀ.ਯੂ. ਵਿਖੇ ਤੀਜੀ ਪ੍ਰੋ ਮੈਰਾਥਨ ਤੇ 22 ਮਾਰਚ ਨੂੰ ਮਾਹਿਲਪੁਰ ਵਿਖੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ ਵਿੱਚ ਸ਼ਾਮਲ ਹੋ ਕੇ ਨਸ਼ਾ-ਮੁਕਤ ਪੰਜਾਬ ਦੀ ਮੁਹਿੰਮ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ।

## ਸੁਪਰੀਮ ਕੌਨਵੈਂਟ 'ਚ ਮਨਾਇਆ ਹੋਲੀ ਦਾ ਤਿਉਹਾਰ



**ਠੱਠੂਰ (ਨਛੱਤਰ ਸੰਧੂ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ (ਮੋਗਾ) ਵਿਖੇ ਵਿਦਿਆਰਥੀਆਂ ਨੇ ਕੈਮੀਕਲ ਰੰਗਾਂ ਤੋਂ ਮੁਕਤ ਹੋਲੀ ਦਾ ਤਿਉਹਾਰ ਕੁਦਰਤੀ ਰੰਗਾਂ ਨਾਲ ਮਨਾਇਆ।ਇਸ ਮੌਕੇ ਨੰਨ੍ਹੇ-ਮੁੰਨੇ ਬੱਚੇ ਵੱਖ-ਵੱਖ ਰੰਗਾਂ ਦੇ ਕੱਪੜਿਆਂ ਵਿੱਚ ਬਹੁਤ ਹੀ ਖੂਬਸੂਰਤ ਲੱਗ ਰਹੇ ਸਨ।ਵਿਦਿਆਰਥੀਆਂ ਦੁਆਰਾ ਇਸ ਮੌਕੇ ਹੋਲੀ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਡਾਂਸ ਪੇਸ਼ ਕੀਤਾ ਗਿਆ।ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਰੰਗਾਂ ਬਾਰੇ ਗਤੀਵਿਧੀ ਵੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੂੰ ਆਪਣੀ ਜ਼ਿੰਦਗੀ ਵਿੱਚ ਵੱਖ-ਵੱਖ ਰੰਗਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਸਕੂਲ ਪ੍ਰਧਾਨ ਸ. ਚਰਨ ਸਿੰਘ, ਸਕੂਲ ਚੇਅਰਮੈਨ ਨਰਿੰਦਰ ਪ੍ਰਸਾਦ ਸ਼ਰਮਾ, ਸਕੂਲ ਪ੍ਰਿੰਸੀਪਲ ਕੁੰਜਮੋਲ ਜੋਮ ਤੇ ਵਾਇਸ ਪ੍ਰਿੰਸੀਪਲ ਜਸਮੇਲ ਸਿੰਘ ਨੇ ਵਿਦਿਆਰਥੀਆਂ ਤੇ ਸਮੂਹ ਸਟਾਫ ਮੈਂਬਰਾਂ ਨੂੰ ਹੋਲੀ ਦੀ ਵਧਾਈ ਦਿੱਤੀ।

## ਡੇਰਾ ਸ੍ਰੀ ਗੁਰੂ ਰਵਿਦਾਸ ਵਿਖੇ ਪੂਰਨਮਾਸ਼ੀ ਦਾ ਸ਼ੁੱਭ ਦਿਹਾੜਾ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਬੀਤੇ ਦਿਨੀਂ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾਂ ਗੇਟ ਨਾਭਾ ਵਿਖੇ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ (ਰਜਿ: 239) ਨਾਭਾ ਵੱਲੋਂ ਪੂਰਨਮਾਸੀ ਦਾ ਸ਼ੁਭ ਦਿਹਾੜਾ ਸ਼ਾਮ 5 ਵਜੇ ਤੋਂ 7 ਵਜੇ ਤੱਕ ਮਨਾਇਆ ਗਿਆ।ਇਸ ਮੌਕੇ ਬੀਬੀਆਂ ਦੁਆਰਾ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਭਾਈ ਜਤਿੰਦਰ ਸਿੰਘ ਰਾਹੀਂ ਸੰਗਤਾਂ ਨੂੰ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।ਪ੍ਰੋਗਰਾਮ ਦੇ ਅੰਤ ਵਿੱਚ ਡਾ. ਜਸਵਿੰਦਰ ਸਿੰਘ ਨੂੰ ਬਤੌਰ ਸਿਵਲ ਸਰਜਨ ਪਟਿਆਲਾ ਬੇਦਾਗ ਸੇਵਾਮੁਕਤ ਹੋਣ 'ਤੇ ਸੋਸਾਇਟੀ ਦੇ ਅਹੁਦੇਦਾਰਾਂ ਵੱਲੋਂ ਸਨਮਾਨ ਚਿੰਨ੍ਹ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਦੇ ਧਰਮਪਤਨੀ ਸ੍ਰੀਮਤੀ ਗੁਰਦੀਪ ਕੌਰ ਲੈਕਚਰਾਰ ਅੰਗਰੇਜ਼ੀ ਨਾਲ ਸਨ।ਇਸ ਸ਼ੁਭ ਮੌਕੇ 'ਤੇ ਡਾ. ਜਸਵਿੰਦਰ ਸਿੰਘ ਵੱਲੋਂ ਸੋਸਾਇਟੀ ਨੂੰ 5000/- ਰੁਪਏ ਮਾਲੀ ਮੱਦਦ ਵੀ ਕੀਤੀ ਗਈ।ਇਸ ਮੌਕੇ ਅਮਰ ਸਿੰਘ ਟੋਡਰਵਾਲ ਵੱਲੋਂ ਡਾ. ਜਸਵਿੰਦਰ ਸਿੰਘ ਦੇ ਜੀਵਨ ਸੰਘਰਸ਼ ਤੇ ਲੋਕਾਂ ਪ੍ਰਤੀ ਸੇਵਾ ਭਾਵਨਾ ਦੀ ਪ੍ਰਸੰਸਾ ਕੀਤੀ ਗਈ।ਉਨ੍ਹਾਂ ਕਿਹਾ ਕਿ ਅਜਿਹੇ ਇਨਸਾਨਾਂ ਦੀ ਸਮਾਜ ਨੂੰ ਸਖ਼ਤ ਲੋੜ ਹੈ, ਪ੍ਰਮਾਤਮਾ ਡਾ. ਜਸਵਿੰਦਰ ਸਿੰਘ ਤੇ ਇਨ੍ਹਾਂ ਦੇ ਪਰਿਵਾਰ ਨੂੰ ਹਮੇਸ਼ਾ ਚੜ੍ਹਦੀ ਕਲਾ ਵਿੱਚ ਰੱਖੇ।ਇਸ ਮੌਕੇ ਰਾਮ ਸਿੰਘ ਮਹਿਮੀ, ਅਮਰ ਸਿੰਘ ਟੋਡਰਵਾਲ, ਰਵਿੰਦਰ ਸਿੰਘ, ਗੁਰਮੁੱਖ ਸਿੰਘ ਤੂੰਗਾਂ, ਰਾਮਧਨ ਸਿੰਘ, ਹੰਸ ਰਾਜ ਮਹਿਮੀ, ਗੁਰਜੰਟ ਸਿੰਘ, ਜਗਮੇਲ ਸਿੰਘ, ਕਰਮ ਸਿੰਘ ਆਦਿ ਹਾਜ਼ਰ ਸਨ।ਅੰਤ ਵਿੱਚ ਚਾਹ ਤੇ ਛੋਲਾਂ ਦਾ ਲੰਗਰ ਅਤੁੱਟ ਵਰਤਾਇਆ ਗਿਆ।

## ਲਹਿਰਾ ਮੂਨਕ ਭੱਠਾ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਲਹਿਰਾ ਮੂਨਕ ਭੱਠਾ ਐਸੋਸੀਏਸ਼ਨ ਦੇ ਪ੍ਰਧਾਨ ਅਸ਼ਵਨੀ ਕੁਮਾਰ ਆਸ਼ੂ ਦੀ ਅਗਵਾਈ ਵਿੱਚ ਭੱਠਾ ਐਸੋਸੀਏਸ਼ਨ ਦੀ ਮੀਟਿੰਗ ਹੋਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਭੱਠਾ ਮਾਲਕ ਇਕੱਠੇ ਹੋਏ। ਭਾਰਤ ਭੂਸ਼ਣ ਅਤੇ ਰਾਧਾ ਗੋਇਲ ਵੱਲੋਂ ਮੀਟਿੰਗ ਦੇ ਸਾਰੇ ਇੰਤਜ਼ਾਮ ਕੀਤੇ ਗਏ। ਅਸ਼ਵਨੀ ਕੁਮਾਰ ਆਸ਼ੂ ਨੇ ਕਿਹਾ ਕਿ ਕੋਲੇ ਦੀਆਂ ਵਧੀਆ ਕੀਮਤਾਂ ਦੇ ਕਾਰਨ ਇੱਟਾਂ ਦੇ ਰੇਟਾਂ ਦੇ ਵਿੱਚ ਵੀ ਵਾਧਾ ਹੋ ਸਕਦਾ ਹੈ, ਜਿਸ ਨੂੰ ਲੈ ਕੇ ਜਿੱਥੇ ਭੱਠਾ ਮਾਲਕਾਂ ਦਾ ਨੁਕਸਾਨ ਹੋ ਰਿਹਾ, ਉੱਥੇ ਆਮ ਲੋਕਾਂ ਦਾ ਵੀ ਕਾਫੀ ਨੁਕਸਾਨ ਹੋਵੇਗਾ। ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ, ਜਿਸ ਕਾਰਨ ਭੱਠਾ ਉਦਯੋਗ ਦਾ ਕਾਫੀ ਨੁਕਸਾਨ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ 20 ਦਿਨਾਂ ਵਿੱਚ 5000 ਰੁਪਏ ਟਨ ਦੇ ਰੇਟ ਦੇ ਵਿੱਚ ਵਾਧਾ ਹੋਇਆ ਹੈ, ਜਿਸ ਕਾਰਨਾਂ ਵਾਲੇ ਸਮੇਂ ਦੇ ਵਿੱਚ ਇੱਟਾਂ ਦਾ ਰੇਟ 8000 ਤੋਂ 9000 ਪ੍ਰਤੀ ਹਜ਼ਾਰ ਹੋ ਸਕਦਾ ਹੈ, ਜਿਸ ਦਾ ਖਮਿਆਜ਼ਾ ਲੋਕਾਂ ਨੂੰ ਭੁਗਤਣਾ ਪੈ ਸਕਦਾ ਹੈ। ਉਨ੍ਹਾਂ ਸਰਕਾਰ ਨੂੰ ਕਿਹਾ ਕਿ ਇਸ ਵਿੱਚ ਦਖਲ ਕਰ ਕੋਲੇ ਦੇ ਰੇਟਾਂ ਦੇ ਵਿੱਚ ਲਗਾਤਾਰ ਹੋ ਰਹੇ ਵਾਧੇ ਨੂੰ ਖਤਮ ਕਰੇ, ਕੋਲੇ ਦੇ ਵਧ ਰਹੇ ਰੇਟਾਂ ਦੇ ਕਾਰਨ ਭੱਠਾ ਮਾਲਕਾਂ ਦਾ ਧੂੰਆਂ ਨਿਕਲਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਭੱਠਾ ਉਦਯੋਗ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਚਾਹੇ ਉਹ ਜੀਐਸਟੀ ਨੂੰ ਲੈ ਕੇ ਹੋਵੇ ਯਾ ਉਹ ਕੋਲਾ ਮਾਫੀਆ ਨੂੰ ਲੈ ਕੇ ਹੋਵੇ। ਸਰਕਾਰ ਨੂੰ ਇਸ ਵੱਲ ਧਿਆਨ ਦੇ ਕੇ ਭੱਠਾ ਨੂੰ ਮਾਈਨਿੰਗ ਦੇ ਵਿੱਚੋਂ ਵੀ ਬਾਹਰ ਕੱਢਣਾ ਚਾਹੀਦਾ ਹੈ ਤੇ ਭੱਠਾ ਮਾਲਕਾਂ ਦੇ ਨਾਲ ਮੀਟਿੰਗ ਕਰਕੇ ਉਹਨਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰਨਾ ਚਾਹੀਦਾ ਹੈ, ਕਿਉਂਕਿ ਭੱਠੇ ਦੇ ਨਾਲ ਵੱਡੀ ਗਿਣਤੀ ਵਿੱਚ ਜਿੱਥੇ ਮਜ਼ਦੂਰ ਵਰਗ ਜੁੜਿਆ ਹੁੰਦਾ ਹੈ, ਉੱਥੇ ਹੀ ਰੇਟਾਂ ਦੇ ਵਧਣ ਦੇ ਨਾਲ ਵਿਕਾਸ ਕਾਰਜਾਂ 'ਚ ਵੀ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

## ਪੰਜਾਬ ਗੌਰਮਿੰਟ ਵਰਕਰਜ਼ ਯੂਨੀਅਨ (ਏਟਕ) ਵੱਲੋਂ ਸੇਵਾਮੁਕਤ ਸਾਥੀਆਂ ਦਾ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਵਰਕਰਜ਼ ਯੂਨੀਅਨ (ਏਟਕ) ਬ੍ਰਾਂਚ ਮੋਗਾ ਵੱਲੋਂ ਆਪਣੇ ਪੰਜ ਸਾਥੀਆਂ ਦੀ ਸੇਵਾਮੁਕਤੀ 'ਤੇ ਸਨਮਾਨ ਸਮਾਰੋਹ ਕੀਤਾ ਗਿਆ।ਇਹ ਪੰਜ ਸਾਥੀ ਮਨਮੋਹਨ ਸਿੰਘ ਟੀ.ਜੀ. 1 ਮਕੈਨਿਕ, ਭੋਲਾ ਸਿੰਘ ਜੇ.ਟੀ., ਬਿੱਕਰ ਸਿੰਘ ਡਰਾਈਵਰ ਨੰ: 02, ਮੱਖਣ ਸਿੰਘ ਡ. ਨੰਬਰ 58, ਬਲਵਿੰਦਰ ਸਿੰਘ ਡ. ਨੰਬਰ 94 ਪਿਛਲੇ ਮਹੀਨਿਆਂ ਵਿੱਚ ਵੱਖ ਵੱਖ ਮਿਤੀਆਂ ਨੂੰ ਸੇਵਾ ਮੁਕਤ ਹੋਏ।ਇਨ੍ਹਾਂ ਦੇ ਸਨਮਾਨ ਵਿੱਚ ਇਕੱਠਾ ਸਨਮਾਨ ਸਮਾਰੋਹ ਕੀਤਾ ਗਿਆ।ਇਨ੍ਹਾਂ ਸਾਥੀਆਂ ਨੇ ਜਿੱਥੇ ਮਹਿਕਮੇ ਵਿੱਚ ਆਪਣਾ ਕੰਮ ਪੂਰੀ ਤਨਦੇਹੀ ਨਾਲ ਕੀਤਾ, ਉਥੇ ਮਹਿਕਮੇ ਨੂੰ ਬਚਾਉਣ ਲਈ ਤੇ ਮੁਲਾਜ਼ਮ ਹੱਕਾਂ ਲਈ ਲਗਾਤਾਰ ਲੜ ਰਹੀ ਜਥੇਬੰਦੀ ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ ਵਿੱਚ ਕੰਮ ਕਰਦੇ ਹੋਏ ਜਥੇਬੰਦਕ ਸਰਗਰਮੀਆਂ ਵਿੱਚ ਲਗਾਤਾਰ ਆਪਣਾ ਯੋਗਦਾਨ ਪਾਇਆ।ਇਸ ਮੌਕੇ ਜਥੇਬੰਦੀ ਦੇ ਵਰਕਰਜ਼, ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਮੈਂਬਰਜ਼, ਸੇਵਾ ਮੁਕਤ ਸਾਥੀਆਂ ਦੇ ਪਰਿਵਾਰਕ ਮੈਂਬਰ ਤੇ ਰਿਸ਼ਤੇਦਾਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਨ੍ਹਾਂ ਦੇ ਸਨਮਾਨ ਵਿੱਚ ਰੰਗਾਰੰਗ ਪ੍ਰੋਗਰਾਮ ਵੀ ਕੀਤਾ ਗਿਆ।ਇਸ ਮੌਕੇ ਸੁਖਜੀਤ ਸਿੰਘ ਗਰੇਵਾਲ ਜੀ ਐੱਮ, ਸੁਮਿਤ ਕੁਮਾਰ ਵਰਕਸ ਮੈਨੇਜਰ, ਨਛੱਤਰ ਸਿੰਘ ਸਾਬਕਾ ਟ੍ਰੈਫਿਕ ਮੈਨੇਜਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਜਥੇਬੰਦੀ ਵੱਲੋਂ ਗੁਰਜੰਟ ਸਿੰਘ ਕੋਕਰੀ, ਰਾਜਬੀਰ ਸਿੰਘ, ਮਨਦੀਪ ਸਿੰਘ ਮਖੂ, ਗੁਰਪ੍ਰੀਤ ਸਿੰਘ ਨੇ ਸ਼ਮੂਲੀਅਤ ਕੀਤੀ।ਸਟੇਜ ਦੀ ਕਾਰਵਾਈ ਸੁਰਿੰਦਰ ਸਿੰਘ ਬਰਾੜ ਨੇ ਬਾਖੂਬੀ ਨਿਭਾਈ।ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਅਜਮੇਰ ਸਿੰਘ ਅਖਾੜਾ, ਉਂਕਾਰ ਸਿੰਘ ਫਰਵਾਹਾ, ਚਮਕੌਰ ਸਿੰਘ ਲੰਗੇਆਣਾ ਤੇ ਹੋਰ ਹਾਜ਼ਰ ਸਨ। ਸੰਬੋਧਨ ਕਰਨ ਵਾਲਿਆਂ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਪੰਜਾਬ ਗੌਰਮਿੰਟ ਟ੍ਰਾਂਸਪੋਰਟ ਵਰਕਰਜ਼ ਯੂਨੀਅਨ ਦੇ ਪ੍ਰਧਾਨ ਦੀਦਾਰ ਸਿੰਘ ਮੰਡ, ਭੁਪਿੰਦਰ ਸਿੰਘ ਸੇਖੋਂ ਨੇ ਜਿੱਥੇ ਇਨ੍ਹਾਂ ਸਾਥੀਆਂ ਦੇ ਮਹਿਕਮੇ ਤੇ ਜਥੇਬੰਦੀ ਵਿੱਚ ਕੀਤੇ ਕੰਮ ਦੀ ਪ੍ਰਸੰਸਾ ਕੀਤੀ, ਉਥੇ ਆਉਣ ਵਾਲੇ ਸਮੇਂ ਵਿੱਚ ਮਹਿਕਮੇ ਲਈ ਤੇ ਮੁਲਾਜ਼ਮਾਂ ਨੂੰ ਦਰਪੇਸ਼ ਚੁਣੌਤੀਆਂ ਬਾਰੇ ਵੀ ਸਾਵਧਾਨ ਕਰਦੇ ਹੋਏ ਪੰਜਾਬ ਸਰਕਾਰ ਦੀ ਮਹਿਕਮੇ ਤੇ ਮੁਲਾਜ਼ਮਾਂ ਪੈਨਸ਼ਨਰਾਂ ਪ੍ਰਤੀ ਬੇਰੁਖੀ ਦੀ ਭਰਪੂਰ ਨਿੰਦਾ ਕੀਤੀ।ਬੁਲਾਰਿਆਂ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿਉਂਕਿ ਪੰਜਾਬ ਸਰਕਾਰ ਨੇ ਪਿਛਲੇ ਸਮੇਂ ਵਿੱਚ ਇੱਕ ਵੀ ਬੱਸ ਨਵੀਂ ਨਹੀਂ ਪਾਈ ਤੇ ਹੋਰ ਕਾਰਨਾਂ ਕਰਕੇ ਮਹਿਕਮੇ ਨੂੰ ਬਚਾਉਣ ਲਈ 7 ਮਾਰਚ ਨੂੰ ਟ੍ਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦੇ ਹਲਕਾ ਪੱਟੀ ਵਿੱਚ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ।ਇਸ ਲਈ ਇਸ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚੋ।ਇਸੇ ਤਰ੍ਹਾਂ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਅਣਗੌਲਿਆ ਕਰਨ ਕਾਰਨ 11 ਮਾਰਚ ਨੂੰ ਮੋਹਾਲੀ ਵਿਖੇ ਰੈਲੀ ਵਿੱਚ ਵੀ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ।ਇਨ੍ਹਾਂ ਸਾਥੀਆਂ ਦੇ ਗਲਾਂ ਵਿੱਚ ਹਾਰ ਪਾ ਕੇ ਤੇ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਯਾਦਗਾਰੀ ਮੋਮੈਂਟੋ, ਇੱਕ ਲੋਈ ਤੇ ਇੱਕ ਮੁੰਦਰੀ ਦੇ ਕੇ ਸਨਮਾਨਤ ਕੀਤਾ ਗਿਆ।

## ਚੋਰੀ ਦੇ ਮੋਟਰਸਾਈਕਲਾਂ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ 2 ਮੋਟਰਸਾਈਕਲਾਂ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਜਗਰੂਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਗੋਪਾਲ ਉਰਫ ਪਵਨ ਪੁੱਤਰ ਬਖੂ ਰਾਮ ਵਾਸੀ ਗੋਲਬਾਗ ਸੋਕੜ ਨਹਿਰ ਫਿਰੋਜ਼ਪੁਰ ਸ਼ਹਿਰ ਤੇ ਸੋਨੂੰ ਪੁੱਤਰ ਬਿਕਰਮ ਵਾਸੀ ਬਾਨੋ ਵਾਲਾ ਵਿਹੜਾ ਸੁੰਦਰ ਨਗਰ ਫਿਰੋਜ਼ਪੁਰ ਸ਼ਹਿਰ, ਜੋ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦੇ ਆਦੀ ਹਨ ਤੇ ਅੱਜ ਵੀ ਮੋਟਰਸਾਈਕਲ ਵੇਚਣ ਲਈ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਹਨ।

ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਚੋਰੀ ਦੇ 2 ਮੋਟਰਸਾਈਕਲ ਐੱਚ ਐੱਫ ਡੀਲਕਸ ਬਿਨਾਂ ਨੰਬਰੀ ਬਰਾਮਦ ਕੀਤੇ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਤਲਵੰਡੀ ਮੈਡੀਕਲ ਹਾਲ ਵਾਲਿਆਂ ਵੱਲੋਂ ਭੰਡਾਰਾ



**ਜਗਰਾਉਂ (ਸੰਜੀਵ ਅਰੋੜਾ)**-ਤਲਵੰਡੀ ਮੈਡੀਕਲ ਹਾਲ ਵਾਲਿਆਂ ਹੋਲੇ ਮਹੱਲੇ ਨੂੰ ਸਮਰਪਤ ਕੜੀ-ਚਾਵਲ ਦਾ ਭੰਡਾਰਾ ਲਗਾਇਆ ਗਿਆ। ਡਾ: ਦਿਲਾ ਰਾਮ ਵਾਲਿਆਂ ਦੀ ਪੁਰਾਣੀ ਦੁਕਾਨ 'ਤੇ ਲਗਾਏ ਭੰਡਾਰੇ 'ਤੇ ਸਮੂਹ ਦੁਕਾਨਦਾਰਾਂ ਨੇ ਸੇਵਾ ਕੀਤੀ ਤੇ ਰਾਹਗੀਰਾਂ ਨੂੰ ਬੜੇ ਪਿਆਰ ਸਤਿਕਾਰ ਨਾਲ ਲੰਗਰ ਛਕਾਇਆ। ਇਸ ਮੌਕੇ ਰੰਜੀਵ ਗੋਇਲ, ਅਜੀਤ ਸਿੰਘ ਅਗਵਾੜਾ, ਮਿੱਠਾ ਜਗਰਾਉਂ, ਰਵੀਸ਼ ਗੋਇਲ, ਜਗਦੀਪ ਗੱਗੂ, ਕਾਕਾ ਮੋਬਾਇਲ ਆਦਿ ਹਾਜ਼ਰ ਸਨ।

## ਪੰਜਾਬ ਰੋਡਵੇਜ਼ ਦੇ ਵਰਕਰਾਂ ਵੱਲੋਂ ਭਲਕੇ ਮੁਜ਼ਾਹਰਾ

**ਪਟਿਆਲਾ** : ਪੰਜਾਬ ਏਟਕ ਦੇ ਪ੍ਰਧਾਨ ਬੰਤ ਸਿੰਘ ਬਰਾੜ ਅਤੇ ਜਨਰਲ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਨੇ ਸਰਕਾਰੀ ਟਰਾਂਸਪੋਰਟ ਦਾ ਜੋ ਬੁਰਾ ਹਾਲ ਕਰ ਦਿੱਤਾ ਗਿਆ ਹੈ, ਉਹ ਸ਼ਾਇਦ ਕਿਸੇ ਸਰਕਾਰ ਦੇ ਸਮੇਂ ਵਿੱਚ ਵੀ ਅਜਿਹੀ ਦੁਰਦਸ਼ਾ ਨਹੀਂ ਹੋਈ ਹੋਵੇਗੀ।ਇੱਥੋਂ ਤੱਕ ਕਿ ਅਕਾਲੀ ਸਰਕਾਰ 'ਤੇ ਇਲਜ਼ਾਮ ਲਗਦਾ ਸੀ ਕਿ ਬਾਦਲ ਪਰਵਾਰ ਦੀਆਂ ਬੱਸਾਂ ਸਰਕਾਰੀ ਟਰਾਂਸਪੋਰਟ ਨੂੰ ਬਹੁਤ ਜ਼ਿਆਦਾ ਨੁਕਸਾਨ ਪਹੁੰਚਾਉਂਦੀਆਂ ਸਨ, ਪਰ ਇਹ ਵੀ ਸੱਚ ਹੈ ਕਿ ਬਾਦਲ ਸਰਕਾਰ ਦੇ ਸਮੇਂ ਵਿੱਚ ਦੋ ਵਾਰੀ ਜ਼ਰੂਰ ਰੋਡਵੇਜ਼ ਅਤੇ ਪੀ ਆਰ ਟੀ ਸੀ ਵਿੱਚ ਨਵੀਆਂ ਬੱਸਾਂ ਪਾ ਦਿੱਤੀਆਂ ਜਾਂਦੀਆਂ ਸਨ, ਪਰ ਮੌਜੂਦਾ ਮਾਨ ਸਰਕਾਰ ਨੇ ਤਾਂ ਜਿਵੇਂ ਸਹੁੰ ਹੀ ਖਾਧੀ ਹੋਵੇ ਕਿ ਸਰਕਾਰੀ ਅਦਾਰੇ ਵਿੱਚ ਨਵੀਆਂ ਬੱਸਾਂ ਪੈਣ ਹੀ ਨਹੀਂ ਦੇਣੀਆਂ।ਅਜਿਹਾ ਇੱਥੋਂ ਹੀ ਸਪੱਸ਼ਟ ਹੈ ਕਿ 4 ਸਾਲਾਂ ਵਿੱਚ ਕੋਈ ਬੱਸ ਸਰਕਾਰ ਵੱਲੋਂ ਨਹੀਂ ਖਰੀਦੀ ਗਈ, ਜਦ ਕਿ ਪੀ ਆਰ ਟੀ ਸੀ ਨੂੰ ਤਾਂ ਸਰਕਾਰ ਨੇ ਕੋਈ ਪੈਸਾ ਵੀ ਨਹੀਂ ਦੇਣਾ ਹੁੰਦਾ।ਇਸ ਤੋਂ ਸਪੱਸ਼ਟ ਹੈ ਕਿ ਟਰਾਂਸਪੋਰਟ ਮੰਤਰੀ ਪ੍ਰਾਈਵੇਟ ਬੱਸ ਮਾਫੀਏ ਦੀ ਜਾਣੇ ਜਾਂ ਅਣਜਾਣੇ ਵਿੱਚ ਮਦਦ ਹੀ ਕਰ ਰਹੇ ਹਨ, ਕਿਉਂਕਿ ਮੰਤਰੀ ਦੇ ਆਪਣੇ ਮਹਿਕਮੇ ਪੰਜਾਬ ਰੋਡਵੇਜ਼ ਬੱਸ ਫਲੀਟ ਵਿੱਚ ਇੱਕ ਹਜ਼ਾਰ ਤੋਂ ਵੱਧ ਬੱਸਾਂ ਦੀ ਘਾਟ ਹੋ ਚੁੱਕੀ ਹੈ, ਜਿਸ ਦਾ ਸਿੱਧਾ ਫਾਇਦਾ ਪ੍ਰਾਈਵੇਟ ਬੱਸ ਮਾਫੀਏ ਨੂੰ ਪਹੁੰਚ ਰਿਹਾ ਹੈ।ਬਰਾੜ ਅਤੇ ਧਾਲੀਵਾਲ ਨੇ ਅੱਗੇ ਜ਼ਿਕਰ ਕਰਦਿਆ ਕਿਹਾ ਕਿ ਪੰਜਾਬ ਏਟਕ ਨਾਲ ਸੰਬੰਧਤ ਜਥੇਬੰਦੀ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਏਟਕ ਦੀ ਲੀਡਰਸ਼ਿਪ ਨੇ ਮੰਤਰੀ ਨੂੰ ਕਈ ਵਾਰ ਵਰਕਰਾਂ ਦੀਆਂ ਮੰਗਾਂ ਸੰਬੰਧੀ, ਨਵੀਆਂ ਬੱਸਾਂ ਪਾਉਣ ਲਈ, ਸਪੇਅਰ ਪਾਰਟ ਦੀ ਘਾਟ ਦੂਰ ਕਰਨ ਲਈ, ਟਾਈਮ ਟੇਬਲਾਂ ਦੇ ਘਪਲੇ, ਸਟਾਫ ਦੀ ਘਾਟ, ਕੱਚੇ ਕਾਮੇ ਪੱਕੇ ਕਰਨ ਲਈ, ਕਰਜ਼ਾ ਮੁਕਤ ਪਨਬਸ ਬੱਸਾਂ ਨੂੰ ਰੋਡਵੇਜ਼ ਵਿੱਚ ਸ਼ਾਮਲ ਕਰਨ ਲਈ ਆਦਿ ਦੇ ਸੰਬੰਧ ਵਿੱਚ ਮੰਗ ਪੱਤਰ ਵੀ ਦਿੱਤੇ, ਅਖ਼ਬਾਰਾਂ ਵਿੱਚ ਬਿਆਨ ਵੀ ਦਿੱਤੇ, ਪਰ ਸਰਕਾਰ 'ਤੇ ਕੋਈ ਅਸਰ ਨਹੀਂ ਹੋਇਆ। ਹੁਣ ਫਿਰ 5 ਫਰਵਰੀ ਨੂੰ ਸਰਕਾਰ ਨੂੰ 10 ਨੁਕਾਤੀ ਮੰਗ ਪੱਤਰ ਦੇ ਕੇ ਉਪਰੋਕਤ ਮਸਲੇ ਹੱਲ ਕਰਨ ਲਈ ਮੰਗ ਪੱਤਰ ਦਿੱਤਾ ਹੋਇਆ ਹੈ, ਪਰ ਮੰਤਰੀ ਜਾਂ ਸਰਕਾਰ ਨੇ ਇਸ ਨੂੰ ਵੀ ਅਣਡਿੱਠ ਕੀਤਾ ਹੋਇਆ ਹੈ। ਆਖ਼ਰਕਾਰ ਪੰਜਾਬ ਰੋਡਵੇਜ਼ ਦੀ ਏਟਕ ਦੀ ਜਥੇਬੰਦੀ 7 ਮਾਰਚ ਨੂੰ ਮੰਤਰੀ ਦੇ ਹਲਕੇ ਵਿੱਚ ਜ਼ੋਰਦਾਰ ਮੁਜ਼ਾਹਰਾ ਇਨ੍ਹਾਂ ਮੰਗਾਂ ਵੱਲ ਧਿਆਨ ਖਿੱਚਣ ਲਈ ਕਰਨ ਜਾ ਰਹੀ ਹੈ। ਪੰਜਾਬ ਏਟਕ ਵੱਲੋਂ ਇਸ ਐਕਸ਼ਨ ਦੀ ਪੁਰਜ਼ੋਰ ਹਮਾਇਤ ਵੀ ਕੀਤੀ ਜਾ ਰਹੀ ਹੈ ਅਤੇ ਜੇਕਰ ਮੁਜ਼ਾਹਰਾਕਾਰੀਆਂ ਨਾਲ ਕੋਈ ਜ਼ਿਆਦਤੀ ਕੀਤੀ ਗਈ ਤਾਂ ਸਮੁੱਚੀ ਏਟਕ ਵੱਲੋਂ ਇਸ ਮਾਮਲੇ ਨੂੰ ਸੂਬਾਈ ਪੱਧਰ 'ਤੇ ਚੁੱਕਿਆ ਜਾਵੇਗਾ।

## ਬਲਾਕ ਸੰਮਤੀ ਭੁਨਰਹੇੜੀ 'ਚ 'ਆਪ' ਦੀ ਵੱਡੀ ਜਿੱਤ : ਚਰਨਜੀਤ ਚੇਅਰਮੈਨ ਤੇ ਸਿਮਰਜੀਤ ਵਾਇਸ ਚੇਅਰਮੈਨ ਚੁਣੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦੀ ਮਜ਼ਬੂਤੀ ਤੇ ਲੋਕਾਂ ਦੇ ਭਰੋਸੇ ਦਾ ਪ੍ਰਤੀਕ ਅੱਜ ਉਸ ਸਮੇਂ ਦੇਖਣ ਨੂੰ ਮਿਲਿਆ, ਜਦੋਂ ਬਲਾਕ ਸੰਮਤੀ ਭੁਨਰਹੇੜੀ ਦੇ ਚੇਅਰਮੈਨ ਤੇ ਵਾਇਸ ਚੇਅਰਮੈਨ ਦੀ ਚੋਣ ਸਰਬਸੰਮਤੀ ਨਾਲ ਨੇਪਰੇ ਚੜ੍ਹੀ।ਇਸ ਮਹੱਤਵਪੂਰਨ ਚੋਣ ਵਿੱਚ ਚਰਨਜੀਤ ਸਿੰਘ ਨੈਣਾ ਨੂੰ ਚੇਅਰਮੈਨ ਤੇ ਸਿਮਰਜੀਤ ਸਿੰਘ ਸੋਹਲ ਨੂੰ ਵਾਇਸ ਚੇਅਰਮੈਨ ਵਜੋਂ ਚੁਣਿਆ ਗਿਆ।ਇਸ ਜਿੱਤ ਨਾਲ ਹਲਕੇ ਦੇ ਪਾਰਟੀ ਵਰਕਰਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ ਤੇ ਵਿਰੋਧੀ ਪਾਰਟੀਆਂ ਨੂੰ ਇੱਕ ਹੋਰ ਕਰਾਰੀ ਸਿਆਸੀ ਹਾਰ ਦਾ ਸਾਹਮਣਾ ਕਰਨਾ ਪਿਆ ਹੈ।ਦੱਸਣਯੋਗ ਹੈ ਕਿ ਇਹ ਚੋਣ ਪ੍ਰੀਕਿਰਿਆ ਮੈਡਮ ਹਰਜੋਤ ਕੌਰ ਅਬਜ਼ਰਵਰ ਤੇ ਉੱਪ ਮੰਡਲ ਮੈਜਿਸਟਰੇਟ ਦੁਧਨ ਸਾਧਾਂ ਦੀ ਦੇਖ-ਰੇਖ ਹੇਠ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਡਾਣਾ ਨੇ ਕਿਹਾ ਕਿ ਇਹ ਜਿੱਤ ਆਮ ਲੋਕਾਂ ਦੀ ਜਿੱਤ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਅੱਜ ਪੰਜਾਬ ਦੇ ਪਿੰਡਾਂ ਵਿੱਚ ਵਿਕਾਸ ਦਾ ਇੱਕ ਨਵਾਂ ਯੁੱਗ ਸ਼ੁਰੂ ਹੋਇਆ ਹੈ।ਉਨ੍ਹਾਂ ਉਮੀਦ ਜਤਾਈ ਕਿ ਚਰਨਜੀਤ ਸਿੰਘ ਨੈਣਾ ਤੇ ਸਿਮਰਜੀਤ ਸਿੰਘ ਸੋਹਲ ਦੀ ਜੋੜੀ ਭੁਨਰਹੇੜੀ ਬਲਾਕ ਦੇ ਪਿੰਡਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕਰੇਗੀ।ਹਡਾਣਾ ਨੇ ਅੱਗੇ ਕਿਹਾ ਕਿ ਹੁਣ ਬਲਾਕ ਸੰਮਤੀ ਦੀ ਲੀਡਰਸ਼ਿਪ ਤੈਅ ਹੋਣ ਨਾਲ ਵਿਕਾਸ ਕਾਰਜਾਂ ਵਿੱਚ ਹੋਰ ਤੇਜ਼ੀ ਆਵੇਗੀ।ਪਿੰਡਾਂ ਵਿੱਚ ਗਲੀਆਂ-ਨਾਲੀਆਂ, ਪੀਣ ਵਾਲੇ ਸਾਫ਼ ਪਾਣੀ, ਸਿੱਖਿਆ ਤੇ ਸਿਹਤ ਸਹੂਲਤਾਂ ਵਿੱਚ ਵੱਡਾ ਸੁਧਾਰ ਕਰਨਾ ਸਾਡੀ ਸਰਕਾਰ ਦੀ ਪਹਿਲ ਹੈ।

■ ਰਣਜੋਧ ਸਿੰਘ ਹਡਾਣਾ ਨੇ ਨਵੀਂ ਚੁਣੀ ਲੀਡਰਸ਼ਿਪ ਨੂੰ ਦਿੱਤੀ ਵਧਾਈ



ਨਵ-ਨਿਯੁਕਤ ਚੇਅਰਮੈਨ ਚਰਨਜੀਤ ਸਿੰਘ ਨੈਣਾ ਤੇ ਵਾਇਸ ਚੇਅਰਮੈਨ ਸਿਮਰਜੀਤ ਸਿੰਘ ਸੋਹਲ ਨੇ ਪਾਰਟੀ ਹਾਈਕਮਾਂਡ ਤੇ ਰਣਜੋਧ ਹਡਾਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਬਿਨਾਂ ਕਿਸੇ ਭੇਦਭਾਵ ਦੇ ਹਰ ਪਿੰਡ ਨੂੰ ਵਿਕਾਸ ਗ੍ਰਾਂਟਾਂ ਮੁਹੱਈਆ ਕਰਵਾਈਆਂ ਜਾਣਗੀਆਂ ਤਾਂ ਜੋ ਸਨੌਰ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਇਆ ਜਾ ਸਕੇ।ਸਮਾਗਮ ਦੇ ਅੰਤ ਵਿੱਚ ਵਰਕਰਾਂ ਨੇ ਲੱਡੂ ਵੰਡ ਕੇ ਤੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰੇ ਲਗਾ ਕੇ ਆਪਣੀ ਖ਼ੁਸ਼ੀ ਦਾ ਇਜ਼ਹਾਰ ਕੀਤਾ।

## ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੀ ਮੀਟਿੰਗ ਭਲਕੇ

**ਜਗਰਾਉਂ (ਸੰਜੀਵ ਅਰੋੜਾ)**-ਪੰਜਾਬ ਰਿਟਾਇਰਡ ਮਿਊਂਸਪਲ ਵਰਕਰਜ਼ ਯੂਨੀਅਨ ਤੇ ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਸੂਬਾ ਅਹੁਦੇਦਾਰਾਂ ਦੀ ਇੱਕ ਸਾਂਝੀ ਤੇ ਜ਼ਰੂਰੀ ਮੀਟਿੰਗ ਸੂਬਾ ਚੇਅਰਮੈਨ ਜਨਕ ਰਾਜ ਮਾਨਸਾ ਦੀ ਨਿਗਰਾਨੀ ਹੇਠ 7 ਮਾਰਚ ਨੂੰ ਸਵੇਰੇ 11 ਵਜੇ ਤਲਵੰਡੀ ਭਾਈ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਹੋ ਰਹੀ ਹੈ। ਯੂਨੀਅਨ ਦੇ ਸੂਬਾ ਚੇਅਰਮੈਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਸਰਕਾਰ ਵੱਲੋਂ ਮਿਊਂਸਪਲ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਗੱਲਬਾਤ ਲਈ ਯੂਨੀਅਨ ਨੂੰ ਭੇਜੇ ਸੱਦਾ ਪੱਤਰ 'ਤੇ ਵਿਚਾਰ ਕੀਤਾ ਜਾਵੇਗਾ। ਇਨ੍ਹਾਂ ਮੰਗਾਂ ਵਿੱਚ ਕਈ ਮੁਲਾਜ਼ਮਾਂ ਨੂੰ ਰਿਟਾਇਰ ਹੋਣ ਉਪਰੰਤ ਐੱਨ.ਓ.ਸੀ. ਨਹੀਂ ਮਿਲ ਰਿਹਾ, 2-2 ਜਾਂ 3-3 ਸਾਲਾਂ ਤੋਂ ਪੈਂਡਿੰਗ ਪਈਆਂ ਇਨਕੁਆਰੀਆਂ ਦੀ ਆੜ ਵਿੱਚ ਮੁਲਾਜ਼ਮਾਂ ਨੂੰ ਐੱਨ.ਓ.ਸੀ. ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਰਿਟਾਇਰ ਹੋਣ 'ਤੇ ਕਈ ਮੁਲਾਜ਼ਮਾਂ ਨੂੰ ਬਹੁਤ ਘੱਟ ਰਕਮ ਦੇ ਕੇ ਡੰਗ ਟਪਾਇਆ ਜਾ ਰਿਹਾ ਹੈ ਅਤੇ ਪਿਛਲੇ ਦਿਨਾਂ ਵਿੱਚ ਸਰਕਾਰ ਵੱਲੋਂ ਭੇਜੀ ਗਈ ਐਕਸਾਈਜ਼ ਤੇ ਵੈਟ ਦੀ ਰਕਮ ਵਿੱਚੋਂ ਮੁਲਾਜ਼ਮਾਂ ਨੂੰ ਬਣਦਾ ਹਿੱਸਾ ਨਾ ਦੇ ਕੇ ਰਕਮ ਨੂੰ ਹੋਰ ਕੰਮਾਂ ਲਈ ਵਰਤਿਆ ਗਿਆ ਹੈ, ਜਿਨ੍ਹਾਂ ਸਬੰਧੀ ਸਰਕਾਰ ਨੂੰ ਗੱਲਬਾਤ ਦੌਰਾਨ ਜਾਣੂੰ ਕਰਵਾ ਕੇ ਬਣਦੀ ਕਾਰਵਾਈ ਦੀ ਮੰਗ 'ਤੇ ਵੀ ਵਿਚਾਰ ਕੀਤਾ ਜਾਵੇਗਾ। ਉਕਤ ਤੋਂ ਇਲਾਵਾ ਦੋਨਾਂ ਯੂਨੀਅਨਾਂ ਦੀ ਸੂਬਾ ਪੱਧਰੀ ਚੋਣ ਕਰਵਾਉਣ 'ਤੇ ਕੋਈ ਫੈਸਲਾ ਲਿਆ ਜਾਵੇਗਾ। ਯੂਨੀਅਨ ਦੇ ਆਗੂ ਵਿਜੈ ਕੁਮਾਰ ਜਗਰਾਉਂ, ਪ੍ਰਧਾਨ ਜ਼ਿਲ੍ਹਾ ਲੁਧਿਆਣਾ ਨੇ ਦੋਨਾਂ ਯੂਨੀਅਨਾਂ ਦੇ ਸਮੂਹ ਅਹੁਦੇਦਾਰਾਂ ਨੂੰ ਮੀਟਿੰਗ 'ਚ ਪਹੁੰਚਣ ਦੀ ਅਪੀਲ ਕੀਤੀ ਹੈ।

## ਅਕਾਲੀ ਦਲ ਦੀ 'ਪੰਜਾਬ ਬਚਾਓ' ਰੈਲੀ ਸੰਬੰਧੀ ਦੇਹੜਕਾ 'ਚ ਮੀਟਿੰਗ



**ਜਗਰਾਉਂ (ਸੰਜੀਵ ਅਰੋੜਾ)**

ਜਗਰਾਉਂ ਦੀ ਨਵੀਂ ਦਾਣਾ ਮੰਡੀ ਵਿਖੇ 18 ਮਾਰਚ ਨੂੰ ਹੋਣ ਜਾ ਰਹੀ ਸ਼੍ਰੋਮਣੀ ਅਕਾਲੀ ਦਲ ਦੀ 'ਪੰਜਾਬ ਬਚਾਓ' ਰੈਲੀ ਤੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਆਮਦ ਦੀਆਂ ਤਿਆਰੀਆਂ ਨੂੰ ਲੈ ਕੇ ਪਿੰਡ ਦੇਹੜਕਾ ਵਿਖੇ ਇੱਕ ਅਹਿਮ ਮੀਟਿੰਗ ਹੋਈ। ਇਸ ਮੀਟਿੰਗ ਦੀ ਅਗਵਾਈ ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਐੱਸ. ਆਰ. ਕਲੇਰ ਨੇ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਐੱਸ. ਆਰ. ਕਲੇਰ ਨੇ ਦਾਅਵਾ ਕੀਤਾ ਕਿ ਇਹ ਰੈਲੀ ਇਤਿਹਾਸ ਰਚੇਗੀ ਤੇ ਆਪ ਸਰਕਾਰ ਦੇ ਪਤਨ ਦਾ ਮੁੱਢ ਬੰਨ੍ਹੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਆਪ-ਹੁਦਰੀਆਂ ਤੋਂ ਤੰਗ ਆ ਚੁੱਕੇ ਹਨ ਤੇ ਚੋਣ ਵਾਅਦਿਆਂ ਦਾ ਹਿਸਾਬ ਮੰਗ ਰਹੇ ਹਨ। ਕਲੇਰ ਅਨੁਸਾਰ ਸਥਿਤੀ ਅਜਿਹੀ ਬਣ ਗਈ ਹੈ ਕਿ ਆਪ ਵਿਧਾਇਕ ਲੋਕਾਂ ਨੂੰ ਮੂੰਹ ਦਿਖਾਉਣ ਤੋਂ ਵੀ ਕੰਨੀ ਕਤਰਾਉਣ ਲੱਗੇ ਹਨ। ਉਨ੍ਹਾਂ ਕਿਹਾ ਕਿ ਹੁਣ ਲੋਕਾਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਉਣ ਦਾ ਤਹੱਈਆ ਕਰ ਲਿਆ ਹੈ। ਇਸ ਮੌਕੇ ਸਰਕਲ ਜਥੇਦਾਰ ਪ੍ਰਮਿੰਦਰ ਸਿੰਘ ਚੀਮਾ, ਨੰਬਰਦਾਰ ਜਸਵੀਰ ਸਿੰਘ ਦੇਹੜਕਾ, ਗੁਰਮੀਤ ਸਿੰਘ ਪੱਪੂ, ਸੁਖਦੇਵ ਸਿੰਘ ਧਾਲੀਵਾਲ, ਅਵਤਾਰ ਸਿੰਘ ਸਿੱਧੂ, ਜਗਰੂਪ ਸਿੰਘ ਖਹਿਰਾ, ਅਜਮੇਰ ਸਿੰਘ ਧਾਲੀਵਾਲ, ਗੁਰਚਰਨ ਸਿੰਘ, ਭਜਨ ਸਿੰਘ, ਬੀਰਬਲ ਸਿੰਘ, ਦਰਸ਼ਨ ਸਿੰਘ, ਸੁਖਦੇਵ ਸਿੰਘ ਖੈਹਿਰਾ ਤੇ ਪੰਚਾਇਤ ਮੈਂਬਰ ਪਰਮਜੀਤ ਸਿੰਘ ਪਰਮਾ, ਬਲਜੀਤ ਸਿੰਘ ਸਿੱਧੂ (ਤਿੰਨੋਂ ਪੰਚ) ਸਮੇਤ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।

## ਪੰਜਾਬ ਪ੍ਰਦੂਸ਼ਣ ਬੋਰਡ ਵੱਲੋਂ ਸਫਲ 'ਪਲਾਸਟਿਕ-ਮੁਕਤ ਹੋਲਾ ਮਹੱਲਾ' ਮੁਹਿੰਮ



**ਚੰਡੀਗੜ੍ਹ** : ਸਿੱਖ ਧਰਮ ਦੇ ਸਭ ਤੋਂ ਵੱਡੇ ਤਿਉਹਾਰ 'ਹੋਲਾ ਮਹੱਲਾ' ਦੀ ਪਵਿੱਤਰਤਾ ਅਤੇ ਵਾਤਾਵਰਣ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਲਈ, ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ (ਪੀ.ਪੀ.ਸੀ.ਬੀ.) ਨੇ ਇਸ ਸਮਾਗਮ ਨੂੰ ਪਲਾਸਟਿਕ ਮੁਕਤ ਬਣਾਉਣ ਲਈ ਇੱਕ ਵਿਆਪਕ ਮੁਹਿੰਮ ਸਫਲਤਾਪੂਰਵਕ ਚਲਾਈ । ਇਸ ਮੁਹਿੰਮ ਤਹਿਤ ਪੀ.ਪੀ.ਸੀ.ਬੀ.ਨੇ ਇੱਕ ਵੱਡੀ ਵਾਤਾਵਰਣ-ਪੱਖੀ ਪਹਿਲਕਦਮੀ ਕਰਦਿਆਂ ਸ੍ਰੀ ਆਨੰਦਪੁਰ ਸਾਹਿਬ ਵਿੱਚ ਵੱਖ-ਵੱਖ ਕਮੇਟੀਆਂ ਵੱਲੋਂ ਚਲਾਏ ਜਾ ਰਹੇ ਲੰਗਰਾਂ ਵਿੱਚ ਲੱਖਾਂ ਦੀ ਗਿਣਤੀ ਵਿੱਚ ਬਾਇਓਡੀਗ੍ਰੇਡੇਬਲ ਅਤੇ ਕੰਪੋਸਟੇਬਲ ਡਿਸਪੋਜ਼ੇਬਲ ਵਸਤੂਆਂ ਮੁਫ਼ਤ ਮੁਹੱਈਆ ਕਰਵਾਈਆਂ ਗਈਆਂ। ਇਸ ਬਾਬਤ ਜਾਣਕਾਰੀ ਦਿੰਦਿਆਂ ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ 1 ਮਾਰਚ ਨੂੰ ਪੀ.ਪੀ.ਸੀ.ਬੀ. ਦੀ ਚੇਅਰਪਰਸਨ ਸ਼੍ਰੀਮਤੀ ਰੀਨਾ ਗੁਪਤਾ ਅਤੇ ਮੈਂਬਰ ਸਕੱਤਰ ਸ਼੍ਰੀ ਲਵਨੀਤ ਦੂਬੇ ਦੀ ਅਗਵਾਈ ਵਿੱਚ ਇੱਕ ਵਫ਼ਦ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਇਸ ਮੁਹਿੰਮ ਦਾ ਆਗਾਜ਼ ਕੀਤਾ ਸੀ।ਬੁਲਾਰੇ ਨੇ ਦੱਸਿਆ ਕਿ ਇਸ ਮੁਹਿੰਮ ਦੌਰਾਨ ਵਿਸ਼ੇਸ਼ ਤੌਰ 'ਤੇ ਈਕੋ-ਫਰੈਂਡਲੀ ਬੁਨਿਆਦੀ ਢਾਂਚੇ ਦਾ ਵਿਸਥਾਰ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਜਿਸ ਤਹਿਤ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਰੋਕਣ ਲਈ, ਪੀ.ਪੀ.ਸੀ.ਬੀ. ਨੇ 20 ਲੱਖ ਤੋਂ ਵੱਧ ਉੱਚ-ਗੁਣਵੱਤਾ ਵਾਲੇ ਬਾਇਓਡੀਗ੍ਰੇਡੇਬਲ ਬਦਲਾਂ ਦੀ ਸਪਲਾਈ ਯਕੀਨੀ ਬਣਾਈ। ਹੋਲੇ ਮਹੱਲੇ ਦੌਰਾਨ 7 ਲੱਖ ਬਾਇਓਡੀਗ੍ਰੇਡੇਬਲ ਪਲਾਸਟਿਕ ਕੱਪ, 6.5 ਲੱਖ ਬਾਇਓਡੀਗ੍ਰੇਡੇਬਲ ਚਮਚੇ, 2.5 ਲੱਖ ਪਲੇਟਾਂ, 5 ਲੱਖ ਬਾਇਓਡੀਗ੍ਰੇਡੇਬਲ ਕੌਲੀਆਂ ਅਤੇ ਹੋਰ ਸਮਾਨ, 5,000 ਬਾਇਓਡੀਗ੍ਰੇਡੇਬਲ ਕੂੜਾ ਕਰਕਟ ਵਾਲੇ ਬੈਗ, 30,000 ਬਾਇਓਡੀਗ੍ਰੇਡੇਬਲ ਕੈਰੀ ਬੈਗ (ਕੜਾਹ ਪ੍ਰਸ਼ਾਦ ਲਈ) ਦੀ ਸਪਲਾਈ ਵੱਖ-ਵੱਖ ਲੰਗਰਾਂ ਅਤੇ ਗੁਰਦੁਆਰਾ ਸਾਹਿਬਾਨਾਂ ਵਿੱਚ ਕੀਤੀ ਗਈ। ਬੁਲਾਰੇ ਨੇ ਦੱਸਿਆ ਕਿ ਇਸ ਵਡਕਾਰੀ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਚਲਾਉਣ ਲਈ ਪੀ.ਪੀ.ਸੀ.ਬੀ. ਦੀਆਂ 20 ਸਮਰਪਿਤ ਟੀਮਾਂ ਅਤੇ ਵਲੰਟੀਅਰਾਂ ਵੱਲੋਂ ਵੱਡੇ ਪੱਧਰ 'ਤੇ ਸਹਿਯੋਗ ਕੀਤਾ ਗਿਆ। ਇਹ ਕਾਰਜ 27 ਫਰਵਰੀ, 2026 ਤੋਂ 4 ਮਾਰਚ, 2026 ਤੱਕ ਪੂਰੇ ਜ਼ੋਰ ਸ਼ੋਰ ਨਾਲ ਕੀਤਾ ਗਿਆ।

## ਹਾਰਵਰਡ ਕਾਨਵੈਂਟ ਸਕੂਲ 'ਚ ਹੋਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਹਾਰਵਰਡ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਰੰਗਾਂ ਦਾ ਤਿਉਹਾਰ ਹੋਲੀ ਬਹੁਤ ਹੀ ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਚੇਅਰਮੈਨ ਨਵਦੀਪ ਸਿੰਘ ਬਰਾੜ ਤੇ ਡਾਇਰੈਕਟਰ ਇੰਜੀਨੀਅਰ ਜਗਦੀਪ ਸਿੰਘ ਬਰਾੜ ਨੇ ਬੱਚਿਆਂ ਤੇ ਸਮੂਹ ਸਕੂਲ ਸਟਾਫ ਨੂੰ ਹੋਲੀ ਦੇ ਤਿਉਹਾਰ ਦੀਆਂ ਦਿਲੋਂ ਵਧਾਈਆਂ ਦਿੱਤੀਆਂ।ਉਨ੍ਹਾਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਹੋਲੀ ਪਿਆਰ, ਭਾਈਚਾਰੇ ਤੇ ਖੁਸ਼ੀਆਂ ਦਾ ਤਿਉਹਾਰ ਹੈ।ਇਹ ਤਿਉਹਾਰ ਸਾਨੂੰ ਇੱਕ ਦੂਜੇ ਨਾਲ ਮਿਲਜੁਲ ਕੇ ਰਹਿਣ ਤੇ ਜੀਵਨ ਵਿੱਚ ਖੁਸ਼ੀਆਂ ਵੰਡਣ ਦੀ ਪ੍ਰੇਰਣਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਅਸੀਂ ਪ੍ਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਸਾਡੇ ਬੱਚਿਆਂ ਦੇ ਜੀਵਨ ਵਿੱਚ ਵੀ ਹਰ ਤਰ੍ਹਾਂ ਦੀਆਂ ਖੁਸ਼ੀਆਂ ਦੇ ਰੰਗ ਭਰੇ ਜਾਣ ਅਤੇ ਉਹ ਆਪਣੀ ਪੜ੍ਹਾਈ ਤੇ ਜੀਵਨ ਵਿੱਚ ਸਦਾ ਕਾਮਯਾਬੀ ਹਾਸਲ ਕਰਨ।ਇਸ ਮੌਕੇ ਬੱਚਿਆਂ ਨੇ ਆਪਣੇ ਅਧਿਆਪਕਾਂ ਦੀ ਅਗਵਾਈ ਹੇਠ ਖੂਬ ਰੰਗ ਉਡਾਏ ਤੇ ਇੱਕ ਦੂਜੇ ਨੂੰ ਰੰਗ ਲਗਾ ਕੇ ਹੋਲੀ ਦੀਆਂ ਵਧਾਈਆਂ ਦਿੱਤੀਆਂ। ਬੱਚਿਆਂ ਨੇ ਖੁਸ਼ੀ-ਖੁਸ਼ੀ ਹੋਲੀ ਦੇ ਗੀਤਾਂ 'ਤੇ ਮਸਤੀ ਵੀ ਕੀਤੀ ਤੇ ਤਿਉਹਾਰ ਦਾ ਪੂਰਾ ਆਨੰਦ ਮਾਣਿਆ।ਸਕੂਲ ਦੇ ਅਧਿਆਪਕਾਂ ਨੇ ਵੀ ਬੱਚਿਆਂ ਨਾਲ ਮਿਲ ਕੇ ਇਸ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ।ਇਸ ਮੌਕੇ ਸਕੂਲ ਅਧਿਆਪਕਾਂ ਵੱਲੋਂ ਬੱਚਿਆਂ ਨੂੰ ਹੋਲੀ ਦੇ ਤਿਉਹਾਰ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਹੋਲੀ ਸਿਰਫ ਰੰਗਾਂ ਦਾ ਤਿਉਹਾਰ ਹੀ ਨਹੀਂ, ਸਗੋਂ ਇਹ ਸਾਨੂੰ ਪਿਆਰ, ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ।ਇਸ ਮੌਕੇ ਸਾਨੂੰ ਆਪਣੇ ਸਾਰੇ ਗਿਲੇ-ਸ਼ਿਕਵੇ ਭੁੱਲ ਕੇ ਨਵੀਂ ਸ਼ੁਰੂਆਤ ਕਰਨੀ ਚਾਹੀਦੀ ਹੈ ਅਤੇ ਇੱਕ ਦੂਜੇ ਨਾਲ ਪਿਆਰ ਤੇ ਸਤਿਕਾਰ ਨਾਲ ਰਹਿਣਾ ਚਾਹੀਦਾ ਹੈ। ਹੋਲੀ ਦੇ ਇਸ ਸਮਾਗਮ ਨੂੰ ਲੈ ਕੇ ਬੱਚਿਆਂ ਵਿੱਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਤਰ੍ਹਾਂ ਹਾਰਵਰਡ ਕਾਨਵੈਂਟ ਸਕੂਲ ਵਿੱਚ ਮਨਾਇਆ ਗਿਆ ਹੋਲੀ ਦਾ ਤਿਉਹਾਰ ਸਭ ਲਈ ਯਾਦਗਾਰ ਬਣ ਗਿਆ।

## ਰਣਜੋਧ ਸਿੰਘ ਸਰਬਸੰਮਤੀ ਨਾਲ ਪੰਚਾਇਤ ਸੰਮਤੀ ਧੂਰੀ ਦੇ ਚੇਅਰਮੈਨ ਬਣੇ



**ਧੂਰੀ (ਰਾਜੇਸ਼ਵਰ ਪਿੰਟੂ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ, ਮੋਹਿਤ ਗਰਗ)**-ਪੰਚਾਇਤ ਸੰਮਤੀ ਧੂਰੀ ਦੇ ਚੇਅਰਮੈਨ ਦੇ ਅਹੁਦੇ ਨੂੰ ਲੈ ਕੇ ਹੋਈ ਮੀਟਿੰਗ 'ਚ ਹਸਨਪੁਰ ਜ਼ੋਨ ਤੋਂ ਚੁਣੇ ਗਏ ਮੈਂਬਰ ਰਣਜੋਧ ਸਿੰਘ ਕਲੇਰ ਕਾਂਝਲਾ ਨੂੰ ਸਰਬਸੰਮਤੀ ਨਾਲ ਪੰਚਾਇਤ ਸੰਮਤੀ ਧੂਰੀ ਦਾ ਚੇਅਰਮੈਨ ਚੁਣ ਲਿਆ ਗਿਆ।ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਪੰਚਾਇਤ ਸੰਮਤੀ ਮੈਂਬਰ ਅਮਰਦੀਪ ਸਿੰਘ ਧਾਂਦਰਾ ਨੇ ਸ੍ਰੀ ਕਾਂਝਲਾ ਦੇ ਨਾਮ ਦੀ ਤਜਵੀਜ਼ ਪੇਸ਼ ਕੀਤੀ, ਜਿਸ ਦਾ ਹਾਜ਼ਰ ਸਮੂਹ ਮੈਂਬਰਾਂ ਨੇ ਹੱਥ ਖੜ੍ਹੇ ਕਰਕੇ ਤੇ ਜੈਕਾਰਿਆਂ ਦੀ ਗੂੰਜ ਵਿੱਚ ਸਮਰਥਨ ਕੀਤਾ।ਇਸ ਚੋਣ ਪ੍ਰਕਿਰਿਆ ਦੌਰਾਨ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਤੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਮੌਜੂਦ ਸਨ। ਇਨ੍ਹਾਂ ਆਗੂਆਂ ਨੇ ਨਵ-ਨਿਯੁਕਤ ਚੇਅਰਮੈਨ ਦਾ ਮੂੰਹ ਮਿੱਠਾ ਕਰਵਾਇਆ ਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ।ਆਗੂਆਂ ਨੇ ਕਿਹਾ ਕਿ ਪਾਰਟੀ ਹਮੇਸ਼ਾ ਮਿਹਨਤੀ ਤੇ ਜ਼ਮੀਨੀ ਪੱਧਰ 'ਤੇ ਜੁੜੇ ਵਰਕਰਾਂ ਨੂੰ ਮਾਣ-ਸਤਿਕਾਰ ਦਿੰਦੀ ਹੈ ਤੇ ਰਣਜੋਧ ਸਿੰਘ ਦੀ ਚੋਣ ਨਾਲ ਇਲਾਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ।ਆਪਣੀ ਚੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਣਜੋਧ ਸਿੰਘ ਕਲੇਰ ਕਾਂਝਲਾ ਨੇ ਇਸ ਵੱਡੀ ਜ਼ਿੰਮੇਵਾਰੀ ਲਈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ, ਓ.ਐੱਸ.ਡੀ. ਰਾਜਵੀਰ ਸਿੰਘ ਤੇ ਸਮੁੱਚੀ ਪਾਰਟੀ ਲੀਡਰਸ਼ਿਪ ਦਾ ਸ਼ੁਕਰੀਆ ਅਦਾ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਤਨਦੇਹੀ ਤੇ ਪਾਰਦਰਸ਼ਤਾ ਨਾਲ ਨਿਭਾਉਣਗੇ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਸਮਰਥਕ ਹਾਜ਼ਰ ਸਨ, ਜਿਨ੍ਹਾਂ ਨੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਕੀਤਾ।

## ਬੁੱਘੀਪੁਰਾ-ਬਾਘਾ ਪੁਰਾਣਾ-ਮੋਗਾ ਰੋਡ ਦੀ ਹਾਲਤ ਹੱਦ ਤੋਂ ਵੱਧ ਖਰਾਬ : ਲੱਖੋਵਾਲ ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਆਗੂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਸੂਬਾ ਆਗੂ ਇਕਬਾਲ ਸਿੰਘ ਘਲੋਟੀ, ਬਾਲਕ ਪ੍ਰਧਾਨ ਗੁਰਮੇਲ ਸਿੰਘ ਡਰੋਲੀ, ਸੂਬਾ ਆਗੂ ਜਰਨੈਲ ਸਿੰਘ ਤਖਾਣਵੱਧ, ਗੁਰਨੈਬ ਸਿੰਘ ਗਿੱਲ ਨੇ ਕਿਹਾ ਹੈ ਕਿ ਸਰਕਾਰਾਂ ਵੱਲੋਂ ਲੋਕਾਂ ਦੀ ਸਹੂਲਤ ਲਈ ਬਣਾਈਆਂ ਜਾ ਰਹੀਆਂ ਸੜਕਾਂ ਮਿੱਟੀ ਵਾਂਗੂ ਭੁਰ ਰਹੀਆਂ ਹਨ। ਪਿਛਲੇ ਤਕਰੀਬਨ ਪੰਜ ਕੁ ਮਹੀਨੇ ਪਹਿਲਾਂ ਬਣੀ ਮੋਗਾ ਬੁੱਘੀਪੁਰਾ, ਬਾਘਾ ਪੁਰਾਣਾ ਜੀ ਟੀ ਰੋਡ ਦੀਆਂ ਸਰਵਿਸ ਲਾਈਨਾਂ, ਜਿਸ ਠੇਕੇਦਾਰ ਵੱਲੋਂ ਬਣਾਈਆਂ ਗਈਆਂ ਸਨ, ਉਨ੍ਹਾਂ ਦੇ ਹਾਲਾਤ ਅੱਜ ਅਸੀਂ ਮੀਡੀਆ ਨੂੰ ਫੋਟੋਆਂ ਖਿੱਚ ਕੇ ਭੇਜੀਆਂ ਤੇ ਨਾਲ ਹੀ ਅਸੀਂ ਮਾਨਯੋਗ ਡਿਪਟੀ ਕਮਿਸ਼ਨਰ ਤੋਂ ਮੰਗ ਕਰਦੇ ਹਾਂ ਕਿ ਜਿਸ ਵੀ ਠੇਕੇਦਾਰ ਨੇ ਇਹ ਸੜਕਾਂ ਦਾ ਠੇਕਾ ਲੈ ਕੇ ਇਨ੍ਹਾਂ ਸਰਵਿਸ ਰੋਡਾਂ ਨੂੰ ਬਣਾਇਆ ਹੈ, ਉਸ ਠੇਕੇਦਾਰ ਦੀ ਤੁਰੰਤ ਉੱਚ-ਪੱਧਰੀ ਜਾਂਚ ਕਰਵਾਈ ਜਾਵੇ, ਕਿਉਂਕਿ ਇਹ ਸੜਕਾਂ ਬਣੀਆਂ ਨੂੰ ਤਕਰੀਬਨ ਅਜੇ ਪੰਜ ਮਹੀਨੇ ਨਹੀਂ ਹੋਏ, ਪਰ ਇਹ ਸੜਕਾਂ ਇਸ ਤਰ੍ਹਾਂ ਇਕੱਠੀਆਂ ਹੋ ਗਈਆਂ ਹਨ ਜਿਵੇਂ ਕਿ ਮੀਂਹ ਪਏ ਤੋਂ ਰੇਤਾ ਇੱਕ ਸਾਈਡ ਇਕੱਠਾ ਹੋ ਜਾਂਦਾ ਹੈ। ਇਨ੍ਹਾਂ ਸਰਵਿਸ ਲਾਈਨਾਂ ਬਣਾਉਣ ਵਿੱਚ ਬਹੁਤ ਵੱਡੇ ਘਪਲੇ ਦੀ ਬੋ ਆ ਰਹੀ ਹੈ, ਕਿਉਂਕਿ ਇੰਜ ਕਦੇ ਨਹੀਂ ਹੋਇਆ ਕਿ ਸੜਕ ਬਣਨ ਸਾਰ ਹੀ ਕੁਝ ਮਹੀਨਿਆਂ ਦੇ ਅੰਦਰ ਅੰਦਰ ਰੇਤ ਵਾਂਗੂ ਖਿਲਰ ਜਾਵੇ। ਅਸੀਂ ਪ੍ਰਸ਼ਾਸਨ ਨੂੰ ਕਹਿਣਾ ਚਾਹੁੰਦੇ ਹਾਂ ਕਿ ਅਸੀਂ ਆਪਣੇ ਵੱਲੋਂ ਵੀ ਕੇਂਦਰੀ ਮੰਤਰੀ ਤੇ ਸੂਬਾ ਮੰਤਰੀ ਨੂੰ ਰਜਿਸਟਰਡ ਸ਼ਿਕਾਇਤਾਂ ਭੇਜਾਂਗੇ ਤਾਂ ਜੋ ਲੋਕਾਂ ਦੇ ਦਿੱਤੇ ਹੋਏ ਟੈਕਸ ਦੇ ਪੈਸੇ ਦਾ ਸਹੀ ਹਿਸਾਬ ਸਹੀ ਵਰਤੋਂ ਹੋ ਸਕੇ।

## ਬਾਬਾ ਬਾਠਾਂ ਵਾਲੇ ਦੀ ਬਰਸੀ ਨੂੰ ਸਮਰਪਤ ਨਗਰ ਕੀਰਤਨ ਸਜਾਇਆ



**ਮੱਖੂ (ਰਛਪਾਲ ਸਿੰਘ ਸੰਧੂ)**-ਧੰਨ ਧੰਨ ਸ੍ਰੀਮਾਨ ਸੰਤ ਬਾਬਾ ਕਰਮ ਚੰਦ ਜੀ ਬਾਠਾਂ ਵਾਲੇ ਦੀ 41ਵੀਂ ਬਰਸੀ ਨੂੰ ਸਮਰਪਤ ਸੰਗਤਾਂ ਵੱਲੋਂ ਵਿਸ਼ਾਲ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਗਿਆ।ਨਗਰ ਕੀਰਤਨ ਵਿੱਚ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ ਬਹੁਤ ਹੀ ਸੁੱਚਜੇ ਢੰਗ ਨਾਲ ਸਜਾਈ ਹੋਈ ਸੀ।ਗੁਰਦੁਆਰਾ ਸਾਹਿਬ ਵਿਖੇ ਅਰਦਾਸ ਬੇਨਤੀ ਕਰਨ ਤੋਂ ਬਾਅਦ ਨਗਰ ਕੀਰਤਨ ਜੱਲ੍ਹਾ ਚੌਂਕੀ, ਸ਼ਹਿਰ, ਰੇਲਵੇ ਰੋਡ, ਜ਼ੀਰਾ ਵਾਲਾ ਮੋੜ, ਅਰਾਈਆਂਵਾਲਾ, ਕੁੱਤਬਪੁਰਾ, ਵਾਰਸਵਾਲਾ, ਜੋਗੇਵਾਲਾ, ਸ਼ੀਹਾਂਪਾੜੀ, ਲਹਿਰਾ ਬੇਟ, ਟਿੱਬੀ, ਸੂਦਾਂ ਤੇ ਰਸੂਲਪੁਰ ਫਾਟਕ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਪਹੁੰਚਿਆ।ਇਸ ਵਿਸ਼ਾਲ ਨਗਰ ਕੀਰਤਨ ਵਿੱਚ ਟਰੈਕਟਰ ਟਰਾਲੀਆਂ, ਕਾਰਾਂ ਤੇ ਪੈਦਲ ਭਾਰੀ ਗਿਣਤੀ ਵਿੱਚ ਸ਼ਾਮਲ ਸੰਗਤ ਵੱਲੋਂ ਸਤਿਨਾਮ ਵਾਹਿਗੁਰੂ ਜੀ ਦਾ ਜਾਪ ਕੀਤਾ ਗਿਆ ਤੇ ਰਾਗੀ ਢਾਡੀ ਜਥੇ ਵੱਲੋਂ ਕੀਰਤਨ ਕੀਤਾ ਗਿਆ। ਇਲਾਕਾ ਨਿਵਾਸੀਆਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਫੁੱਲਾਂ ਦੀ ਵਰਖਾ ਕਰਕੇ ਤੇ ਵੱਖ ਵੱਖ ਤਰ੍ਹਾਂ ਦੇ ਲੰਗਰ ਲਗਾ ਕੇ ਕੀਤਾ ਗਿਆ।ਇਸ ਵਿਸ਼ਾਲ ਨਗਰ ਕੀਰਤਨ ਵਿੱਚ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਮੈਨੇਜਰ ਇਕਬਾਲ ਸਿੰਘ ਚੱਬਾ, ਭਾਈ ਮਨਜੀਤ ਸਿੰਘ ਹੈਡ ਗ੍ਰੰਥੀ, ਭਾਈ ਗੁਰਜੰਟ ਸਿੰਘ ਕਥਾ ਵਾਚਕ, ਭਾਈ ਬਲਵੀਰ ਸਿੰਘ ਗ੍ਰੰਥੀ, ਹਜ਼ੂਰੀ ਰਾਗੀ ਭਾਈ ਕਰਨਦੀਪ ਸਿੰਘ, ਭਾਈ ਗੁਰਵਿੰਦਰ ਸਿੰਘ, ਭਾਈ ਗੁਰ ਸਾਹਿਬ ਸਿੰਘ, ਸੇਵਾਦਾਰ ਗੁਰਦੇਵ ਸਿੰਘ ਮਹਿਤਾ, ਤਰਲੋਚਨ ਸਿੰਘ, ਨਰਿੰਦਰ ਮਹਿਤਾ ਸਾਬਕਾ ਐੱਮ ਸੀ, ਰਵੀ ਚੋਪੜਾ ਸਾਬਕਾ ਐੱਮ ਸੀ, ਅਜੈਬ ਸਿੰਘ ਨੰਬਰਦਾਰ, ਨਰਿੰਦਰ ਸਿੰਘ ਮੁਮਾਰੇਵਾਲਾ ਆਦਿ ਹਾਜ਼ਰ ਸਨ।

## ਗੁਰਦੁਆਰਾ ਸਾਹਿਬ 'ਚ ਚੋਰੀ ਕਰਨ ਵਾਲਾ ਕਾਬੂ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਗੁਰਦੁਆਰਾ ਭਾਈ ਮਤੀ ਦਾਸ ਕਲੋਨੀ ਜਲਾਲਾਬਾਦ ਦੀ ਗੋਲਕ ਵਿੱਚੋਂ ਪੈਸੇ ਚੋਰੀ ਕਰਨ ਵਾਲੇ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਾਂਚ ਅਧਿਕਾਰੀ ਐੱਚ. ਸੀ. ਸੰਦੀਪ ਕੁਮਾਰ ਨੇ ਦੱਸਿਆ ਕਿ ਸ਼ਿਕਾਇਤਕਰਤਾ ਮਨਜੀਤ ਸਿੰਘ ਪੁੱਤਰ ਨਰੋਤਮ ਸਿੰਘ ਵਾਸੀ ਜੰਮੂ ਬਸਤੀ ਵੱਲੋਂ ਕ੍ਰਿਸ਼ਨ ਲਾਲ ਉਰਫ ਪਾਪੜੀ ਪੁੱਤਰ ਦੀਵਾਨ ਚੰਦ ਵਾਸੀ ਬੱਲੂਆਣਾ ਨੇ ਗੁਰਦੁਆਰਾ ਸਾਹਿਬ ਭਾਈ ਮਤੀ ਦਾਸ ਕਲੋਨੀ ਜਲਾਲਾਬਾਦ ਅੰਦਰ ਦਾਖਲ ਹੋ ਕੇ ਗੋਲਕ ਵਿੱਚੋਂ ਪੈਸੇ ਚੋਰੀ ਕੀਤੇ ਗਏ ਹੈ, ਜਿਸ 'ਤੇ ਪੁਲਸ ਵੱਲੋਂ ਮਨਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਕ੍ਰਿਸ਼ਨ ਲਾਲ ਉਰਫ ਪਾਪੜੀ ਖਿਲਾਫ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਪੁਲਸ ਨੇ ਨਾਮਜ਼ਦ ਕ੍ਰਿਸ਼ਨ ਲਾਲ ਉਰਫ ਪਾਪੜੀ ਨੂੰ 1500 ਰੁਪਏ ਦੀ ਰਾਸ਼ੀ ਸਮੇਤ ਕਾਬੂ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# 8 ਦੀ ਪੈਨਸ਼ਨਰ ਤੇ ਮੁਲਾਜ਼ਮਾਂ ਦੀ ਸਾਂਝੀ ਰੈਲੀ 'ਚ ਵਧ-ਚੜ੍ਹ ਕੇ ਸ਼ਾਮਲ ਹੋਣ ਦਾ ਫੈਸਲਾ ਤੇ ਸੱਦਾ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਪੰਜਾਬ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਦੀ ਜ਼ਿਲ੍ਹਾ ਪੱਧਰੀ ਇਕੱਤਰਤਾ ਜਵੰਦ ਸਿੰਘ ਜ਼ਿਲ੍ਹਾ ਪ੍ਰਧਾਨ ਦੀ ਪ੍ਰਧਾਨਗੀ ਹੇਠ ਸ਼ਹੀਦ ਬਲਜੀਤ ਸਿੰਘ ਯਾਦਗਾਰੀ ਹਾਲ ਗੁਰਦਾਸਪੁਰ ਵਿਖੇ ਹੋਈ ਜਿਸ ਦੌਰਾਨ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੇ ਫੈਸਲੇ ਦੇ ਮੱਦੇਨਜ਼ਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦੇ ਸਾਂਝੇ ਮੋਰਚੇ ਵੱਲੋਂ 8 ਮਾਰਚ ਨੂੰ ਨੇੜੇ ਗੁਰਦੁਆਰਾ ਅੰਬ ਸਾਹਿਬ ਮੋਹਾਲੀ ਵਿਖੇ ਪੰਜਾਬ ਸਰਕਾਰ ਦੀ ਮੁਲਾਜ਼ਮ ਅਤੇ ਪੈਨਸ਼ਨਰ ਮਾਰੂ ਨੀਤੀ ਦਾ ਭਾਂਡਾ ਭੰਨਣ ਅਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਰੋਕਿਆ ਹੋਇਆ 16% ਡੀ.ਏ ਫੌਰਨ ਯਾਰੀ ਕਰਨ ਤੋਂ ਇਲਾਵਾ ਛੇਵੇਂ ਪੇ-ਕਮਿਸ਼ਨ ਦੀਆਂ ਰੋਕੀਆਂ ਹੋਈਆਂ ਮੱਦਾਂ ਪੂਰਨ ਰੂਪ ਵਿਚ ਲਾਗੂ ਕਰਵਾਉਣ ਹਿਤ ਹੋ ਰਹੀ ਪੰਜਾਬ ਪੱਧਰੀ ਰੈਲੀ ਵਿਚ ਹੁੰਮ-ਹੁਮਾ ਕੇ ਪੁੱਜਣ ਦਾ ਫੈਸਲਾ ਲਿਆ ਗਿਆ ਅਤੇ ਸਮੂਹ ਪੈਨਸ਼ਨਰ ਸਾਥੀਆਂ ਨੂੰ ਇਸ ਰੈਲੀ ਨੂੰ ਸਫ਼ਲ ਬਣਾਉਣ ਹਿਤ ਤਨ ਮਨ ਧਨ ਨਾਲ ਜ਼ੋਰ ਲਾਉਣ ਦਾ ਸੱਦਾ ਦਿੱਤਾ ਗਿਆ। ਇਸ ਮੌਕੇ ਇਕ ਵਹੀਕਲ ਦੀਨਾਨਗਰ ਤੋਂ ਅਤੇ ਇਕ ਧਾਰੀਵਾਲ ਤੋਂ ਤੋਰਨ ਦਾ ਫੈਸਲਾ ਲਿਆ ਗਿਆ। ਇਸ ਇੱਕਤਰਤਾ ਵਿੱਚ ਸਰਵਸ੍ਰੀ ਜਵੰਦ ਸਿੰਘ ਜਿ: ਪ੍ਰਧਾਨ, ਸਵਿੰਦਰ ਔਲਖ ਜਨਰਲ ਸਕੱਤਰ, ਸੁਰੇਸ਼ ਸ਼ਰਮਾ, ਅਬਿਨਾਸ਼ ਸਿੰਘ, ਪਿਆਰਾ ਸਿੰਘ ਡਡਵਾਂ, ਮੰਗਤ ਚੰਚਲ, ਵਿਨੋਦ ਸ਼ਰਮਾ, ਪ੍ਰੇਮ ਨਾਥ, ਜਗਦੀਪ ਸਿੰਘ, ਮਹਿੰਦਰ ਸਿੰਘ, ਸੇਵਾ ਸਿੰਘ ਅਤੇ ਗੁਰਮੀਤ ਸਿੰਘ ਨੇ ਭਾਗ ਲਿਆ।



# ਅਗਨੀਵੀਰ ਭਰਤੀ ਰੈਲੀ 9 ਤੋਂ 18 ਤੱਕ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ

**ਧਾਰੀਵਾਲ (ਮਨਦੀਪ ਵਿੱਕੀ)**- ਭਾਰਤੀ ਫੌਜ ਭਰਤੀ ਦਫ਼ਤਰ, ਅੰਮ੍ਰਿਤਸਰ, ਜ਼ਿਲ੍ਹਾ ਪ੍ਰਸ਼ਾਸਨ ਗੁਰਦਾਸਪੁਰ ਦੇ ਸਹਿਯੋਗ ਨਾਲ 9 ਤੋਂ 18 ਮਾਰਚ ਤੱਕ ਸਰਕਾਰੀ ਕਾਲਜ ਗੁਰਦਾਸਪੁਰ ਦੇ ਸ਼ਹੀਦ ਲੈਫਟੀਨੈਂਟ ਨਵਦੀਪ ਸਿੰਘ ਸਟੇਡੀਅਮ ਵਿਖੇ ਅਗਨੀਵੀਰ ਭਰਤੀ ਰੈਲੀ ਦਾ ਕਰਵਾ ਰਿਹਾ ਹੈ। ਇਸ ਭਰਤੀ ਰੈਲੀ ਵਿੱਚ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਟੈਕਨੀਕਲ, ਅਗਨੀਵੀਰ ਕਲਰਕ/ਸਟੋਰਕੀਪਰ ਅਤੇ ਅਗਨੀਵੀਰ ਟਰੇਡਸਮੈਨ (10ਵੀਂ ਅਤੇ 8ਵੀਂ) ਦੀ ਭਰਤੀ ਕੀਤੀ ਜਾਵੇਗੀ। ਕਰਨਲ ਜੇਮਜ਼ ਜੈਕਬ, ਡਾਇਰੈਕਟਰ ਭਰਤੀ ਦਫ਼ਤਰ ਨੇ ਦੱਸਿਆ ਕਿ ਇਸ ਗੁਰਦਾਸਪੁਰ ਭਰਤੀ ਰੈਲੀ ਵਿੱਚ ਜ਼ਿਲ੍ਹਾ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਦੇ ਉਮੀਦਵਾਰਾਂ ਦੀ ਸਰੀਰਕ ਤੰਦਰੁਸਤੀ, ਮੈਡੀਕਲ ਤੰਦਰੁਸਤੀ ਦੇ ਨਾਲ-ਨਾਲ ਦਸਤਾਵੇਜ਼ਾਂ ਦੀ ਜਾਂਚ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਇਸ ਭਰਤੀ ਰੈਲੀ ਵਿੱਚ ਭਾਰਤੀ ਫੌਜ ਨੂੰ ਪੂਰਾ ਸਹਿਯੋਗ ਦਿੱਤਾ ਜਾ ਰਿਹਾ ਹੈ, ਤਾਂ ਜੋ ਵੱਧ ਤੋਂ ਵੱਧ ਨੌਜਵਾਨ ਇਸ ਭਰਤੀ ਰੈਲੀ ਵਿੱਚ ਪਹੁੰਚ ਸਕਨ ਅਤੇ ਭਰਤੀ ਹੋ ਕੇ ਆਪਣੇ ਦੇਸ਼ ਦੀ ਸੇਵਾ ਕਰ ਸਕਣ। ਇਸ ਮੌਕੇ ਸੂਬੇਦਾਰ ਮੇਜਰ ਸੰਜੇ ਅਤੇ ਸੂਬੇਦਾਰ ਪ੍ਰਵੀਨ ਵੀ ਮੌਜੂਦ ਸਨ।

# ਜ਼ਰੂਰਤਮੰਦ ਲੜਕੀਆਂ ਨੂੰ ਮੁਫਤ ਸਿਲਾਈ ਮਸ਼ੀਨਾਂ ਤੇ ਸਰਟੀਫਿਕੇਟ ਵੰਡੇ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਲੜਕੀਆਂ ਨੂੰ ਆਤਮ-ਨਿਰਭਰ ਬਣਾਉਣ ਲਈ ਚਲਾਏ ਜਾ ਰਹੇ ਮਿਸ਼ਨ ਤਹਿਤ ਪਿੰਡ ਮਲੀਆਂ ਵਿਖੇ ਆਦਰਸ਼ ਸੋਸ਼ਲ ਵੈਲਫੇਅਰ ਐਂਡ ਐਜੂਕੇਸ਼ਨਲ ਸੋਸਾਇਟੀ ਗਰੋਟੀਆ ਵਲੋਂ ਚਲਾਏ ਗਏ ਛੇ ਮਹੀਨੇ ਦੀ ਟ੍ਰੇਨਿੰਗ ਕਟਿੰਗ ਅਤੇ ਟੇਲਰਿੰਗ ਪ੍ਰੋਗਰਾਮ ਦੇ ਆਖਰ ਲਈ ਦਿਨ ਜਰੂਰਤਮੰਦ ਲੜਕੀਆਂ ਨੂੰ ਮੁਫਤ ਸਿਲਾਈ ਮਸ਼ੀਨਾਂ ਤੇ ਸਰਟੀਫਿਕੇਟ ਵੰਡੇ ਗਏ। ਇਸ ਸਮਾਗਮ ਵਿੱਚ ਦੀਨਾਨਗਰ ਹਲਕੇ ਤੋਂ ਸ਼੍ਰੀਮਤੀ ਅਰੁਣਾ ਚੌਧਰੀ ਐਮ.ਐਲ.ਏ ਅਤੇ ਸ਼੍ਰੀ ਅਸ਼ੋਕ ਚੌਧਰੀ ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਅਰੁਣਾ ਚੌਧਰੀ ਨੇ ਕਿਹਾ ਕਿ ਲੜਕੀਆਂ ਅੱਜ ਹਰ ਖੇਤਰ ਵਿੱਚ ਮੱਲਾਂ ਮਾਰ ਰਹੀਆਂ ਹਨ। ਪੰਜਾਬ ਸਰਕਾਰ ਵੱਲੋਂ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਕਈ ਉਪਰਾਲੇ ਕੀਤੇ ਜਾ ਰਹੇ ਹਨ ਤਾਂ ਜੋ ਲੜਕੀਆਂ ਸਵੈ ਰੋਜ਼ਗਾਰ ਹਾਸਿਲ ਕਰ ਸਕਣ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸਤਨਾਮ ਸਿੰਘ ਗਰੋਟੀਆਂ ਨੇ ਕਿਹਾ ਕਿ ਸਾਡੀ ਸੰਸਥਾ ਲੰਬੇ ਸਮੇਂ ਤੋਂ ਲੋਕ ਭਲਾਈ ਦੇ ਕੰਮ ਕਰਦੀ ਆ ਰਹੀ ਹੈ ਤੇ ਅੱਗੇ ਵੀ ਇਹ ਨਿਰੰਤਰ ਕਰਦੀ ਰਹੇਗੀ।ਇਸ ਮੌਕੇ ਸੋਸਾਇਟੀ ਦੇ ਚੇਅਰਪਰਸਨ ਮੈਡਮ ਰੀਨਾ ਸਰਮਾਲ, ਪ੍ਰਧਾਨ ਸਤਨਾਮ ਸਿੰਘ, ਕੋਆਰਡੀਨੇਟਰ ਮੈਡਮ ਇੰਦਰਜੀਤ ਕੌਰ, ਅਰਸ਼ਦੀਪ ਸਿੰਘ, ਆਦਰਸ਼ ਬਿਰਧ ਆਸ਼ਰਮ ਪਠਾਨਕੋਟ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ , ਮਾਤਾ ਸਵਿਤਰੀ ਬਾਈ ਫੂੱਲੇ ਸੋਸਾਇਟੀ ਪ੍ਰਧਾਨ ਸ਼੍ਰੀ ਦਰਸ਼ਨ ਲਾਲ ਪਾਠੀ ,ਬਾਬਾ ਸ਼੍ਰੀ ਚੰਦ ਮੌਡਰਨ ਸੀਨੀਅਰ ਸੈਕੰਡਰੀ ਸਕੂਲ ਚੂਹੜ ਚੱਕ ਦੇ ਵਾਇਸ ਪ੍ਰਿੰਸੀਪਲ ਅਸ਼ਵਨੀ ਕੁਮਾਰ, ਸਿਲਾਈ ਸੈਂਟਰ ਅਧਿਆਪਿਕਾ ਮੈਡਮ ਦੀਕਸ਼ਾ ਭਾਰਤੀ,ਸਰਦਾਰ ਓਮਕਾਰ ਸਿੰਘ ਮੱਲੀਆਂ ਆਦਿ ਸ਼ਾਮਿਲ ਸਨ।

# ਸੀਟੂ ਨੇ ਵਜਾਇਆ ਸੰਘਰਸ਼ ਦਾ ਬਿਗਲ

**ਛੇਹਰਟਾ /ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** - ਸੀਟੂ ਸੂਬਾ ਕਮੇਟੀ ਦੀ ਅਹਿਮ ਆਨਲਾਈਨ ਮੀਟਿੰਗ ਸੂਬਾ ਪ੍ਰਧਾਨ ਕਾਮਰੇਡ ਚੰਦਰਸ਼ੇਖਰ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਆਉਣ ਵਾਲੇ ਦਿਨਾਂ ਲਈ ਤਿੱਖੇ ਸੰਘਰਸ਼ਾਂ ਦੀ ਰੂਪ-ਰੇਖਾ ਉਲੀਕੀ ਗਈ। ਮੀਟਿੰਗ ਦੇ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸੂਬਾ ਜਨਰਲ ਸਕੱਤਰ ਕਾਮਰੇਡ ਮਹਾ ਸਿੰਘ ਰੋੜੀ ਨੇ ਦੱਸਿਆ ਕਿ ਜਥੇਬੰਦੀ ਵੱਲੋਂ ਕੇਂਦਰ ਦੀਆਂ ਲੋਕ-ਮਾਰੂ ਨੀਤੀਆਂ ਵਿਰੁੱਧ ਮੋਰਚਾ ਖੋਲ੍ਹਿਆ ਜਾਵੇਗਾ। ਆਗੂਆਂ ਨੇ ਅਮਰੀਕਾ ਨਾਲ ਕੀਤੇ ਵਪਾਰ ਸਮਝੌਤੇ ਦੀ ਸਖ਼ਤ ਨਿਖੇਧੀ ਕਰਦਿਆਂ ਭਾਜਪਾ ਆਗੂਆਂ ਦੇ ਘਿਰਾਓ ਨੂੰ ਵੱਡੀ ਜਿੱਤ ਦੱਸਿਆ। ਉਨ੍ਹਾਂ ਦੱਸਿਆ ਕਿ ?8 ਮਾਰਚ ਅੰਤਰਰਾਸ਼ਟਰੀ ਇਸਤਰੀ ਦਿਵਸ ਮੌਕੇ ਸਾਰੇ ਜ਼ਿਲ੍ਹਿਆਂ ਵਿਚ ਇਸਤਰੀ ਵਰਕਰਾਂ ਵੱਡੀ ਗਿਣਤੀ ਵਿੱਚ ਇਕੱਠੀਆਂ ਹੋਣਗੀਆਂ। ਖਾਸ ਤੌਰ 'ਤੇ ਆਂਗਣਵਾੜੀ ਵਰਕਰਾਂ ਆਪਣੀਆਂ ਮੰਗਾਂ ਨੂੰ ਲੈ ਕੇ ਵਿਧਾਨ ਸਭਾ ਦਾ ਘਿਰਾਓ ਕਰਨ ਲਈ ਚੰਡੀਗੜ੍ਹ ਵੱਲ ਕੂਚ ਕਰਨਗੀਆਂ। ?ਸ਼ਹੀਦੀ ਦਿਹਾੜਾ 23 ਮਾਰਚ ਮੌਕੇ ਸਾਮਰਾਜੀ ਤਾਕਤਾਂ ਵਿਰੁੱਧ ਲੋਕਾਂ ਨੂੰ ਜਾਗਰੂਕ ਕਰਨ ਲਈ ਸੂਬੇ ਭਰ ਵਿਚ 'ਜੱਥਾ ਮਾਰਚ' ਕੱਢੇ ਜਾਣਗੇ। ਕੇਂਦਰ ਸਰਕਾਰ ਦੀਆਂ ਨੀਤੀਆਂ ਖਿਲਾਫ 24 ਮਾਰਚ ਨੂੰ ਦਿੱਲੀ ਵਿਚ ਵਿਸ਼ਾਲ ਰੈਲੀ ਕੀਤੀ ਜਾਵੇਗੀ, ਜਿਸ ਵਿਚ ਪੰਜਾਬ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਵਰਕਰ ਸ਼ਮੂਲੀਅਤ ਕਰਨਗੇ। ਕਾਮਰੇਡ ਮਹਾ ਸਿੰਘ ਰੋੜੀ ਨੇ ਕਿਹਾ ਕਿ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਮਜ਼ਦੂਰ ਤੇ ਮੁਲਾਜ਼ਮ ਵਰਗ ਪੀਸਿਆ ਜਾ ਰਿਹਾ ਹੈ। ਮੀਟਿੰਗ ਵਿਚ ਕਾਮਰੇਡ ਊਸ਼ਾ ਰਾਣੀ, ਸੁੱਚਾ ਸਿੰਘ ਅਜਨਾਲਾ, ਦਲਜੀਤ ਗੋਰਾ, ਅਮਰਨਾਥ ਕੁੰਮਕਲਾਂ ਤੇ ਲੋਟੇ ਲੁਧਿਆਣਾ ਸਮੇਤ ਹੋਰ ਪ੍ਰਮੁੱਖ ਆਗੂਆਂ ਨੇ ਸ਼ਿਰਕਤ ਕੀਤੀ ਅਤੇ ਸੰਘਰਸ਼ ਨੂੰ ਸਫਲ ਬਣਾਉਣ ਦਾ ਅਹਿਦ ਲਿਆ।

# ਹੜ੍ਹ ਪ੍ਰਭਾਵਤ ਪਰਵਾਰਾਂ ਲਈ ਸਰਬੱਤ ਦਾ ਭਲਾ ਟਰੱਸਟ ਦਾ ਮੁੜ ਵੱਡਾ ਉਪਰਾਲਾ

**ਧਾਰੀਵਾਲ (ਮਨਦੀਪ ਵਿੱਕੀ)**- ਆਪਣੀ ਵਿਲੱਖਣ ਸੇਵਾ ਕਾਰਜ ਸ਼ੈਲੀ ਤੇ ਖੁੱਲ੍ਹ ਦਿਲੀ ਕਾਰਨ ਪੂਰੀ ਦੁਨੀਆਂ ਅੰਦਰ ਰੱਬ ਦੇ ਫਰਿਸ਼ਤੇ ਵੱਜੋਂ ਜਾਣੇ ਜਾਂਦੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਬਾਨੀ ਡਾ.ਐਸ.ਪੀ.ਸਿੰਘ ਉਬਰਾਏ ਦੀ ਸਰਪ੍ਰਸਤੀ ਹੇਠ ਟਰੱਸਟ ਵੱਲੋਂ ਸ਼ੁਰੂ ਕੀਤੀ ਗਈ 'ਹੜ ਪ੍ਰਭਾਵਿਤ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਯੋਜਨਾ' ਤਹਿਤ ਵੀਰਵਾਰ ਨੂੰ ਜ਼ਿਲ੍ਹੇ ਦੇ ਹੜ੍ਹ ਪ੍ਰਭਾਵਿਤ ਖੇਤਰਾਂ ਨਾਲ ਸੰਬੰਧਿਤ ਵੱਖ-ਵੱਖ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ ਸਹਾਇਤਾ ਦੇ ਰੂਪ 'ਚ ਇੱਕ-ਇੱਕ ਲੱਖ ਰੁਪਏ ਦੇ ਚੈੱਕ ਸ਼ਗਨ ਵਜੋਂ ਦਿੱਤੇ ਗਏ। ਇਸ ਸੇਵਾ ਕਾਰਜ ਨੂੰ ਨੇਪਰੇ ਚੜ੍ਹਾਉਣ ਲਈ ਉਚੇਚੇ ਤੌਰ 'ਤੇ ਸਰਹੱਦੀ ਖੇਤਰ 'ਚ ਪਹੁੰਚੇ ਡਾ.ਐਸ.ਪੀ.ਸਿੰਘ ਉਬਰਾਏ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਰਬੱਤ ਦਾ ਭਲਾ ਟਰੱਸਟ ਵੱਲੋਂ ਹੜ੍ਹ ਪ੍ਰਭਾਵਿਤ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਕਰਨ ਦੇ ਫ਼ੈਸਲੇ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਦੀਆਂ 16, ਤਰਨਤਾਰਨ ਦੀਆਂ 25, ਫ਼ਿਰੋਜ਼ਪੁਰ ਦੀਆਂ 31, ਫਾਜ਼ਿਲਕਾ ਦੀਆਂ 28, ਮੋਗਾ ਦੀਆਂ 4 ਜਦ ਕਿ ਕਪੂਰਥਲਾ, ਜਲੰਧਰ ਤੇ ਗੁਰਦਾਸਪੁਰ ਦੀਆਂ ਧੀਆਂ ਭਾਵ ਕੁੱਲ 107 ਪਰਿਵਾਰਾਂ ਨੂੰ ਵਿਆਹਾਂ ਵਾਸਤੇ ਇੱਕ-ਇੱਕ ਲੱਖ ਰੁਪਏ ਦੇਣ ਉਪਰੰਤ ਹੁਣ ਤੱਕ ਟਰੱਸਟ ਵੱਲੋਂ ਕੁੱਲ 214 ਧੀਆਂ ਦੇ ਵਿਆਹ ਮੁਕੰਮਲ ਹੋ ਗਏ ਹਨ। ਡਾ.ਉਬਰਾਏ ਨੇ ਇਹ ਵੀ ਦੱਸਿਆ ਕਿ ਟਰੱਸਟ ਵੱਲੋਂ ਹੜ੍ਹਾਂ ਕਾਰਨ ਪ੍ਰਭਾਵਿਤ ਹੋਏ ਘਰਾਂ ਨੂੰ ਬਣਾਉਣ ਦਾ ਕਾਰਜ ਵੀ ਆਰੰਭ ਹੋ ਗਿਆ ਹੈ, ਜਿਸ ਤਹਿਤ 15 ਪੀੜਤ ਪਰਿਵਾਰਾਂ ਨੂੰ ਲੋੜੀਂਦੀ ਰਾਸ਼ੀ ਦੀ ਪਹਿਲੀ ਕਿਸ਼ਤ ਜਾਰੀ ਕਰ ਦਿੱਤੀ ਗਈ ਹੈ। ਡਾ.ਉਬਰਾਏ ਨੇ ਵਿਆਹ ਕਾਰਜਾਂ ਦੀ ਵੱਡੀ ਸੇਵਾ ਨੂੰ ਨੇਪਰੇ ਚਾੜ੍ਹਨ ਲਈ ਸਿਆਟਲ (ਯੂ.ਐਸ.ਏ.) ਦੀ ਸਮੂਹ ਸਾਧ ਸੰਗਤ ਵੱਲੋਂ ਪਾਏ ਗਏ ਵਿਸ਼ੇਸ਼ ਯੋਗਦਾਨ ਲਈ ਉਨ੍ਹਾਂ ਦਾ ਦਿਲੋਂ ਧੰਨਵਾਦ ਕਰਦਿਆਂ ਦੱਸਿਆ ਕਿ ਟਰੱਸਟ ਦੀ ਸਿਆਟਲ ਇਕਾਈ ਦੇ ਅਹੁਦੇਦਾਰ ਵੀ ਉਚੇਚੇ ਤੌਰ 'ਤੇ ਅਮਰੀਕਾ ਤੋਂ ਆ ਕੇ ਅੱਜ ਦੇ ਚੈੱਕ ਵੰਡਣ ਦੇ ਸਮਾਗਮਾਂ ਦਾ ਹਿੱਸਾ ਬਣੇ ਹਨ। ਧੀਆਂ ਦੇ ਮਾਪਿਆਂ ਨੇ ਡਾ.ਉਬਰਾਏ ਸਮੇਤ ਟਰੱਸਟ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਉਨ੍ਹਾਂ ਦੀ ਬਦੌਲਤ ਅੱਜ ਉਹ ਆਪਣੀਆਂ ਧੀਆਂ ਦੇ ਵਿਆਹਾਂ ਦੇ ਖ਼ਰਚ ਤੋਂ ਭਾਰ ਮੁਕਤ ਹੋ ਗਏ ਹਨ। ਇਸ ਮੌਕੇ ਟਰੱਸਟੀ ਡਾ. ਸਤਨਾਮ ਸਿੰਘ ਨਿੱਝਰ, ਟਰੱਸਟ ਦੀ ਸਿਆਟਲ ਇਕਾਈ ਦੇ ਪ੍ਰਧਾਨ ਦਇਆਬੀਰ ਸਿੰਘ ਪਿੰਟੂ ਬਾਠ, ਗੁਰਦੀਪ ਸਿੰਘ ਸਿੱਧੂ, ਹਰਦੀਪ ਸਿੰਘ ਸਿੱਧੂ, ਗੁਰਮੀਤ ਸਿੰਘ ਨਿੱਜਰ, ਹਰਦੇਵ ਸਿੰਘ (ਯੂ.ਐਸ.ਏ.), ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜ਼ਿਲ੍ਹਾ ਗੁਰਦਾਸਪੁਰ ਟਰੱਸਟ ਦੇ ਪ੍ਰਧਾਨ ਰਵਿੰਦਰ ਸਿੰਘ ਮਠਾਰੂ , ਜਨਰਲ ਸਕੱਤਰ ਰਜਿੰਦਰ ਸਿੰਘ ਹੈਪੀ, ਸੁਖਦੀਪ ਸਿੱਧੂ, ਸਿਸ਼ਪਾਲ ਸਿੰਘ ਲਾਡੀ, ਮਨਪ੍ਰੀਤ ਸੰਧੂ ਚਮਿਆਰੀ,ਨਵਜੀਤ ਸਿੰਘ ਘਈ,ਜਗਦੇਵ ਸਿੰਘ ਛੀਨਾ,ਮਨਪ੍ਰੀਤ ਸਿੰਘ, ਫਤਿਹ ਛੀਨਾ ,ਲੇਖਕ ਸਤਨਾਮ ਜੱਸੜ ਸਮੇਤ ਇਲਾਕੇ ਦੇ ਮੋਹਤਬਰ ਵਿਅਕਤੀ ਮੌਜੂਦ ਸਨ।



# ਵਲਟੋਹਾ ਵਿਖੇ ਅੱਖਾਂ ਦਾ ਫਰੀ ਮੈਡੀਕਲ ਕੈਂਪ ਲੱਗਾ

**ਵਲਟੋਹਾ (ਰਣਜੀਤ ਸਿੰਘ)**- ਸਰਹੱਦੀ ਇਲਾਕੇ ਦੇ ਪਿੰਡ ਵਲਟੋਹਾ ਦੇ ਗੁਰਦੁਆਰਾ ਬਾਬਾ ਭਾਈ ਝਾੜੂ ਸਾਹਿਬ ਵਿਖੇ ਰੂਬੀ ਨੈਸ਼ਨਲ ਮੇਮੋਰੀਅਲ ਹਸਪਤਾਲ ਜਲੰਧਰ ਵੱਲੋਂ ਲਾਇਨਜ਼ ਕਲੱਬ ਆਫ ਹੇਰਨਚਰਚ ਯੂ ਕੇ ਦੇ ਸਹਿਯੋਗ ਨਾਲ ਅੱਖਾਂ ਦਾ ਫਰੀ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ 650 ਦੇ ਕਰੀਬ ਮਰੀਜ਼ਾਂ ਦਾ ਚੈੱਕ ਅਪ ਕੀਤਾ ਗਿਆ ਤੇ 135 ਦੇ ਕਰੀਬ ਮਰੀਜ਼ਾਂ ਨੂੰ ਅੱਖਾਂ ਦੇ ਆਪਰੇਸ਼ਨ ਵਾਸਤੇ ਜਲੰਧਰ ਲਿਜਾਇਆ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਅਤੇ ਦਾਰੂ ਦਿੱਤੇ ਗਏ । ਇਸ ਮੌਕੇ ਡਾਕਟਰ ਸਾਦਿਕ ਖਾਨ, ਡਾਕਟਰ ਹੀਰਾ, ਡਾਕਟਰ ਸਨਦੀਪ ,ਡਾਕਟਰ ਨਲਵੀ ਕਾਂਤ, ਡਾਕਟਰ ਨੈਨਸੀ, ਰਣਜੀਤ ਸਿੰਘ ਪ੍ਰਧਾਨ ਨੰਬਰਦਾਰ, ਕਿਸਾਨ ਆਗੂ ਬਲਦੇਵ ਸਿੰਘ ਪ੍ਰਧਾਨ, ਟਹਿਲ ਸਿੰਘ ਦਿਓਲ ਵਲਟੋਹਾ, ਰਾਜਬੀਰ ਸਿੰਘ ਦਿਓਲ ,ਰਾਜਬੀਰ ਸਿੰਘ ਜਾਮਣੀਆ, ਸਰਵਨ ਸਿੰਘ ਵਲਟੋਹਾ ਅਤੇ ਗੁਰਦੁਆਰਾ ਬਾਬਾ ਭਾਈ ਝਾੜੂ ਸਾਹਿਬ ਦੇ ਸਮੂਹ ਸੇਵਾਦਾਰ ਹਾਜ਼ਰ ਸਨ।



# ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੋਏ ਗੋਡਿਆਂ ਦੇ ਅਪਰੇਸ਼ਨ : ਡੀ ਸੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)** - ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਦੇ ਹਰੇਕ ਨਾਗਰਿਕ ਦੀ ਨਰੋਈ ਸਿਹਤ ਅਤੇ ਤੰਦਰੁਸਤੀ ਵਾਸਤੇ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਸਿਹਤ ਯੋਜਨਾ ਦਾ ਜ਼ਿਲ੍ਹਾ ਤਰਨ ਤਾਰਨ ਦੇ ਵਾਸੀਆਂ ਵੱਲੋਂ ਭਰਪੂਰ ਲਾਭ ਲਿਆ ਜਾ ਰਿਹਾ ਹੈ। ਜ਼ਿਲ੍ਹਾ ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਦੀ ਦੇਖ-ਰੇਖ ਹੇਠ ਜਿਥੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡਾਂ ਨੂੰ ਜ਼ਿਲ੍ਹੇ ਦੇ ਵੱਖ-ਵੱਖ ਕਸਬਿਆਂ ਅਤੇ ਪਿੰਡਾਂ ਵਿਚ ਵੱਧ-ਚੜ੍ਹ ਕੇ ਬਣਾਇਆ ਜਾ ਰਿਹਾ ਹੈ ਉਥੇ ਨਾਲ ਹੀ ਨਾਗਰਿਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਰਾਹੀਂ ਆਪਣਾ ਇਲਾਜ ਕਰਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਕਾਰਡ ਬਣਾਉਣ ਲਈ ਲੋਕਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਸਾਰੇ ਹੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਕਿਹਾ ਗਿਆ ਹੈ ਕਿ ਇਸ ਯੋਜਨਾ ਬਾਰੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ । ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਰਾਹੀਂ ਮਾਹਿਰ ਡਾਕਟਰਾਂ ਵੱਲੋਂ ਲੰਮੇ ਸਮੇਂ ਤੋਂ ਗੋਡਿਆਂ ਦੀ ਸਮੱਸਿਆ ਤੋਂ ਪੀੜਤ ਮਰੀਜ਼ਾਂ ਦਾ ਸਫਲ ਆਪਰੇਸ਼ਨ ਬਿਲਕੁਲ ਮੁਫਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਆਪਰੇਸ਼ਨ ਤੋਂ ਪਹਿਲਾਂ ਅਤੇ ਉਪਰੰਤ ਸਿਹਤ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਮਰੀਜ਼ਾਂ ਦੀ ਸਾਂਭ- ਸੰਭਾਲ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ।ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਵਿਭਾਗ ਵੱਲੋਂ ਜਿਥੇ ਮਰੀਜ਼ਾਂ ਦਾ ਮੁਫ਼ਤ ਆਪਰੇਸ਼ਨ ਕੀਤਾ ਗਿਆ ਉਥੇ ਨਾਲ ਹੀ ਉਨ੍ਹਾਂ ਨੂੰ ਦਵਾਈਆਂ ਵੀ ਬਿਲਕੁਲ ਮੁਫ਼ਤ ਮੁਹੱਈਆ ਕਰਵਾਈਆਂ ਗਈਆਂ। ਆਪਰੇਸ਼ਨ ਉਪਰੰਤ ਗੱਲਬਾਤ ਕਰਦਿਆਂ ਮਰੀਜ਼ ਦਰਬਾਰਾ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕੁਝ ਦਿਨ ਪਹਿਲਾਂ ਹੀ ਉਸ ਵੱਲੋਂ ਆਪਣੇ ਪਿੰਡ ਦੇ ਵਿਚ ਮੁੱਖ ਮੰਤਰੀ ਸਿਹਤ ਯੋਜਨਾ ਦਾ ਕਾਰਡ ਬਣਵਾਇਆ ਗਿਆ ਸੀ ।ਇਸ ਮੌਕੇ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਵਰਿੰਦਰ ਪਾਲ ਕੌਰ, ਸਹਾਇਕ ਸਿਵਲ ਸਰਜਨ ਡਾ. ਜਸਪ੍ਰੀਤ ਸਿੰਘ, ਸਰਕਾਰੀ ਹਸਪਤਾਲ ਤਰਨ ਤਾਰਨ ਦੇ ਐਸ.ਐਮ.ਓ ਡਾ. ਸੁਰਿੰਦਰ ਕੁਮਾਰ, ਹੱਡੀਆਂ ਦੇ ਮਾਹਿਰ ਡਾ. ਆਕਾਸ਼ਦੀਪ ਸਿੰਘ, ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੁਖਵੰਤ ਸਿੰਘ ਸਿੱਧੂ ਆਦਿ ਮੌਜੂਦ ਰਹੇ।



# 10 ਲੱਖ ਦੇ ਮੁਫ਼ਤ ਇਲਾਜ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ : ਲਵਪ੍ਰੀਤ ਸਿੰਘ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਜ਼ਿਲ੍ਹਾ ਅੰਮ੍ਰਿਤਸਰ ਦੇ ਪਿੰਡ ਕੋਟ ਹਿਰਦੇ ਰਾਮ ਦੇ ਸਰਪੰਚ ਲਵਪ੍ਰੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਭਗਵੰਤ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਿਨਾਂ ਕਿਸੇ ਭੇਦ-ਭਾਵ ਤੋਂ ਜਨਤਾ ਨਾਲ ਕੀਤੇ ਸਾਰੇ ਵਾਅਦੇ ਪੂਰੇ ਕਰ ਰਹੀ ਹੈ। ਸਿੱਖਿਆ ਹੋਵੇ ਜਾਂ ਸਿਹਤ, ਸਰਕਾਰ ਹਰ ਮੋਰਚੇ 'ਤੇ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਰਹੀ ਹੈ ਅਤੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸ. ਤਲਬੀਰ ਸਿੰਘ ਦੀ ਅਗਵਾਈ ਹੇਠ ਪਿੰਡ ਕੋਟ ਹਿਰਦੇ ਰਾਮ ਵਿਖੇ ਕੈਂਪ ਲਗਵਾਇਆ ਗਿਆ ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਹੁੰਚ ਕੇ ਰਜਿਸਟਰੇਸ਼ਨ ਕਰਾਈ ਅਤੇ ਯੋਜਨਾ ਦਾ ਲਾਭ ਪ੍ਰਾਪਤ ਕੀਤਾ। ਇਸ ਮੌਕੇ ਲੋਕਾਂ ਨੂੰ ਸਿਹਤ ਬੀਮਾ ਕਾਰਡ ਬਣਾਉਣ ਅਤੇ ਯੋਜਨਾ ਬਾਰੇ ਪੂਰੀ ਜਾਣਕਾਰੀ ਦਿੱਤੀ ਗਈ ਕੈਂਪ ਦੌਰਾਨ ਯੋਗ ਪਰਿਵਾਰਾਂ ਨੂੰ ਰਜਿਸਟ੍ਰੇਸ਼ਨ ਕਰਕੇ ਉਨ੍ਹਾਂ ਨੂੰ ਨਿਰਧਾਰਿਤ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਦੀ ਸੁਵਿਧਾ ਬਾਰੇ ਜਾਗਰੂਕ ਕੀਤਾ ਗਿਆ ।



# ਗੰਨੇ ਦੀ ਬਿਜਾਈ ਪਨੀਰੀ ਤਿਆਰ ਕਰਕੇ ਕਰਨੀ ਬਿਹਤਰ ਵਿਕਲਪ : ਕਮਿਸ਼ਨਰ

**ਗੁਰਦਾਸਪੁਰ (ਜਨਕ ਮਹਾਜਨ)**- ਗੰਨੇ ਦੀ ਬਹਾਰ ਰੁੱਤ ਦੇ ਗੰਨੇ ਦੀਆਂ ਕਾਸ਼ਤਕਾਰੀ ਤਕਨੀਕਾਂ ਬਾਰੇ ਜਾਗਰੂਕ ਕਰਨ ਲਈ ਸਹਿਕਾਰੀ ਖੰਡ ਮਿੱਲ ਗੁਰਦਾਸਪੁਰ ਵਲੋਂ ਆਪਣੇ ਅਧਿਕਾਰਤ ਖੇਤਰ ਦੇ ਪਿੰਡਾਂ ਵਿਚ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਗੰਨੇ ਦੀ ਫ਼ਸਲ ਹੇਠ ਰਕਬਾ ਵਧਾਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਸਕੇ। ਇਸ ਲੜੀ ਤਹਿਤ ਪਿੰਡ ਝਾਵਰ ਵਿਚ ਅਗਾਂਹਵਧੂ ਗੰਨਾ ਕਾਸ਼ਤਕਾਰ ਗੁਰਵਿੰਦਰ ਸਿੰਘ ਦੇ ਫਾਰਮ 'ਤੇ ਕਿਸਾਨਾਂ ਨਾਲ ਮੀਟਿੰਗ ਕੀਤੀ ਗਈ, ਜਿਸ ਵਿੱਚ ਕੇਨ ਕਮਿਸ਼ਨਰ ਪੰਜਾਬ ਡਾਕਟਰ ਅਮਰੀਕ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਮੌਕੇ ਗੰਨਾ ਇੰਸਪੈਕਟਰ ਮਨਦੀਪ ਸਿੰਘ, ਵਿਸ਼ਾਲ ਕੁਮਾਰ, ਹਰਪ੍ਰੀਤ ਸਿੰਘ ਸਮੇਤ ਹੋਰ ਗੰਨਾ ਕਾਸ਼ਤਕਾਰ ਹਾਜ਼ਰ ਸਨ। ਗੰਨਾ ਕਾਸ਼ਤਕਾਰਾਂ ਨਾਲ ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ ਗੰਨਾ ਕਮਿਸ਼ਨਰ ਪੰਜਾਬ ਨੇ ਦਸਿਆ ਕਿ ਕਣਕ ਦੀ ਕਟਾਈ ਤੋਂ ਬਾਅਦ ਗੰਨੇ ਦੀ ਬਿਜਾਈ ਕਰਨ ਨਾਲ ਪੈਦਾਵਾਰ ਅਤੇ ਖੰਡ ਦੀ ਰਿਕਵਰੀ ਘਟਦੀ ਹੈ ਇਸ ਲਈ ਉਨ੍ਹਾਂ ਦੱਸਿਆ ਕਿ ਗੰਨੇ ਦੀ ਬਹਾਰ ਰੁੱਤ ਦੀ ਬਿਜਾਈ ਲਈ ਫਰਵਰੀ ਮਾਰਚ ਮਹੀਨਾ ਬਹੁਤ ਹੀ ਢੁਕਵਾਂ ਹੈ ਅਤੇ ਬਿਜਾਈ ਲਈ ਸਿਫਾਰਸ਼ਸ਼ੁਦਾ ਕਿਸਮਾਂ ਤੋਂ ਰੋਗ ਰਹਿਤ ਬੀਜ ਦੀ ਚੋਣ ਕਰਨੀ ਚਾਹੀਦੀ ਹੈ ਤਾਂ ਜੋਂ ਵਧੇਰੇ ਪੈਦਾਵਾਰ ਲੈ ਕੇ ਆਮਦਨ ਵਿਚ ਵਾਧਾ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਦਾਲਾਂ ਦੀ ਪੈਦਾਵਾਰ ਵਿੱਚ ਆਈ ਖੜੋਤ ਕਾਰਨ ਪ੍ਰਤੀ ਵਿਅਕਤੀ ਦਾਲਾਂ ਦੀ ਖਪਤ 70 ਗ੍ਰਾਮ ਤੋਂ ਘਟ ਕੇ 27 ਗ੍ਰਾਮ ਰਹਿ ਗਈ ਹੈ ਜੋ ਕਿ ਵਿਸ਼ਵ ਸਿਹਤ ਸੰਸਥਾ ਦੇ ਮਾਪਦੰਡ ਅਨੁਸਾਰ, ਰੋਜ਼ਾਨਾ ਪ੍ਰਤੀ ਵਿਅਕਤੀ ਖਪਤ 80 ਗ੍ਰਾਮ ਪ੍ਰਤੀ ਵਿਅਕਤੀ ਤੋਂ ਘੱਟ ਹੈ। ਉਨ੍ਹਾਂ ਦੱਸਿਆ ਕਿ ਗੰਨੇ ਦੀ ਕਟਾਈ ਕਰਨ ਵਾਲੀਆਂ ਮਸ਼ੀਨਾਂ ਦੀ ਆਮਦ ਨਾਲ, ਚੌੜੀ ਵਿਥ ਵਿਧੀ ਅਪਣਾ ਕੇ ਗੰਨੇ ਦੀ ਬਿਜਾਈ ਦਾ ਪ੍ਰਚਲਨ ਲਗਾਤਾਰ ਵਧ ਰਿਹਾ ਹੈ ਅਤੇ ਇਸ ਵਿਧੀ ਵਿੱਚ ਗੰਨੇ ਦੀ ਬਿਜਾਈ 4-5 ਫੁੱਟ ਦੂਰੀ ਦੀਆਂ 20-25 ਸੈਂਟੀ ਮੀਟਰ ਡੂੰਘੀਆਂ ਖਾਲੀਆਂ ਵਿਚ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਮਾਂਹ ਦੀ ਫ਼ਸਲ ਦਾ ਬੀਜ ਲੈਣ ਲਈ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫ਼ਸਰ ਜਾਂ ਖੇਤਰੀ ਖੋਜ ਕੇਂਦਰ ਪੀ. ਏ. ਯੂ., ਕ੍ਰਿਸ਼ੀ ਵਿਗਿਆਨ ਕੇਂਦਰਾਂ ਜਾਂ ਪੀ.ਏ.ਯੂ ਲੁਧਿਆਣਾ ਦੀ ਬੀਜਾਂ ਦੀ ਦੁਕਾਨ ਨਾਲ ਸੰਪਰਕ ਕੀਤਾ ਜਾ ਸਕਦਾ ਹੈ।

# ਪੈਨਸ਼ਨਰ ਐਂਡ ਮੁਲਾਜ਼ਮ ਫਰੰਟ 8 ਦੇ ਚੰਡੀਗੜ੍ਹ ਮੁਜ਼ਾਹਰੇ 'ਚ ਵਧ-ਚੜ੍ਹ ਕੇ ਹਿੱਸਾ ਪਾਵੇਗਾ : ਕੱਲਾ

**ਪੱਟੀ (ਬਲਦੇਵ ਸਿੰਘ ਸੰਧੂ)**- ਦੀ ਪੈਨਸ਼ਨਰ ਐਂਡ ਸੀਨੀਅਰ ਸਿਟੀਜ਼ਨ ਵੈਲਫੇਅਰ ਐਸੋਸੀਏਸ਼ਨ ਰਜਿਸਟਰ ਨੰਬਰ 152 ਤਰਨ ਤਾਰਨ ਦੀ ਮਹੀਨਾਵਾਰ ਮੀਟਿੰਗ ਬਲਦੇਵ ਸਿੰਘ ਕੱਲਾ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਤਰਨ ਤਾਰਨ ਵਿਖੇ ਹੋਈ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦੇ ਹੋਏ ਜ਼ਿਲ੍ਹਾ ਜਨਰਲ ਸਕੱਤਰ ਸਤਪਾਲ ਸ਼ਰਮਾ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਨਰ ਅਤੇ ਮੁਲਾਜ਼ਮਾਂ ਪ੍ਰਤੀ ਦੋਖੀ ਰਵੱਈਆ ਅਪਣਾ ਰਹੀ ਹੈ, 16% ਡੀਏ ਜਾਮ ਕੀਤਾ ਹੋਇਆ ਹੈ, ਪੈਨਸ਼ਨਰ ਦੇ ਬਕਾਏ ਕਿਸ਼ਤਾਂ ਰਾਹੀਂ ਵੀ ਸਹੀ ਢੰਗ ਨਾਲ ਨਹੀਂ ਦਿੱਤੇ ਜਾ ਰਹੇ, ਮਹਿੰਗਾਈ ਲਗਾਤਾਰ ਵਧ ਰਹੀ ਹੈ ਪਰ ਪੈਨਸ਼ਨਰ ਅਤੇ ਮੁਲਾਜ਼ਮ ਵਧ ਰਹੀ ਮਹਿੰਗਾਈ ਦੀ ਮਾਰ ਝੱਲ ਰਹੇ ਹਨ। ਕੈਸ਼ਲੈਸ ਮੈਡੀਕਲ ਸਕੀਮ ਅਤੇ 2, 59 ਦਾ ਫੈਕਟਰ ਹਾਈ ਕੋਰਟ ਦੇ ਫੈਸਲੇ ਮੁਤਾਬਿਕ ਲਾਗੂ ਨਹੀਂ ਕੀਤਾ ਜਾ ਰਿਹਾ, 25 ਸਾਲ ਦੀ ਸਰਵਿਸ ਵਾਲੇ ਪੈਨਸ਼ਨਰਾਂ ਨੂੰ ਹਾਲੇ ਤੱਕ ਪੂਰੀ ਪੈਨਸ਼ਨ ਨਹੀਂ ਦਿੱਤੀ ਗਈ। ਸੂਬਾ ਕਮੇਟੀ ਮੈਂਬਰ ਜਗਤਾਰ ਸਿੰਘ ਆਸਲ ਨੇ ਕਿਹਾ ਕਿ ਪੰਜਾਬ ਸਰਕਾਰ ਕੇਂਦਰ ਸਰਕਾਰ ਅੱਗੇ ਗੋਡੇ ਟੇਕ ਚੁੱਕੀ ਹੈ। ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਮੋਦੀ ਵੱਲੋਂ 2004 ਤੋਂ ਬੰਦ ਕੀਤੀ ਹੋਈ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾ ਰਹੀ, ਮੁਲਾਜ਼ਮਾਂ ਦੇ ਖੋਹੇ ਹੋਏ ਭੱਤੇ ਬਹਾਲ ਨਹੀਂ ਕਰ ਰਹੀ ਮੁਲਾਜ਼ਮ ਕੇਂਦਰ ਦੀ ਮੋਦੀ ਸਰਕਾਰ ਸਾਮਰਾਜੀ ਟਰੰਪ ਅੱਗੇ ਆਤਮ ਸਮਰਪਣ ਕਰ ਚੁੱਕੀ ਹੈ। ਟਰੰਪ ਦੀਆਂ ਦੁਨੀਆਂ ਮਾਰੂ ਨੀਤੀਆਂ ਦੀ ਹਮਾਇਤ ਕਰ ਰਹੀ ਹੈ। ਮੀਟਿੰਗ 'ਚ ਕਸ਼ਮੀਰ ਸਿੰਘ ਚੋਲਾ ਸਾਹਿਬ, ਦਲਬੀਰ ਸਿੰਘ ਚੋਲਾ ਸਾਹਿਬ, ਸੁਖਦੇਵ ਸਿੰਘ ਮਰਹਾਣਾ, ਚੇਅਰਮੈਨ ਗੁਰਦੇਵ ਸਿੰਘ ਸੰਧੂ, ਮਨਮੋਹਨ ਸਿੰਘ, ਗੁਰਮੀਤ ਸਿੰਘ ਜਲਾਲਾਬਾਦ, ਓਮ ਪ੍ਰਕਾਸ਼, ਨੀਰੂ ਧਵਨ, ਸਤਨਾਮ ਸਿੰਘ, ਅਸ਼ਵਨੀ ਕੁਮਾਰ, ਬਰਿੰਦਰ ਪਾਲ ਸਿੰਘ ਢਿੱਲੋਂ, ਧਰਮ ਸਿੰਘ, ਸੁਖਦੇਵ ਸਿੰਘ ਫਤਿਹਾਬਾਦ, ਰੇਸ਼ਮ ਸਿੰਘ, ਬਲਦੇਵ ਸਿੰਘ ਤਰਨ ਤਾਰਨ, ਆਦਿ ਨੇ ਆਪੋ ਆਪਣੇ ਵਿਚਾਰ ਰੱਖੇ। ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਕੱਲਾ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਵਿਰੁੱਧ ਇਕੋ ਇੱਕ ਰਸਤਾ ਸੰਘਰਸ਼ ਦਾ ਹੈ। ਸਾਡੀ ਜਥੇਬੰਦੀ ਲਗਾਤਾਰ ਮੁਲਾਜ਼ਮਾਂ ਅਤੇ ਪੈਨਸ਼ਨਰਜ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੀ ਹੈ। ਸਾਡੇ ਜਥੇਬੰਦੀ ਏਕੇ ਤੇ ਸੰਘਰਸ਼ ਦੀ ਮੁਦਈ ਹੈ, 8 ਮਾਰਚ ਦੇ ਚੰਡੀਗੜ੍ਹ ਮੁਜ਼ਾਹਰੇ ਵਿੱਚ ਜ਼ਿਲ੍ਹਾ ਤਰਨ ਤਾਰਨ ਤੋਂ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਲ ਹੋਣਗੇ। ਪ੍ਰਧਾਨ ਨੇ ਸਾਮਰਾਜੀ ਅਮਰੀਕਾ ਵੱਲੋਂ ਇਰਾਨ ਉੱਤੇ ਹਮਲੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਨਰਿੰਦਰ ਮੋਦੀ ਤੇ ਟਰੰਪ ਨਾਲ ਯਾਰੀ ਦੀ ਨਿਖੇਧੀ ਕੀਤੀ। ਮੀਟਿੰਗ ਤੋਂ ਬਾਅਦ ਮੋਦੀ ਅਤੇ ਮਾਨ ਸਰਕਾਰ ਦਾ ਪੁਤਲਾ ਫੂਕਿਆ ਗਿਆ । ਮੀਟਿੰਗ ਵਿੱਚ ਸ਼ਾਮਲ ਹਰਜਿੰਦਰ ਸਿੰਘ ਜੰਡ ਰਾਜ ਸਿੰਘ ਗੋਪਾਲ ਸਿੰਘ ਸਰਪ੍ਰਸਤ ਦੀਪ ਸਿੰਘ ਅਵਤਾਰ ਸਿੰਘ ਦਰਸ਼ਨ ਸਿੰਘ ਦਰਸ਼ਨ ਸਿੰਘ ਲੈਕਚਰਾਰ ਬਲਵਿੰਦਰ ਸਿੰਘ ਸਰਹਾਲੀ ਬੀਰ ਮਸੀਹ ਸੁਖਵੰਤ ਸਿੰਘ ਕੁਲਵਿੰਦਰ ਸਿੰਘ ਬਿਕਰਮਜੀਤ ਸਿੰਘ ਪ੍ਰੀਤਮ ਸਿੰਘ ਹਰਬੰਸ ਸਿੰਘ ਨਿਰੰਕਾਰ ਕੌਰ ਅਮਰੀਕ ਸਿੰਘ ਗਿਆਨ ਸਿੰਘ ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ ਨਿਰੰਜਨ ਸਿੰਘ ਆਦਿ ਹਾਜ਼ਰ ਸਨ ।



# ਆਰਤੀ ਸ਼ਿਵ ਦੁਰਗਾ ਮੰਦਰ ਤੋਂ ਪ੍ਰਭਾਤ ਫੇਰੀਆਂ ਦਾ ਸਿਲਸਿਲਾ ਸ਼ੁਰੂ

**ਅੰਮ੍ਰਿਤਸਰ (ਅਰੋੜਾ)** : ਸ਼੍ਰੀ ਆਰਤੀ ਸ਼ਿਵ ਦੁਰਗਾ ਮੰਦਿਰ ਟਰੱਸਟ ਕਰਤਾਰ ਨਗਰ, ਛੇਹਰਟਾ ਵਿਖੇ ਪਰਮ ਸੰਤ ਅਦਵੈਤ ਸਵਰੂਪ ਸ਼੍ਰੀ ਆਰਤੀ ਦੇਵਾ ਜੀ ਮਹਾਰਾਜ ਜੀ ਦੇ 47ਵੇਂ ਪ੍ਰਕਾਸ਼ ਉਤਸਵ, ਨਰਾਤਿਆਂ ਦੇ ਮੌਕੇ 5 ਮਾਰਚ ਤੋਂ ਲੈ ਕੇ 15 ਮਾਰਚ ਤੱਕ ਹਰ ਰੋਜ ਸਵੇਰੇ 3 ਵਜੇ ਅੰਮ੍ਰਿਤ ਵੇਲੇ ਛੇਹਰਟਾ ਦੇ ਵੱਖ ਵੱਖ ਇਲਾਕਿਆਂ ਵਿੱਚ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। ਨਰਾਤਿਆਂ ਵਿੱਚ ਹਰ ਰੋਜ ਸਵੇਰੇ 5 ਵਜੇ ਸਪਤਸਤੀ ਮਹਾਂ ਚੰਡੀ ਯੱਗ ਹੋਵੇਗਾ। ਪੰਜੇ ਰਮਾਇਣ ਦੇ ਪਾਠ, ਸ਼੍ਰੀ ਦੁਰਗਾ ਸਤੁਤੀ ਦੇ ਪਾਠ ਸਵੇਰੇ 5 ਵਜੇ ਤੋਂ 7 ਵਜੇ ਕੀਤੇ ਜਾ ਰਹੇ ਹਨ, ਰਾਤ 7 ਵਜੇ ਤੋਂ 10 ਵਜੇ ਮਾਤਾ ਚੌਕੀ ਸਮਾਗਮ ਵਿੱਚ ਭਿੰਨ ਭਿੰਨ ਭਜਨ ਮੰਡਲੀਆਂ ਵੱਲੋਂ ਗੁਣਗਾਣ ਕੀਤਾ ਜਾ ਰਿਹਾ ਹੈ। 26 ਮਾਰਚ ਨੂੰ ਅਸ਼ਟਮੀ ਵਾਲੇ ਦਿਲ ਪ੍ਰਕਾਸ਼ ਉਤਸਵ ਬੜੀ ਧੂਮਧਾਮ ਨਾਲ ਮਨਾਇਆ ਜਾਵੇਗਾ। ਉਕਤ ਜਾਣਕਾਰੀ ਮੰਦਿਰ ਦੇ ਪ੍ਰਮੁੱਖ ਸੇਵਕ ਸੁਮਿਤ ਸ਼ਾਸਤਰੀ ਨੇ ਦਿੱਤੀ। ਇਸ ਮੌਕੇ ਸ਼ਾਸਤਰੀ ਜੀ ਦੇ ਨਾਲ ਭਗਤ ਪਵਨ ਅਰੋੜਾ, ਅਮਿਤ ਕੁਮਾਰ, ਸੋਹਨ ਲਾਲ, ਮੋਹਨ ਲਾਲ, ਬਾਬੂ ਬਾਲ ਕਿਸ਼ਨ ਸ਼ਰਮਾ, ਬਿੱਲੂ ਭਗਤ, ਜਗਦੀਸ਼ ਜੋਗੀ, ਮਨਜੀਤ ਪਿੰਟਾ ਆਦਿ ਵੀ ਮੌਜੂਦ ਸਨ।

# ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਸ਼ਹਿਰ 'ਚ ਵਿਕਾਸ ਕਾਰਜ ਜਾਰੀ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਹਲਕੇ ਅੰਦਰ ਜਿਥੇ ਸਰਬਪੱਖੀ ਵਿਕਾਸ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਦੇ ਚੱਲਦਿਆਂ ਲੋਕਾਂ ਨੂੰ ਪੀਣ ਲਈ ਸਾਫ਼ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਜਲ ਸਪਲਾਈ ਦੇ ਕੁਨੈਕਸ਼ਨਾਂ ਦਾ ਕੰਮ ਤੇਜ਼ੀ ਨਾਲ ਜਾਰੀ ਹੈ।ਵਾਰਡ ਨੰਬਰ 18 ਵਿੱਚ ਲੋਕਾਂ ਦੀ ਸਹੂਲਤ ਲਈ ਕਰਵਾਏ ਜੇ ਰਹੇ ਵਿਕਾਸ ਕਾਰਜਾਂ ਲਈ ਧੰਨਵਾਦ ਕਰਦਿਆਂ ਦਵਿੰਦਰ ਸਿੰਘ ਨੇ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠਾਂ ਹਲਕਾ ਬਟਾਲਾ ਖਾਸ ਕਰਕੇ ਸ਼ਹਿਰ ਬਟਾਲਾ ਵਿੱਚ ਵਿਕਾਸ ਕਾਰਜਾਂ ਜਾਰੀ ਹਨ ਅਤੇ ਲੋਕਾਂ ਦੇ ਲੰਮੇ ਸਮੇਂ ਤੋਂ ਰਹਿੰਦੇ ਕਾਰਜਾਂ ਨੂੰ ਮੁਕੰਮਲ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜ ਨਿਰੰਤਰ ਜਾਰੀ ਹਨ।ਉਨ੍ਹਾਂ ਦੱਸਿਆ ਕਿ ਮਹਿਜ਼ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਬਟਾਲਾ ਸ਼ਹਿਰ ਅੰਦਰ ਟਰੈਫਿਕ ਦੀ ਸਮੱਸਿਆ ਦੇ ਹੱਲ ਲਈ ਸੜਕਾਂ ਅਤੇ ਚੌਕਾਂ ਨੂੰ ਖੁੱਲ੍ਹਾ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਦੇਣ ਲਈ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕਾਂ ਨੂੰ ਪੀਣ ਲਈ ਸਾਫ ਸੁਥਰਾ ਪਾਣੀ ਮਿਲੇਗਾ। ਸਕੂਲ ਆਫ ਐਮੀਨੈਂਸ ਤੋਂ ਇਲਾਵਾ ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ ਰੋਜ਼ਾਨਾ ਆਪਣੇ ਘਰਾਂ ਦੇ ਨੇੜੇ ਹੀ ਆਪਣਾ ਇਲਾਜ ਕਰਵਾ ਰਹੇ ਹਨ। ਸ਼ਾਨਦਾਰ ਪਾਰਕਾਂ ਦੀ ਉਸਾਰੀ ਕਰਵਾਈ ਗਈ ਹੈ, ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।



# ਆਸ਼ਾ ਵਰਕਰਜ਼ ਸਾਂਝਾ ਮੋਰਚਾ ਨੇ ਟਰਾਂਸਪੋਰਟ ਮੰਤਰੀ ਨੂੰ ਮੰਗ-ਪੱਤਰ ਸੌਂਪਿਆ

**ਪੱਟੀ (ਬਲਦੇਵ ਸਿੰਘ ਸੰਧੂ)**- ਆਸ਼ਾ ਵਰਕਰਜ ਯੂਨੀਅਨ ਸਾਂਝਾ ਮੋਰਚਾ ਪੰਜਾਬ ਜ਼ਿਲ੍ਹਾ ਤਰਨ ਤਾਰਨ ਨੇ ਆਗੂ ਮਨਜਿੰਦਰ ਕੌਰ ਹਰੀਕੇ, ਕੁਲਵੰਤ ਕੌਰ ਵੇਂਈਪੁਈ, ਵੀਰਪਾਲ ਕੌਰ ਭੱਗੂਪੁਰ ਦੀ ਅਗਵਾਈ ਵਿਚ ਪੱਟੀ ਬੱਸ ਅੱਡੇ 'ਤੇ ਇਕੱਠੇ ਹੋ ਕੇ ਆਪਣੀਆਂ ਮੰਗਾਂ ਦੇ ਸਬੰਧ ਵਿਚ ਸ਼ਹਿਰ ਵਿੱਚ ਰੋਸ ਮਾਰਚ ਕਰਦਿਆਂ ਪੰਜਾਬ ਦੇ ਟਰਾਂਸਪੋਰਟ ਤੇ ਜੇਲ੍ਹ ਮੰਤਰੀ ਸ. ਲਾਲਜੀਤ ਸਿੰਘ ਭੁੱਲਰ ਦੀ ਰਹਾਇਸ਼ 'ਤੇ ਮੰਗ ਪੱਤਰ ਸੌਂਪਿਆ ਗਿਆ। ਆਸ਼ਾ ਵਰਕਰਜ ਆਗੂਆਂ ਮੰਗ ਕੀਤੀ ਕਿ ਆਸ਼ਾ ਵਰਕਰਜ/ ਫੈਸੀਲਿਟੇਟਰਜ ਨੂੰ ਦਸ ਸਾਲ ਦੀ ਸੇਵਾ ਪੂਰੀ ਹੋਣ ਉਪਰੰਤ ਘੱਟੋ ਘੱਟ ਉਜਰਤਾਂ ਦੇ ਕਾਨੂੰਨ ਵਿਚ ਲਿਆ ਕੇ ਛੇਵੇਂ ਤਨਖਾਹ ਕਮਿਸ਼ਨ ਅਨੁਸਾਰ 26000/- ਰੁਪੈ ਦੇ ਕੇ ਰੈਗੂਲਰ ਕੀਤਾ ਜਾਵੇ। ਆਸ਼ਾ ਵਰਕਰਾਂ ਦੇ ਕੱਟੇ ਹੋਏ ਭੱਤਿਆਂ ਨੂੰ ਬਹਾਲ ਕੀਤਾ ਜਾਵੇ ਅਤੇ ਇਹਨਾਂ ਵਿਚ ਵਾਧਾ ਕੀਤਾ ਜਾਵੇ। ਸਫ਼ਰੀ ਭੱਤਾ ਦੁੱਗਣਾ ਕੀਤਾ ਜਾਵੇ ਅਤੇ ਸ਼ਹਿਰੀ ਖੇਤਰ ਵਿਚ ਵੀ ਆਸ਼ਾ ਵਰਕਰਾਂ ਦੀ ਭਰਤੀ ਕੀਤੀ ਜਾਵੇ। ਆਸ਼ਾ ਵਰਕਰਾਂ ਦੀ ਸੇਵਾ ਮੁਕਤੀ 'ਤੇ ਹਰਿਆਣਾ ਰਾਜ ਦੀ ਤਰਜ਼ 'ਤੇ ਪੰਜ ਲੱਖ ਰੁਪਏ ਦੇਣਾ ਯਕੀਨੀ ਬਣਾਇਆ ਜਾਵੇ ਅਤੇ ਸੇਵਾ ਦੌਰਾਨ ਮਿਲਣ ਵਾਲੀ ਆਖ਼ਰੀ ਤਨਖਾਹ ਤੋਂ ਅੱਧੀ ਪੈਨਸ਼ਨ ਤਰੁੰਤ ਲਾਗੂ ਕੀਤੀ ਜਾਵੇ। ਇਸ ਸਮੇਂ ਹਰਸਿਮਰਨਜੀਤ ਕੌਰ ਮੀਆਵਿੰਡ, ਅਮਨਦੀਪ ਕੌਰ ਕੋਟਬੁੱਢਾ, ਸਰਬਜੀਤ ਕੌਰ, ਰਾਜਵਿੰਦਰ ਕੌਰ ਘਰਿਆਲਾ, ਪਲਵਿੰਦਰ ਕੌਰ ਘਰਿਆਲਾ, ਗੁਰਪ੍ਰੀਤ ਕੌਰ ਸ਼ਹੀਦ, ਦਲਬੀਰ ਕੌਰ,ਰਣਜੀਤ ਕੌਰ ਕੋਟਦਾਤਾ, ਕੁਲਦੀਪ ਕੌਰ ਸਭਰਾ, ਪਰਮਜੀਤ ਕੌਰ ਰੱਤਾਗੁਦਾ, ਰਮਨੀਕ ਕੌਰ ਸਭਰਾ, ਲਖਵਿੰਦਰ ਕੌਰ ਸ਼ਹੀਦ, ਕੁਲਜੀਤ ਕੌਰ ਬੂਹ, ਗੀਤਾ, ਅਨੀਤਾ, ਭਗਵੰਤ ਕੌਰ ਪੱਖੋਕੇ, ਅਮਨ ਕੁਮਾਰੀ ਆਸਲ ਅਤੇ ਪੰਜਾਬ ਸੁਬਾਰਡੀਨੇਟ ਸਰਸਵਿਜ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਾਰਜ ਸਿੰਘ ਕੈਰੋਂ, ਆਦਿ ਆਗੂ ਹਾਜਰ ਸਨ।




# ਮੋਟਰਸਾਈਕਲ ਚਾਲਕ ਦੀ ਸੜਕ ਹਾਦਸੇ 'ਚ ਮੌਤ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਕਲਾਨੌਰ ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਦਲਬੀਰ ਕੁਮਾਰ ਪੁੱਤਰ ਤੇਜਾ ਰਾਮ ਵਾਸੀ ਛੋਟੇਪੁਰ ਨੇ ਦੱਸਿਆ ਕਿ ਮਿਤੀ 4 ਮਾਰਚ 2026 ਨੂੰ ਉਸ ਦਾ ਭਰਾ ਮੰਗਤ ਰਾਮ ਉਮਰ 45 ਸਾਲ ਆਪਣੇ ਮੋਟਰ ਸਾਇਕਲ 'ਤੇ ਸਵਾਰ ਹੋ ਕੇ ਡੇਰਾ ਬਾਬਾ ਨਾਨਕ ਚੋਲ੍ਹਾ ਸਾਹਿਬ ਵਿਖੇ ਮੱਥਾ ਟੇਕਣ ਲਈ ਜਾ ਰਿਹਾ ਸੀ ਕਿ ਸਵੇਰੇ 11 ਵਜੇ ਦੇ ਕਰੀਬ ਮੰਗਤ ਰਾਮ ਅੱਡਾ ਗੌਸਲ ਤੋਂ ਥੋੜਾ ਅੱਗੇ ਇਕ ਸਾਇਡ 'ਤੇ ਮੋਟਰਸਾਇਕਲ ਲਗਾ ਕੇ ਉਸ ਉਪਰ ਖੜਾ ਸੀ ਕਿ ਇਕ ਨਾ-ਮਾਲੂਮ ਡਰਾਈਵਰ ਨੇ ਬਿਨਾਂ ਪਿੱਛੇ ਵੇਖੇ ਲਾਪ੍ਰਵਾਹੀ ਨਾਲ ਟਰੈਕਟਰ ਟਰਾਲੀ ਬੈਕ ਕਰਕੇ ਟਰਾਲੀ ਮੰਗਤ ਰਾਮ ਵਿਚ ਮਾਰ ਦਿੱਤੀ।

ਟਰਾਲੀ ਦਾ ਡਾਲਾ ਮੰਗਤ ਰਾਮ ਦੀ ਛਾਤੀ ਵਿਚ ਵੱਜਣ ਕਰਕੇ ਉਸ ਦੀ ਮੌਤ ਹੋ ਗਈ ਹੈ। ਥਾਣਾ ਕਲਾਨੌਰ ਪੁਲਿਸ ਨੇ ਨਾ-ਮਾਲੂਮ ਟਰੈਕਟਰ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਹੋਲੇ ਮਹੱਲੇ ਦੇ ਸੰਬੰਧ 'ਚ ਗੁਨੋਵਾਲ ਦੀਆਂ ਸੰਗਤਾਂ ਨੇ ਲੰਗਰ ਲਗਾਇਆ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)** - ਹਲਕਾ ਜੰਡਿਆਲਾ ਗੁਰੂ ਦੇ ਅਧੀਨ ਆਉਂਦੇ ਪਿੰਡ ਗੁਨੋਵਾਲ ਤੇ ਗੋਰੇਵਾਲ ਦੀਆਂ ਸਮੂਹ ਸੰਗਤਾਂ ਵਲੋਂ ਸ਼੍ਰੀ ਅਨੰਦਪੁਰ ਸਾਹਿਬ ਜਾਣ ਤੇ ਆਉਣ ਵਾਲੀਆਂ ਸੰਗਤਾਂ ਲਈ ਹੋਲੇ ਮਹੱਲੇ ਦੇ ਸਬੰਧ ਵਿੱਚ 26 ਵਾਂ ਲੰਗਰ ਹਰ ਵਾਰ ਦੀ ਤਰਾਂ ਅੰਮ੍ਰਿਤਸਰ ਜਲੰਧਰ ਹਾਈਵੇ ਉੱਪਰ ਲਗਾਇਆ ਗਿਆ। ਇਹ ਲੰਗਰ ਲਗਾਤਾਰ ਦਿਨ ਰਾਤ 24 ਘੰਟੇ ਤੇ 8 ਦਿਨ ਚਲਦਾ ਹੈ। ਇਸ ਲੰਗਰ ਵਿੱਚ ਜਲੇਬੀਆਂ, ਚਾਹ ,ਪਕੌੜੇ, ਖੀਰ, ਫੁਲਕੇ ਤੇ ਤਰਾਂ -ਤਰਾਂ ਦੀਆਂ ਸਬਜੀਆ ਹਰ ਦਿਨ ਬਦਲ -ਬਦਲ ਕੇ ਖਵਾਈਆ ਜਾਦੀਆ ਹਨ। ਇਸ ਮੌਕੇ ਲੰਗਰ ਕਮੇਟੀ ਦੇ ਪ੍ਰਧਾਨ ਬਲਬੀਰ ਸਿੰਘ ਨੇ ਕਿਹਾ ਕਿ ਇੱਥੇ ਸੰਗਤਾਂ ਹਰ ਰੋਜ਼ ਵੱਡੀ ਗਿਣਤੀ ਵਿੱਚ ਲੰਗਰ ਛੱਕ ਕੇ ਜਾਂਦੀਆ ਹਨ। ਇਸ ਮੌਕੇ ਕਮੇਟੀ ਦੇ ਮੈਂਬਰ ਇੰਦਰਜੀਤ ਸਿੰਘ, ਸਿਕੰਦਰ ਸਿੰਘ, ਅਮਰਦੀਪ ਸਿੰਘ ਗੁਨੋਵਾਲ, ਮਨਇੰਦਰ ਸਿੰਘ ਗੁਨੋਵਾਲ, ਮਲੂਕ ਸਿੰਘ, ਸੋਨੂੰ ਗੁਨੋਵਾਲ, ਲਵਦੀਪ ਸਿੰਘ, ਸੁੱਖਾਂ ਸਿੰਘ ਗੋਰੇਵਾਲ, ਜੱਗਾ ਗੋਰੇਵਾਲ, ਵੱਸਣ ਸਿੰਘ ਹਲਵਾਈ, ਪ੍ਰਗਟ ਸਿੰਘ, ਕਰਨਬੀਰ ਸਿੰਘ, ਸਮਸ਼ੇਰ ਸਿੰਘ ਸ਼ੇਰਾਂ, ਬਿੱਲਾ ਤੇ ਹਰਜਿੰਦਰ ਸਿੰਘ ਸ਼ਾਮਿਲ ਸਨ।

# ਸ੍ਰੀ ਹਜ਼ੂਰ ਸਾਹਿਬ ਵਿਖੇ ਹੋਲਾ ਮਹੱਲਾ ਉਤਸ਼ਾਹ ਤੇ ਸ਼ਰਧਾ ਨਾਲ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਹਰ ਸਾਲ ਦੀ ਤਰ੍ਹਾਂ, ਇਸ ਸਾਲ ਵੀ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਹੋਲਾ ਮਹੱਲਾ ਬੜੇ ਹੀ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਇਆ ਗਿਆ। ਗੁਰਦੁਆਰਾ ਸੱਚਖੰਡ ਬੋਰਡ, ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਨੇ ਕਿਹਾ ਕਿ ਹੋਲੇ ਮਹੱਲੇ ਮੌਕੇ ਦੁਨੀਆ ਭਰ ਦੇ ਸ਼ਰਧਾਲੂਆਂ ਨੇ ਤਖ਼ਤ ਸਾਹਿਬ ਵਿਖੇ ਦਰਸ਼ਨ ਕੀਤੇ ਅਤੇ ਗੁਰੂ ਜੀ ਪ੍ਰਤੀ ਆਪਣੀ ਸ਼ਰਧਾ ਦਾ ਪ੍ਰਗਟਾਵਾ ਕੀਤਾ। 'ਹੋਲਾ ਮਹੱਲਾ' ਦਸਵੇਂ ਪਾਤਸ਼ਾਹ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਨੇ ਲਗਭਗ ੧੭੦੦ ਈਸਵੀ ਵਿੱਚ ਸ਼੍ਰੀ ਆਨੰਦਪੁਰ ਸਾਹਿਬ ਵਿਖੇ ਸ਼ੁਰੂ ਕੀਤਾ। ਹੋਲਾ ਸ਼ਬਦ ਅਰਬੀ ਸ਼ਬਦ ਹੁਲ ਤੋਂ ਆਇਆ ਹੈ। ਹੁਲ ਸ਼ਬਦ ਦਾ ਅਰਥ ਹੈ ਚੰਗੇ ਕੰਮਾਂ ਲਈ ਖੜ੍ਹੇ ਹੋਣਾ ਅਤੇ ਜ਼ੁਲਮ ਵਿਰੁੱਧ ਨਿਡਰਤਾ ਨਾਲ ਲੜਨਾ । ਪੁਰਾਤਨ ਮਰਿਯਾਦਾ ਅਨੁਸਾਰ ਤਖ਼ਤ ਸਾਹਿਬ ਵਿੱਖੇ ਅਰਦਾਸ ਕਰਨ ਉਪਰੰਤ ਸਤਿਕਾਰਯੋਗ ਜੱਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਸ਼ਾਮ 4 ਵਜੇ ਹੋਲਾ ਮਹੱਲਾ ਆਰੰਭ ਹੋਇਆ। ਜਿਸ ਵਿੱਚ ਨਿਸ਼ਾਨਚੀ ਸਿੰਘ, ਗੁਰੂ ਮਹਾਰਾਜ ਦੇ ਸੋਨੇ ਅਤੇ ਚਾਂਦੀ ਦੀਆਂ ਕਾਠੀਆਂ ਪਹਿਨੇ ਘੋੜੇ, ਕੀਰਤਨੀ ਮੰਡਲ, ਗਤਕਾ, ਬੈਂਡ ਪਾਰਟੀ ਅਤੇ ਦੇਸ਼ ਵਿਦੇਸ਼ ਤੋਂ ਆਏ ਸ਼ਰਧਾਲੂਆਂ ਨੇ ਹਿੱਸਾ ਲਿਆ। ਇਸ ਤੋਂ ਬਾਅਦ ਮਹੱਲਾ ਗੁਰਦੁਆਰਾ ਬਾਉਲੀ ਦਮਦਮਾ ਸਾਹਿਬ ਹੁੰਦਾ ਹੋਇਆ ਬਾਫਨਾ ਚੌਕ, ਸ਼ਹੀਦ ਭਗਤ ਸਿੰਘ ਰੋਡ, ਅਬਿਚਲਨਗਰ, ਮੋਢਾ ਤੋਂ ਗੁਰਦੁਆਰਾ ਨਗੀਨਾਘਾਟ ਸਾਹਿਬ ਪਹੁੰਚਦਾ ਹੈ। ਨਗੀਨਾਘਾਟ ਸਾਹਿਬ ਵਿਖੇ ਗੁਰਬਾਣੀ ਕੀਰਤਨ ਉਪਰੰਤ ਰਾਤ 10 ਵਜੇ ਤਖ਼ਤ ਸਾਹਿਬ ਵਿਖੇ ਸਮਾਪਤ ਹੋਇਆ। ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਅਤੇ ਸ੍ਰ. ਜਸਵੰਤ ਸਿੰਘ ਬੌਬੀ ਦੁਆਰਾ ਹੋਲਾ ਮੁਹੱਲਾ ਲਈ ਦੇਸ਼- ਵਿਦੇਸ਼ ਤੋਂ ਪੁੱਜੀਆਂ ਸੰਗਤਾਂ, ਸੰਤ ਮਹਾਂਪੁਰਖ ਅਤੇ ਸਾਧ ਸੰਗਤ ਦਾ ਧੰਨਵਾਦ ਕਰਦਿਆਂ ਹੋਲਾ ਮੁਹੱਲਾ ਦੀਆਂ ਵਧਾਈਆਂ ਦਿਤੀਆਂ ਗਈਆਂ।



# ਰੋਟਰੀ ਮੈਂਬਰਾਂ ਨੇ ਪਰਵਾਰਾਂ ਨਾਲ ਮਿਲ ਕੇ ਮਨਾਇਆ ਹੋਲੀ ਦਾ ਤਿਉਹਾਰ

**ਅੰਮ੍ਰਿਤਸਰ (ਅਰੋੜਾ)**- ਦੇਸ਼ ਭਰ ਵਿੱਚ ਮਨਾਏ ਜਾਣ ਵਾਲੇ ਹੋਲੀ ਦੇ ਇਤਿਹਾਸਿਕ ਤਿਉਹਾਰ ਦੇ ਮੌਕੇ ਮਹਾਂ ਨਗਰ ਦੀ ਸਾਰੀਆ ਰੋਟਰੀ ਕਲੱਬਾਂ ਵੱਲੋਂ ਹੋਲੀ ਦਾ ਪਵਿੱਤਰ ਤਿਉਹਾਰ ਬੜੀ ਸ਼ਰਧਾ ਅਤੇ ਧੂਮਧਾਮ ਦੇ ਨਾਲ ਮਨਾਇਆ ਗਿਆ। ਇਸ ਪ੍ਰਥਾ ਦੇ ਚੱਲਦੇ ਰੋਟਰੀ ਦੇ ਜੋਨਲ ਚੇਅਰਮੈਨ ਸਾਬਕਾ ਜਿਲਾ ਖਜਾਨਾ ਅਫਸਰ ਵਿਜੇ ਭਸੀਨ ਦੀ ਪ੍ਰਧਾਨਗੀ ਹੇਠ ਹੋਲੀ ਦਾ ਤਿਉਹਾਰ ਰੋਟਰੀ ਮੈਂਬਰਾਂ ਨੂੰ ਨਾਲ ਲੈ ਕੇ ਬੜੀ ਸ਼ਰਧਾ ਭਾਵਨਾ ਅਤੇ ਵਿਧੀ ਵਿਧਾਨ ਦੇ ਨਾਲ ਆਪਣੇ ਪਰਿਵਾਰਾਂ ਦੇ ਨਾਲ ਮਨਾਇਆ। ਸਾਰੇ ਰੋਟਰੀ ਮੈਂਬਰਾਂ ਨੇ ਹੋਲੀ ਦੇ ਰੰਗਾਂ ਦਾ ਖੂਬ ਆਨੰਦ ਲਿਆ। ਵਿਜੇ ਭਸੀਨ ਨੇ ਕਿਹਾ ਕੀ ਹੋਲੀ ਇੱਕ ਇਹੋ ਜਿਹਾ ਤਿਉਹਾਰ ਹੈ ਜੋ ਸਾਨੂੰ ਆਪਸੀ ਪਿਆਰ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦਾ ਹੈ। ਸਾਨੂੰ ਹੋਲੀ ਹਿੰਦੂ ਧਰਮ ਦੇ ਅਨੁਸਾਰ ਹੀ ਮਨਾਉਣੀ ਚਾਹੀਦੀ ਹੈ। ਇਸ ਨੂੰ ਇੱਕ ਧਾਰਮਿਕ ਤਿਉਹਾਰ ਮੰਨਣਾ ਚਾਹੀਦਾ ਹੈ। ਇਸ ਤਿਉਹਾਰ 'ਤੇ ਰਿਆਂਸ਼ ਭਸੀਨ, ਮਾਈਰਾ ਭਸੀਨ, ਵਿਹਾਨ, ਆਰਵ, ਪਾਯਲ ਮਲਿਕ, ਨੀਤਿਨ, ਜਤਿਨ ਰੋਟਰੀ ਕਲੱਬ ਨਾਰਥ ਅਤੇ ਹੋਰ ਰੋਟਰੀ ਕਲੱਬਾਂ ਦੇ ਮੈਂਬਰ ਪਰਿਵਾਰਾਂ ਸਹਿਤ ਮੌਜੂਦ ਸਨ।



# ਸ਼ਹੀਦ ਅਸ਼ੋਕ ਕੁਮਾਰ ਨਮਿਤ ਸ਼ਰਧਾਂਜ਼ਲੀ ਸਮਾਗਮ

**ਗੁਰਦਾਸਪੁਰ, ਧਾਰੀਵਾਲ (ਜਨਕ ਮਹਾਜਨ, ਮਨਦੀਪ ਵਿੱਕੀ)**- ਬੀਤੇ ਦਿਨੀਂ ਆਦੀਆਂ ਚੌਂਕ ਪੋਸਟ 'ਤੇ ਸ਼ਹੀਦ ਹੋਏ ਪੰਜਾਬ ਹੋਮਗਾਰਡ ਦੇ ਜਵਾਨ ਅਸ਼ੋਕ ਕੁਮਾਰ ਦੇ ਜੱਦੀ ਪਿੰਡ ਅਖਲਾਸ਼ਪੁਰ ਨੇੜੇ ਧਾਰੀਵਾਲ ਵਿਖੇ ਉਨ੍ਹਾਂ ਨਮਿੱਤ ਸਰਧਾਂਜਲੀ ਸਮਾਗਮ ਹੋਇਆ। ਸਮਾਗਮ ਵਿੱਚ ਪੰਜਾਬ ਪੁਲੀਸ ਦੇ ਏ.ਡੀ.ਜੀ.ਪੀ ਪੰਜਾਬ, ਐੱਮ ਐੱਫ ਫਾਰੂਕੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਸਮੇਤ ਵੱਖ ਵੱਖ ਸ਼ਖ਼ਸ਼ੀਅਤਾਂ ਵਲੋਂ ਸ਼ਰਧਾ ਦੇ ਫੁੱਲ ਭੇਂਟ ਕੀਤੇ ਗਏ। ਸ਼ਹੀਦ ਅਸ਼ੋਕ ਕੁਮਾਰ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਸ਼ਹੀਦ ਅਸ਼ੋਕ ਕੁਮਾਰ ਦੀ ਸ਼ਹਾਦਤ ਨੂੰ ਨਮਨ ਹੁੰਦਿਆਂ ਕਿਹਾ ਕਿ ਸ਼ਹੀਦ ਦੇਸ਼ ਦਾ ਕੀਮਤੀ ਸਰਮਾਇਆ ਹੁੰਦੇ ਹਨ, ਜੋ ਹਮੇਸ਼ਾ ਸਾਡੇ ਮਨਾਂ ਵਿੱਚ ਵਸਦੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਸੁਰੱਖਿਆ ਫੋਰਸਾਂ ਨੇ ਹਮੇਸ਼ਾ ਸੂਬੇ ਤੇ ਦੇਸ਼ ਦੀ ਅਮਨ ਸ਼ਾਂਤੀ ਲਈ ਹਿੱਕ ਡਾਹ ਕੇ ਦੁਸ਼ਮਣਾਂ ਦਾ ਟਾਕਰਾ ਕੀਤਾ ਹੈ ਅਤੇ ਕੁਰਬਾਨੀਆਂ ਦੇ ਕੇ ਦੇਸ਼ ਦੀ ਏਕਤਾ ਤੇ ਅਖੰਡਤਾ ਨੂੰ ਬਰਕਰਾਰ ਰੱਖਿਆ ਹੈ। ਉਨ੍ਹਾਂ ਕਿਹਾ ਕਿ ਉਹ ਆਦੀਆ ਚੌਂਕ ਪੋਸਟ 'ਤੇ ਡਿਊਟੀ ਦੌਰਾਨ ਸ਼ਹੀਦ ਜਵਾਨ ਸ਼ਹੀਦ ਅਸ਼ੋਕ ਕੁਮਾਰ ਨੂੰ ਸਿਜਦਾ ਕਰਦੇ ਹਨ ਅਤੇ ਦੁੱਖ ਦੀ ਇਸ ਘੜੀ ਵਿੱਚ ਸ਼ਹੀਦ ਪਰਿਵਾਰ ਨਾਲ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹਨ। ਇਸ ਮੌਕੇ ਹਲਕਾ ਇੰਚਾਰਜ ਕਾਦੀਆਂ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਸ਼ਹੀਦ ਅਸ਼ੋਕ ਕੁਮਾਰ ਨੂੰ ਸ਼ਰਧਾ ਦੇ ਫੁੱਲ ਅਰਪਣ ਕਰਦਿਆਂ ਕਿਹਾ ਕਿ ਸ਼ਹੀਦ ਅਸ਼ੋਕ ਕੁਮਾਰ ਦੀ ਸ਼ਹਾਦਤ ਨੂੰ ਰਹਿੰਦੀ ਦੁਨੀਆਂ ਤੱਕ ਯਾਦ ਰੱਖਿਆ ਜਾਵੇਗਾ ਅਤੇ ਪੰਜਾਬ ਸਰਕਾਰ, ਸ਼ਹੀਦ ਪਰਿਵਾਰ ਦੇ ਦੁੱਖ ਵਿੱਚ ਸ਼ਾਮਲ ਹੈ। ਸਮਾਗਮ ਵਿੱਚ ਸ੍ਰੀ ਆਦਿਤਿਆ ਐੱਸ.ਐੱਸ ਪੀ ਗੁਰਦਾਸਪੁਰ, ਸਾਬਕਾ ਚੇਅਰਮੈਨ ਵਜੀਰ ਸਿੰਘ ਲਾਲੀ, ਸ਼ਹੀਦ ਸੈਨਿਕ ਪਰਿਵਾਰ ਸੁਰੱਖਿਆ ਪ੍ਰੀਸ਼ਦ ਦੇ ਜਨਰਲ ਸਕੱਤਰ ਕੁੰਵਰ ਰਵਿੰਦਰ ਸਿੰਘ ਵਿੱਕੀ, ਬਿਊਟੀ ਰੰਧਾਵਾ, ਡੀ ਐਸ ਪੀ ਕੁਲਵੰਤ ਸਿੰਘ ਮਾਨ,ਥਾਣਾ ਧਾਰੀਵਾਲ ਦੇ ਐਸ ਐਚ ਓ ਸਬ ਇੰਸਪੈਕਟਰ ਮੈਡਮ ਦੀਪਿਕਾ, ਥਾਣਾ ਘੁੰਮਣ ਕਲਾਂ ਦੇ ਐਸ ਐਚ ਓ ਸਬ ਇੰਸਪੈਕਟਰ ਜਗਦੀਸ਼ ਸਿੰਘ, ਹਰਦੇਵ ਸਿੰਘ ਦੇਬੀ, ਦੀਪ ਸੰਧੂ, ਪੀਏ ਦਲਜੀਤ ਸਿੰਘ, ਸਾਬਾ ਸੁਜਾਨਪੁਰ ਆਦਿ ਸਮੇਤ ਹੋਰ ਵੀ ਸਖਸ਼ੀਅਤਾਂ ਸਮੇਤ ਸ਼ਹੀਦ ਅਸ਼ੋਕ ਕੁਮਾਰ ਦੇ ਪਰਿਵਾਰਿਕ ਮੈਬਰ, ਰਿਸ਼ਤੇਦਾਰ, ਪਿੰਡ ਵਾਸੀ ਮੌਜੂਦ ਸਨ।




ਨਵਾਂ ਜ਼ਮਾਨਾ
ਸ਼ੁੱਕਰਵਾਰ, 6 ਮਾਰਚ 2026

# ਜੰਗ ਦਾ ਸਾਈਡ-ਇਫੈਕਟ

ਕੀ ਅਮਰੀਕਾ ਨੂੰ ਅੱਡੇ ਦੇਣ ਵਾਲੇ ਬਹਿਰੀਨ ਵਿੱਚ ਵਿਦਰੋਹ ਦੀ ਸਥਿਤੀ ਬਣ ਰਹੀ ਹੈ? ਘੱਟੋ-ਘੱਟ ਏਨਾ ਤਾਂ ਸਾਫ ਹੈ ਕਿ ਬਹਿਰੀਨ ਵਿੱਚ ਖਿਚਾਅ ਬਹੁਤ ਵਧ ਗਿਆ ਹੈ। ਈਰਾਨ ਦੇ ਸੁਪਰੀਮ ਲੀਡਰ ਆਇਤੁੱਲ੍ਹਾ ਅਲੀ ਖਾਮਨੇਈ ਦੀ ਮੌਤ ਦੇ ਬਾਅਦ ਉੱਥੇ ਵੱਡੇ ਪੱਧਰ ’ਤੇ ਪ੍ਰਦਰਸ਼ਨ ਹੋ ਰਹੇ ਹਨ। ਬਹਿਰੀਨ ਦੀ ਆਬਾਦੀ ਦਾ 55-60 ਫੀਸਦੀ ਸ਼ੀਆ ਮੁਸਲਮਾਨ ਹਨ, ਜਦਕਿ ਹਾਕਮ ਅਲ ਖਲੀਫਾ ਖਾਨਦਾਨ ਸੁੰਨੀ ਹੈ। 2011 ਵਿੱਚ ਵੀ ਬਹਿਰੀਨ ’ਚ ਵੱਡੇ ਮੁਜ਼ਾਹਰੇ ਹੋਏ ਸਨ, ਜਿਨ੍ਹਾਂ ਨੂੰ ਸਾਊਦੀ ਫੌਜ ਦੀ ਮਦਦ ਨਾਲ ਦਬਾਇਆ ਗਿਆ ਸੀ। ਸੋਸ਼ਲ ਮੀਡੀਆ ਮੁਤਾਬਕ ਹੁਣ ਫਿਰ ਉਸੇ ਤਰ੍ਹਾਂ ਦੇ ਹਾਲਾਤ ਬਣਦੇ ਨਜ਼ਰ ਆ ਰਹੇ ਹਨ। ਸ਼ੀਆ ਭਾਈਚਾਰਾ ਖਾਮਨੇਈ ਨੂੰ ਆਪਣਾ ਧਾਰਮਿਕ ਆਗੂ ਮੰਨਦਾ ਸੀ, ਇਸ ਲਈ ਉਸ ਦੀ ਮੌਤ ’ਤੇ ਗੁੱਸੇ ਵਿੱਚ ਹੈ। ਖਾਮਨੇਈ ਦੀ ਮੌਤ ਤੋਂ ਬਾਅਦ ਬਹਿਰੀਨ ਦੀਆਂ ਸੜਕਾਂ ’ਤੇ ਹਜ਼ਾਰਾਂ ਲੋਕ ਨਿਕਲ ਆਏ ਸਨ। ਉਹ ਅਮਰੀਕਾ ਤੇ ਇਜ਼ਰਾਈਲ ਖਿਲਾਫ ਨਾਅਰੇ ਲਾ ਰਹੇ ਸਨ ਅਤੇ ਈਰਾਨ ਨਾਲ ਯਕਜ਼ਹਿਤੀ ਪ੍ਰਗਟਾ ਰਹੇ ਸਨ। ਕਈ ਥਾਈਂ ਉਨ੍ਹਾਂ ਦੀਆਂ ਪੁਲਸ ਤੇ ਸੁਰੱਖਿਆ ਬਲਾਂ ਨਾਲ ਜ਼ੋਰਦਾਰ ਝੜਪਾਂ ਵੀ ਹੋਈਆਂ। ਪੁਲਸ ਨੇ ਲਾਠੀਚਾਰਜ ਕੀਤਾ, ਹੰਝੂ ਗੈਸ ਦੇ ਗੋਲੇ ਛੱਡੇ ਅਤੇ ਕਈ ਲੋਕਾਂ ਨੂੰ ਗ੍ਰਿਫਤਾਰ ਵੀ ਕਰ ਲਿਆ।

ਕੁਝ ਸੋਸ਼ਲ ਮੀਡੀਆ ਪੋਸਟਾਂ ਵਿੱਚ ਕਿਹਾ ਗਿਆ ਹੈ ਕਿ ਖਾੜੀ ਸਹਿਯੋਗ ਪ੍ਰੀਸ਼ਦ (ਜੀ ਸੀ ਸੀ) ਨਾਲ ਜੁੜੀ ਪੈਨਿਨਸੁਲਾ ਸ਼ੀਲਡ ਫੋਰਸ ਦੀ ਯੂਨਿਟ ਸਾਊਦੀ ਅਰਬ ਤੋਂ ਬਹਿਰੀਨ ਵਿੱਚ ਦਾਖਲ ਹੋਈ ਹੈ। ਅਮਰੀਕੀ ਤੇ ਇਜ਼ਰਾਈਲੀ ਹਮਲੇ ਸ਼ੁਰੂ ਹੋਣ ਦੇ ਛੇਤੀ ਬਾਅਦ ਈਰਾਨ ਨੇ ਸਭ ਤੋਂ ਪਹਿਲਾਂ ਬਹਿਰੀਨ ਦੇ ਸ਼ੇਖ ਈਸਾ ਇਲਾਕੇ ਵਿੱਚ ਅਮਰੀਕੀ ਏਅਰ ਬੇਸ ’ਤੇ ਹਮਲਾ ਕੀਤਾ ਸੀ। ਇਸ ਦੇ ਨਾਲ ਹੀ ਉਸ ਨੇ ਅਮਰੀਕਾ ਨੂੰ ਅੱਡੇ ਮੁਹੱਈਆ ਕਰਾਉਣ ਵਾਲੇ ਸਾਊਦੀ ਅਰਬ ਤੇ ਕਤਰ ਨੂੰ ਵੀ ਨਿਸ਼ਾਨਾ ਬਣਾਇਆ ਸੀ। ਬਹਿਰੀਨ ਹੀ ਨਹੀਂ, ਇਰਾਕ ਵਿਚਲੇ ਸ਼ੀਆ ਮੁਸਲਮਾਨ ਵੀ ਈਰਾਨ ਦੇ ਹੱਕ ਵਿੱਚ ਮੁਜ਼ਾਹਰੇ ਕਰ ਰਹੇ ਹਨ। ਇਹ ਮੁਜ਼ਾਹਰੇ ਹੀ ਈਰਾਨ ਨੂੰ ਦੁਸ਼ਮਣਾਂ ਨਾਲ ਲੜਨ ਲਈ ਆਕਸੀਜਨ ਮੁਹੱਈਆ ਕਰਾ ਰਹੇ ਹਨ।

# ਵਗੀ ਪੁਰੇ ਦੀ ’ਵਾ ਪੰਜਾਬੇ


ਗੁਰਮੀਤ ਸਿੰਘ ਪਲਾਹੀ

ਇੱਕੋ ਸਾਲ ਰਹਿ ਗਿਆ ਪੰਜਾਬ ਦੇ ਹਾਕਮਾਂ ਦੀ ਮੁੜ ਚੋਣ ਲਈ। ਹੁਣੇ ਤੋਂ ਸਿਆਸੀ ਧਿਰਾਂ ਨੇ ਕਮਰਕੱਸੇ ਕਰ ਲਏ ਹਨ, ਉਨ੍ਹਾਂ ਪਰ ਤੋਲਣੇ ਸ਼ੁਰੂ ਕਰ ਲਏ ਹਨ। ਰਾਸ਼ਟਰੀ ਧਿਰਾਂ ਕਾਂਗਰਸ, ਭਾਜਪਾ, ਹਾਕਮ ਧਿਰ ਆਮ ਆਦਮੀ ਪਾਰਟੀ, ਖੇਤਰੀ ਧਿਰਾਂ-ਅਕਾਲੀ ਦਲ, ਬਸਪਾ ਅਤੇ ਖੱਬੀਆਂ ਧਿਰਾਂ ਸਮਾਂ ਰਹਿੰਦਿਆਂ ਹੀ ਸਰਗਰਮ ਦਿਸਣ ਲੱਗ ਪਈਆਂ ਹਨ। ਪੰਜਾਬ ਦੀ ਡੋਰ ਸੰਭਾਲਣ ਵਾਲੀ ਮਜ਼ਬੂਤ ਧਿਰ ‘ਕਾਂਗਰਸ’ ਦੇ ਨੇਤਾ ਰਾਹੁਲ ਗਾਂਧੀ ਨੇ ਬਰਨਾਲਾ ’ਚ ਚੋਣ ਬਿਗਲ ਵਜਾਉਂਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉੱਤੇ ਦੇਸ਼ ਦੇ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਦੇ ਹਿੱਤ ਅਮਰੀਕਾ ਕੋਲ ਗਹਿਣੇ ਰੱਖਣ ਦੇ ਦੋਸ਼ ਲਾਏ। ਉੱਥੇ ਕਾਂਗਰਸ ਪ੍ਰਧਾਨ ਨੇ ਦੋਸ਼ ਲਾਇਆ ਕਿ ਆਮ ਆਦਮੀ ਪਾਰਟੀ ‘ਭਾਜਪਾ’ ਦੀ ਬੀ ਟੀਮ ਵਜੋਂ ਕੰਮ ਕਰ ਰਹੀ ਹੈ।

ਨਰਿੰਦਰ ਮੋਦੀ ਕੁਝ ਦਿਨ ਪਹਿਲਾਂ ਜਲੰਧਰ ਲਾਗਲੇ ਡੇਰਾ ਬੱਲਾਂ ਪਧਾਰੇ। ਇੱਕ ਨਵੀਂ ਇਬਾਰਤ ਲਿਖ ਗਏ। ਇੱਕ ਸ਼ਕਤੀਸ਼ਾਲੀ ਧਿਰ ਨੂੰ ਆਪਣੇ ਹੱਕ ’ਚ ਕਰਨ ਲਈ ਕੁਝ ਇਹੋ ਜਿਹੇ ਬਚਨ-ਵਿਲਾਸ ਕਰ ਗਏ, ਜਿਨ੍ਹਾਂ ਨੇ ਡਬਲ ਇੰਜਣ ਸਰਕਾਰ ਬਣਾਉਣ ਦਾ ਰਾਹ ਪੱਧਰਾ ਕਰਨਾ ਹੈ।

ਹਾਕਮ ਧਿਰ ਆਮ ਆਦਮੀ ਪਾਰਟੀ ਦਾ ਰਾਸ਼ਟਰੀ ਕਨਵੀਨਰ ਕੇਜਰੀਵਾਲ ਅਤੇ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਦੇ ਦੂਜੇ ਪੜਾਅ ’ਚ ਲੋਕਾਂ ਨੂੰ ਸ਼ਾਮਲ ਕਰਨ ਲਈ ਪੱਬਾਂ ਭਾਰ ਹੈ। ਖੇਤਰੀ ਧਿਰਾਂ ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਥਾਂ-ਥਾਂ ਪੁੱਜ ਕੇ ਆਪਣੇ ਇਲਾਕਾ ਉਮੀਦਵਾਰਾਂ ਨੂੰ ਹੁਣੇ ਤੋਂ ਐਲਾਨਣ ਲੱਗ ਪਏ ਹਨ। ਪਿਛਲੇ ਦਿਨੀਂ ਕਰਵਾਈਆਂ ਗਈਆਂ ਬਲਾਕ ਸੰਮਤੀ ਚੋਣਾਂ ’ਚ ਲੋਕਾਂ ਦੇ ਚੰਗੇ ਹੁੰਗਾਰੇ ਤੋਂ ਉਹ ਵਾਹਵਾ ਉਤਸ਼ਾਹਿਤ ਹਨ। ਇਸੇ ਸਭ ਕੁਝ ਦਰਮਿਆਨ ਕੱਲ੍ਹ ਖ਼ਬਰ ਛਪੀ ਕਿ ਰਾਮਾ ਮੰਡੀ (ਬਠਿੰਡਾ) ਨੇੜਲੇ ਪਿੰਡ ਕਮਾਲੂ ਦੇ 20 ਵਰ੍ਹਿਆਂ ਦਾ ਨੌਜਵਾਨ ਚਿੱਟੇ ਦੀ ਭੇਟ ਚੜ੍ਹ ਗਿਆ। ਪਿੰਡ ਪ੍ਰੇਸ਼ਾਨ ਹੈ।

ਫਿਰੋਜ਼ਪੁਰ ਦੇ ਬਲਾਕ ਮਖੂ ਦੇ ਪਿੰਡ ਨਿਜ਼ਾਮਵਾਲਾ ਦਾ 25 ਸਾਲ ਦਾ ਨੌਜਵਾਨ ਨਸ਼ੇ ਦੀ ਵੱਧ ਮਾਤਰਾ ਲੈਣ ਨਾਲ ਮਰ ਗਿਆ। ਮਰਨ ਵਾਲਾ ਪਿੱਛੇ ਪਤਨੀ, ਪੁੱਤਰ, ਦੋ ਪੁੱਤਰੀਆਂ ਛੱਡ ਗਿਆ। ਮਾਪੇ ਤੇ ਪੂਰਾ ਸਮਾਜ ਉਦਾਸ ਹੈ। ਹਾਲੇ ਦੋ ਕੁ ਦਿਨ ਪਹਿਲਾਂ ਪੰਜਾਬ ਪੁਲਸ ਦਾ ਇੱਕ ਸਿਪਾਹੀ ਤੇ ਇੱਕ ਹੋਮਗਾਰਡ ਗੋਲੀਆਂ ਨਾਲ ਬੈਠੇ-ਸੁੱਤੇ ਭੁੰਨ ਦਿੱਤੇ ਗਏ। ਨੌਜਵਾਨ ਕਰਨੈਲ ਸਿੰਘ ਦਾ ਇਸੇ ਘਟਨਾ ਦੇ ਸਿੱਟੇ ਵਜੋਂ ਪੁਲਸ ਮੁਕਾਬਲਾ ਹੋਇਆ ਦੱਸਿਆ ਜਾਂਦਾ ਹੈ।

ਗੈਂਗਸਟਰ ਸਰਗਰਮੀਆਂ ਜ਼ੋਰਾਂ ’ਤੇ ਹਨ। ਪੰਜਾਬੀ ਗਾਇਕ ਪਰਮੀਸ਼ ਵਰਮਾ ਤੋਂ ਗੈਂਗਸਟਰਾਂ ਨੇ 10 ਕਰੋੜ ਦੀ ਫ਼ਿਰੌਤੀ ਮੰਗੀ ਹੈ। ਕੁਝ ਦਿਨ ਪਹਿਲਾਂ ਕਿਸਾਨ ਜਥੇਬੰਦੀ ਉਗਰਾਹਾਂ ਵੱਲੋਂ ਕੀਤੇ ਜਾ ਰਹੇ ਅੰਦੋਲਨ ਨੂੰ ਨਜਿੱਠਣ ਲਈ ਇੱਕ ਪੂਰੇ ਪਿੰਡ ਦੇ ਵਸ਼ਿੰਦਿਆਂ ਨੂੰ ਸਬਕ ਸਿਖਾਉਣ ਲਈ ਅੱਥਰੂ ਗੈਸ ਦੇ ਗੋਲੇ ਪੰਜਾਬ ਪੁਲਸ ਵੱਲੋਂ ਛੱਡੇ ਗਏ। ਇੱਕ ਕਿਸਾਨ ਦੀਆਂ ਲੱਤਾਂ ਬੁਰੀ ਤਰ੍ਹਾਂ ਤੋੜ ਦਿੱਤੀਆਂ ਗਈਆਂ।

ਗੱਲ ਦੂਰ ਦੀ ਕਿਉਂ ਕਰੀਏ, ਇੱਕ ਉਸ ਵਾਰ ਦੀ ਕਰ ਲੈਂਦੇ ਹਾਂ, ਜਦੋਂ ਅਕਾਲੀ-ਭਾਜਪਾ ਇਕੱਠੇ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਬਣਾਈ ਬੈਠੇ ਸਨ। ਗੱਲ ਉਸ ਵੇਲੇ ਦੀ ਵੀ ਕਰ ਲੈਂਦੇ ਹਾਂ ਜਦੋਂ ਕਾਂਗਰਸ ਦਾ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਬਣਿਆ ਰਿਹਾ ਅਤੇ ਗੱਲ ਤਾਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੀ ਕਰਨੀ ਬਣਦੀ ਹੈ। ਗੱਲ ਇਨ੍ਹਾਂ ਦੀਆਂ ਸ਼ਖ਼ਸੀਅਤਾਂ ਦੀ ਕਿਉਂ ਕਰੀਏ ਕਿ ਉਹ ਕੀ ਸਨ, ਕੀ ਹਨ, ਗੱਲ ਤਾਂ ਉਨ੍ਹਾਂ ਦੇ ਕਾਰਜ ਕਾਲ ਦੌਰਾਨ ਪੰਜਾਬ ਨੂੰ ਦਿੱਤੇ ਯੋਗਦਾਨ ਦੀ ਕਰਨੀ ਚਾਹੀਦੀ ਹੈ। ਉਸ ਪੰਜਾਬ ਦੀ ਜਿਹੜਾ ਆਜ਼ਾਦੀ ਤੋਂ ਬਾਅਦ ਲਗਾਤਾਰ ਕੋਹਿਆ ਗਿਆ, ਕੁੱਟਿਆ ਗਿਆ, ਭੰਨਿਆ ਗਿਆ ਅਤੇ ਜਿਸ ਦਾ ਪੋਟਾ-ਪੋਟਾ ਨਪੀੜਿਆ, ਲਤਾੜਿਆ ਗਿਆ ਅਤੇ ਜਿਸ ਦੇ ਵਸ਼ਿੰਦੇ ਇਨ੍ਹਾਂ ਵਰ੍ਹਿਆਂ ’ਚ ਦੇਸੋਂ ਪਰਦੇਸੀ ਹੋਏ, ਓਪਰੇ ਹੋਏ, ਪਰਾਏ ਕਰ ਦਿੱਤੇ ਗਏ ਅਤੇ ਜਿਨ੍ਹਾਂ ਪੰਜਾਬੀਆਂ ਇੱਥੇ ਰਹਿ ਕੇ ਹੱਕ-ਸੱਚ ਲਈ ਅਵਾਜ਼ ਉਠਾਈ, ਉਹ ਇਸ ਜਹਾਨ ਤੋਂ ਹੀ ਤੋਰ ਦਿੱਤੇ ਗਏ।

ਇਨ੍ਹਾਂ ਵਰ੍ਹਿਆਂ ’ਚ ਪੰਜਾਬ ਨੂੰ ਨਾ ’47 ਭੁੱਲਿਆ, ਨਾ ਚੌਰਾਸੀ। ਨਾ ਪੰਜਾਬ ਨੂੰ ਗਰਮ ਲਹਿਰਾਂ ’ਚ ਬੇਦੋਸ਼ੇ ਮਾਰੇ ਗਏ ਨੌਜਵਾਨ ਭੁੱਲੇ, ਨਾ ਬੱਸਾਂ ’ਚੋਂ ਕੱਢ-ਕੱਢ ਕੇ ਮਾਰੇ ਗਏ ਬੇਕਸੂਰੇ। ਨਾ ਪੰਜਾਬ ਨੂੰ ਇਹ ਭੁੱਲਿਆ ਕਿ ਪੰਜਾਬ ਦੇ ਪਾਣੀ ਖੋਹੇ ਗਏ, ਅਤੇ ਨਾ ਹੀ ਭੁੱਲਿਆ ਕਿ 1966 ’ਚ ਪੁਨਰਗਠਨ ਸਮੇਂ ਉਸ ਦੀ ਉਹ ਰਾਜਧਾਨੀ ਖੋਹ ਲਈ ਗਈ, ਜਿਹੜੀ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਈ ਗਈ। ਨਾ ਹੀ ਪੰਜਾਬ ਇਹ ਭੁੱਲ ਸਕਿਆ ਕਿ ਦਿੱਲੀ ਦੇ ਹਾਕਮ ਨਿੱਤ-ਦਿਹਾੜੇ, ਉਸ ਨਾਲ ਦੁਪਰਿਆਰਾ ਸਲੂਕ ਕਰਦੇ ਹਨ, ਬਾਵਜੂਦ ਇਸ ਗੱਲ ਦੇ ਕਿ ਉਹ ਦੇਸ਼ ਦਾ ਅੰਨਦਾਤਾ ਹੈ। ਬਾਵਜੂਦ ਇਸ ਗੱਲ ਦੇ ਕਿ ਹਰੀ ਕ੍ਰਾਂਤੀ ਨੇ ਉਸ ਦੀ ਉਪਜਾਊ ਧਰਤੀ ਖੋਹ ਲਈ, ਖੋਖਲੀ ਕਰ ਦਿੱਤੀ, ਜ਼ਹਿਰਾਂ ਨਾਲ ਭਰ ਦਿੱਤੀ ਤੇ ਸਿੱਟੇ ਵਜੋਂ ਪੰਜਾਬ ਦਾ ਪਾਣੀ ਮੁਕਾ ਦਿੱਤਾ। ਪੱਲੇ ਕੈਂਸਰ ਪਾ ਦਿੱਤਾ। ਖੁਦਕੁਸ਼ੀਆਂ ਕਰਨ ਵਾਲੇ ਜੀਵਨ ਦੇ ਰਾਹ ਪਾ ਦਿੱਤਾ।

ਪੰਜ ਦਰਿਆਵਾਂ ਦੀ ਧਰਤੀ ਵੱਢ-ਟੁੱਕ ਕੇ ਢਾਈ ਦਰਿਆਵਾਂ ਤੱਕ ਸੀਮਤ ਕਰ ਦਿੱਤੀ ਗਈ। ਕਿਸਾਨ ਮਜ਼ਦੂਰ ਔਖੇ ਰਾਹੀਂ ਪਾ ਦਿੱਤੇ ਗਏ। ਕਿਸਾਨਾਂ ਦੀਆਂ ਜ਼ਮੀਨਾਂ ਦੇ ਛੋਟੇ-ਛੋਟੇ ਟੁਕੜੇ ਹਥਿਆਉਣ ਲਈ ਵੀ ਪਹਿਲਾਂ ਕੇਂਦਰ ਨੇ ਤਿੰਨ ਕਾਲੇ ਕਾਨੂੰਨ ਪਾਸ ਕੀਤੇ ਅਤੇ ਫਿਰ ਮੌਜੂਦਾ ਸੂਬਾ ਸਰਕਾਰ ਨੇ ਕਿਸਾਨਾਂ ਦੀ ਜ਼ਮੀਨ ਹਥਿਆਉਣ ਲਈ ਨਵੀਆਂ ਤਰਕੀਬਾਂ ਕੱਢ ਮਾਰੀਆਂ। ਵੱਡੇ-ਵੱਡੇ ਮਾਰਗ ਪੰਜਾਬ ਦੀ ਛਾਤੀ ਚੀਰ ਕੇ ਬਣਾਏ ਜਾਣ ਲੱਗੇ ਹਨ। ਹਾਈਵੇ ਥਾਂ-ਥਾਂ ਬਣਾ ਕੇ ਕਿਸਾਨਾਂ ਦੀ ਜ਼ਮੀਨ ਕਿੱਧਰੇ ਟੋਟਿਆਂ ’ਚ ਵੰਡੀ ਜਾ ਰਹੀ ਹੈ ਅਤੇ ਕਿੱਧਰੇ ਹਾਈਵੇਜ਼ ਬਣਾਏ ਜਾ ਰਹੇ ਹਨ। ਪਰ ਇਨ੍ਹਾਂ ਹਾਈਵੇਜ਼ ਦਾ ਫ਼ਾਇਦਾ ਕਿਸ ਨੂੰ ਹੋਏਗਾ? ਕੀ ਪੰਜਾਬ ਨੂੰ? ਕੀ ਪੰਜਾਬੀਆਂ ਨੂੰ? ਜਾਂ ਫਿਰ ਕਾਰਪੋਰੇਟਾਂ ਨੂੰ, ਜੋ ਇਥੋਂ ਅਤੇ ਲਾਗਲੇ ਸੂਬਿਆਂ ’ਚੋਂ ਕੱਚਾ ਮਾਲ ਢੋਅ ਕੇ ਵੱਧ ਮੁਨਾਫ਼ਾ ਕਮਾਉਣਗੇ। ਤੇ ਕਿਸਾਨ ਜਿਨ੍ਹਾਂ ਦੀ ਜ਼ਮੀਨ ਖੋਹੀ ਜਾਣੀ ਹੈ, ਦਿਹਾੜੀਆਂ ਕਰਨ ’ਤੇ ਮਜਬੂਰ ਹੋ ਜਾਣਗੇ। ਕੀ ਇਸ ਨਾਲ ਪੰਜਾਬ ਖੁਸ਼ਹਾਲ ਹੋਏਗਾ? ਕੀ ਇਥੋਂ ਦੇ ਨੌਜਵਾਨਾਂ ਨੂੰ ਇਸ ਨਾਲ ਕੋਈ ਰੁਜ਼ਗਾਰ ਮਿਲੇਗਾ?

ਪੰਜਾਬ ਦੀ ਸਥਿਤੀ ਗੰਭੀਰ ਹੈ! ਨੌਜਵਾਨ ਹਰ ਹੀਲੇ ਸੂਬੇ ’ਚੋਂ ਭੱਜਣਾ ਚਾਹੁੰਦੇ ਹਨ, ਕਿਉਂਕਿ ਉਨ੍ਹਾਂ ਨੂੰ ਆਪਣਾ ਭਵਿੱਖ ਇੱਥੇ ਸਾਵਾਂ, ਸੁਖਾਵਾਂ ਨਹੀਂ ਦਿਸਦਾ। ਪੰਜਾਬ ਦੇ ਪਿੰਡ ਅਤੇ ਹੁਣ ਤਾਂ ਸ਼ਹਿਰਾਂ ’ਚ ਵੀ ਨਸ਼ਿਆਂ ਦਾ ਅਤਿਅੰਤ ਬੋਲਬਾਲਾ ਹੈ। ਵਿਦੇਸ਼ ਗਏ ਨੌਜਵਾਨਾਂ ਦੇ ਮਾਪੇ ਇਕੱਲਤਾ ਦਾ ਜੀਵਨ ਬਿਤਾ ਰਹੇ ਹਨ। ਵਿਦੇਸ਼ ਵਸਦੇ ਪੰਜਾਬੀ ਆਪਣੀ ਜ਼ਮੀਨ-ਜਾਇਦਾਦ ਵੇਚਣ ਲਈ ਪੰਜਾਬ ਆਉਂਦੇ, ਇਹ ਕਹਿੰਦੇ ਸੁਣੀਂਦੇ ਹਨ ਕਿ ਉਨ੍ਹਾਂ ਦੀ ਔਲਾਦ ਨੇ ਪੰਜਾਬ ਨਹੀਂ ਪਰਤਣਾ, ਹੁਣ ਪੰਜਾਬ ਰਹਿਣਯੋਗ ਨਹੀਂ ਰਿਹਾ। ਆਪਣੀ ਜਨਮ ਭੂਮੀ ਨੂੰ ਅੰਤਾਂ ਦਾ ਪਿਆਰ ਕਰਨ ਵਾਲੇ ਇਹ ਪੰਜਾਬੀ ਆਖ਼ਰ ਸਾਡੇ ਹਾਕਮਾਂ, ਸਾਡੀਆਂ ਸਰਕਾਰਾਂ ਨੇ ਇੰਨੇ ਉਪਰਾਮ ਕਿਉਂ ਕਰ ਦਿੱਤੇ ਹਨ? ਕੀ ਦੋਸ਼ ਇਨ੍ਹਾਂ ਸਿਆਸਤਦਾਨਾਂ, ਹਾਕਮਾਂ ਦਾ ਨਹੀਂ ਹੈ, ਜਿਨ੍ਹਾਂ ਪੰਜਾਬ ਦੀ ਸੱਤਾ ਹਥਿਆਉਣ ਲਈ ਤਾਂ ਹਰ ਹੀਲਾ ਵਰਤਿਆ, ਪਰ ਇੱਥੇ ਅਮਨ-ਕਾਨੂੰਨ ਦੀ ਸਥਿਤੀ ਸੁਖਾਵੀਂ ਕਰਨ, ਇੱਥੇ ਬੇਰੁਜ਼ਗਾਰੀ ਰੋਕਣ, ਇੱਥੇ ਦੇ ਵਾਤਾਵਰਣ ਨੂੰ ਸੁੰਦਰ ਪ੍ਰਦੂਸ਼ਣ ਰਹਿਤ ਬਣਾਉਣ ਲਈ ਢਿੱਡੋਂ ਯਤਨ ਨਹੀਂ ਕੀਤਾ। ਕੀਤਾ ਹੁੰਦਾ ਤਾਂ ਅੱਜ ਪੰਜਾਬ ਦੇ ਵਿਦੇਸ਼ੀਂ ਵਸਦੇ ਪੰਜਾਬੀ ਆਪਣੇ ਪੰਜਾਬ ਨੂੰ ਹਿੱਕ ਨਾਲ ਲਾਉਂਦੇ।

ਅਜ਼ਾਦੀ ਦੇ 78 ਵਰ੍ਹਿਆਂ ਬਾਅਦ ਪੰਜਾਬ ਅੱਜ ਵੀ ਵਿਕਾਸ ਪੱਖੋਂ ਊਣਾ ਹੈ। ਸਿੱਖਿਆ ਪੱਖੋਂ ਪਿੱਛੇ ਹੈ। ਉਦਯੋਗ ਵਿੱਚ ਤਾਂ ਇਸ ਦਾ ਥਾਂ ਹੀ ਕੋਈ ਨਹੀਂ। ਤੇ ਫੇਰ ਰੁਜ਼ਗਾਰ ਕਿੱਥੋਂ ਮਿਲੂ? ਆਮ ਸਿਹਤ-ਸੁਵਿਧਾਵਾਂ, ਕਹਿਣ ਲਈ ਵੱਡੀਆਂ ਦਿਸ ਰਹੀਆਂ ਹੋਣਗੀਆਂ, ਪਰ ਕੀ ਇਹ ਆਮ ਆਦਮੀ ਦੀ ਪਹੁੰਚ ’ਚ ਹਨ?

ਕੀ ਸਿੱਖਿਆ, ਸਿਹਤ, ਵਾਤਾਵਰਣ ਅਤੇ ਪੰਜਾਬ ਦੇ ਪਾਣੀਆਂ ਅਤੇ ਹੋਰ ਹੱਕਾਂ ਦੀ ਰਾਖੀ, ਉਦਯੋਗਿਕ ਵਿਕਾਸ ਲਈ ਪਿਛਲੀਆਂ ਤਿੰਨ ਸਰਕਾਰਾਂ ਦੇ ਉੱਦਮ ਉਪਰਾਲੇ ਜਾਂ ਕੋਸ਼ਿਸ਼ਾਂ ਸਾਰਥਕ ਸਨ। ਬਾਦਲ ਦੀ ਅਗਵਾਈ ਵਾਲੀ (2012-17) ਦੀ ਸਰਕਾਰ ਕੇਂਦਰ ਸਰਕਾਰ ’ਚ ਭਾਜਪਾ ਸਰਕਾਰ ਹੋਣ ਦੇ ਬਾਵਜੂਦ ਨਾ ਕੋਈ ਵੱਡਾ ਪ੍ਰਾਜੈਕਟ ਪੰਜਾਬ ਲਿਆ ਸਕੀ ਅਤੇ ਨਾ ਹੀ ਚੰਡੀਗੜ੍ਹ ਪੰਜਾਬ ਨੂੰ ਦੁਆ ਸਕੀ। ਭਾਸ਼ਾ ਦੇ ਆਧਾਰ ਉੱਤੇ ਬਣੇ ਸੂਬੇ ਪੰਜਾਬ ਲਈ ਸੰਘਰਸ਼ ਕਰਨ ਵਾਲੀ ਪਾਰਟੀ ਪੰਜਾਬੀ ਨੂੰ ਵੀ ਦਫ਼ਤਰਾਂ, ਅਦਾਲਤਾਂ ’ਚ ਲਾਗੂ ਨਾ ਕਰ ਸਕੀ। ਦਰਿਆਈ ਪਾਣੀਆਂ ਦਾ ਮਸਲਾ ਦਿੱਲੀ ਹਾਕਮਾਂ ਤੋਂ ਹੱਲ ਨਾ ਕਰਵਾ ਸਕੀ। ਨਸ਼ਿਆਂ ਦਾ ਚਲਣ ਇਸ ਸਰਕਾਰ ਵੇਲੇ ਵਧਿਆ। ਨੌਜਵਾਨਾਂ ’ਚ ਨਿਰਾਸ਼ਤਾ ਵਧੀ। ਸੂਬਾ ਕਰਜ਼ਾਈ ਹੋਇਆ ਅਤੇ ਨਸ਼ਿਆਂ ਤੋਂ ਮੁਕਤੀ ਕੁਝ ਦਿਨਾਂ ’ਚ ਦੇਣ ਦੇ ਨਾਹਰੇ ਦੇ ਕੇ ਕੈਪਟਨ ਅਮਰਿੰਦਰ ਸਿੰਘ ਅਤੇ ਕਾਂਗਰਸ ਦੀ ਸਰਕਾਰ (2017-2022) ਪੰਜੇ ਵਰ੍ਹੇ ਨਸ਼ਾ ਮੁਕਤ ਪੰਜਾਬ ਦਾ ਨਾਹਰਾ ਦਿੰਦੀ ਰਹੀ। ਗੱਲੀਂ-ਬਾਤੀ ਭਾਜਪਾ ਦੀ ਕੇਂਦਰ ਸਰਕਾਰ ਨਾਲ ਲੜਦੀ ਰਹੀ, ਅਸੰਬਲੀ ’ਚ ਮਤੇ ਵੀ ਪਾਉਂਦੀ ਰਹੀ, ਪਰ ਨਾ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਹੁਰਮਤੀ ਦਾ ਮਸਲਾ ਹੱਲ ਕਰ ਸਕੀ, ਨਾ ਪੰਜਾਬ ਦੇ ਪਾਣੀਆਂ ਦਾ। ਨੌਜਵਾਨਾਂ ਦੀ ਬੇਰੁਜ਼ਗਾਰੀ, ਨਸ਼ਿਆਂ ਦੀ ਦਲਦਲ ’ਚ ਫਸਣ ਅਤੇ ਵਿਦੇਸ਼ਾਂ ਵੱਲ ਭੱਜਣ ਦਾ ਰੁਝਾਨ ਉਨ੍ਹਾਂ ਦੇ ਸਮੇਂ ਚਰਮ ਸੀਮਾ ’ਤੇ ਪੁੱਜਿਆ।

ਮੌਜੂਦਾ ਸਰਕਾਰ (2022 ਤੋਂ ਹੁਣ ਤੱਕ) ਇਨ੍ਹਾਂ ਮਸਲਿਆਂ ’ਚ ਵੱਡੇ ਨਾਹਰੇ ਲਾਉਂਦੀ ਰਹੀ। ਨਸ਼ਾ ਮੁਕਤੀ ਲਈ ਵੱਡੇ ਪ੍ਰਾਜੈਕਟ ਉਲੀਕਦੀ ਰਹੀ, ਪਰ ਹੱਥ ਪੱਲੇ ਕੀ ਪਿਆ? ਵਿਸ਼ਲੇਸ਼ਣ ਦਾ ਵਿਸ਼ਾ ਹੈ। ਪੰਜਾਬ ਸਿਰ ਕਰਜ਼ਾ ਵਧਿਆ ਹੈ। ਬੇਰੁਜ਼ਗਾਰੀ ਦੀ ਦਰ ਨਹੀਂਓਂ ਘਟੀ। ਜ਼ਮੀਨੀ ਪੱਧਰ ’ਤੇ ਸਿਹਤ ਸਹੂਲਤਾਂ ਦੀ ਕਮੀ ਹੁਣ ਵੀ ਅਖਰਦੀ ਹੈ ਅਤੇ ਸਭ ਤੋਂ ਅੱਖੜ ਰਿਹਾ ਹੈ, ਚੁੱਭ ਰਿਹਾ ਹੈ ਸਿਆਸਤਦਾਨਾਂ ਦਾ ਵਿਵਹਾਰ। ਇੱਕ-ਦੂਜੇ ਪ੍ਰਤੀ ਸ਼ਰੀਕੇਬਾਜ਼ੀ ਵਾਲਾ ਵਰਤਾਓ, ਨੈਤਿਕ ਕਦਰਾਂ-ਕੀਮਤਾਂ ਉਲੰਘਕੇ ਬੋਲੇ ਗਏ ਭੈੜੇ, ਭੜਕਾਊ, ਬੋਲ! ਸਿਆਸਤ ਵਿੱਚ ਚੱਕ ਦਿਆਂਗੇ, ਮਿੱਧ ਦਿਆਂਗੇ ਵਰਗੇ ਬੋਲ ਕੀ ਸੱਚਮੁੱਚ ਸਿਆਸਤ ਹੈ ਜਾਂ ਹੰਕਾਰੀ ਬੋਲ?

ਪੰਜਾਬ ’ਚ ਸਿਆਸਤਦਾਨ, ਇੱਕ-ਦੂਜੇ ਵਿਰੁੱਧ ਜਿਸ ਕਿਸਮ ਦੀ ਅਬੱਦਰ ਭਾਸ਼ਾ ਬੋਲਦੇ ਹਨ, ਉਹ ਸਿਆਣਿਆਂ ਵਾਲੀ ਭਾਸ਼ਾ ਨਹੀਂ, ਜਿਸ ਕਿਸਮ ਦੀ ਨੀਵੇਂ ਦਰਜੇ ਦੀ ਉਹ ਸਿਆਸਤ ਕਰਦੇ ਹਨ, ਉਹ ਸੱਚਮੁੱਚ ਸਹਿਣਯੋਗ ਨਹੀਂ। ਪਾਰਟੀਆਂ ਚੋਣਾਂ ਲੜਨ, ਆਪਣਾ ਚੋਣ ਪ੍ਰੋਗਰਾਮ ਦੇਣ। ਸਿਆਸਤੀ ਧਿਰਾਂ ਪੰਜਾਬ ਦੀ ਬੇਰੁਜ਼ਗਾਰੀ ਦੀ ਗੱਲ ਕਰਨ। ਪੰਜਾਬ ਦੀ ਖੇਤੀ, ਕਿਸਾਨਾਂ, ਮਜ਼ਦੂਰਾਂ ਦੀ ਗੱਲ ਕਰਨ, ਉਨ੍ਹਾਂ ਦੀਆਂ ਸਮੱਸਿਆਵਾਂ ਹੱਲ ਕਰਨ ਦਾ ਪ੍ਰੋਗਰਾਮ ਦੇਣ। ਪੰਜਾਬ ’ਚ ਚੰਗੇ ਸ਼ਾਸਨ ਪ੍ਰਬੰਧ ਅਤੇ ਭ੍ਰਿਸ਼ਟਾਚਾਰ ਮੁਕਤੀ ਦੀ ਗੱਲ ਕਰਨ ਜੋ ਹੁਣ ਸਾਡੀ ਨਸ-ਨਸ ’ਚ ਦੌੜ ਰਿਹਾ ਹੈ। ਪੰਜਾਬ ਦੇ ਪਿੰਡਾਂ ਦੇ ਸਮੂਹਿਕ ਵਿਕਾਸ ਦੀ ਗੱਲ ਕਰਨ, ਪੰਜਾਬ ’ਚੋਂ ਧੜੇਬੰਦੀ ਖ਼ਤਮ ਕਰਕੇ ਆਪਸੀ ਸਹਿਹੋਂਦ ਬਣਾਉਣ ਦੀ ਬਾਤ ਪਾਉਣ। ਪੰਜਾਬ ’ਚ ਖੇਤੀ ਉਦਯੋਗ ਲਿਆਉਣ ਦਾ ਖਾਕਾ ਤਿਆਰ ਕਰਨ। ਮਾਂ-ਬੋਲੀ ਪੰਜਾਬੀ ਅਤੇ ਸੱਭਿਆਚਾਰ ਦੇ ਵਿਕਾਸ ਲਈ, ਡਿਜ਼ੀਟਲ ਸਹੂਲਤਾਂ ਦੇ ਵਿਕਾਸ ਲਈ ਪ੍ਰੋਗਰਾਮ ਉਲੀਕਣ ਅਤੇ ਸਾਂਝੇ ਪਲੇਟਫਾਰਮ ’ਤੇ ਚਰਚਾ ਕਰਨ।

ਕਿਉਂ ਨਾ ਚਰਚਾ ਕਰਨ ਪੰਜਾਬ ਦੇ ਸਾਰੇ ਸਿਆਸਤਦਾਨ ਪੰਜਾਬ ਦੇ ਖੋਹੇ ਗਏ ਹੱਕਾਂ ਦੀ ਇਕਜੁੱਟ ਹੋ ਕੇ, ਇਸ ਨਾਲ ਹੋ ਰਹੇ ਵਿਤਕਰਿਆਂ ਦੀ, ਭਾਵੇਂ ਉਹ ਕੇਂਦਰ ’ਚ ਰਾਜ ਕਰਨ ਵਾਲੀ ਪਾਰਟੀ ਦੇ ਸਰਗਰਮ ਮੈਂਬਰ ਹੀ ਕਿਉਂ ਨਾ ਹੋਣ?

ਪੰਜਾਬ ਦੇ ਭੱਦਰਪੁਰਸ਼ ਸਿਆਸਤਦਾਨੋ, ਕੰਧ ’ਤੇ ਲਿਖਿਆ ਪੜ੍ਹਨ ਦੀ ਲੋੜ ਹੈ। ਪੰਜਾਬ ਦੇ ਲੋਕ ਹਰ ਉਸ ਨਵੀਂ ਚੀਜ਼ ਨੂੰ ਜੀਅ ਆਇਆਂ ਆਖਦੇ ਹਨ, ਜਿਹੜੀ ਉਹਨਾਂ ਦੇ ਮਨ ਨੂੰ ਭਾਉਂਦੀ ਹੈ। ਪਰ ਹਰ ਉਸ ਚੀਜ਼ ਨੂੰ ਫਿਟਕਾਰ ਦਿੰਦੇ ਹਨ, ਜਿਹੜੇ ਇਸ ਸੂਬੇ ਦੇ ਵਸ਼ਿੰਦਿਆਂ ’ਚ ਪਾੜ ਪਾਉਂਦੀ ਹੈ, ਭਾਈਚਾਰਕ ਸਾਂਝ ਨੂੰ ਪਿੰਜਦੀ ਹੈ ਅਤੇ ਸੂਬੇ ਦੇ ਹਿੱਤਾਂ ਦੇ ਖ਼ਿਲਾਫ ਹੈ।

ਭਾਈ, ਨਹੀਂਓਂ ਚੰਗੇ ਹਾਲਾਤ ਪੰਜਾਬ ਦੇ। ਸੇਵਾ ਭਾਵਨਾ ਵਾਲੇ ਸਿਆਸਤਦਾਨ, ਬੁੱਧੀਜੀਵੀ ਸਿਆਣੇ ਹਾਲਾਤ ਨੂੰ ਸਮਝਣਗੇ ਤਾਹੀਓਂ ਪੁਰੇ ਦੀ ਵਗਦੀ ਗਰਮ ਹਵਾ ਰੁਕੇਗੀ। ਪੱਛੋਂ ਦੀਆਂ ਠੰਢੀਆਂ ਹਵਾਵਾਂ ਆਉਣਗੀਆਂ। ਪੰਜਾਬ ’ਚ ਮੁੜ ਖੁਸ਼ਹਾਲੀ ਆਏਗੀ। ਵੇਲਾ ਭੈੜੀ ਸਿਆਸਤ ਦਾ ਨਹੀਂ, ਪੰਜਾਬ ਨੂੰ ਸੰਭਾਲਣ ਲਈ ਇੱਕਮੁੱਠ ਹੋ ਕੇ ਯਤਨ ਕਰਨ ਦਾ ਹੈ। ਕਲਮਾਂ ਵਾਲਿਓ, ਰਤਾ ਆਪਣੀ ਕਲਮ ਦੇ ਬੋਲ, ਲੋਕਾਂ ਦੇ ਬੋਲਾਂ ਵਰਗੇ ਬਣਨ ਲਈ ਤੁਸੀਂ ਵੀ ਤਾਂ ਸੁਪਨਈ ਨੀਂਦ ’ਚੋਂ ਬਾਹਰ ਆਓ!

# ਸੰਪਰਕ : 98158-02070

## ਰੈਲੀਆਂ ਦੇ ਆਸਰੇ

ਚੜ੍ਹਦਾ ਚਾਅ ਬਿਅੰਤ ਹੈ ਚਮਚਿਆਂ ਨੂੰ,
ਮਾਲਕ ਖੋਲ੍ਹਦੇ ਮੂੰਹ ਜਦ ‘ਥੈਲੀਆਂ’ ਦੇ।
’ਕੱਠੇ ਕਰਕੇ ਲਿਆਇਉ ਜੀ ਯਾਰ ਬੇਲੀ,
ਘਰੇ ਗੱਡੀਆਂ ਭੇਜਦੇ ‘ਟਹਿਲੀਆਂ’ ਦੇ,
ਜੋ ਮੂੰਹ ਆਵੇ ਸੋ ‘ਕੱਠਾਂ ਵਿੱਚ ਬੋਲਦੇ ਨੇ,
‘ਦਰਦੀ’ ਬਣਦੇ ਨੇ ਜੈਲੇ ਤੇ ਜੈਲੀਆਂ ਦੇ।
‘ਗੱਫੇ’ ਦਿੰਦੇ ਨੇ ‘ਛਕਣ ਛਕਾਉਣ’ ਵਾਲੇ,
ਚਿਹਰੇ ਖਿੜ ਜਾਂਦੇ ਸ੍ਰੋਤਿਆਂ ਵੈਲੀਆਂ ਦੇ।
ਲੋਕ-ਹਿਤਾਂ ਲਈ ਸੀਗੇ ਸੰਘਰਸ਼ ਕਰਦੇ,
ਲੀਡਰ ਰਹੇ ਨਾ ਉਹ ਹੁਣ ਪਹਿਲਿਆਂ ਦੇ,
ਜਨਤਾ ਵਿੱਚ ‘ਬਣਾਉਣੀ’ ਮੁੜ ਲੋਚਦੇ ਨੇ,
‘ਟੌਹਰ’ ਆਪਣੀ ‘ਆਸਰੇ’ ਰੈਲੀਆਂ ਦੇ!

-ਤਰਲੋਚਨ ਸਿੰਘ ਦੁਪਾਲਪੁਰ, 001-408-905-5517

# ਕੀ ਭਾਰਤ ਅਮਰੀਕੀ-ਇਜ਼ਰਾਈਲ ਰਣਨੀਤੀ ’ਚ ਜੂਨੀਅਰ ਭਾਈਵਾਲ ਬਣ ਰਿਹੈ


ਡਾ. ਅਰੁਣ ਮਿਤਰਾ

ਭਾਰਤ ਸਰਕਾਰ ਨੇ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਸਾਂਝੇ ਤੌਰ ’ਤੇ ਈਰਾਨ ਦੇ ਖਿਲਾਫ ਕੀਤੀ ਗਈ ਹਮਲਾਵਰ ਕਾਰਵਾਈ ਦੀ ਖੁੱਲ੍ਹ ਕੇ ਨਿੰਦਾ ਕਰਦਿਆਂ ਕੋਈ ਸਪੱਸ਼ਟ ਬਿਆਨ ਜਾਰੀ ਨਹੀਂ ਕੀਤਾ। ਇਹ ਇਸ ਦੇ ਬਾਵਜੂਦ ਹੈ ਕਿ ਈਰਾਨ ਭਾਰਤ ਦਾ ਲੰਮੇ ਸਮੇਂ ਤੋਂ ਪਰਖਿਆ ਹੋਇਆ ਦੋਸਤ ਰਿਹਾ ਹੈ ਅਤੇ ਦੋਵਾਂ ਦੇ ਵਿਚਕਾਰ ਡੂੰਘੀਆਂ ਸੱਭਿਆਚਾਰਕ ਸਾਂਝਾਂ ਰਹੀਆਂ ਹਨ। ਕਿਸੇ ਦੇਸ਼ ਦੀ ਰਾਜਨੀਤਕ ਪ੍ਰਣਾਲੀ ਨਾਲ ਸਹਿਮਤ ਹੋਣਾ ਜਾਂ ਨਾ ਹੋਣਾ ਵੱਖਰੀ ਗੱਲ ਹੈ, ਪਰ ਕਿਸੇ ਵੀ ਦੇਸ਼ ਦੀ ਪ੍ਰਭੂਸੱਤਾ ਅਤੇ ਭੂਖੰਡਕ ਅਖੰਡਤਾ ਨੂੰ ਖਤਰੇ ਵਿੱਚ ਪਾਉਣ ਵਾਲੀ ਵਿਦੇਸ਼ੀ ਹਮਲਾਵਰਤਾ ਨੂੰ ਕੋਈ ਵੀ ਜਾਇਜ਼ ਨਹੀਂ ਠਹਿਰਾ ਸਕਦਾ। ਹਾਲੀਆ ਸਮੇਂ ਵਿੱਚ ਅਸੀਂ ਵੇਖਿਆ ਹੈ ਕਿ ਅੰਤਰਰਾਸ਼ਟਰੀ ਤੌਰ ’ਤੇ ਮਨਜ਼ੂਰ ਨਿਯਮਾਂ, ਜਿਹੜੇ ਵੱਡੇ ਜਾਂ ਛੋਟੇ ਸਾਰੇ ਦੇਸ਼ਾਂ ਵਿਚਕਾਰ ਪਰਸਪਰ ਸਤਿਕਾਰ ਦੀ ਮੰਗ ਕਰਦੇ ਹਨ, ਦੀ ਉਲੰਘਣਾ ਵਧ ਰਹੀ ਹੈ। ਈਰਾਨ ’ਤੇ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਬਿਨਾਂ ਉਕਸਾਹਟ ਹਮਲੇ ਦੀ ਸਪੱਸ਼ਟ ਨਿੰਦਾ ਹੋਣੀ ਚਾਹੀਦੀ ਹੈ। ਭਾਰਤ ਸਰਕਾਰ ਵੱਲੋਂ ਸਿਰਫ਼ ਚਿੰਤਾ ਪ੍ਰਗਟ ਕਰਨਾ ਕਤਈ ਕਾਬਿਲ-ਕਬੂਲ ਨਹੀਂ।

ਇਹ ਬਹੁਤ ਹੀ ਗੰਭੀਰ ਸਥਿਤੀ ਹੈ, ਜਿਸ ਦੇ ਲੰਬੇ ਸਮੇਂ ਦੇ ਖੇਤਰੀ ਅਤੇ ਵਿਸ਼ਵ ਪੱਧਰੀ ਪ੍ਰਭਾਵ ਹੋ ਸਕਦੇ ਹਨ। ਇਹ ਹਮਲਾ ਉਸ ਵੇਲੇ ਹੋਇਆ ਜਦੋਂ ਅਮਰੀਕਾ ਅਤੇ ਈਰਾਨ ਵਿਚਕਾਰ ਕੂਟਨੀਤਿਕ ਕੋਸ਼ਿਸ਼ਾਂ ਜਾਰੀ ਸਨ। ਓਮਾਨ ਦੀ ਸਰਕਾਰ ਦੇ ਪ੍ਰਤੀਨਿਧੀ ਨੇ ਇਹ ਵੀ ਐਲਾਨ ਕੀਤਾ ਸੀ ਕਿ ਦੋਵੇਂ ਪੱਖ ਸਮਝੌਤੇ ਦੇ ਨੇੜੇ ਪਹੁੰਚ ਰਹੇ ਹਨ, ਪਰ ਅਗਲੇ ਹੀ ਦਿਨ ਇਜ਼ਰਾਈਲ ਅਤੇ ਅਮਰੀਕਾ ਨੇ ਈਰਾਨ ’ਤੇ ਹਮਲਾ ਕਰ ਦਿੱਤਾ। ਪਹਿਲੇ ਹੀ ਦਿਨ ਰਿਪੋਰਟਾਂ ਅਨੁਸਾਰ ਇਜ਼ਰਾਈਲੀ ਫੌਜਾਂ ਨੇ ਇੱਕ ਸਕੂਲ ਵਿੱਚ 150 ਤੋਂ ਵੱਧ ਬੱਚਿਆਂ ਦੀ ਹੱਤਿਆ ਕਰ ਦਿੱਤੀ। ਇਜ਼ਰਾਈਲ ’ਤੇ ਅਕਸਰ ਬਹੁਤ ਹੀ ਨਿਰਦਈ ਅਤੇ ਅਮਾਨਵੀ ਕਿਰਿਆਵਾਂ ਕਰਨ ਦੇ ਦੋਸ਼ ਲੱਗਦੇ ਰਹੇ ਹਨ। ਇਹ ਗੱਲ ਗਾਜ਼ਾ ਦੀ ਜੰਗ ਦੌਰਾਨ ਵੀ ਸਾਫ਼ ਨਜ਼ਰ ਆਈ, ਜਿੱਥੇ 70,000 ਤੋਂ ਵੱਧ ਲੋਕ ਮਾਰੇ ਜਾਣ ਦੀਆਂ ਰਿਪੋਰਟਾਂ ਆਈਆਂ, ਜਿਨ੍ਹਾਂ ਵਿੱਚ 20,000 ਤੋਂ ਵੱਧ ਬੱਚੇ ਸ਼ਾਮਲ ਸਨ।

ਹੁਣ ਇਹ ਸਪੱਸ਼ਟ ਹੁੰਦਾ ਜਾ ਰਿਹਾ ਹੈ ਕਿ ਅਮਰੀਕਾ ਅਸਲ ਵਿੱਚ ਸ਼ਾਂਤੀ ਵਾਰਤਾਵਾਂ ਲਈ ਗੰਭੀਰ ਨਹੀਂ ਸੀ। ਉਸ ਨੇ ਖੁੱਲ੍ਹ ਕੇ ਰਾਜ-ਪਲਟੇ ਦੀ ਗੱਲ ਕੀਤੀ ਹੈ ਅਤੇ ਈਰਾਨ ਦੇ ਲੋਕਾਂ ਨੂੰ ਮੌਜੂਦਾ ਸੱਤਾ ਪ੍ਰਣਾਲੀ ਨੂੰ ਉਲਟਣ ਲਈ ਇਸ ਮੌਕੇ ਦਾ ਲਾਭ ਲੈਣ ਦੀ ਅਪੀਲ ਕੀਤੀ ਹੈ। ਦੂਜੇ ਪਾਸੇ ਇਜ਼ਰਾਈਲ ਵੱਡੇ ਇਸਰਾਈਲ ਦੇ ਦਾਅਵੇ ਅੱਗੇ ਵਧਾ ਰਿਹਾ ਹੈ ਅਤੇ ਮੱਧ ਪੂਰਬ ਵਿੱਚ ਆਪਣਾ ਪ੍ਰਭਾਵ ਵਧਾਉਣ ਦੀ ਕੋਸ਼ਿਸ਼ ਕਰ ਰਿਹਾ ਹੈ। ਈਰਾਨ ਨੇ ਆਪਣੇ ਸਰਵਉੱਚ ਨੇਤਾ ਦੀ ਹੱਤਿਆ ਦਾ ਬਦਲਾ ਲੈਣ ਦਾ ਐਲਾਨ ਕੀਤਾ ਹੈ। ਇਸ ਦੇ ਜਵਾਬ ਵਿੱਚ ਉਸ ਨੇ ਇਜ਼ਰਾਈਲ ਅਤੇ ਖੇਤਰ ਵਿੱਚ ਮੌਜੂਦ ਅਮਰੀਕੀ ਜ਼ਮੀਨੀ ਅਤੇ ਸਮੁੰਦਰੀ ਫੌਜੀ ਅੱਡਿਆਂ ’ਤੇ ਮਿਜ਼ਾਈਲ ਹਮਲੇ ਕੀਤੇ ਹਨ, ਜਿਨ੍ਹਾਂ ਨਾਲ ਕਈ ਥਾਵਾਂ ’ਤੇ ਗੰਭੀਰ ਨੁਕਸਾਨ ਹੋਣ ਦੀਆਂ ਖਬਰਾਂ ਹਨ।

ਇਸ ਹਮਲਾਵਰਤਾ ਖ਼ਿਲਾਫ਼ ਦੁਨੀਆ ਭਰ ਵਿੱਚ ਤਿੱਖਾ ਵਿਰੋਧ ਹੋ ਰਿਹਾ ਹੈ ਅਤੇ ਬਹੁਤ ਸਾਰੇ ਲੋਕ ਇਸ ਨੂੰ ਗੈਰਕਾਨੂੰਨੀ, ਬਿਨਾਂ ਉਕਸਾਹਟ ਅਤੇ ਨਾਜਾਇਜ਼ ਕਰਾਰ ਦੇ ਰਹੇ ਹਨ। ਅਮਰੀਕਾ ਵੱਲੋਂ ਇਹ ਦਾਅਵਾ ਕਿ ਈਰਾਨ ਉਸ ਲਈ ਖ਼ਤਰਾ ਹੈ ਅਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਵੱਲੋਂ ਈਰਾਨ ਨੂੰ ਇਜ਼ਰਾਈਲ ਲਈ ਅਸਤਿਤਵਕ ਖ਼ਤਰਾ ਦੱਸਣ ਵਾਲੇ ਬਿਆਨ ਵੀ ਦੁਨੀਆ ਭਰ ਦੇ ਲੋਕਾਂ ਨੂੰ ਕਾਇਲ ਨਹੀਂ ਕਰ ਰਹੇ। ਰੂਸ ਅਤੇ ਚੀਨ ਨੇ ਇਸ ਹਮਲੇ ਦੀ ਤਿੱਖੀ ਨਿੰਦਾ ਕੀਤੀ ਹੈ। ਸੰਯੁਕਤ ਰਾਸ਼ਟਰ ਸੰਘ ਨੇ ਵੀ ਇਸ ਮਾਮਲੇ ਨੂੰ ਆਪਣੇ ਧਿਆਨ ਵਿੱਚ ਲਿਆ ਹੈ ਅਤੇ ਤੁਰੰਤ ਜੰਗਬੰਦੀ ਦੀ ਅਪੀਲ ਕੀਤੀ ਹੈ।

ਭਾਰਤ ਇਸ ਖੇਤਰ ਵਿੱਚ ਸ਼ਾਂਤੀ ਕਾਇਮ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਸਕਦਾ ਸੀ, ਪਰ ਦੁੱਖ ਦੀ ਗੱਲ ਹੈ ਕਿ ਸਾਡੇ ਪ੍ਰਧਾਨ ਮੰਤਰੀ ਦੀ ਹਾਲੀਆ ਇਜ਼ਰਾਈਲ ਯਾਤਰਾ ਨੇ ਕਈ ਨਿਰੀਖਕਾਂ ਦੇ ਅਨੁਸਾਰ ਸਾਡੇ ਦੇਸ਼ ’ਤੇ ਭਰੋਸੇ ਨੂੰ ਨੁਕਸਾਨ ਪਹੁੰਚਾਇਆ ਹੈ। ਇੱਕ ਸਮੇਂ ਭਾਰਤ ਨੂੰ ਦੁਨੀਆ ਵਿੱਚ ਸ਼ਾਂਤੀ ਦਾ ਅਸਲੀ ਹਾਮੀ ਮੰਨਿਆ ਜਾਂਦਾ ਸੀ, ਕਿਉਂਕਿ ਇਹ ਹਮਲਾ ਉਸ ਸਮੇਂ ਹੋਇਆ, ਜਦੋਂ ਪ੍ਰਧਾਨ ਮੰਤਰੀ ਇਜ਼ਰਾਈਲ ਤੋਂ ਵਾਪਸ ਆਏ ਕੇਵਲ ਇੱਕ ਦਿਨ ਹੀ ਹੋਇਆ ਸੀ, ਇਸ ਨਾਲ ਇਹ ਸਵਾਲ ਉੱਠਦਾ ਹੈ ਕਿ ਕੀ ਉਹ ਹਮਲੇ ਦੀ ਯੋਜਨਾ ਬਾਰੇ ਜਾਣਦੇ ਸਨ। ਉਹ ਭਾਰਤ ਦੇ ਇਕੱਲੇ ਪ੍ਰਧਾਨ ਮੰਤਰੀ ਹਨ, ਜਿਨ੍ਹਾਂ ਨੇ ਇਜ਼ਰਾਈਲ ਦਾ ਦੌਰਾ ਕੀਤਾ, ਉਹ ਵੀ ਦੋ ਵਾਰ-2017 ਅਤੇ ਫਿਰ 2026 ਵਿੱਚ। ਜੇਕਰ ਉਹ ਪਹਿਲਾਂ ਤੋਂ ਇਸ ਤਰ੍ਹਾਂ ਦੀ ਕਿਸੇ ਯੋਜਨਾ ਬਾਰੇ ਜਾਣਦੇ ਹੋਏ ਵੀ ਇਜ਼ਰਾਈਲ ਗਏ ਸਨ ਤਾਂ ਇਹ ਮਨੁੱਖਤਾ ਨਾਲ ਧੋਖੇ ਦੇ ਬਰਾਬਰ ਹੋਵੇਗਾ। ਦੂਜੇ ਪਾਸੇ, ਜੇਕਰ ਉਹ ਇਸ ਬਾਰੇ ਜਾਣਦੇ ਨਹੀਂ ਸਨ ਤਾਂ ਇਹ ਭਾਰਤੀ ਰਾਜ ਪ੍ਰਣਾਲੀ ਦੀ ਗੰਭੀਰ ਨਾਕਾਮੀ ਨੂੰ ਦਰਸਾਉਂਦਾ ਹੈ, ਜਿਸ ਨੇ ਮੱਧ ਪੂਰਬ ਵਿੱਚ ਵਧ ਰਹੇ ਤਣਾਅ ਦੇ ਦੌਰਾਨ ਉਨ੍ਹਾਂ ਨੂੰ ਇਜ਼ਰਾਈਲ ਜਾਣ ਦੀ ਸਲਾਹ ਦਿੱਤੀ।

ਜਿਸ ਤਰੀਕੇ ਨਾਲ ਪ੍ਰਧਾਨ ਮੰਤਰੀ ਜਨਤਕ ਤੌਰ ’ਤੇ ਨੇਤਨਯਾਹੂ ਨੂੰ ਗਲੇ ਮਿਲੇ, ਉਹ ਇਸ ਗੱਲ ਦਾ ਸੰਕੇਤ ਦਿੰਦਾ ਸੀ ਕਿ ਉਹ ਉਨ੍ਹਾਂ ਪ੍ਰਤੀ ਨਿੱਜੀ ਅਤੇ ਰਾਜਨੀਤਕ ਤੌਰ ’ਤੇ ਮਜ਼ਬੂਤ ਵਚਨਬੱਧਤਾ ਦਿਖਾ ਰਹੇ ਹਨ। ਆਪਣੇ ਭਾਸ਼ਣ ਵਿੱਚ ਉਨ੍ਹਾਂ ਨੇ ਗਾਜ਼ਾ ਵਿੱਚ 70,000 ਤੋਂ ਵੱਧ ਲੋਕਾਂ, ਜਿਨ੍ਹਾਂ ਵਿੱਚ 20,000 ਤੋਂ ਵੱਧ ਬੱਚੇ ਸ਼ਾਮਲ ਹਨ, ਦੀ ਹੱਤਿਆ ਬਾਰੇ ਇੱਕ ਸ਼ਬਦ ਵੀ ਨਹੀਂ ਕਿਹਾ। ਉਨ੍ਹਾਂ ਨੇ ਦੋ-ਰਾਜ ਹੱਲ (two-state solution) ਦਾ ਵੀ ਕੋਈ ਜ਼ਿਕਰ ਨਹੀਂ ਕੀਤਾ। ਇਸ ਦੀ ਬਜਾਏ ਵੱਡੇ ਵਪਾਰਕ ਸਮਝੌਤਿਆਂ, ਜਿਸ ਵਿੱਚ ਰੱਖਿਆ ਸੌਦੇ ਵੀ ਸ਼ਾਮਲ ਹਨ, ਵੱਲ ਧਿਆਨ ਦਿੱਤਾ ਗਿਆ। ਇਹ ਵੀ ਰਿਪੋਰਟ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਪੇਗਾਸਸ ਵਰਗੇ ਨਿਗਰਾਨੀ ਸਾਫਟਵੇਅਰ ਦੀ ਮੰਗ ਕੀਤੀ, ਬਿਨਾਂ ਇਹ ਸਮਝੇ ਕਿ ਇਸ ਤਰ੍ਹਾਂ ਦੀ ਤਕਨਾਲੋਜੀ ਸਾਡੇ ਦੇਸ਼ ਦੀ ਸੁਰੱਖਿਆ ’ਤੇ ਵਿਦੇਸ਼ੀ ਏਜੰਸੀਆਂ ਨੂੰ ਫ਼ਾਇਦਾ ਪਹੁੰਚਾ ਸਕਦੀ ਹੈ। ਇਸ ਤੋਂ ਇਲਾਵਾ ਭਾਰਤ ਵੱਲੋਂ 50,000 ਮਜ਼ਦੂਰ ਇਜ਼ਰਾਈਲ ਭੇਜਣ ’ਤੇ ਵੀ ਸਹਿਮਤੀ ਦਿੱਤੀ ਗਈ, ਜਿਸ ਨਾਲ ਉੱਥੇ ਪਹਿਲਾਂ ਤੋਂ ਕੰਮ ਕਰ ਰਹੇ ਫ਼ਲਸਤੀਨੀ ਮਜ਼ਦੂਰਾਂ ਦੀ ਰੋਜ਼ੀ-ਰੋਟੀ ਪ੍ਰਭਾਵਿਤ ਹੋ ਸਕਦੀ ਹੈ।

ਈਰਾਨ ਦੇ ਵਿਦੇਸ਼ ਮੰਤਰੀ ਨੇ ਸਹਾਇਤਾ ਲਈ ਕਈ ਦੇਸ਼ਾਂ ਨਾਲ ਸੰਪਰਕ ਕੀਤਾ, ਪਰ ਭਾਰਤ ਨਾਲ ਨਹੀਂ। ਇਸ ਪ੍ਰਕਿਰਿਆ ਵਿੱਚ ਅਸੀਂ ਆਪਣੇ ਇੱਕ ਪਰਖੇ ਹੋਏ ਦੋਸਤ ਈਰਾਨ ਨੂੰ ਗੁਆਉਂਦੇ ਦਿਖਾਈ ਦੇ ਰਹੇ ਹਾਂ, ਜਦਕਿ ਇਸ ਦੇ ਬਦਲੇ ਵਿੱਚ ਕੁਝ ਖ਼ਾਸ ਹਾਸਲ ਨਹੀਂ ਕੀਤਾ। ਹੁਣ ਇਹ ਵਧਦਾ ਹੋਇਆ ਲੱਗਦਾ ਹੈ ਕਿ ਮੌਜੂਦਾ ਭੂ-ਰਾਜਨੀਤੀ ਵਿੱਚ ਭਾਰਤ ਨੂੰ ਅਮਰੀਕਾ-ਇਜ਼ਰਾਈਲ ਰਣਨੀਤੀ ਦਾ ਇੱਕ ਜੂਨੀਅਰ ਸਾਥੀ ਸਮਝਿਆ ਜਾ ਰਿਹਾ ਹੈ, ਜੋ ਸਾਡੀ ਵਿਦੇਸ਼ ਨੀਤੀ ’ਤੇ ਇੱਕ ਦੁਖਦਾਈ ਛਾਪ ਹੈ।

# ਸੰਪਰਕ : 94170-00360

# ਖ਼ੁਦਕੁਸ਼ੀਆਂ ਦਾ ਵਧਦਾ ਰੁਝਾਨ ਚਿੰਤਾਜਨਕ


ਸੰਜੀਵ ਸਿੰਘ ਸੈਣੀ

ਅੱਜ ਦੀ ਭੱਜ-ਦੌੜ ਵਾਲੀ ਜ਼ਿੰਦਗੀ ਵਿੱਚ ਹਰ ਇਨਸਾਨ ਮੰਜ਼ਿਲ ਤੱਕ ਪੁੱਜਣਾ ਚਾਹੁੰਦਾ ਹੈ। ਹਰ ਇਨਸਾਨ ਕਾਮਯਾਬ ਹੋਣਾ ਚਾਹੁੰਦਾ ਹੈ। ਲਾਜ਼ਮੀ ਵੀ ਹੈ। ਮੰਜ਼ਿਲ ਨੂੰ ਸਰ ਕਰਨ ਲਈ ਹਰ ਇਨਸਾਨ ਲਈ ਬਹੁਤ ਚੁਣੌਤੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਟੀਚੇ ’ਤੇ ਹਮੇਸ਼ਾ ਉਹੀਂ ਲੋਕ ਪਹੁੰਚਦੇ ਹਨ, ਜੋ ਮੁਸੀਬਤਾਂ ਨੂੰ ਖਿੜੇ ਮੱਥੇ ਸਵੀਕਾਰ ਕਰ ਲੈਂਦੇ ਹਨ। ਅਸਫ਼ਲ ਹੋਣ ’ਤੇ ਗਲਤੀਆਂ ਨੂੰ ਸਿੱਖ ਕੇ ਅਸਫ਼ਲਤਾ ਨੂੰ ਸਫ਼ਲਤਾ ਵਿੱਚ ਬਦਲਿਆ ਜਾ ਸਕਦਾ ਹੈ। ਪ੍ਰਮਾਤਮਾ ਨੇ ਸੋਹਣੀ ਕਾਇਨਾਤ ਦੀ ਸਿਰਜਣਾ ਕੀਤੀ ਹੈ। ਸਿਰਫ਼ ਇਨਸਾਨ ਕੋਲ ਹੀ ਆਪਣੇ ਚੰਗੇ ਮਾੜੇ ਪਰਖ਼ ਕਰਨ ਦੀ ਲਿਆਕਤ ਹੈ। ਜ਼ਿੰਦਗੀ ਖ਼ੂਬਸੂਰਤ ਹੈ। ਇਸ ਜ਼ਿੰਦਗੀ ਵਿੱਚ ਉਤਾਰ-ਚੜ੍ਹਾਅ ਆਉਂਦੇ ਰਹਿੰਦੇ ਹਨ। ਜਦੋਂ ਕੋਈ ਦੁੱਖ ਆਉਂਦਾ ਹੈ, ਉਸ ਦੀ ਵੀ ਇੱਕ ਸੀਮਾ ਹੁੰਦੀ ਹੈ। ਥੋੜ੍ਹਾ ਸਮਾਂ ਖਰਾਬ ਹੋ ਸਕਦਾ ਹੈ, ਪਰ ਸਾਰੀ ਜ਼ਿੰਦਗੀ ਖ਼ਰਾਬ ਨਹੀਂ ਹੋ ਸਕਦੀ। ਨਿਮਰਤਾ, ਪ੍ਰੀਤ, ਪਿਆਰ ਤੇ ਸਤਿਕਾਰ ਮਨੁੱਖੀ ਜੀਵਨ ਦੇ ਗਹਿਣੇ ਹੁੰਦੇ ਹਨ। ਸਕਾਰਾਤਮਕ ਸੋਚ ਰੱਖਣੀ ਚਾਹੀਦੀ ਹੈ।

ਦਿਨ ਪ੍ਰਤੀ ਦਿਨ ਅਸੀਂ ਆਪਣੇ ਆਲੇ-ਦੁਆਲੇ, ਅਖਬਾਰਾਂ ਵਿੱਚ ਖ਼ੁਦਕੁਸ਼ੀ ਕਰਨ ਦੀਆਂ ਖ਼ਬਰਾਂ ਆਮ ਸੁਣਦੇ ਹਾਂ। ਉਦਾਸੀ ਨਿਰਾਸ਼ਤਾ ਨੂੰ ਪੈਦਾ ਕਰ ਦਿੰਦੀ ਹੈ ਤੇ ਨਿਰਾਸ਼ ਹੋਏ ਵਿਅਕਤੀ ਨੂੰ ਲੱਗਦਾ ਹੈ ਕਿ ਉਸ ਲਈ ਸਾਰੇ ਰਸਤੇ ਬੰਦ ਹੋ ਗਏ ਹਨ। ਫ਼ਿਰ ਉਹ ਖੁਦਕੁਸ਼ੀ ਦੇ ਰਾਹ ’ਤੇ ਚੱਲ ਪੈਂਦਾ ਹੈ। ਅੱਜ ਦੇ ਜ਼ਮਾਨੇ ਵਿੱਚ ਹਰ ਇਨਸਾਨ ਇੱਕ ਦੂਜੇ ਨੂੰ ਪਛਾੜ ਕੇ ਅੱਗੇ ਵੱਧਣਾ ਚਾਹੁੰਦਾ ਹੈ। ਮੁਕਾਬਲਾ ਬਹੁਤ ਹੈ। ਜਦੋਂ ਬੱਚਾ ਛੇਵੀਂ -ਸੱਤਵੀਂ ਕਲਾਸ ਵਿੱਚ ਪੜ੍ਹਦਾ ਹੈ ਤਾਂ ਮਾਂ-ਪਿਓ ਕਹਿਣਾ ਸ਼ੁਰੂ ਕਰ ਦਿੰਦੇ ਹਨ ਕਿ ਤੂੰ ਦਸਵੀਂ ਤੋਂ ਬਾਅਦ ਇਸ ਖੇਤਰ ਵਿੱਚ ਜਾਣਾ ਹੈ। ਜ਼ਰੂਰੀ ਨਹੀਂ ਹੈ ਕਿ ਤੁਹਾਡਾ ਬੱਚਾ ਉਸ ਖੇਤਰ ਵਿੱਚ ਸਫ਼ਲ ਹੋਏ। ਜਦੋਂ ਅਜਿਹੇ ਹਾਲਾਤ ਬਣ ਜਾਣ ਤਾਂ ਨਮੋਸ਼ੀ ਮੰਨ ਕੇ ਉਹ ਖ਼ੁਦਕੁਸ਼ੀ ਨੂੰ ਗਲ਼ ਲਾ ਲੈਂਦਾ ਹੈ।

ਜੇ ਕਿਸਾਨਾਂ ਦੀ ਗੱਲ ਕਰੀਏ ਤਾਂ ਕਿਸਾਨਾਂ ਨੇ ਵੀ ਖ਼ੁਦਕੁਸ਼ੀ ਕੀਤੀ ਹੈ। ਮਹਾਰਾਸ਼ਟਰ ਦੇ ਕਈ ਪਿੰਡਾਂ ਦੇ ਕਿਸਾਨਾਂ ਦਾ ਜੋ ਅੰਕੜਾ ਆਇਆ, ਉਹ ਹੈਰਾਨ ਕਰਨ ਵਾਲਾ ਹੈ। ਖੇਤੀਬਾੜੀ ਨੂੰ ਸਦਾ ਮੁਲਕ ਦੀ ਰੀੜ੍ਹ ਦੀ ਹੱਡੀ ਮੰਨਿਆ ਜਾਂਦਾ ਹੈ। 70 ਪ੍ਰਤੀਸ਼ਤ ਮੁਲਕ ਦੀ ਆਬਾਦੀ ਖੇਤੀ ’ਤੇ ਨਿਰਭਰ ਹੈ। ਖੇਤੀ ਹੇਠਲੇ ਘੱਟ ਰਕਬੇ ਤੇ ਮਹਿੰਗਾਈ ਦੀ ਮਾਰ ਨੇ ਕਿਸਾਨਾਂ ਦਾ ਲੱਕ ਤੋੜ ਦਿੱਤਾ ਹੈ। ਹੁਣ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਹੜ੍ਹਾਂ ਕਾਰਨ ਬਹੁਤ ਨੁਕਸਾਨ ਹੋਇਆ। ਹਰੀ-ਭਰੀ ਫਸਲ ਤਬਾਹ ਹੋ ਗਈ। ਪਹਿਲਾਂ ਹੀ ਕਿਸਾਨਾਂ ਤੇ ਕਰਜ਼ੇ ਦੀ ਭੰਡ ਬਹੁਤ ਭਾਰੀ ਸੀ। ਜ਼ਮੀਨਾਂ ਵਿੱਚ ਛੇ-ਛੇ -ਸੱਤ-ਸੱਤ ਫੁੱਟ ਰੇਤ ਚੜ੍ਹ ਗਿਆ। ਬੋਰ ਖ਼ਰਾਬ ਹੋ ਗਏ ਹਨ। ਹਰ ਵਾਰ ਕਿਸਾਨਾਂ ਨੂੰ ਦਰਪੇਸ਼ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਜੇ ਫ਼ਸਲ ਵਧੀਆ ਹੋ ਜਾਵੇ ਤਾਂ ਉਸ ਦਾ ਵਾਜਿਬ ਮੁੱਲ ਨਹੀਂ ਮਿਲ ਪਾਉਂਦਾ। ਮਜ਼ਦੂਰਾਂ ਦੀ ਹਾਲਤ ਵੀ ਸਹੀ ਨਹੀਂ।

ਹਾਲ ਹੀ ਵਿੱਚ ਖ਼ਬਰ ਪੜੀ ਕਿ ਇੱਕ ਐਮ ਬੀ ਬੀ ਐਸ ਡਾਕਟਰ ਨੇ ਫਾਹਾ ਲੈ ਕੇ ਖ਼ੁਦਕੁਸ਼ੀ ਕਰ ਲਈ। ਮੈਡੀਕਲ ਕਾਲਜ ਵਿੱਚ ਇਹ ਕੁੜੀ ਇੰਟਰਨਸ਼ਿਪ ਕਰ ਰਹੀ ਸੀ। ਖ਼ਬਰਾਂ ਮੁਤਾਬਕ ਲੜਕੀ ਐੱਮ ਬੀ ਬੀ ਐੱਸ ਤੋਂ ਬਾਅਦ ਐੱਮ ਡੀ ਦੀ ਤਿਆਰੀ ਕਰ ਰਹੀ ਸੀ, ਜਿਸ ਕਾਰਨ ਉਹ ਕਾਫ਼ੀ ਤਣਾਅ ਵਿੱਚ ਸੀ। ਦੇਖੋ ਮਾਂ-ਬਾਪ ਦੇ ਕਿੰਨੇ ਸੁਪਨੇ ਹੋਣੇ ਕਿ ਸਾਡੀ ਬੇਟੀ ਵੱਡੀ ਡਾਕਟਰ ਬਣੇਗੀ। ਲੋਕਾਂ ਦਾ ਇਲਾਜ ਕਰੇਗੀ। ਅੱਜ ਕਿਹੜੇ ਹਾਲਤਾਂ ਵਿੱਚ ਮਾਂ-ਬਾਪ ਨੂੰ ਖੜਾ ਕਰ ਦਿੱਤਾ? ਕਿਹੋ ਜਿਹਾ ਸਮਾਂ ਆ ਚੁੱਕਿਆ ਹੈ ਕਿ ਲੋਕਾਂ ਵਿੱਚ ਸਹਿਣਸ਼ੀਲਤਾ ਨਹੀਂ ਰਹੀ। ਬੱਚੇ ਕਿਉਂ ਮਾਂ-ਬਾਪ ਨਾਲ ਆਪਣੇ ਦਿਲ ਦੀ ਗੱਲ ਨਹੀਂ ਕਰ ਪਾਉਂਦੇ?

ਵਿਸ਼ਵ-ਸੰਗਠਨ ਮੁਤਾਬਕ ਵਿਸ਼ਵੀ ਜੰਗਾਂ ਤੇ ਮਹਾਂਮਾਰੀਆਂ ਦੇ ਮੁਕਾਬਲੇ ਖੁਦਕੁਸ਼ੀ ਦਾ ਰੁਝਾਨ ਜਿਆਦਾ ਵਧ ਗਿਆ ਹੈ। ਡਾਕਟਰ ਕੋਲ ਜਾਣ ਵਾਲੇ ਦਸ ਵਿੱਚੋਂ ਛੇ ਲੋਕ ਤਣਾਅ ਦਾ ਸ਼ਿਕਾਰ ਹਨ। ਅਮਰੀਕਾ ਦੇ ਮੁਕਾਬਲੇ ਭਾਰਤ ਵਿੱਚ ਖੁਦਕੁਸ਼ੀਆਂ ਦੀ ਦਰ ਕਾਫੀ ਵੱਧ ਹੈ। ਦਿਨ ਪ੍ਰਤੀ ਦਿਨ ਇਹ ਸਮੱਸਿਆ ਭਿਆਨਕ ਰੂਪ ਧਾਰ ਰਹੀ ਹੈ। ਪੂਰੇ ਭਾਰਤ ਵਿੱਚ ਇੱਕ ਦਿਨ ਵਿੱਚ 350 ਤੋਂ ਵੱਧ ਖੁਦਕੁਸ਼ੀਆਂ ਹੋਣ ਦਾ ਅੰਕੜਾ ਆਇਆ ਹੈ। ਖੁਦਕੁਸ਼ੀ ਕਰਨ ਵਿੱਚ ਮਰਦ ਜ਼ਿਆਦਾ ਹਨ। ਜੇ ਮਹਾਨਗਰਾਂ ਦੀ ਗੱਲ ਕਰੀਏ ਤਾਂ ਉਸ ਵਿੱਚ ਚੇਨਈ ਸਭ ਤੋਂ ਸਿਖਰ ’ਤੇ ਹੈ।

ਕੋਈ ਆਪਣੇ ਘਰੇਲੂ ਝਗੜੇ ਕਾਰਨ ਤੇ ਕੋਈ ਆਪਣੇ ਦਫ਼ਤਰਾਂ ਵਿੱਚ ਸੀਨੀਅਰਾਂ ਕਰਕੇ ਖ਼ੁਦਕੁਸ਼ੀ ਨੂੰ ਤਰਜੀਹ ਦੇ ਰਿਹਾ ਹੈ। ਇੱਕ ਹੋਰ 25 ਸਾਲਾ ਨੌਜਵਾਨ ਨੇ ਫਾਹਾ ਲੈ ਕੇ ਖੁਦਕੁਸ਼ੀ ਕੀਤੀ। ਇਹ ਨੌਜਵਾਨ ਇਮੀਗ੍ਰੇਸ਼ਨ ਦੇ ਦਫਤਰ ’ਚ ਕੰਮ ਕਰਦਾ ਸੀ ਤੇ ਇਮੀਗ੍ਰੇਸ਼ਨ ਮਾਲਕ ਵੱਲੋਂ ਉਸ ਨੂੰ ਤੰਗ-ਪਰੇਸ਼ਾਨ ਕੀਤਾ ਜਾ ਰਿਹਾ ਸੀ। ਪੁਲਿਸ ਕਾਰਵਾਈ ਹੋਈ। ਉੱਧਰ ਇਮੀਗ੍ਰੇਸ਼ਨ ਦਫ਼ਤਰ ਦੇ ਮਾਲਕਾਂ ਨੇ ਦੋਸ਼ਾਂ ਨੂੰ ਨਕਾਰਦੇ ਹੋਏ ਕਿਹਾ ਕਿ ਉਕਤ ਨੌਜਵਾਨ ਨੇ ਦਫਤਰ ਵਿੱਚ ਕੰਮ ਕਰਾਉਣ ਆਉਂਦੇ ਲੋਕਾਂ ਨਾਲ ਠੱਗੀ ਮਾਰੀ ਸੀ। ਖੁਦਕੁਸ਼ੀ ਕਿਸੇ ਸਮੱਸਿਆ ਦਾ ਹੱਲ ਨਹੀਂ। ਇੱਕ ਹੋਰ ਖ਼ਬਰ ਸੁਣਨ ਨੂੰ ਮਿਲੀ ਕਿ ਇੱਕ ਲੜਕੀ ਨੇ ਮਤਰੇਈ ਮਾਂ ਦੇ ਵਿਹਾਰ ਤੋਂ ਤੰਗ ਆ ਕੇ ਫਾਹਾ ਲੈ ਲਿਆ। ਅਕਸਰ ਪਰਿਵਾਰਾਂ ਵਿਚ ਤਕਰਾਰ ਹੋ ਜਾਂਦਾ ਹੈ। ਇੱਕ ਹੋਰ ਖ਼ਬਰ ਸੁਣਨ ਨੂੰ ਮਿਲੀ ਕਿ ਇੱਕ ਔਰਤ ਨੇ ਆਪਣੇ ਹੀ ਪਿੰਡ ਦੇ ਪਤੀ-ਪਤਨੀ ਤੋਂ ਤੰਗ ਆ ਕੇ ਖੁਦਕੁਸ਼ੀ ਕਰ ਲਈ। ਕੋਈ ਜ਼ਹਿਰੀਲੀ ਚੀਜ਼ ਖਾ ਕੇ ਉਸ ਨੇ ਆਪਣੀ ਜੀਵਨ ਲੀਲਾ ਖ਼ਤਮ ਕਰ ਲਈ। ਚੇਤੇ ਕਰਵਾ ਦੇਈਏ ਕਿ ਜ਼ਿੰਦਗੀ ਸਾਨੂੰ ਇੱਕ ਵਾਰ ਮਿਲੀ ਹੈ, ਬਾਰ-ਬਾਰ ਨਹੀਂ ਮਿਲਦੀ।

ਅਕਸਰ ਅਸੀਂ ਦੇਖਦੇ ਹਾਂ ਕਿ ਘਰ ਵਿੱਚ ਇੱਕ ਮੈਂਬਰ ਦਾ ਸੁਭਾਅ ਬੜਾ ਕੱਬਾ ਹੁੰਦਾ ਹੈ, ਜੇ ਉਸ ਇਨਸਾਨ ਦਾ ਸੁਭਾਅ ਗਰਮ ਹੈ, ਤਾਂ ਬਾਕੀ ਮੈਂਬਰਾਂ ਨੂੰ ਸ਼ਾਂਤ ਰਹਿਣਾ ਚਾਹੀਦਾ ਹੈ। ਕਹਿੰਦੇ ਵੀ ਹਨ ਕਿ ਲੱਸੀ ਤੇ ਲੜਾਈ ਨੂੰ ਜਿੰਨਾ ਮਰਜ਼ੀ ਵਧਾ ਲਓ। ਬੱਚਿਆਂ ਦੀ ਗੱਲ ਕਰੀਏ ਤਾਂ ਬੱਚਿਆਂ ਵਿੱਚ ਬਿਲਕੁਲ ਵੀ ਸਹਿਣਸ਼ੀਲਤਾ ਨਹੀਂ। ਜੇ ਬੱਚੇ ਗਲਤ ਹੁੰਦੇ ਹਨ ਤਾਂ ਮਾਂ-ਪਿਓ ਨੂੰ ਅੱਜ ਏਨਾ ਵੀ ਹੱਕ ਨਹੀ ਰਿਹਾ ਕਿ ਉਹਨਾਂ ਨੂੰ ਝਿੜਕ ਦੇਣ। ਜੇ ਤੁਹਾਡਾ ਕਿਸੇ ਗੱਲ ਨੂੰ ਲੈ ਕੇ ਪਰਿਵਾਰ ਵਿੱਚ ਮਨਮੁਟਾਵ ਹੈ ਤਾਂ ਕਿਸੇ ਪਾਰਕ ਵਿੱਚ ਚਲੇ ਜਾਓ, ਗੁਰੂ ਘਰ ਜਾਓ। ਕਹਿਣ ਦਾ ਭਾਵ ਹੈ ਕਿ ਕੋਈ ਵੀ ਅਜਿਹਾ ਗ਼ਲਤ ਕਦਮ ਨਾ ਉਠਾਓ, ਜਿਸ ਨਾਲ ਕੱਲ੍ਹ ਨੂੰ ਪਰਿਵਾਰਕ ਮੈਂਬਰਾਂ ਨੂੰ ਸ਼ਰਮਿੰਦਾ ਹੋਣਾ ਪਵੇ।

ਜ਼ਿੰਦਗੀ ਵਿੱਚ ਆਏ ਉਤਾਰ- ਚੜ੍ਹਾਵਾਂ ਨੂੰ ਸਹਿਜਤਾ ਨਾਲ ਲਿਆ ਜਾਣਾ ਚਾਹੀਦਾ ਹੈ। ਹਰ ਹਾਲਾਤ ਨਾਲ ਨਜਿੱਠਣਾ ਚਾਹੀਦਾ ਹੈ। ਅੱਜ ਦੇ ਜ਼ਮਾਨੇ ਵਿੱਚ ਹਰ ਮੁਸੀਬਤ ਦਾ ਹੱਲ ਹੈ। ਪਰਮਾਤਮਾ ਨੇ ਸੁਖ ਸਾਧਨ ਸਾਡੇ ਲਈ ਬਣਾਏ ਹਨ, ਉਹਨਾਂ ਦਾ ਆਨੰਦ ਲੈਣਾ ਚਾਹੀਦਾ ਹੈ। ਅੱਜ ਇਨਸਾਨ ਵਰਤਮਾਨ ਵਿੱਚ ਜਿਉਣਾ ਭੁੱਲ ਚੁੱਕਿਆ ਹੈ। ਉਸ ਨੂੰ ਭਵਿੱਖ ਦੀ ਚਿੰਤਾ ਜ਼ਿਆਦਾ ਸਤਾ ਰਹੀ ਹੈ। ਅਕਸਰ ਸਾਡੇ ਸਾਹਮਣੇ ਕਈ ਅਜਿਹੇ ਧਾਰਮਿਕ ਬਿਰਤੀ ਵਾਲੇ ਲੋਕ ਹੁੰਦੇ ਹਨ, ਜੋ ਵਰਤਮਾਨ ਵਿੱਚ ਵਧੀਆ ਜ਼ਿੰਦਗੀ ਬਸਰ ਕਰਦੇ ਹਨ। ਉਹ ਕਹਿੰਦੇ ਹਨ ਕਿ ਜ਼ਿੰਦਗੀ ਵਿੱਚ ਜੋ ਵੀ ਕੁਝ ਵਾਪਰ ਰਿਹਾ ਹੈ, ਉਸ ਨੂੰ ਖਿੜੇ ਮੱਥੇ ਪ੍ਰਵਾਨ ਕਰ ਲੈਣਾ ਚਾਹੀਦਾ ਹੈ।

ਜ਼ਿੰਦਗੀ ਬਹੁਤ ਖ਼ੂਬਸੂਰਤ ਹੈ। ਕਦੇ ਵੀ ਮਾੜੇ ਖਿਆਲ ਆਪਣੇ ਦਿਮਾਗ ਵਿੱਚ ਲੈ ਕੇ ਨਾ ਆਵੋ। ਅਸੀਂ ਇਸ ਧਰਤੀ ’ਤੇ ਬਾਰ-ਬਾਰ ਥੋੜ੍ਹੀ ਆਉਣਾ ਹੈ। ਅੱਜਕੱਲ ਦੀ ਜ਼ਿੰਦਗੀ ਤਾਂ ਵੈਸੇ ਵੀ ਟੈਨਸ਼ਨ ਨਾਲ ਭਰੀ ਹੋਈ ਹੈ। ਛੋਟੀ ਛੋਟੀ ਉਮਰ ਵਿੱਚ ਹੀ ਬੱਚਿਆਂ ਨੂੰ ਅਟੈਕ ਹੋ ਰਹੇ ਹਨ। ਟੈਨਸ਼ਨ ਨਾ ਲਵੋ। ਹੱਸ ਖੇਡ ਕੇ ਸਮਾਂ ਗੁਜ਼ਾਰੋ। ਮਾੜਾ ਸਮਾਂ ਵੀ ਲੰਘ ਜਾਂਦਾ ਹੈ। ਸਾਨੂੰ ਸਬਰ ਸੰਤੋਖ ਵਿੱਚ ਰਹਿ ਕੇ ਹੀ ਉਸ ਵਿੱਚੋਂ ਨਿਕਲਣਾ ਹੁੰਦਾ ਹੈ। ਜ਼ਿੰਦਗੀ ਦੇ ਹਰ ਪਲ ਨੂੰ ਵਧੀਆ ਤਰੀਕੇ ਨਾਲ ਹੰਢਾਉਣਾ ਚਾਹੀਦਾ ਹੈ।

# ਸੰਪਰਕ : 78889-66168

# ਆਂਗਣਵਾੜੀ ਵਰਕਰ-ਹੈਲਪਰ 11 ਨੂੰ ਮੁਹਾਲੀ 'ਚ ਕਰਨਗੇ ਰੋਸ ਰੈਲੀ : ਸਰੋਜ ਛਪੜੀ ਵਾਲਾ



**ਜਲਾਲਾਬਾਦ (ਜੀਤ ਕੁਮਾਰ)** ਆਲ ਇੰਡੀਆ ਆਂਗਣਵਾੜੀ ਵਰਕਰ-ਹੈਲਪਰ ਯੂਨੀਅਨ ਪੰਜਾਬ (ਏਟਕ) ਦੇ ਸੂਬਾ ਪ੍ਰਧਾਨ ਸਰੋਜ ਛਪੜੀ ਵਾਲਾ ਨੇ ਪ੍ਰੈੱਸ ਰਾਹੀਂ ਜਾਣਕਾਰੀ ਦਿੰਦਿਆਂ ਕਿਹਾ ਕਿ ਸਾਂਝੇ ਫਰੰਟ ਵੱਲੋਂ ਬਜਟ ਸੈਸ਼ਨ ਦੌਰਾਨ 8 ਮਾਰਚ ਤੋਂ 11 ਮਾਰਚ ਤੱਕ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਆਂਗਣਵਾੜੀ ਵਰਕਰ-ਹੈਲਪਰ 11 ਮਾਰਚ 2026 ਨੂੰ ਵੱਡੀ ਗਿਣਤੀ ਵਿੱਚ ਮੁਹਾਲੀ ਪਹੁੰਚਣਗੀਆਂ। ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਚੋਣ ਮੈਨੀਫੈਸਟੋ ਵਿੱਚ ਵਰਕਰ-ਹੈਲਪਰ ਦਾ ਮਾਣ ਭੱਤਾ ਦੁੱਗਣਾ ਕਰਨ ਦਾ ਵਾਅਦਾ ਕੀਤਾ ਸੀ, ਪਰ ਪੰਜਾਬ ਸਰਕਾਰ ਨੇ ਮਾਣ ਭੱਤਾ ਡਬਲ ਤਾਂ ਕੀ ਕਰਨਾ ਸੀ, ਉਲਟਾ ਵਰਕਰ-ਹੈਲਪਰ ਦੀਆਂ ਪਹਿਲਾਂ ਨਾਲੋਂ ਵੀ ਮੁਸ਼ਕਲਾਂ ਵਧਾ ਦਿੱਤੀਆਂ ਅਤੇ ਆਪਣੇ ਵਾਅਦੇ ਅਨੁਸਾਰ ਨਾ ਹੀ ਆਂਗਣਵਾੜੀ ਸੈਂਟਰਾਂ ਦੇ ਬੱਚੇ ਵਾਪਸ ਕੀਤੇ।

2016 ਤੋਂ ਪਹਿਲਾਂ ਭਰਤੀ ਹੋਈ ਆਂਗਣਵਾੜੀ ਵਰਕਰ-ਹੈਲਪਰ ਦੀ ਰਿਟਾਇਰਮੈਂਟ ਉਮਰ 70 ਸਾਲ ਹੈ, ਪਰ ਪੰਜਾਬ ਸਰਕਾਰ ਨੇ ਪ੍ਰਮੋਸ਼ਨ ਕਰਵਾਉਣ ਵਾਲੀ ਹੈਲਪਰ ਤੇ ਬਦਲੀ ਕਰਵਾਉਣ ਵਾਲੀ ਵਰਕਰ-ਹੈਲਪਰ ਦੀ ਰਿਟਾਇਰਮੈਂਟ 60 ਸਾਲ ਕਰ ਦਿੱਤੀ। ਕਦੇ ਵੀ ਅਜਿਹਾ ਨਹੀਂ ਹੋਇਆ ਕਿ ਕਿਸੇ ਮੁਲਾਜ਼ਮ ਦੀ ਰਿਟਾਇਰਮੈਂਟ ਉਮਰ 58 ਸਾਲ ਹੋਵੇ ਤੇ ਬਦਲੀ ਤੇ ਪ੍ਰਮੋਸ਼ਨ ਕਰਵਾਉਣ ਵੇਲੇ 48 ਸਾਲ ਹੋ ਜਾਵੇ।

ਇਹ ਵਰਕਰ-ਹੈਲਪਰ ਨਾਲ ਘੋਰ ਬੇਨਸਾਫੀ ਹੈ। ਹੈਲਪਰ ਦੀ ਪ੍ਰਮੋਸ਼ਨ 'ਤੇ ਇੱਕ ਸਾਲ ਦਾ ਇੰਕਰੀਮੈਂਟ ਵੀ ਕੱਟ ਲਿਆ ਗਿਆ ਤੇ ਨਾ ਕੋਈ ਗ੍ਰੈਚੁਟੀ ਦਿੱਤੀ ਗਈ। ਅੱਜ ਸਾਰਾ ਕੰਮ ਪੋਸ਼ਣ ਟਰੈਕਰ ਦਾ ਮੋਬਾਈਲ ਤੋਂ ਕਰਵਾਇਆ ਜਾ ਰਿਹਾ ਹੈ। ਉਸ ਲਈ ਨਾ ਤਾਂ ਕੋਈ ਮੋਬਾਈਲ ਦਿੱਤਾ ਗਿਆ ਤੇ ਨਾ ਹੀ ਪੂਰਾ ਫੋਨ ਰੀਚਾਰਜ ਦਿੱਤਾ ਗਿਆ। 2011 ਤੋਂ ਹੀ ਟੀ ਏ 20 ਰੁਪਏ ਦਿੱਤਾ ਜਾ ਰਿਹਾ ਹੈ। ਉਸ ਵਿੱਚ ਵੀ ਕੋਈ ਵਾਧਾ ਨਹੀਂ ਕੀਤਾ ਗਿਆ ਤੇ ਨਾ ਹੀ ਐਡੀਸ਼ਨਲ ਚਾਰਜ ਵਿੱਚ ਵਾਧਾ ਕੀਤਾ ਗਿਆ। ਜੋ ਆਂਗਣਵਾੜੀ ਸੈਂਟਰਾਂ ਵਿੱਚ ਬੱਚੇ ਆਉਂਦੇ ਹਨ, ਉਨ੍ਹਾਂ ਲਈ ਦਰੀ ਤੱਕ ਦਾ ਪ੍ਰਬੰਧ ਨਹੀਂ ਕੀਤਾ ਗਿਆ, ਪਰ ਦੂਜੇ ਪਾਸੇ ਪੰਜਾਬ ਸਰਕਾਰ ਝੂਠੇ ਵੱਡੇ ਵੱਡੇ ਦਾਅਵੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜਦੋਂ ਦੇ ਸੱਤਾ ਵਿੱਚ ਆਏ ਹਨ, ਇੱਕ ਵਾਰ ਵੀ ਮੀਟਿੰਗ ਨਹੀਂ ਦਿੱਤੀ ਗਈ। ਮਹਿਕਮੇ ਦੇ ਮੰਤਰੀ ਨਾਲ ਮੀਟਿੰਗਾਂ ਹੋਈਆਂ, ਪਰ ਕਦੇ ਵੀ ਕਿਸੇ ਮੀਟਿੰਗ ਤੋਂ ਮੰਗਾਂ ਦਾ ਹੱਲ ਨਹੀਂ ਨਿਕਲਿਆ, ਹਰ ਵਾਰ ਨਿਰਾਸ਼ਾ ਹੀ ਹੋਈ। ਉਨ੍ਹਾਂ ਚੇਤਾਵਨੀ ਦਿੰਦੇ ਕਿਹਾ ਕਿ ਜੇ ਮੰਗਾਂ ਦਾ ਹੱਲ ਨਾ ਹੋਇਆ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।

# ਭਾਰਤੀ ਮਜ਼ਦੂਰ ਸੰਘ ਦੇ ਆਗੂ ਐਡਵੋਕੇਟ ਵਿਜੇ ਧੀਰ 50 ਸਾਥੀਆਂ ਸਮੇਤ ਅਕਾਲੀ ਦਲ 'ਚ ਸ਼ਾਮਲ

## ਐਡਵੋਕੇਟ ਵਿਜੇ ਧੀਰ ਦੇ ਸ਼ਾਮਲ ਹੋਣ 'ਤੇ ਮੋਗਾ 'ਚ ਪਾਰਟੀ ਹੋਵੇਗੀ ਹੋਰ ਮਜ਼ਬੂਤ : ਸੁਖਬੀਰ ਬਾਦਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਇੰਟਕ ਦੇ ਸਾਬਕਾ ਪ੍ਰਧਾਨ ਤੇ ਭਾਰਤੀ ਮਜ਼ਦੂਰ ਸੰਘ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਵਿਜੇ ਧੀਰ ਆਪਣੇ ਕਰੀਬ 50 ਸਾਥੀਆਂ ਸਮੇਤ ਅਕਾਲੀ ਦਲ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੇ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਸਿਰੋਪੇ ਵੱਲੋਂ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਸਵਾਗਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਐਡਵੋਕੇਟ ਵਿਜੇ ਧੀਰ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਮੋਗਾ ਜ਼ਿਲ੍ਹੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਜੋ ਵੀ ਅਕਾਲੀ ਦਲ ਵਿੱਚ ਸ਼ਾਮਲ ਹੋਵੇਗਾ, ਉਸ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।ਉਨ੍ਹਾਂ ਸਮੁੱਚੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ 22 ਮਾਰਚ ਨੂੰ ਮੋਗਾ 'ਚ ਹੋਣ ਜਾ ਰਹੀ ਪੰਜਾਬ ਬਚਾਓ ਰੈਲੀ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਸ਼ਾਮਲ ਹੋਣ ਦੀ ਅਪੀਲ ਵੀ ਕੀਤੀ।ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਮੌਜੂਦਾ ਹਾਲਾਤਾਂ ਦੇ ਖਿਲਾਫ ਲੋਕਾਂ ਦੀ ਆਵਾਜ਼ ਬਣੇਗੀ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਵਿੱਚ ਜਿੰਨਾ ਵੀ ਵਿਕਾਸ ਹੋਇਆ ਹੈ, ਉਹ ਅਕਾਲੀ ਦਲ ਦੀ ਸਰਕਾਰ ਮੌਕੇ ਹੀ ਸੰਭਵ ਹੋਇਆ ਹੈ। ਉਨ੍ਹਾਂ ਕਿਹਾ ਕਿ ਅੱਜ ਮੌਜੂਦਾ ਸਰਕਾਰ ਜੋ ਲੋਕਾਂ ਨੂੰ ਗੁੰਮਰਾਹ ਕਰਕੇ ਸੱਤਾ ਵਿੱਚ ਆਈ ਸੀ, ਉਹ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ। ਸੁਖਬੀਰ ਬਾਦਲ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੀ ਵਾਗਡੋਰ ਸੰਭਾਲਣ ਤਾਂ ਜੋ ਪੰਜਾਬ ਨੂੰ ਮੁੜ ਤੋਂ ਵਿਕਾਸ ਦੀਆਂ ਲੀਹਾਂ 'ਤੇ ਤੋਰ ਕੇ ਸੂਬੇ ਨੂੰ ਗੈਂਗਸਟਰਵਾਦ ਤੋਂ ਮੁਕਤ ਕਰਕੇ ਕਤਲੋ ਗਾਰਦ ਨੂੰ ਰੋਕਿਆ ਜਾ ਸਕੇ।

ਉਨ੍ਹਾ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਕਾਲੀ ਦਲ ਵਿੱਚ ਹੋਰ ਵੀ ਵੱਖ-ਵੱਖ ਪਾਰਟੀਆਂ ਦੇ ਆਗੂ ਸ਼ਾਮਲ ਹੋਣਗੇ।ਉਨ੍ਹਾਂ ਦਾਅਵਾ ਕੀਤਾ ਕਿ ਮੌਜੂਦਾ ਹਾਲਤਾਂ ਵਿੱਚ ਲੋਕ ਤੂਫ਼ਾਨ ਦੀ ਤਰ੍ਹਾਂ ਅਕਾਲੀ ਦਲ ਨਾਲ ਜੁੜ ਰਹੇ ਹਨ।ਸ੍ਰੀ ਬਾਦਲ ਨੇ ਕਿਹਾ ਕਿ ਪੰਜਾਬ ਦੀ ਲੋਕਾਂ ਨੇ ਪਿਛਲੇ ਪੰਜ ਸਾਲ ਕਾਂਗਰਸ ਤੇ ਹੁਣ ਪੰਜ ਸਾਲ ਆਮ ਆਦਮੀ ਪਾਰਟੀ ਦੇ ਰਾਜ ਦੌਰਾਨ ਭਾਰੀ ਮੁਸ਼ਕਲਾਂ ਦਾ ਸਾਹਮਣਾ ਕੀਤਾ ਹੈ ਅਤੇ ਲੋਕ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਬੇਹੱਦ ਨਾਰਾਜ਼ ਹਨ।ਸੁਖਬੀਰ ਬਾਦਲ ਨੇ ਕਿਹਾ ਕਿ ਸੂਬੇ ਨੂੰ ਬਚਾਉਣ ਲਈ ਅਕਾਲੀ ਦਲ ਦੀ ਸਰਕਾਰ ਆਉਣਾ ਬਹੁਤ ਜ਼ਰੂਰੀ ਹੈ।ਅਕਾਲੀ ਦਲ ਦੇ ਇਕੱਠੇ ਹੋਣ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਅਕਾਲੀ ਦਲ ਪੂਰੀ ਤਰ੍ਹਾਂ ਇਕੱਠਾ ਹੈ ਤੇ ਜੋ ਵੀ ਪਾਰਟੀ ਵਿੱਚ ਸ਼ਾਮਲ ਹੋਣਾ ਚਾਹੁੰਦਾ ਹੈ, ਪਾਰਟੀ ਉਸ ਦਾ ਸਵਾਗਤ ਕਰਦੀ ਹੈ।ਇਸ ਮੌਕੇ ਪ੍ਰਵੀਨ ਕੁਮਾਰ ਸ਼ਰਮਾ ਪ੍ਰਧਾਨ ਕ੍ਰਾਂਤੀਕਾਰੀ ਭੱਠਾ ਮਜ਼ਦੂਰ ਯੂਨੀਅਨ, ਕਰਮ ਚੰਦ ਚੰਡਾਲੀਆ ਸੂਬਾ ਪ੍ਰਧਾਨ ਮਿਡ ਡੇ ਮੀਲ ਕੁੱਕ ਯੂਨੀਅਨ, ਖੱਤਰੀ ਸਭਾ ਮੋਗਾ ਦੇ ਪ੍ਰਧਾਨ ਪ੍ਰੋਫੈਸਰ ਐੱਮ ਐੱਲ ਜੈਦਕਾ, ਲਖਵਿੰਦਰ ਸਿੰਘ ਭੁੱਲਰ ਪ੍ਰਧਾਨ ਮਿੰਨੀ ਕੈਂਟਰ ਯੂਨੀਅਨ ਮੋਗਾ, ਰਾਮ ਬਚਨ ਰਾਓ ਪ੍ਰਧਾਨ ਐੱਲ ਪੀ ਜੀ ਗੈਸ ਸਪਲਾਈ ਵਰਕਰ ਯੂਨੀਅਨ, ਸ਼ੰਕਰ ਪ੍ਰਧਾਨ ਨੈਸਲੇ ਠੇਕੇਦਾਰ ਲੇਬਰ ਯੂਨੀਅਨ, ਬੂਟਾ ਸਿੰਘ ਭੁੱਲਰ ਪ੍ਰਧਾਨ ਪਾਰਸ ਸਪਾਈਸਿਸ ਵਰਕਰ ਯੂਨੀਅਨ, ਗੁਰਪ੍ਰੀਤ ਸਿੰਘ, ਮੇਜਰ ਸਿੰਘ ਲੰਡੇ ਕੇ ਈ ਰਿਕਸ਼ਾ ਮਜ਼ਦੂਰ ਸੰਘ, ਸੋਨੂ ਬਹਿਲ ਕਿਸਾਨ ਸਪਲਾਈ ਲੱਕੜ ਮੰਡੀ ਯੂਨੀਅਨ, ਸੁਰਿੰਦਰ ਕੁਮਾਰ ਛਿੰਦਾ ਪ੍ਰਧਾਨ ਪਲੰਬਰ ਯੂਨੀਅਨ ਮੋਗਾ, ਕਮਲ ਸਿੰਘ ਪ੍ਰਧਾਨ ਪਲੰਬਰ ਯੂਨੀਅਨ ਧਰਮਕੋਟ, ਹਰਜਿੰਦਰ ਸਿੰਘ ਪ੍ਰਧਾਨ ਰਾਜ ਮਿਸਤਰੀ ਮਜ਼ਦੂਰ ਯੂਨੀਅਨ ਧਰਮਕੋਟ, ਸਤਪਾਲ ਸਿੰਘ ਭਾਗੀ ਕੇ, ਸਤਨਾਮ ਸਿੰਘ ਗੁਰਮੇਲ ਸਿੰਘ ਭੱਠਾ ਮਜ਼ਦੂਰ ਯੂਨੀਅਨ ਜ਼ਿਲਾ ਮੋਗਾ, ਬੂਟਾ ਸਿੰਘ, ਜਗਜੀਵ ਧੀਰ, ਰਵੀ ਧੀਰ, ਗੁਰਪਿੰਦਰ ਸਿੰਘ ਪ੍ਰਧਾਨ ਮਿੰਨੀ ਕੈਂਟਰ ਯੂਨੀਅਨ ਤਲਵੰਡੀ ਭਾਈ, ਮਨਦੀਪ ਸਿੰਘ ਪ੍ਰਧਾਨ ਮਿੰਨੀ ਕੈਂਟਰ ਯੂਨੀਅਨ ਲੁਧਿਆਣਾ, ਸੁਰਜੀਤ ਕੌਰ ਮਨਦੀਪ ਸ਼ਰਮਾ ਘਰੇਲੂ ਸੇਵਕ ਯੂਨੀਅਨ ਮੋਗਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜ਼ਰ ਸਨ।

# ਜਾਲ੍ਹੀ ਦਸਤਾਵੇਜ਼ ਪੇਸ਼ ਕਰਕੇ ਖਤਰਨਾਕ ਅਪਰਾਧੀਆਂ ਦੀਆਂ ਜ਼ਮਾਨਤਾਂ ਕਰਵਾਉਣ ਵਾਲੇ 3 ਕਾਬੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਪੁਲਸ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਮੁਹਿੰਮ ਤਹਿਤ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ ਮੋਗਾ ਦੀ ਪੁਲਸ ਪਾਰਟੀ ਵੱਲੋਂ 3 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਇੱਕ ਮੋਟਰਸਾਈਕਲ ਦੀ ਆਰ.ਸੀ, 11 ਜਾਲ੍ਹੀ ਅਧਾਰ ਕਾਰਡ ਤੇ ਜਾਲ੍ਹੀ ਮੈਂਬਰ ਪੰਚਾਇਤ ਦਾ ਆਈ ਡੀ ਕਾਰਡ ਬਰਾਮਦ ਕੀਤਾ ਗਿਆ।ਏ ਐੱਸ ਆਈ ਸੁਖਵਿੰਦਰ ਸਿੰਘ ਨੰਬਰ 490/ਮੋਗਾ ਸੀ ਆਈ ਏ ਸਟਾਫ ਮੋਗਾ ਕੈਂਪ ਮੈਹਿਣਾ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ 'ਤੇ ਸ਼ੱਕੀ ਪੁਰਸ਼ਾਂ ਦੀ ਤਲਾਸ਼ ਸਬੰਧੀ ਮੋਗਾ ਦੇ ਜੋਗਿੰਦਰ ਸਿੰਘ ਚੌਕ ਸਾਹਮਣੇ ਬੱਸ ਅੱਡਾ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਏ ਐੱਸ ਆਈ ਸੁਖਵਿੰਦਰ ਸਿੰਘ ਨੂੰ ਇਤਲਾਹ ਦਿੱਤੀ ਕਿ ਮੋਨੂੰ ਪੁੱਤਰ ਜਗਦੀਸ਼ ਕੁਮਾਰ ਵਾਸੀ ਆਵਾ ਬਸਤੀ ਫਿਰੋਜ਼ਪੁਰ, ਅਕਾਸ਼ ਉਰਫ ਸੰਜੂ ਪੁੱਤਰ ਪ੍ਰੀਤਮ ਵਾਸੀ ਪਿੰਡ ਕੁੰਢੇ ਜ਼ਿਲ੍ਹਾ ਫਿਰੋਜ਼ਪੁਰ ਤੇ ਗੁਰਵਿੰਦਰ ਸਿੰਘ ਉਰਫ ਗੌਰਵ ਪੁੱਤਰ ਜਸਵਿੰਦਰ ਸਿੰਘ ਵਾਸੀ ਪਿੰਡ ਖੋਸਾ ਪਾਂਡੋ ਜ਼ਿਲ੍ਹਾ ਮੋਗਾ ਹੋਰਨਾਂ ਵਿਅਕਤੀਆਂ ਨਾਲ ਮਿਲ ਕੇ ਆਪਣੇ ਵੱਖ ਵੱਖ ਨਾਮ ਪਤਿਆਂ 'ਤੇ ਜਾਲ੍ਹੀ ਅਧਾਰ ਕਾਰਡ, ਹੋਰ ਜਾਲ੍ਹੀ ਕਾਗਜ਼ਾਤ ਵਗੈਰਾ ਬਣਾ ਕੇ ਵੱਖ ਵੱਖ ਅਦਾਲਤਾਂ ਵਿੱਚ ਵੱਖ ਵੱਖ ਵਿਅਕਤੀਆਂ ਦੀਆਂ ਜਾਲ੍ਹੀ ਜਮਾਨਤਾਂ ਆਪਣੇ ਵੱਖ ਵੱਖ ਜਾਲ੍ਹੀ ਨਾਮ-ਪਤੇ 'ਤੇ ਪੈਸੇ ਲੈ ਕੇ ਭਰਦੇ ਹਨ ਅਤੇ ਇਸ ਕੰਮ ਬਦਲੇ ਸਬੰਧਤ ਵਿਅਕਤੀ ਤੋਂ ਮੋਟੀਆਂ ਰਕਮਾਂ ਹਾਸਲ ਕਰਦੇ ਹਨ, ਜਿਸ ਉਪਰੰਤ ਮੁਕਦਮਾ ਥਾਣਾ ਸਿਟੀ ਮੋਗਾ ਦਰਜ ਰਜਿਸਟਰ ਕਰਵਾਇਆ ਤੇ ਪੁਲਸ ਪਾਰਟੀ ਦੇ ਮੁਖਬਰ ਵੱਲੋਂ ਦੱਸੀ ਜਗਾ ਪਰ ਰੇਡ ਕਰਕੇ ਦੋਸ਼ੀਆਨ ਮੋਨੂੰ, ਅਕਾਸ਼ ਉਰਫ ਸੰਜੂ ਤੇ ਗੁਰਵਿੰਦਰ ਸਿੰਘ ਉਰਫ ਗੌਰਵ ਉਕਤਾਨ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਇੱਕ ਮੋਟਰਸਾਈਕਲ ਦੀ ਆਰ.ਸੀ, 4500/-ਰੁਪਏ ਭਾਰਤੀ ਕਾਰੰਸੀ, 11 ਜਾਲ੍ਹੀ ਅਧਾਰ ਕਾਰਡ ਤੇ ਜਾਲ੍ਹੀ ਮੈਂਬਰ ਪੰਚਾਇਤ ਦਾ ਆਈ ਡੀ ਕਾਰਡ ਬਰਾਮਦ ਕਰਕੇ ਉਕਤਾਨ ਦੋਸ਼ੀ ਨੂੰ ਗ੍ਰਿਫਤਾਰ ਕੀਤਾ।ਮੋਨੂੰ, ਅਕਾਸ਼ ਉਰਫ ਸੰਜੂ ਤੇ ਗੁਰਵਿੰਦਰ ਸਿੰਘ ਉਰਫ ਗੌਰਵ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਇਨ੍ਹਾਂ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।

## ਕਾਤਰਾਂ

### ਗੁਰੂ ਹਰਸਹਾਏ ਬਲਾਕ ਸੰਮਤੀ ਚੇਅਰਮੈਨ ਦੀ ਚੋਣ ਮੁਲਤਵੀ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਬਲਾਕ ਸੰਮਤੀ ਗੁਰੂ ਹਰਸਹਾਏ ਦੀ ਚੋਣ ਲਈ ਵੀਰਵਾਰ ਮੀਟਿੰਗ ਰੱਖੀ ਗਈ ਸੀ, ਜਿਸ ਵਿੱਚ ਉੱਪ ਮੰਡਲ ਮੈਜਿਸਟਰੇਟ ਬੇਅੰਤ ਸਿੰਘ ਸਿੱਧੂ, ਬੀ.ਡੀ.ਪੀ.ਓ. ਪਰਮਿੰਦਰ ਸਿੰਘ ਸਮੇਤ ਸਾਰਾ ਅਮਲਾ ਹਾਜ਼ਰ ਰਿਹਾ।ਇਸ ਚੋਣ ਵਿੱਚ ਕਾਂਗਰਸ ਵੱਲੋਂ ਚੁਣੇ ਗਏ 8 ਬਲਾਕ ਸੰਮਤੀ ਮੈਂਬਰ ਹਾਜ਼ਰ ਹੋਏ ਤੇ ਇੱਕ ਉਮੀਦਵਾਰ ਹਮਾਇਤ ਲਈ ਆਮ ਆਦਮੀ ਪਾਰਟੀ ਵੱਲੋਂ ਸ਼ਾਮਲ ਹੋਇਆ।ਇਸ ਸੰਬੰਧੀ ਉੱਪ ਮੰਡਲ ਮੈਜਿਸਟਰੇਟ ਬੇਅੰਤ ਸਿੰਘ ਸਿੱਧੂ ਨੇ ਦੱਸਿਆ ਕਿ ਅੱਜ ਕੋਰਮ ਪੂਰਾ ਨਾ ਹੋਣ ਕਾਰਨ ਇਹ ਚੋਣ ਅਗਲੇ ਹੁਕਮਾਂ ਲਈ ਮੁਲਤਵੀ ਕਰ ਦਿੱਤੀ ਹੈ।ਨਵੀਂ ਮਿਤੀ ਲਈ ਉੱਚ ਅਧਿਕਾਰੀਆਂ ਨੂੰ ਲਿਖਿਆ ਗਿਆ ਹੈ ਤੇ ਜਿਵੇਂ ਹੀ ਅਗਲੀ ਮਿਤੀ ਰੱਖੀ ਤਾਂ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਜਾਵੇਗਾ।

### 8 ਨੂੰ ਵਿਧਾਨ ਸਭਾ ਘੇਰਨਗੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ

**ਲੁਧਿਆਣਾ (ਸਤੀਸ਼ ਸਚਦੇਵਾ)**-ਬੀਤੇ ਦਿਨੀਂ ਜ਼ਿਲ੍ਹਾ ਲੁਧਿਆਣਾ ਦੀ ਪ੍ਰਧਾਨ ਸੁਭਾਸ਼ ਰਾਣੀ ਦੀ ਪ੍ਰਧਾਨਗੀ ਹੇਠ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਵਿਚਾਰ ਚਰਚਾ ਕੀਤੀ ਗਈ ਕਿ ਸਰਕਾਰ ਦੇ ਚਾਰ ਸਾਲਾਂ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨਾਲ ਕੀਤੇ ਗਏ ਵਾਅਦੇ ਝੂਠੇ ਸਾਬਿਤ ਹੋਏ, ਜਿਸ ਵਿੱਚ ਮਾਣਭੱਤਾ ਦੁੱਗਣਾ ਕਰਨਾ ਸੀ, ਆਂਗਣਵਾੜੀ ਵਰਕਰਾਂ ਨੂੰ ਮੋਬਾਇਲ ਖਰੀਦ ਕੇ ਦੇਣਾ ਸਨ, ਪੈਨਸ਼ਨ, ਗਰੈਚੁਟੀ ਲਾਗੂ ਕਰਨਾ ਸੀ, ਸਰਕਾਰ ਨੇ ਇੱਕ ਵੀ ਮੰਗ ਪ੍ਰਵਾਨ ਨਹੀਂ ਕੀਤੀ, ਸਗੋਂ ਅਜਨਾਲੇ ਤੋਂ ਇੱਕ ਆਂਗਣਵਾੜੀ ਵਰਕਰ ਦੀਆਂ ਮੁਬਾਇਲ ਤੋਂ ਰਿਪੋਰਟ ਨਾ ਜਾਣ ਕਾਰਨ ਸੇਵਾਵਾਂ ਖਤਮ ਕਰ ਦਿੱਤੀਆਂ ਜੋ ਫੌਰੀ ਬਹਾਲ ਕੀਤੀਆਂ ਜਾਣ।ਆਪਣੀਆਂ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਪ੍ਰਧਾਨ ਸੁਭਾਸ਼ ਰਾਣੀ ਨੇ ਦੱਸਿਆ ਕਿ 8 ਮਾਰਚ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਵਿਧਾਨ ਸਭਾ ਦਾ ਘਿਰਾਓ ਕਰਨ ਦਾ ਫ਼ੈਸਲਾ ਕੀਤਾ ਹੈ।ਸਰਕਾਰ ਨੂੰ ਸਾਡੀਆਂ ਜਾਇਜ਼ ਤੇ ਹੱਕੀ ਮੰਗਾਂ ਗੱਲਬਾਤ ਕਰਕੇ ਫੌਰੀ ਹੱਲ ਕਰਨੀਆਂ ਚਾਹੀਦੀਆਂ ਹਨ, ਧਰਨੇ ਦੇਣਾ ਕੋਈ ਸਾਡਾ ਸ਼ੌਕ ਨਹੀਂ ਮਜਬੂਰੀ ਹੈ, ਸਰਕਾਰ ਤੁਰੰਤ ਮੀਟਿੰਗ ਬੁਲਾਵੇ ਸਾਡੇ ਨਾਲ ਗੱਲਬਾਤ ਕਰੇ।

### ਬਿਜਲੀ ਬੰਦ ਰਹੇਗੀ

**ਮੂਨਕ (ਰਾਜਪਾਲ ਸਿੰਗਲਾ)**-ਬਿਜਲੀ ਲਾਈਨਾਂ ਦੀ ਹੋ ਰਹੀ ਮੁਰੰਮਤ ਨੂੰ ਲੈ ਕੇ ਕੁੱਝ ਇਲਾਕੇ ਦੀ 24 ਘੰਟੇ ਵਾਲੀ ਬਿਜਲੀ ਰਹੇਗੀ ਬੰਦ।ਪਾਵਰਕਾਮ ਦਫਤਰ ਦੇ ਐਸਡੀਓ ਜੋਧਾ ਰਾਮ ਨੇ ਕਿਹਾ ਕਿ 6 ਮਾਰਚ ਨੂੰ ਮੂਨਕ ਸਿਟੀ ਫੀਡਰ, ਪਾਤਰਾਂ ਰੋਡ 1 ਫੀਡਰ ਤੇ ਆਈ.ਟੀ.ਆਈ ਕੈਟ-1 ਫੀਡਰ ਦੀ 24 ਘੰਟੇ ਵਾਲੀ ਬਿਜਲੀ ਲਾਈਨਾਂ ਦੀ ਚੱਲ ਰਹੀ ਮੁਰੰਮਤ ਨੂੰ ਲੈ ਕੇ ਸਵੇਰੇ 9 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਬੰਦ ਰਹੇਗੀ।

### ਅੱਜ ਬਿਜਲੀ ਬੰਦ ਰਹੇਗੀ

**ਭੀਖੀ (ਗੁਰਿੰਦਰ ਸਿੰਘ ਔਲਖ)**-66 ਕੇ ਵੀ ਗਰਿਡ ਮੱਤੀ ਤੋਂ ਚਲਦੇ 11 ਕੇ ਵੀ ਪਿੰਡ ਮੱਤੀ ਸ਼ਹਿਰੀ ਫੀਡਰ ਦੀ ਸਪਲਾਈ ਜ਼ਰੂਰੀ ਮੁਰੰਮਤ ਦੇ ਚਲਦਿਆਂ 6 ਮਾਰਚ ਨੂੰ ਸਵੇਰੇ 11 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਇਹ ਜਾਣਕਾਰੀ ਉੱਪ ਮੰਡਲ ਅਫਸਰ ਜੋਗਾ ਜਗਜੀਵਨ ਸਿੰਘ ਤੇ ਜੇ ਈ ਮੱਖਣ ਲਾਲ ਨੇ ਦਿੱਤੀ।

# ਸਰਕਾਰੀ ਹਸਪਤਾਲ ਵਿਖੇ ਐੱਚ ਪੀ ਵੀ ਦੇ ਟੀਕੇ ਲਗਾਏ



**ਹਠੂਰ (ਲਵਲੀ ਕੁਮਾਰ)**-ਜ਼ਿਲ੍ਹਾ ਲੁਧਿਆਣਾ ਦੇ ਸਿਵਲ ਸਰਜਨ ਰਮਨਦੀਪ ਕੌਰ ਆਹਲੂਵਾਲੀਆ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਰਕਾਰੀ ਹਸਪਤਾਲ ਹਠੂਰ ਦੇ ਐੱਸ ਐੱਮ ਓ ਡਾਕਟਰ ਅਮਨ ਸ਼ਰਮਾ ਦੀ ਅਗਵਾਈ ਹੇਠ ਹਠੂਰ ਵਿਖੇ ਔਰਤਾਂ ਦੀ ਬੱਚੇਦਾਨੀ ਦੇ ਮੂੰਹ ਦੇ ਕੈਂਸਰ ਦੀ ਰੋਕਥਾਮ ਲਈ ਐੱਚ ਪੀ ਵੀ ਦੇ ਟੀਕੇ ਲਗਾਏ ਗਏ।ਇਸ ਮੌਕੇ ਗੱਲਬਾਤ ਕਰਦਿਆਂ ਐੱਸ ਐੱਮ ਓ ਡਾਕਟਰ ਅਮਨ ਸ਼ਰਮਾ ਨੇ ਦੱਸਿਆ ਕਿ ਅੱਜ ਪੂਰੇ ਪੰਜਾਬ ਵਿੱਚ ਐੱਚ ਪੀ ਵੀ ਟੀਕੇ ਲਗਾਉਣੇ ਸ਼ੁਰੂ ਹੋਏ ਹਨ।ਉਨ੍ਹਾ ਦੱਸਿਆ ਕਿ ਇਹ ਵੈਕਸੀਨ ਪਹਿਲਾਂ ਪ੍ਰਾਈਵੇਟ ਹਸਪਤਾਲਾਂ ਵਿੱਚ ਤਿੰਨ ਹਜ਼ਾਰ ਰੁਪਏ ਦੀ ਲੱਗਦੀ ਸੀ, ਪਰ ਸਿਹਤ ਵਿਭਾਗ ਤੇ ਪੰਜਾਬ ਸਰਕਾਰ ਦਾ ਵੱਡਾ ਉਪਰਾਲਾ ਹੈ ਕਿ ਇਹ ਟੀਕੇ ਸਰਕਾਰੀ ਹਸਪਤਾਲਾਂ ਵਿੱਚ ਫ੍ਰੀ ਲਗਾਏ ਜਾਣਗੇ।ਅੱਜ ਪਹਿਲੇ ਦਿਨ ਛੇ ਲੜਕੀਆਂ ਦੇ ਐੱਚ ਪੀ ਵੀ ਦੇ ਟੀਕੇ ਲਗਾਏ ਤੇ ਮੌਕੇ 'ਤੇ ਹੀ ਸਾਰਟੀਫਿਕੇਟ ਜਾਰੀ ਕੀਤੇ ਗਏ।ਇਹ ਐੱਚ ਪੀ ਵੀ ਦੇ ਟੀਕੇ 14 ਸਾਲ ਉਮਰ ਤੋਂ ਵੱਧ ਦੀਆਂ ਲੜਕੀਆਂ ਦੇ ਲਗਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਅੱਜ ਤੋਂ ਸਰਕਾਰੀ ਹਸਪਤਾਲ ਹਠੂਰ ਵਿਖੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਵਾਲੇ ਕਾਰਡ ਵੀ ਬਣਨ ਲੱਗ ਗਏ ਹਨ ਤੇ ਹੁਣ ਇਲਾਕਾ ਨਿਵਾਸੀ ਸਰਕਾਰੀ ਹਸਪਤਾਲ ਹਠੂਰ ਤੋਂ ਲਾਭ ਪ੍ਰਾਪਤ ਕਰ ਸਕਦੇ ਹਨ।ਇਸ ਮੌਕੇ ਉਨ੍ਹਾ ਨਾਲ ਡਾ. ਹਰਪ੍ਰੀਤ ਸਿੰਘ, ਜਸਵਿੰਦਰ ਕੌਰ ਮੱਲ੍ਹਾ, ਕਿਰਨਦੀਪ ਕੌਰ, ਰੁਪਿੰਦਰ ਕੌਰ, ਸਵਰਨ ਸਿੰਘ ਡੱਲਾ, ਕਮਲਜੀਤ ਕੌਰ ਹਾਜ਼ਰ ਸਨ।

# ਪੱਟੀ ਦੀ ਸੂਬਾ ਪੱਧਰੀ ਰੋਸ ਰੈਲੀ 'ਚ ਪੰਜਾਬ ਪੈਨਸ਼ਨਰਜ਼ ਯੂਨੀਅਨ ਕਰੇਗੀ ਵੱਡੀ ਸ਼ਮੂਲੀਅਤ : ਆਗੂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਗਵੰਤ ਮਾਨ ਸਰਕਾਰ ਦੀਆਂ ਪੰਜਾਬ ਦੀ ਸਰਕਾਰੀ ਟਰਾਂਸਪੋਰਟ ਨੂੰ ਤਬਾਹ ਕਰਨ ਵਾਲੀਆਂ ਨੀਤੀਆਂ ਖਿਲਾਫ ਆਪਣਾ ਰੋਸ ਪ੍ਰਗਟ ਕਰਨ ਲਈ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਸਬੰਧਤ ਏਟਕ ਵੱਲੋਂ 7 ਮਾਰਚ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਲਾਲ ਜੀਤ ਸਿੰਘ ਭੁੱਲਰ ਦੇ ਵਿਧਾਨ ਸਭਾ ਹਲਕਾ ਪੱਟੀ ਵਿਖੇ ਸੂਬਾ ਪੱਧਰੀ ਰੈਲੀ ਤੇ ਮੁਜ਼ਾਹਰਾ ਕੀਤਾ ਜਾ ਰਿਹਾ ਹੈ।ਇਸ ਐਕਸ਼ਨ ਨੂੰ ਸਫਲ ਬਣਾਉਣ ਲਈ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਚੇਅਰਮੈਨ ਕਾਮਰੇਡ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾਈ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਭੁੰਗਰਨੀ ਤੇ ਗੁਰਜੀਤ ਸਿੰਘ ਘੋੜੇਵਾਹ ਤੇ ਮੁੱਖ ਜਥੇਬੰਧਕ ਸਕੱਤਰ ਅਵਤਾਰ ਸਿੰਘ ਤਾਰੀ ਆਦਿ ਆਗੂਆਂ ਵੱਲੋਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ।ਆਗੂਆਂ ਨੇ ਪੰਜਾਬ ਸਰਕਾਰ 'ਤੇ ਦੋਸ਼ ਲਾਇਆ ਕਿ ਸਰਕਾਰ ਦੀਆਂ ਨੀਤੀਆਂ ਨੇ ਪੰਜਾਬ ਰੋਡਵੇਜ਼ ਦਾ ਬੇੜਾ ਗ਼ਰਕ ਕਰਕੇ ਰੱਖ ਦਿੱਤਾ ਹੈ।ਉਨ੍ਹਾਂ ਕਿਹਾ ਕਿ ਔਰਤਾਂ ਨੂੰ ਬੱਸਾਂ ਵਿੱਚ ਮੁਫ਼ਤ ਸਫ਼ਰ ਸਹੂਲਤ ਦੇਣ, ਰੈਲੀਆਂ ਵਾਸਤੇ ਸਰਕਾਰੀ ਬੱਸਾਂ ਭੇਜਣ ਤੇ ਹੋਰ ਵੱਖ-ਵੱਖ ਵਰਗਾਂ ਨੂੰ ਫ੍ਰੀ ਬੱਸ ਸਰਵਿਸ ਦੇ ਪੰਜਾਬ ਸਰਕਾਰ ਵੱਲ ਪੰਜਾਬ ਰੋਡਵੇਜ਼ ਦੇ 1000 ਕਰੋੜ ਰੁਪਏ ਬਕਾਇਆ ਪਏ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਚਾਰ ਸਾਲਾਂ ਦੇ ਰਾਜ ਭਾਗ ਦੌਰਾਨ ਪੰਜਾਬ ਰੋਡਵੇਜ਼ ਦੀ ਇੱਕ ਵੀ ਨਵੀਂ ਬੱਸ ਨਹੀਂ ਪਾਈ ਗਈ।ਪੰਜਾਬ ਰੋਡਵੇਜ਼ ਦੀਆਂ ਬੱਸਾਂ ਦਾ ਫਲੀਟ 2407 ਪੂਰਾ ਕਰਨਾ ਤਾਂ ਬਹੁਤ ਦੂਰ ਦੀ ਗੱਲ ਹੈ।ਰੋਡਵੇਜ਼ ਦੀਆਂ ਬੱਸਾਂ ਵਾਸਤੇ ਲੋੜੀਂਦੇ ਸਪੇਅਰ ਪਾਰਟਸ ਵੀ ਸਮੇਂ ਸਿਰ ਨਾ ਮਿਲਣ ਕਰਕੇ ਬੱਸਾਂ ਵਰਕਸ਼ਾਪਾਂ ਦਾ ਸ਼ਿੰਗਾਰ ਬਣ ਕੇ ਰਹਿ ਗਈਆਂ ਹਨ, ਠੇਕਾ ਤੇ ਆਊਟ ਸੋਰਸ ਮੁਲਾਜ਼ਮਾਂ ਨੂੰ ਰੈਗੂਲਰ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਕੀਤੀ ਜਾ ਰਹੀ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਬਣਦਾ 16 ਫੀਸਦੀ ਡੀ ਏ ਨਹੀਂ ਦਿੱਤਾ ਜਾ ਰਿਹਾ, ਪੰਜਾਬ ਰੋਡਵੇਜ਼ ਦੇ ਇੰਸਪੈਕਟਰਾਂ ਦੇ ਤਨਖਾਹ ਸਕੇਲਾਂ ਸਬੰਧੀ ਮਾਨਯੋਗ ਸੁਪਰੀਮ ਕੋਰਟ ਦਾ ਫੈਸਲਾ ਲਾਗੂ ਨਹੀਂ ਕੀਤਾ ਜਾ ਰਿਹਾ।ਇਸ ਤੋਂ ਇਲਾਵਾ ਟਰਾਂਸਪੋਰਟ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮੈਡੀਕਲ ਪ੍ਰਤੀ ਪੂਰਤੀ ਬਿੱਲ ਬਹੁਤ ਲੰਬੇ ਸਮੇਂ ਤੋਂ ਵੱਖ ਵੱਖ ਦਫਤਰਾਂ ਵਿੱਚ ਸਰਕਾਰੀ ਫਾਈਲਾਂ ਦੀ ਧੂੜ ਚੱਟ ਰਹੇ ਹਨ ਤੇ ਇਨ੍ਹਾਂ ਬਿੱਲਾਂ ਦੀਆਂ ਅਦਾਇਗੀਆਂ ਨਹੀਂ ਕੀਤੀਆਂ ਜਾ ਰਹੀਆਂ।ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਕਈ ਵਾਰ ਜਥੇਬੰਦੀ ਦੇ ਆਗੂਆਂ ਨੂੰ ਮੀਟਿੰਗਾਂ ਵਿੱਚ ਦਿੱਤੇ ਗਏ ਭਰੋਸੇ ਲਾਗੂ ਨਹੀਂ ਕੀਤੇ ਜਾ ਰਹੇ।ਇਸ ਕਰਕੇ ਜਥੇਬੰਦੀ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਦੇ ਵਿਧਾਨ ਸਭਾ ਹਲਕਾ ਪੱਟੀ ਵਿੱਚ ਇਹ ਐਕਸ਼ਨ ਉਲੀਕਣ ਲਈ ਮਜਬੂਰ ਹੋਣਾ ਪਿਆ ਹੈ।

# ਵਿਧਾਇਕ ਤੇ ਮੇਅਰ ਵੱਲੋਂ 1.7 ਕਰੋੜ ਤੋਂ ਵੱਧ ਦੇ ਵਿਕਾਸ ਕਾਰਜਾਂ ਦਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਤੇ ਮੇਅਰ ਕੁੰਦਨ ਗੋਗੀਆ ਨੇ ਇਥੇ ਸ਼ਹਿਰ ਦੇ ਕਈ ਇਲਾਕਿਆ 'ਚ 1 ਕਰੋੜ 7 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਹ ਕਾਰਜ ਨਾਭਾ ਗੇਟ ਤੋਂ ਕਾਰ ਪਾਰਕਿੰਗ ਏ ਸੀ ਮਾਰਕੀਟ ਤੱਕ ਕਰਵਾਏ ਜਾਣਗੇ।ਇਨ੍ਹਾਂ ਵਿਕਾਸ ਕਾਰਜਾਂ ਦਾ ਕੰਮ ਸ਼ੁਰੂ ਹੋ ਚੁੱਕਾ ਹੈ।ਇਸ ਮੌਕੇ ਕੌਂਸਲਰ ਜਗਤਾਰ ਸਿੰਘ ਤਾਰੀ ਵਾਰਡ ਨੰਬਰ 46 ਤੇ ਕੌਂਸਲਰ ਮੀਨਾ ਦੇਵੀ ਵਾਰਡ ਨੰਬਰ 45 ਵੀ ਮੌਜੂਦ ਸਨ। ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿਤੈਸ਼ੀ ਤੇ ਵਿਕਾਸ ਕੇਂਦਰਿਤ ਸੋਚ ਦੇ ਤਹਿਤ ਅਮਲ ਵਿੱਚ ਲਿਆਂਦੇ ਗਏ ਹਨ।ਕੋਹਲੀ ਨੇ ਕਿਹਾ ਕਿ ਵਿਕਾਸ ਕਾਰਜਾਂ ਤਹਿਤ ਨਾਭਾ ਗੇਟ ਤੋਂ ਏ ਸੀ ਮਾਰਕੀਟ ਪਾਰਕਿੰਗ ਤੱਕ, ਸਮੇਤ ਕਈ ਪ੍ਰਮੁੱਖ ਇਲਾਕਿਆਂ ਵਿੱਚ ਸੜਕਾਂ ਦੀ ਨਵੀਂ ਬਣਤ, ਇੰਟਰਲਾਕਿੰਗ ਟਾਈਲਾਂ ਤੇ ਆਵਾਜਾਈ ਸੁਵਿਧਾਵਾਂ ਵਿੱਚ ਵਾਧਾ ਕੀਤਾ ਗਿਆ ਹੈ।ਇਨ੍ਹਾਂ ਕਾਰਜਾਂ ਨਾਲ ਨਾ ਸਿਰਫ ਟ੍ਰੈਫਿਕ ਪ੍ਰਬੰਧਨ ਸੁਧਰੇਗਾ, ਸਗੋਂ ਇਲਾਕੇ ਦੀ ਸੂਰਤ ਵੀ ਨਿਖਰੇਗੀ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਇਤਿਹਾਸਕ ਵਿਕਾਸ ਦੀ ਲਹਿਰ ਚੱਲ ਰਹੀ ਹੈ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਨਗਰ ਨਿਗਮ ਵੱਲੋਂ ਸਾਰੇ ਵਿਕਾਸ ਕਾਰਜ ਮਿਆਰੀ ਤਰੀਕੇ ਨਾਲ ਤੇ ਸਮੇਂ ਸਿਰ ਮੁਕੰਮਲ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਰਹਿਨੁਮਾਈ ਹੇਠ ਨਗਰ ਨਿਗਮ ਸ਼ਹਿਰ ਦੀ ਸਫ਼ਾਈ, ਸੜਕਾਂ ਦੀ ਮੁਰੰਮਤ ਤੇ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਵਿਕਾਸ ਦੇ ਨਾਲ-ਨਾਲ ਹਰੇ-ਭਰੇ ਅਤੇ ਸੁੰਦਰ ਸ਼ਹਿਰ ਦੀ ਦ੍ਰਿਸ਼ਟੀ ਨੂੰ ਵੀ ਸਾਕਾਰ ਕੀਤਾ ਜਾ ਰਿਹਾ ਹੈ।

# ਵਿਸ਼ਵ ਸੁਣਨ ਸ਼ਕਤੀ ਦਿਵਸ ਮੌਕੇ ਜਾਗਰੂਕਤਾ ਸੈਮੀਨਾਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮਾਤਾ ਜਰਨੈਲ ਕੌਰ ਮੈਮੋਰੀਅਲ ਇੰਸਟੀਚਿਊਟ ਆਫ ਨਰਸਿੰਗ ਐਂਡ ਪੈਰਾਮੈਡੀਕਲ ਸਾਇੰਸ ਸ੍ਰੀ ਮੁਕਤਸਰ ਸਾਹਿਬ ਵਿਖੇ ਦੇਸ਼ ਭਗਤ ਯੂਨਾਈਟਡ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਕਾਲਜ ਪ੍ਰਬੰਧਨ ਤੇ ਸਿਹਤ ਵਿਭਾਗ ਦੇ ਸਹਿਯੋਗ ਨਾਲ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਇਆ ਗਿਆ।ਇਸ ਮੌਕੇ ਐੱਸ. ਐੱਮ. ਓ . ਡਾ. ਕੁਲਤਾਰ ਸਿੰਘ ਤੇ ਸਮੂਹ ਸਿਹਤ ਵਿਭਾਗ ਦੀ ਟੀਮ ਵੱਲੋਂ ਜਾਗਰੂਕਤਾ ਸੈਮੀਨਾਰ ਕੀਤਾ ਗਿਆ।ਸੈਮੀਨਾਰ ਦੌਰਾਨ ਡਾ. ਕੁਲਤਾਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਹਰ ਸਾਲ 3 ਮਾਰਚ ਨੂੰ ਵਿਸ਼ਵ ਸੁਣਨ ਸ਼ਕਤੀ ਦਿਵਸ ਮਨਾਉਣ ਦਾ ਮਕਸਦ ਲੋਕਾਂ ਨੂੰ ਕੰਨਾਂ ਦੀਆਂ ਬਿਮਾਰੀਆਂ ਤੇ ਉਨ੍ਹਾਂ ਤੋਂ ਬਚਾਅ ਬਾਰੇ ਜਾਗਰੂਕ ਕਰਨਾ ਹੈ।ਡਾ. ਗੁਰਮੀਤ ਕੌਰ ਭੰਡਾਰੀ ਨੇ ਕਿਹਾ ਕਿ ਜੇਕਰ ਕੰਨ ਡੁੱਲਦੇ ਹੋਣ, ਸੁਣਨ ਵਿੱਚ ਘਾਟ ਹੋਵੇ, ਕੰਨਾਂ ਵਿੱਚ ਛਾਂ-ਛਾਂ ਦੀ ਆਵਾਜ਼ ਆਵੇ ਜਾਂ ਚੱਕਰ ਆਉਣ ਵਰਗੇ ਲੱਛਣ ਹੋਣ ਤਾਂ ਤੁਰੰਤ ਮਾਹਰ ਡਾਕਟਰ ਨਾਲ ਸੰਪਰਕ ਕੀਤਾ ਜਾਵੇ। ਇਸ ਮੌਕੇ ਵਿਦਿਆਰਥੀਆਂ ਵੱਲੋਂ ਭਾਸ਼ਣ ਪ੍ਰਤੀਯੋਗਤਾ, ਚਾਰਟ ਮੇਕਿੰਗ ਤੇ ਨੁੱਕੜ ਨਾਟਕ ਰਾਹੀਂ ਸੁਣਨ ਸ਼ਕਤੀ ਸਬੰਧੀ ਜਾਗਰੂਕਤਾ ਫੈਲਾਈ ਗਈ।ਨਰਸਿੰਗ ਇੰਸਟੀਚਿਊਟ ਦੇ ਵਿਦਿਆਰਥੀਆਂ ਵੱਲੋਂ ਸਕਿੱਟ ਵੀ ਪੇਸ਼ ਕੀਤੀ ਗਈ ਤੇ ਉਤਕ੍ਰਿਸ਼ਟ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

ਅੰਤ ਵਿੱਚ ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ ਨੇ ਸਿਹਤ ਵਿਭਾਗ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੰਸਥਾ ਹਮੇਸ਼ਾ ਵਿਦਿਆਰਥੀਆਂ ਨੂੰ ਸਿਹਤ ਜਾਗਰੂਕਤਾ ਤੇ ਸਮਾਜਿਕ ਜ਼ਿੰਮੇਵਾਰੀ ਨਾਲ ਜੋੜਨ ਲਈ ਪ੍ਰਤੀਬੱਧ ਹੈ।ਸੈਮੀਨਾਰ ਦੌਰਾਨ ਡਾ. ਕੁਲਤਾਰ ਸਿੰਘ (ਜ਼ਿਲ੍ਹਾ ਪਰਿਵਾਰ ਭਲਾਈ ਅਫਸਰ), ਡਾ. ਗੁਰਮੀਤ ਕੌਰ ਭੰਡਾਰੀ (ਈ.ਐੱਨ.ਟੀ. ਮਾਹਰ), ਲਾਲ ਚੰਦ (ਮਾਸ ਮੀਡੀਆ ਅਫਸਰ), ਪ੍ਰਿੰਸੀਪਲ ਰੁਪਿੰਦਰ ਕੌਰ ਬੁੱਟਰ, ਵਾਇਸ ਪ੍ਰਿੰਸੀਪਲ ਮਨਜਿੰਦਰ ਕੌਰ, ਸੁਪਰਡੈਂਟ ਮੇਜਰ ਚੰਦ ਮਹਿਤਾ ਤੇ ਨਰਸਿੰਗ ਇੰਸਟੀਟਿਊਟ ਦੇ ਸਮੂਹ ਸਟਾਫ ਤੇ ਵਿਦਿਆਰਥੀ ਮੌਜੂਦ ਸਨ।

# ਪੰਜਾਬੀ ਗਲਪਕਾਰ ਅਵਤਾਰ ਬਿਲਿੰਗ ਨਾਲ ਰੂ-ਬ-ਰੂ ਭਲਕੇ



**ਸਮਰਾਲਾ (ਸੁਰਜੀਤ ਸਿੰਘ)**-ਕੈਨੇਡਾ ਵਸਦੇ ਢਾਹਾਂ ਪੁਰਸਕਾਰ ਨਾਲ ਸਨਮਾਨਤ ਪੰਜਾਬੀ ਦੇ ਉੱਘੇ ਗਲਪਕਾਰ ਅਵਤਾਰ ਸਿੰਘ ਬਿਲਿੰਗ ਨਾਲ ਲੇਖਕ ਮੰਚ ਸਮਰਾਲਾ ਵੱਲੋਂ ਸਥਾਨਕ ਐਂਟੀ-ਕੁਰੱਪਸ਼ਨ ਦਫ਼ਤਰ ਵਿਖੇ 7 ਮਾਰਚ ਨੂੰ 3 ਵਜੇ ਰੂ-ਬ-ਰੂ ਪ੍ਰੋਗਰਾਮ ਰੱਖਿਆ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਤੇ ਪ੍ਰਧਾਨ ਰਾਜਵਿੰਦਰ ਸਮਰਾਲਾ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਪੰਜਾਬੀ ਕਹਾਣੀ ਵਿਧਾ ਤੇ ਆਪਣੇ ਰਚਨਾ ਸੰਸਾਰ ਬਾਰੇ ਅਵਤਾਰ ਸਿੰਘ ਬਿਲਿੰਗ ਹਾਜ਼ਰ ਲੇਖਕਾਂ ਸੰਗ ਸੰਵਾਦ ਰਚਾਉਣਗੇ।ਇਸ ਮੌਕੇ ਜਿੱਥੇ ਹਾਜ਼ਰ ਲੇਖਕ ਅਵਤਾਰ ਬਿਲਿੰਗ ਵੱਲੋਂ ਰਚੇ ਗਏ ਨਾਵਲ, ਕਹਾਣੀ, ਬਾਲ ਸਾਹਿਤ ਤੇ ਵਾਰਤਕ ਰਚਨਾਵਾਂ ਬਾਰੇ ਚਰਚਾ ਕਰਨਗੇ, ਉਥੇ ਅਵਤਾਰ ਬਿਲਿੰਗ ਪਾਠਕਾਂ ਦੇ ਸਵਾਲਾਂ ਦੇ ਜਵਾਬ ਦਾ ਸੈਸ਼ਨ ਵੀ ਹੋਵੇਗਾ।ਇਸ ਤੋਂ ਇਲਾਵਾ ਹਾਜ਼ਰ ਲੇਖਕ ਆਪਣੀਆਂ ਰਚਨਾਵਾਂ ਪੇਸ਼ ਕਰਨਗੇ।ਇਸ ਮੌਕੇ ਉੱਘੇ ਕਹਾਣੀਕਾਰ ਮੁਖਤਿਆਰ ਸਿੰਘ ਵਿਸ਼ੇਸ਼ ਤੌਰ 'ਤੇ ਪ੍ਰੋਗਰਾਮ ਵਿੱਚ ਸ਼ਿਰਕਤ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ ਇਲਾਕੇ ਦੇ ਕਵੀ, ਗ਼ਜ਼ਲਗੋ, ਕਹਾਣੀਕਾਰ ਤੇ ਪਾਠਕ ਸ਼ਾਮਲ ਹੋਣਗੇ।ਉਨ੍ਹਾਂ ਸਮੂਹ ਸਾਹਿਤ ਸਭਾਵਾਂ ਨੂੰ ਅਪੀਲ ਕੀਤੀ ਕਿ ਉਹ ਸਮਾਗਮ ਦਾ ਹਿੱਸਾ ਬਣਨ।

# ਸੁਖਬੀਰ ਦੀ ਰੈਲੀ ਸੰਬੰਧੀ ਸ਼ਹਿਰੀ ਆਗੂਆਂ ਤੇ ਵਰਕਰਾਂ ਨਾਲ ਮੀਟਿੰਗ

## ਮੋਗਾ ਹਲਕੇ ਤੋਂ ਹੋਵੇਗਾ ਰਿਕਾਰਡ ਤੋੜ ਇਕੱਠ : ਸੰਨੀ ਗਿੱਲ



**ਮੋਗਾ (ਇਕਬਾਲ ਸਿੰਘ ਖਹਿਰਾ)** ਸੂਬੇ ਵਿੱਚ ਆਪ ਸਰਕਾਰ ਦੇ ਰਾਜ ਦੌਰਾਨ ਸਰਕਾਰ ਦੀਆਂ ਗਲਤ ਤੇ ਲੋਕ ਵਿਰੋਧੀ ਨੀਤੀਆਂ ਤੇ ਪੰਜਾਬ ਵਿੱਚ ਅਮਨ ਕਾਨੂੰਨ ਦੀ ਵਿਗੜੀ ਵਿਵਸਥਾ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਮੋਗਾ ਵਿੱਚ 'ਪੰਜਾਬ ਬਚਾਓ ਰੈਲੀ' ਕੀਤੀ ਜਾ ਰਹੀ ਹੈ, ਜਿਸ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਆਪਣੇ ਹਲਕੇ ਦੇ ਆਗੂਆਂ ਤੇ ਵਰਕਰਾਂ ਨਾਲ ਲਗਾਤਾਰ ਮੀਟਿੰਗਾਂ ਕਰ ਰਹੇ ਹਨ ਅਤੇ ਅੱਜ ਉਨ੍ਹਾਂ ਹਲਕਾ ਮੋਗਾ ਦੇ ਸ਼ਹਿਰੀ ਆਗੂਆਂ ਤੇ ਵਰਕਰਾਂ ਨਾਲ ਇੱਕ ਅਹਿਮ ਮੀਟਿੰਗ ਕੀਤੀ ਤਾਂ ਕਿ ਰੈਲੀ ਨੂੰ ਸਫ਼ਲ ਬਣਾਇਆ ਜਾ ਸਕੇ।ਮੀਟਿੰਗ ਦੌਰਾਨ ਸੀਨੀਅਰ ਆਗੂਆਂ ਵਿੱਚ ਜਗਦੀਸ਼ ਛਾਬੜਾ ਸਾਬਕਾ ਚੇਅਰਮੈਨ, ਮਨਜੀਤ ਸਿੰਘ ਧੰਮੂ ਕੌਂਸਲਰ, ਪ੍ਰੀਤ ਧੰਮੂ, ਰਾਜਵੰਤ ਸਿੰਘ ਮਾਹਲਾ, ਚਰਨਜੀਤ ਸਿੰਘ ਝੰਡੇਆਣਾ, ਰਣਜੀਤ ਸਿੰਘ ਭਾਊ, ਸੁਖਚੈਨ ਸਿੰਘ ਰਾਮੂਵਾਲਾ, ਕੌਂਸਲਰ ਮਤਵਾਲ ਸਿੰਘ, ਕੌਂਸਲਰ ਗੋਵਰਧਨ ਪੋਪਲੀ, ਜਸਪਾਲ ਸਿੰਘ ਭੱਟੀ, ਯੂਥ ਪ੍ਰਧਾਨ ਦੇਬ ਅਸੀਸ ਮਲਿਕ, ਯੂਥ ਆਗੂ ਸੁਖ ਗਿੱਲ, ਬਲਜਿੰਦਰ ਕੁੱਕੂ ਆੜ੍ਹਤੀਆਂ, ਪ੍ਰੇਮ ਸਿੰਘ ਚੱਕੀ ਵਾਲੇ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਸੰਨੀ ਗਿੱਲ ਨੇ ਮੀਟਿੰਗ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ 22 ਮਾਰਚ ਦੀ ਸੁਖਬੀਰ ਸਿੰਘ ਬਾਦਲ ਵੱਲੋਂ ਕੀਤੀ ਜਾ ਰਹੀ ਪੰਜਾਬ ਬਚਾਓ ਰੈਲੀ ਸੂਬਾ ਵਾਸੀਆਂ ਲਈ ਬੜੀ ਹੀ ਅਹਿਮ ਹੈ, ਕਿਉਂਕਿ ਇਸ ਰੈਲੀ ਵਿੱਚ ਆਪ ਸਰਕਾਰ ਦੀਆਂ ਪੰਜਾਬ ਮਾਰੂ ਨੀਤੀਆਂ ਦੇ ਅਸਲ ਸੱਚ ਨੂੰ ਲੋਕਾਂ ਸਾਹਮਣੇ ਉਜਾਗਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ 22 ਮਾਰਚ ਦੀ ਰੈਲੀ ਵਿੱਚ ਮੋਗਾ ਹਲਕੇ ਤੋਂ ਰਿਕਾਰਡ ਤੋੜ ਇਕੱਠ ਕੀਤਾ ਜਾਵੇਗਾ ਤੇ ਇਸ ਸਬੰਧੀ ਮੀਟਿੰਗਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਬਚਾਓ ਰੈਲੀ ਸਾਲ 2027 ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਵੀ ਮੁੱਢ ਬੰਨ੍ਹੇਗੀ ਤੇ ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਚੋਣਾਂ ਲੜਕੇ ਆਪਣੀ ਸਰਕਾਰ ਬਣਾਏਗਾ ਤੇ ਆਪ ਸਰਕਾਰ ਤੋਂ ਅੱਕੇ ਲੋਕ ਹੁਣ ਸ਼੍ਰੋਮਣੀ ਅਕਾਲੀ ਦਲ ਦਾ ਪੱਲਾ ਫੜ ਰਹੇ ਹਨ ਤੇ ਮਹਿਸੂਸ ਕਰ ਰਹੇ ਹਨ ਕਿ ਜੇਕਰ ਸੂਬੇ ਨੂੰ ਬਚਾਉਣਾ ਹੈ ਤਾਂ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣੀ ਬੇਹੱਦ ਲਾਜ਼ਮੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਤਾਰ ਸਿੰਘ ਸਾਬਕਾ ਕੌਂਸਲਰ, ਨਿੰਮਾ ਲੰਢੇਕੇ, ਪਰਮਿੰਦਰ ਸਿੰਘ ਸਫਰੀ ਸਾਬਕਾ ਕੌਂਸਲਰ, ਬਲਵੀਰ ਸਿੰਘ ਸਾਬਕਾ ਕੌਂਸਲਰ, ਗੁਰਦੀਪ ਸਿੰਘ ਢਿੱਲੋਂ, ਗੁਰਮੇਲ ਸਿੰਘ, ਬਿੰਦਰ ਸਿੰਘ, ਰਵਿੰਦਰ ਸਿੰਘ, ਪਰਮਜੀਤ ਸਿੰਘ ਨੈਸਲੇ, ਜਰਨੈਲ ਸਿੰਘ ਫੋਕਲ ਪੁਆਇੰਟ, ਕੁਲਦੀਪ ਦੀਪਾ ਸਰਕਾਰ ਪ੍ਰਧਾਨ, ਅਮਿਤ ਮਿਸ਼ਰਾ, ਸੁਰਿੰਦਰ ਸਿੰਘ, ਪਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਕਾਲਾ ਸਫਰੀ, ਜੋਨੀ ਗਿੱਲ ਆਦਿ ਹਾਜ਼ਰ ਸਨ।

# 'ਮੇਰੀ ਰਸੋਈ' ਸਕੀਮ ਪੰਜਾਬ ਸਰਕਾਰ ਦਾ ਇਤਿਹਾਸਕ ਕਦਮ : ਚੇਅਰਮੈਨ ਮਧੇਕੇ



**ਬੱਧਨੀ ਕਲਾ (ਨਛੱਤਰ ਸੰਧੂ)**-ਆਮ ਆਦਮੀ ਪਾਰਟੀ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਤੇ ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 'ਮੇਰੀ ਰਸੋਈ' ਸਕੀਮ ਸ਼ੁਰੂ ਕਰਨ ਦੀ ਖੁੱਲ੍ਹੇ ਦਿਲ ਨਾਲ ਸ਼ਲਾਘਾ ਕਰਦਿਆਂ ਕਿਹਾ ਕਿ ਲੋਕ ਪੱਖੀ ਤੇ ਆਮ ਲੋਕਾਂ ਦੇ ਦੁੱਖ ਦਰਦ ਸਮਝਣ ਵਾਲੀ ਸਰਕਾਰ ਦਾ ਮੁਖੀ ਹੀ ਅਜਿਹੀਆਂ ਸਕੀਮਾਂ ਰਾਹੀਂ ਲੋਕਾਂ ਨੂੰ ਵੱਡਾ ਲਾਹਾ ਦੇ ਸਕਦਾ ਹੈ, ਨਹੀਂ ਤਾਂ ਪਿਛਲੀਆਂ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਨੇ ਤਾਂ ਆਪਣੇ ਚਹੇਤਿਆਂ ਨੂੰ ਹੀ ਫਾਇਦੇ ਪਹੁੰਚਾਏ ਸਨ, ਪਰ ਆਮ ਆਦਮੀ ਪਾਰਟੀ ਆਪਣੇ ਕੀਤੇ ਵਾਅਦੇ ਤਾਂ ਪੂਰੇ ਕਰ ਹੀ ਰਹੀ ਹੈ, ਸਗੋਂ ਹੋਰ ਵੀ ਲੋਕ ਭਲਾਈ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰ ਰਹੀ ਹੈ।ਚੇਅਰਮੈਨ ਮਧੇਕੇ ਨੇ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਕਿਸੇ ਸਰਕਾਰ ਨੇ ਵਿਆਪਕ ਪੱਧਰ 'ਤੇ ਖੁਰਾਕ ਤੇ ਪੋਸ਼ਣ ਸੁਰੱਖਿਆ ਨੂੰ ਮਜ਼ਬੂਤੀ ਦੇਣ ਦੇ ਉਦੇਸ਼ ਨਾਲ ਅਜਿਹੀ ਇਤਿਹਾਸਕ ਪਹਿਲ ਕੀਤੀ ਹੈ, ਜਿਸ ਨਾਲ 40 ਲੱਖ ਨੀਲੇ ਕਾਰਡ ਧਾਰਕ ਪਰਿਵਾਰਾਂ ਨੂੰ ਲਾਭ ਪਹੁੰਚੇਗਾ।ਉਨ੍ਹਾਂ ਕਿਹਾ ਕਿ ਉਕਤ ਰਸੋਈ ਸਕੀਮ ਇਹ ਯਕੀਨੀ ਬਣਾਏਗੀ ਕਿ ਲਾਭਦਾਇਕ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਰਸੋਈਆਂ ਵਿੱਚ ਪੌਸ਼ਟਿਕ ਤੇ ਮਿਆਰੀ ਸਮੱਗਰੀ ਮਿਲ ਰਹੀ ਹੈ।ਚੇਅਰਮੈਨ ਮਧੇਕੇ ਨੇ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਸ ਕਦਮ ਨਾਲ ਉਨ੍ਹਾਂ ਕੋਲ ਅੱਜ ਕਹਿਣ ਨੂੰ ਕੁੱਝ ਵੀ ਨਹੀਂ ਰਹਿ ਗਿਆ, ਕਿਉਂਕਿ ਵਿਰੋਧੀ ਪਾਰਟੀਆਂ ਹਰੇਕ ਮੁੱਦੇ 'ਤੇ ਸੌੜੀ ਰਾਜਨੀਤੀ ਹੀ ਕਰ ਸਕਦੀਆਂ ਹਨ, ਪਰ ਪੰਜਾਬ ਦੇ ਲੋਕਾਂ ਲਈ ਉਨ੍ਹਾਂ ਕੋਲ ਕੋਈ ਰੋਡਮੈਪ ਨਹੀਂ, ਜੋ ਉਹ ਦੇ ਸਕਣ।ਇਸ ਕਿੱਟ ਵਿੱਚ ਦਾਲ, ਚੀਨੀ, ਨਮਕ, ਹਲਦੀ ਤੇ ਸਰ੍ਹੋਂ ਦਾ ਤੇਲ ਸ਼ਾਮਲ ਹੋਵੇਗਾ। ਅਖੀਰ ਵਿੱਚ ਚੇਅਰਮੈਨ ਬਰਿੰਦਰ ਕੁਮਾਰ ਮਧੇਕੇ ਨੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਇੱਕ ਹੋਰ ਲੋਕ-ਪੱਖੀ ਸਕੀਮ ਪੰਜਾਬ ਦੇ ਲੋਕਾਂ ਨੂੰ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਉਨ੍ਹਾਂ ਨਾਲ ਪਾਰਟੀ ਦੇ ਜ਼ਿਲ੍ਹਾ ਪ੍ਰੈੱਸ ਸਕੱਤਰ ਅੰਮ੍ਰਿਤਪਾਲ ਸਿੰਘ ਖਾਲਸਾ ਦੀਨਾ ਸਾਹਿਬ, ਦਵਿੰਦਰ ਸਿੰਘ ਤਖਤੂਪੁਰਾ ਸੰਗਠਨ ਇੰਚਾਰਜ, ਸੱਤਪਾਲ ਭੋਲਾ ਦਫਤਰ ਇੰਚਾਰਜ, ਪ੍ਰਦੀਪ ਸ਼ਰਮਾ ਤੇ ਦਿਲਪ੍ਰੀਤ ਭਾਗੀਕੇ ਹਾਜ਼ਰ ਸਨ।

# ਬੱਬਰ ਅਕਾਲੀ ਲਹਿਰ ਦੇ ਯੋਧਿਆਂ ਨੇ ਗਦਰੀ ਬਾਬਿਆਂ ਦੀ ਪਿਰਤ ਨੂੰ ਅਗਾਂਹ ਤੋਰਿਆ : ਚਿਰੰਜੀ ਲਾਲ

## ਈਸੜੂ ਵਿਖੇ ਇਨਕਲਾਬੀ ਲੋਕ ਪੱਖੀ ਨਾਟਕਾਂ ਦੀ ਸ਼ਾਮ



**ਲੁਧਿਆਣਾ (ਐੱਮ ਐੱਸ ਭਾਟੀਆ)** ਦੇਸ਼ ਦੀ ਆਜ਼ਾਦੀ ਲਈ ਸ਼ਹੀਦ ਹੋਣ ਵਾਲੇ ਸ੍. ਕਰਨੈਲ ਸਿੰਘ ਦੇ ਪਿੰਡ ਈਸੜੂ (ਲੁਧਿਆਣਾ) ਵਿਖੇ ਬੱਬਰ ਅਕਾਲੀ ਲਹਿਰ ਦੇ ਛੇ ਸ਼ਹੀਦ ਹੋਣ ਵਾਲਿਆਂ ਬੱਬਰ ਅਕਾਲੀਆਂ ਦਾ ਸ਼ਹੀਦੀ ਸਮਾਗਮ ਕੈਨੇਡਾ ਵੱਸਦੇ ਮਲਕੀਤ ਸਿੰਘ ਵੱਲੋਂ ਕਰਾਇਆ ਗਿਆ। ਲੋਕ ਪੱਖੀ ਨਾਟਕਾਂ ਤੇ ਵਿਚਾਰਾਂ ਨੂੰ ਦਰਸਾਉਂਦੇ ਹੋਏ ਵੱਖ-ਵੱਖ ਪੱਖਾਂ ਤੋਂ ਬਹੁ-ਭਰਤੀ ਤੇ ਬਹੁ-ਦਿਸ਼ਾਵੀ ਇਸ ਸਮਾਗਮ ਦੇ ਮੁੱਖ ਵਕਤਾ ਕਾਮਰੇਡ ਚਿਰੰਜੀ ਲਾਲ ਕੰਗਣੀਵਾਲ ਟਰੱਸਟੀ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਨੇ ਕਿਹਾ ਕਿ ਜਿਸ ਕਿਸਮ ਨਾਲ 20ਵੀਂ ਸਦੀ ਦੀ ਸ਼ੁਰੂਆਤ ਪੰਜਾਬ ਦੀ ਧਰਤੀ ਤੋਂ ਆਜ਼ਾਦੀ ਲਈ ਸ਼ੁਰੂ ਹੋਈ ਸੀ, ਅਥਾਹ ਕੁਰਬਾਨੀਆਂ ਜਿਹੜੀਆਂ ਪਹਿਲਾਂ ਗ਼ਦਰੀ ਬਾਬਿਆਂ ਨੇ ਦਿੱਤੀਆਂ ਸਨ, ਉਸ ਦੀ ਲੜੀ ਵਿੱਚ ਹੀ ਬੱਬਰ ਅਕਾਲੀ ਲਹਿਰ ਦੇ ਯੋਧਿਆਂ ਨੇ ਅਗਾਂਹ ਇਸ ਪਿਰਤ ਨੂੰ ਤੋਰਿਆ।ਇਸ ਕਿਸਮ ਦੀਆਂ ਕੁਰਬਾਨੀਆਂ ਸ਼ਾਇਦ ਪੰਜਾਬ ਦੀ ਧਰਤੀ 'ਤੇ ਧੁੰਦਲੀਆਂ ਪੈ ਰਹੀਆਂ ਹਨ।ਜੇ ਅਸੀਂ ਇਸ ਵਿਰਾਸਤ ਨੂੰ ਸਹੀ ਸੰਦਰਭ ਵਿੱਚ ਯਾਦ ਨਾ ਕੀਤਾ ਤੇ ਲੋਕਾਂ ਦੀ ਯਾਦ ਸ਼ਕਤੀ ਦਾ ਹਿੱਸਾ ਨਾ ਬਣਾਇਆ ਤਾਂ ਮੌਜੂਦਾ ਹਾਕਮ ਮੁੜ ਪੰਜਾਬ ਨੂੰ ਅਜਿਹੇ ਹਨੇਰੇ ਰਸਤੇ 'ਤੇ ਤੋਰ ਦੇਣਗੇ, ਜਿਸ ਦਾ ਕਿਆਸ ਕਰਨਾ ਵੀ ਔਖਾ ਹੈ। ਦਿੱਲੀ ਤੇ ਪੰਜਾਬ ਦੇ ਹੁਕਮਰਾਨਾਂ ਨੇ ਇਸ ਖਿੱਤੇ ਨੂੰ ਤਬਾਹ ਕਰਨ ਦਾ ਫੈਸਲਾ ਕੀਤਾ ਹੋਇਆ ਹੈ।

ਇਸ ਮੌਕੇ ਸਮਾਗਮ ਦੀ ਪ੍ਰਧਾਨਗੀ ਕਰਦੇ ਹੋਏ ਪ੍ਰੋਫੈਸਰ ਬਾਬਾ ਸਿੰਘ ਨੇ ਕਿਹਾ ਕਿ ਜੋ ਨਿਰਾਸ਼ਤਾ ਦਾ ਦੌਰ ਪੰਜਾਬ ਵਿੱਚ ਛਾਇਆ ਹੋਇਆ ਹੈ, ਦਿਨ-ਬ-ਦਿਨ ਇਸ ਖਿੱਤੇ ਦੇ ਲੋਕਾਂ ਦਾ ਇਸ ਖਿੱਤੇ ਨਾਲੋਂ ਮੋਹ ਭੰਗ ਹੋ ਰਿਹਾ ਹੈ।ਜੇ ਲੋਕ ਪੱਖੀ ਤਾਕਤਾਂ ਨੇ ਇੱਕਜੁੱਟ ਹੋ ਕੇ ਇੱਕ ਵੱਡਾ ਪਲੇਟਫਾਰਮ ਸਿਆਸੀ ਪੱਧਰ 'ਤੇ ਨਾ ਉਲੀਕਿਆ ਤਾਂ ਇਸ ਖਿੱਤੇ ਦੀ ਚੱਲ ਰਹੀ ਤੇ ਆਉਣ ਵਾਲੀ ਸਿਆਸਤ ਪੂਰੀ ਤਰ੍ਹਾਂ ਪੰਜਾਬ ਨੂੰ ਕੰਗਾਲ ਕਰ ਦੇਵੇਗੀ।

ਜਿੱਥੇ ਸਮੇਂ ਸਮੇਂ 'ਤੇ ਦਿੱਲੀ ਦੇ ਹਾਕਮਾਂ ਨੇ ਇਸ ਨੂੰ ਕੁੱਟਿਆ ਤੇ ਲੁੱਟਿਆ ਹੈ, ਉਹ ਹੁਣ ਮੁੜ ਇਸ ਦਾ ਸਰਮਾਇਆ ਬੁਰੀ ਤਰ੍ਹਾਂ ਵੱਖ-ਵੱਖ ਖੇਤਰਾਂ ਵਿੱਚੋਂ ਕੱਢ ਕੇ ਲਿਜਾ ਰਹੇ ਹਨ, ਜੇ ਇਸ ਦੀ ਆਰਥਿਕਤਾ ਤੇ ਰਾਜਨੀਤੀ ਦਾ ਭਰਵਾਂ ਵਿਸ਼ਲੇਸ਼ਣ ਤੇ ਬਦਲ ਪੇਸ਼ ਨਾ ਕੀਤਾ ਗਿਆ ਤਾਂ ਇਸ ਖਿੱਤੇ ਦੀ ਹੋਣੀ ਬੜੀ ਭਿਆਨਕ ਹੋਵੇਗੀ।ਇਸ ਮੌਕੇ ਚੰਡੀਗੜ੍ਹ ਸਕੂਲ ਆਫ ਡਰਾਮਾ ਦੇ ਨਿਰਦੇਸ਼ਕ ਇਕੱਤਰ ਸਿੰਘ ਨੇ ਆਪਣੀ ਟੀਮ ਰਾਹੀਂ ਦੋ ਨਾਟਕਾਂ ਪਹਿਲਾ ਪ੍ਰਸਿੱਧ ਨਾਟਕ ਗੁਰਸ਼ਰਨ ਸਿੰਘ ਦਾ ਲਿਖਿਆ 'ਇਹ ਲਹੂ ਕਿਸ ਦਾ ਹੈ' ਮੌਜੂਦਾ ਸਮੇਂ ਦੀ ਲੁੱਟ ਨੂੰ ਪ੍ਰਤੀਬਿੰਬਤ ਕਰ ਰਿਹਾ।ਅੱਜ ਵੀ ਇਸ ਦੀ ਸਾਰਥਿਕਤਾ ਉਸੇ ਕਿਸਮ ਨਾਲ ਹੈ, ਜਿਸ ਕਿਸਮ ਨਾਲ ਗੁਰੂ ਨਾਨਕ ਦੇਵ ਜੀ ਦੇ ਸਮੇਂ ਵਿੱਚ ਸੀ।ਦੂਸਰਾ ਨਾਟਕ 'ਹੈਂ ਕੀ' ਪ੍ਰਵਾਸ ਦੇ ਨਾਂ 'ਤੇ ਵੱਜ ਰਹੀਆਂ ਠੱਗੀਆਂ ਨੂੰ ਦਰਸਾਉਂਦਾ ਸੀ।ਆਜ਼ਾਦ ਰੰਗ ਮੰਚ ਫਗਵਾੜਾ ਦੀ ਨਾਟਕ ਟੀਮ ਟੀਮ ਵੱਲੋਂ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੀ ਯਾਦ ਨੂੰ ਤਾਜ਼ਾ ਕਰਾਉਂਦੀ ਹੋਈ ਕੋਰੀਓਗ੍ਰਾਫੀ ਪੇਸ਼ ਕੀਤੀ ਗਈ।ਉਨ੍ਹਾਂ ਪੰਜਾਬ ਵਿੱਚ ਚੱਲ ਰਹੇ ਨਸ਼ਿਆਂ ਨਾਲ ਉਤਪੰਨ ਹੋ ਰਹੀਆਂ ਤਰਾਸਦੀਆਂ ਨੂੰ ਦਰਸਾਉਂਦਾ ਨਾਟਕ 'ਇਹ ਕੈਸੀ ਰੁੱਤ ਆਈ ਵੇ ਲੋਕੋ' ਪੇਸ਼ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਨਾਮਵਰ ਸ਼ਖ਼ਸੀਅਤਾਂ ਦਾ ਸਨਮਾਨ ਕੀਤਾ ਗਿਆ, ਜਿਨ੍ਹਾਂ ਵਿੱਚ ਕਾਮਰੇਡ ਚਿਰੰਜੀ ਲਾਲ, ਪ੍ਰੋਫੈਸਰ ਬਾਵਾ ਸਿੰਘ, ਕਹਾਣੀਕਾਰ ਬਲਵਿੰਦਰ ਗਰੇਵਾਲ, ਕਾਲਮ ਨਵੀਸ ਬੁੱਧ ਸਿੰਘ ਨੀਲੋਂ, ਕਮਲਜੀਤ ਸਿੰਘ ਚੰਡੀਗੜ੍ਹ, ਪ੍ਰਿੰ. ਸੁੱਚਾ ਸਿੰਘ, ਗੁਰਬੀਰ ਸ਼ਾਹੀ, ਹਰਜਿੰਦਰ ਸਿੰਘ, ਪ੍ਰੋਫੈਸਰ ਅਜਾਇਬ ਸਿੰਘ ਟਿਵਾਣਾ ਡਾਇਰੈਕਟਰ ਵਾਇਸ ਆਫ ਈਸਟ ਪੰਜਾਬ (ਜਿਨ੍ਹਾਂ ਸਮੁੱਚੇ ਪ੍ਰੋਗਰਾਮ ਦੀ ਰਿਕਾਰਡ ਵੀ ਕੀਤੀ ਤੇ ਯੂਟਿਊਬ ਚੈਨਲ 'ਤੇ ਪੇਸ਼ ਵੀ ਕੀਤਾ), ਨਰਿੰਦਰ ਸਿੰਘ (ਕੈਨੇਡਾ), ਅਵਤਾਰ ਸਿੰਘ ਭੱਟੀਆਂ ਆਦਿ ਦਾ ਸਨਮਾਨ ਕੀਤਾ ਗਿਆ।ਸਨਮਾਨ ਕਰਨ ਵਾਲੀਆਂ ਸ਼ਖ਼ਸੀਅਤਾਂ ਵਿੱਚ ਭੈਣ ਜੀ ਨਿਰਮਲ ਕੌਰ, ਸ੍. ਮਲਕੀਤ ਸਿੰਘ ਸਰੀ, ਸ੍. ਕਸ਼ਮੀਰਾ ਸਿੰਘ ਆਦਿ ਸ਼ਖ਼ਸੀਅਤਾਂ ਸ਼ਾਮਲ ਸਨ।ਸਮੁੱਚੀ ਸਟੇਜ ਦਾ ਸੰਚਾਲਕ ਹਰਜਿੰਦਰ ਸਿੰਘ ਨੇ ਬਾਖੂਬੀ ਨਾਲ ਕੀਤਾ।

# ਰਾਈਸਿਲਾ ਡਾਇਰੈਕਟਰ ਦੇ ਗ੍ਰਹਿ ਵਿਖੇ 'ਰੋਜ਼ਾ ਇਫ਼ਤਿਆਰ' ਪਾਰਟੀ

## ਰੋਜ਼ੇ ਇਬਾਦਤ, ਸਬਰ ਤੇ ਪਾਕੀਜ਼ਗੀ ਦਾ ਪ੍ਰਤੀਕ : ਸੁਖਵੀਰ ਸਿੰਘ



**ਧੂਰੀ (ਰਾਜੇਸ਼ਵਰ ਪਿੰਟੂ)**-ਧੂਰੀ ਦੇ ਉੱਘੇ ਉਦਯੋਗਪਤੀ ਤੇ ਰਾਈਸਿਲਾ ਗਰੁੱਪ ਦੇ ਡਾਇਰੈਕਟਰ ਪ੍ਰਸ਼ੋਤਮ ਦਾਸ ਗਰਗ ਦੇ ਗ੍ਰਹਿ ਵਿਖੇ ਰਮਜ਼ਾਨ ਦੇ ਪਵਿੱਤਰ ਮਹੀਨੇ ਦੀਆਂ ਖੁਸ਼ੀਆਂ ਨੂੰ ਸਾਂਝਾ ਕਰਦਿਆਂ ਇੱਕ ਵਿਸ਼ੇਸ਼ 'ਰੋਜ਼ਾ ਇਫ਼ਤਿਆਰ' ਪਾਰਟੀ ਦਾ ਆਯੋਜਨ ਕੀਤਾ ਗਿਆ।ਇਸ ਸਮਾਗਮ ਵਿੱਚ ਇਲਾਕੇ ਦੇ ਮੁਸਲਿਮ ਭਾਈਚਾਰੇ ਨੇ ਸੈਂਕੜਿਆਂ ਦੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਸੀ ਭਾਈਚਾਰਕ ਸਾਂਝ ਤੇ ਅਮਨ-ਸ਼ਾਂਤੀ ਦਾ ਸੁਨੇਹਾ ਦਿੱਤਾ।

ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸ੍ਰੀ ਸੁਖਵੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਮੁਸਲਿਮ ਭਾਈਚਾਰੇ ਨੂੰ ਰਮਜ਼ਾਨ-ਉਲ-ਮੁਬਾਰਕ ਦੇ ਮੁਕੱਦਸ ਮਹੀਨੇ ਦੀ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਰੋਜ਼ੇ ਸਿਰਫ਼ ਭੁੱਖ-ਪਿਆਸ ਦਾ ਨਾਮ ਨਹੀਂ, ਬਲਕਿ ਇਹ ਇਬਾਦਤ, ਸਬਰ ਤੇ ਪਾਕੀਜ਼ਗੀ ਦਾ ਪ੍ਰਤੀਕ ਹਨ ਤੇ ਅਜਿਹੀਆਂ ਇਫ਼ਤਾਰ ਪਾਰਟੀਆਂ ਸਮਾਜ ਵਿੱਚ ਆਪਸੀ ਮੁਹੱਬਤ, ਖ਼ਿਦਮਤ-ਏ-ਖ਼ਲਕ ਤੇ ਏਕਤਾ ਦੀਆਂ ਤੰਦਾਂ ਨੂੰ ਮਜ਼ਬੂਤ ਕਰਦੀਆਂ ਹਨ।ਉਨ੍ਹਾਂ ਇਸ ਨੇਕ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਹਮੇਸ਼ਾ ਹੀ 'ਸਰਬੱਤ ਦੇ ਭਲੇ' ਤੇ ਸਾਂਝੀਵਾਲਤਾ ਦੀ ਅਮੀਰ ਵਿਰਾਸਤ ਦੀ ਅਲੰਬਰਦਾਰ ਰਹੀ ਹੈ।ਉਨ੍ਹਾਂ ਦੁਆ ਕੀਤੀ ਕਿ ਇਹ ਰਹਿਮਤਾਂ ਭਰਿਆ ਮਹੀਨਾ ਸਭ ਦੇ ਜੀਵਨ ਵਿੱਚ ਬਰਕਤ, ਅਮਨ ਤੇ ਖ਼ੁਸ਼ਹਾਲੀ ਲੈ ਕੇ ਆਵੇ।ਸਮਾਗਮ ਦੌਰਾਨ ਰਾਈਸਿਲਾ ਗਰੁੱਪ ਦੇ ਚੇਅਰਮੈਨ ਡਾ. ਏ ਆਰ ਸ਼ਰਮਾ ਤੇ ਡਾਇਰੈਕਟਰ ਪ੍ਰਸ਼ੋਤਮ ਦਾਸ ਗਰਗ ਨੇ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਰਮਜ਼ਾਨ ਦਾ ਮਹੀਨਾ ਸਾਨੂੰ ਸਬਰ, ਸੰਤੋਖ ਤੇ ਮਨੁੱਖਤਾ ਦੀ ਸੇਵਾ ਦਾ ਮਾਰਗ ਦਿਖਾਉਂਦਾ ਹੈ।ਇਸ ਮੌਕੇ ਰਾਈਸਿਲਾ ਦੇ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਂਟੀ ਤੇ ਸਕੱਤਰ ਅਮਿਤ ਗੋਇਲ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।ਇਸ ਮੌਕੇ ਮੁਸਲਿਮ ਭਾਈਚਾਰੇ ਦੇ ਆਗੂਆਂ ਨੇ ਸ੍ਰੀ ਪ੍ਰਸ਼ੋਤਮ ਦਾਸ ਗਰਗ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਤਿਕਾਰ ਨਾਲ ਘੱਟ ਗਿਣਤੀਆਂ ਵਿੱਚ ਸੁਰੱਖਿਆ ਤੇ ਅਪਣੱਤ ਦੀ ਭਾਵਨਾ ਵਧਦੀ ਹੈ।ਇਸ ਮੌਕੇ ਹੋਰ ਵੀ ਕਈ ਪਤਵੰਤੇ ਸੱਜਣ ਮੌਜੂਦ ਸਨ।

# ਨਸ਼ੀਲੀਆ ਵਸਤੂਆਂ ਵੇਚਣ ਵਾਲੇ ਤੇ ਸੇਵਨ ਕਰਨ ਵਾਲੇ 4 ਵਿਅਕਤੀ ਕਾਬੂ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਥਾਣਾ ਮੇਹਟਿਆਣਾ ਪੁਲਿਸ ਮਾਨਯੋਗ ਸੰਦੀਪ ਮਲਿਕ ਸੀਨੀਅਰ ਪੁਲਸ ਕਪਤਾਨ ਹੁਸ਼ਿਆਰਪੁਰ ਵੱਲੋਂ ਦਿੱਤੇ ਦਿਸ਼ਾ ਨਿਰਦੇਸਾ ਤਹਿਤ ਨਸ਼ੀਲੀਆਂ ਵਸਤੂਆਂ ਦੀ ਸਮੱਗਲਿਗ ਕਰਨ ਵਾਲੇ ਵਿਅਕਤੀਆ ਦੇ ਖਿਲਾਫ ਮੁਹਿੰਮ ਸੁਰੂ ਕੀਤੀ ਗਈ।ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਹੁਸ਼ਿਆਰਪੁਰ ਦੇ ਹੁਕਮਾਂ ਤੇ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਮਿਤੀ 3 ਮਾਰਚ 2026 ਨੂੰ ਏ ਐਸ ਆਈ ਕੁਲਵਿੰਦਰ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਬਰਾਏ ਗਸ਼ਤ ਚੈਕਿੰਗ ਸ਼ੱਕੀ ਦੇ ਸਬੰਧ ਪਿੰਡ ਫੁਗਲਾਣਾ ਤੋ ਹੁੰਦੇ ਪਿੰਡ ਅਹਿਰਾਣਾ ਕਲਾ ਨੂੰ ਜਾ ਰਹੇ ਸੀ ਜਦੋ ਪੁਲਸ ਪਾਰਟੀ ਬਿੱਲੇ ਭੱਠੇ ਤੋ ਇਕ ਕੱਚਾ ਰਸਤਾ ਪੱਥਰ ਪਏ ਹੋਏ ਜੋ ਕਿ ਫੁਗਲਾਣਾ ਨੂੰ ਜਾਦਾ ਹੈ ਤਾ ਇੱਕ ਮੋਨਾ ਨੌਜਵਾਨ ਸਫ਼ੈਦਿਆਂ ਉਹਲੇ ਬੈਠਾ ਦਿਖਾਈ ਦਿੱਤਾ ਜੋ ਸਿਲਵਰ ਵਰਕ ਦੀ ਬਣੀ ਪੰਨੀ ਦੇ ਹੇਠਾ ਲਾਈਟਰ ਬਾਲ ਕੇ 10 ਰੁਪਏ ਨੋਟ ਨੂੰ ਪਾਇਪ ਨੁਮਾ ਬਣਾ ਕੇ ਸਿਲਵਰ ਵਰਕ ਉਪਰੋ ਉਡ ਰਹੇ ਧੂੰਏ ਨੂੰ ਆਪਣੇ ਅੰਦਰ ਖਿੱਚ ਰਹੇ ਸੀ ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਂਅ



ਪਤਾ ਪੁੱਛਿਆ ਤਾਂ ਉਹਨਾਂ ਨੇ ਆਪਣੇ ਨਾਂਅ ਗੁਰਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਚੰਦ ਵਾਸੀ ਪਿੰਡ ਭੁਗਰੰਨੀ ਥਾਣਾ ਮੇਹਟੀਆਣਾ ਦੱਸਿਆ ਜਿਸ ਪਾਸੋ 1 ਸਿਲਵਰ ਵਰਕ ਦੀ ਬਣੀ ਪੰਨੀ,1 ਲਾਈਟਰ, 10 ਰੁਪਏ ਦਾ ਭਾਰਤੀ ਕਰੰਸੀ ਨੋਟ ਪਾਇਪ ਨੁਮਾ ਬਰਾਮਦ ਹੋਣ ਤੇ ਮੁਕੱਦਮਾ ਦਰਜ ਕੀਤਾ ਗਿਆ। ਇਸੇ ਲੜੀ ਤਹਿਤ ਏ ਐਸ ਆਈ ਉੱਕਾਰ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਬਰਾਏ ਗਸ਼ਤ ਚੈਕਿੰਗ ਸ਼ੱਕੀ ਦੇ ਸਬੰਧ ਪਿੰਡ ਫੁਗਲਾਣਾ ਤੋ ਹੁੰਦੇ ਪਿੰਡ ਅਹਿਰਾਣਾ ਕਲਾਂ ਰੋਡ ਤੇ ਪੁੱਜੀ ਤਾਂ ਖੱਬੇ ਹੱਥ ਦੋ ਮੋਨੇ ਨੌਜਵਾਨ ਬੰਦ ਮੋਟਰ ਦੇ ਓਹਲੇ ਬੈਠੇ ਦਿਖਾਈ ਦਿੱਤੇ ਜੋ ਦੋਵੇਂ ਅਲੱਗ-ਅਲੱਗ ਸਿਲਵਰ ਵਰਕ ਦੀ ਬਣੀਆ ਪੰਨੀਆਂ ਦੇ ਹੇਠਾ ਲਾਈਟਰਾਂ ਨਾਲ ਅੱਗ ਬਾਲ ਕੇ 10/10 ਰੁਪਏ ਨੋਟਾ ਨੂੰ ਪਾਇਪ ਨੁਮਾ ਬਣਾ ਕੇ ਸਿਲਵਰ ਵਰਕ ਉਪਰੋ ਉਡ ਰਹੇ ਧੂਏ ਨੂੰ ਆਪਣੇ ਅੰਦਰ ਖਿੱਚ ਰਹੇ ਸੀ ਜਿਹਨਾਂ ਨੂੰ ਸਾਥੀ ਕਰਮਚਾਰੀਆ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪਛੇ ਤਾਂ ਉਹਨਾਂ ਨੇ ਆਪਣੇ ਨਾਮ ਮਨਪ੍ਰੀਤ ਸਿੰਘ ਉਰਫ ਮਨੀ ਪੁੱਤਰ ਬਲਦੇਵ ਸਿੰਘ ਵਾਸੀ ਪਿੰਡ ਬਘਾਣਾ ਥਾਣਾ ਰਾਵਲਪਿੰਡੀ ਤੇ ਮਨਪ੍ਰੀਤ ਮਾਂਡਲਾ ਪੁੱਤਰ ਕਲੁਵਿੰਦਰ ਮਾਡਲਾ ਵਾਸੀ ਪਿੰਡ ਪੰਡੋਰੀ ਕੱਦ ਥਾਣਾ ਮੇਹਟੀਆਣਾ ਦੱਸੇ ਤੇ ਉਹਨਾਂ ਦੋਵਾਂ ਪਾਸੋ 1/1 ਸਿਲਵਰ ਵਰਕ ਦੀਆਂ ਬਣੀਆਂ ਹੋਈਆਂ ਪੰਨੀਆਂ ਜਿਹਨਾਂ ਪਰ ਨਸ਼ੀਲਾ ਪਦਾਰਥ ਲੱਗਾ ਹੋਇਆ,1/1 ਲਾਈਟਰ, 10/10 ਰੁਪਏ ਭਾਰਤੀ ਕਰੰਸੀ ਨੋਟ ਪਾਇਪ ਨੁਮਾ ਬਰਾਮਦ ਹੋਣ ਤੇ ਮੁਕੱਦਮਾ ਦਰਜ ਕੀਤਾ ਗਿਆ ਅਤੇ ਇਸੇ ਲੜੀ ਤਹਿਤ ਮਿਤੀ 03-03-26 ਨੂੰ SI ਐੱਸ ਆਈ ਗੁਰਦੀਪ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਆਪਣੀ ਪ੍ਰਾਈਵੇਟ ਗਡੀ ਲੈ ਕੇ ਗਸ਼ਤ ਬਾ-ਚੈਕਿੰਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਥਾਂਣਾ ਤੋ ਇੱਟਾਂ ਵਾਲੇ ਰਸਤੇ ਖਨੌੜਾ ਨੂੰ ਜਾ ਰਹੇ ਸੀ ਤਾਂ ਪਿੰਡ ਖਨੌੜਾ ਦੀ ਪਲੇ ਗਰਾਂਊਂਡ ਦੇ ਲਾਗੇ ਪੁੱਜੇ ਤਾਂ ਪਿੰਡ ਖਨੌੜਾ ਦੀ ਤਰਫ ਤੋ ਇੱਕ ਮੋਨਾ ਵਿਅਕਤੀ ਪੈਦਲ ਆਉਦਾ ਦਿਖਾਈ ਦਿੱਤਾ,ਜਿਸਦੇ ਸੱਜੇ ਹੱਥ ਵਿੱਚ ਇਕ ਕਾਲੇ ਰੰਗ ਦਾ ਮੋਮੀ ਲਿਫਾਫਾ ਫੜਿਆ ਹੋਇਆ ਸੀ ।ਜੋ ਪੁਲਿਸ ਪਾਰਟੀ ਨੂੰ ਦੇਖਕੇ ਗਰਾਉਡ ਵੱਲ ਭੱਜਾ ਤੇ ਆਂਪਣੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਸੁੱਟ ਦਿੱਤਾ । ਜਿਸਨੂੰ ਸਾਥੀ ਕਰਮਚਾਰੀਆ ਦੀ ਮਦਦ ਨਾਲ ਕਾਬੂ ਕੀਤਾ ਤੇ ਨਾਂਅ ਪੁੱਛਣ ਆਪਣਾ ਨਾਮ ਕੁਲਦੀਪ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਮੁਖਲਿਆਣਾ ਥਾਣਾ ਮੇਹਟੀਆਣਾ ਦੱਸਿਆ ਤੇ ਉਸ ਵਲੋ ਸੁੱਟੇ ਮੋਮੀ ਲਿਫਾਫੇ ਵਿਚੋ 70 ਖੁੱਲੀਆ ਨਸ਼ੀਲੀਆ ਸੰਤਰੀ ਰੰਗ ਦੀਆਂ ਗੋਲੀਆ, ਬ੍ਰਾਮਦ ਹੋਣ ਤੇ ਜਿਨ੍ਹਾਂ ਵਿਰੁੱਧ ਮੁਕੱਦਮਾ ਦਰਜ ਕਰਕੇ ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਜੇਲ੍ਹ ਭੇਜ ਦਿਤੇ ਗਏ।

# ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਨੇ ਦਮੜੀ ਸ਼ੋਭਾ ਯਾਤਰਾ ਦੇ ਫਲੈਕਸ, ਪੋਸਟਰ ਕੀਤੇ ਰਿਲੀਜ਼

**ਹੁਸ਼ਿਆਰਪੁਰ (ਓ ਪੀ ਰਾਣਾ)**- ਸ੍ਰੀਮਾਨ 108 ਸੰਤ ਭਗਵਾਨ ਦਾਸ ਜੀ ਨਗਰ ਤੇ ਹੋਰ ਸੰਤਾਂ ਮਹਾਂਪੁਰਖਾਂ ਵੱਲੋਂ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੀ ਅਗਵਾਈ ਹੇਠ ਸਤਿਗੁਰੂ ਰਵਿਦਾਸ ਮਹਾਰਾਜ ਜੀ ਅਤੇ ਸਮਾਜ ਦੇ ਮਹਾਨ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਸ਼ੁਰੂ ਕੀਤੀ ਮਹਾਨ ਇਤਿਹਾਸਕ ਬੇਗਮਪੁਰਾ ਦਮੜੀ ਸ਼ੋਭਾ ਯਾਤਰਾ ਦਾ ਫਲੈਕਸ ਅਤੇ ਪੋਸਟਰ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਦੀ ਅਗਵਾਈ ਹੇਠ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਖਾਂ ਵੱਲੋਂ ਹਜ਼ਾਰਾਂ ਸੰਗਤਾਂ ਦੀ ਮੌਜੂਦਗੀ ਵਿੱਚ ਰਲੀਜ਼ ਕੀਤਾ ਗਿਆ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇਜੋੜੇ, ਸੰਤ ਇੰਦਰ ਦਾਸ ਸੇਖੈ,ਸੰਤ ਪਰਮਜੀਤ ਦਾਸ ਨਗਰ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਇਤਿਹਾਸਕ ਬੇਗਮਪੁਰਾ ਹਰਿਦੁਆਰ ਦਮੜੀ ਸ਼ੋਭਾ ਯਾਤਰਾ ਇਸ ਸਾਲ 3 ਅਪ੍ਰੈਲ 2026 ਨੂੰ ਰੇਲਵੇ ਸਟੇਸ਼ਨ ਜਲੰਧਰ ਤੋਂ ਆਰੰਭ ਹੋਵੇਗੀ ਅਤੇ 5 ਅਪ੍ਰੈਲ




ਨੂੰ ਹਰਿਦੁਆਰ ਵਿਖੇ ਸਤਿਗੁਰੂ ਰਵਿਦਾਸ ਮਹਾਰਾਜ ਦਾ 649ਵਾਂ ਪ੍ਰਕਾਸ਼ ਪੁਰਬ ਮਨਾਕੇ ਪੰਜਾਬ ਲਈ ਵਾਪਸੀ ਹੋਵੇਗੀ। ਉਨਾਂ ਕਿਹਾ ਕਿ ਸੰਗਤਾਂ ਸੁਸਾਇਟੀ ਦੇ ਵੱਖ ਵੱਖ ਡੇਰਿਆਂ ਤੋਂ ਰੇਲ ਲਈ ਆਪਣੀਆਂ ਸੀਟਾਂ ਬੁੱਕ ਕਰਵਾ ਸਕਦੀਆਂ ਹਨ। ਇਸ ਮੌਕੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਚੇਅਰਮੈਨ ਸੰਤ ਸਰਵਣ ਦਾਸ ਬੋਹਣ, ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਰਮੇਸ਼ ਦਾਸ ਸ਼ੇਰਪੁਰ ਢਕੌਂ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਬਲਵੰਤ ਸਿੰਘ ਡਿੰਗਰੀਆਂ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਧਰਮਪਾਲ ਸ਼ੇਰਗੜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਜਸਵੰਤ ਸਿੰਘ ਰਾਵਲਪਿੰਡੀ, ਬਾਬਾ ਬਲਕਾਰ ਸਿੰਘ ਵਡਾਲਾ, ਸੰਤ ਰਜੇਸ਼ ਦਾਸ ਬਜਵਾੜਾ,ਸੰਤ ਸੰਤੋਖ ਦਾਸ ਭਾਰਟਾ,ਸੰਤ ਪ੍ਰਮੇਸ਼ਵਰੀ ਦਾਸ ਅਤੇ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਏ ਪੀ ਐੱਸ ਕਾਲਜ 'ਚ ਧਾਰਮਿਕ ਸਮਾਗਮ

**ਸ਼ਾਹਕੋਟ (ਗਿਆਨ ਸੈਦਪੁਰੀ)** ਨੇੜਲੇ ਕਸਬਾ ਮਲਸੀਆ ਵਿੱਚ ਏ ਪੀ ਐੱਸ ਕਾਲਜ ਆਫ ਨਰਸਿੰਗ ਵਿਖੇ ਸ੍ਰੀ ਅਖੰਡ ਪਾਠ ਕਰਵਾਇਆ ਗਿਆ। ਕਾਲਜ ਦੇ ਮੁੱਖ ਪ੍ਰਬੰਧਕ ਰਾਮ ਮੂਰਤੀ ਦੀ ਅਗਵਾਈ ਵਿੱਚ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਕਾਲਜ ਦੀ ਮੈਨੇਜਿੰਗ ਕਮੇਟੀ, ਸਟਾਫ ਤੇ ਵਿਦਿਆਰਥੀ ਸ਼ਰਧਾ ਤੇ ਉਤਸ਼ਾਹ ਨਾਲ ਸ਼ਾਮਿਲ ਹੋਏ। ਕਾਲਜ ਦੇ ਪ੍ਰਧਾਨ ਡਾ. ਪ੍ਰਵੀਨ ਬੇਰੀ ਤੇ ਉਪ ਪ੍ਰਧਾਨ ਡਾ. ਸੀਮਾ ਬੇਰੀ ਵੀ ਸਮਾਗਮ ਦਾ ਹਿੱਸਾ ਬਣੇ। ਵਿਦਿਆਰਥੀਆਂ ਨੇ ਪਾਲਕੀ ਸਾਹਿਬ 'ਤੇ ਫੁੱਲਾਂ ਦੀ ਵਰਖਾ ਕਰਕੇ ਆਪਣੀ ਸ਼ਰਧਾ ਪ੍ਰਗਟਾਈ। ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਦੇ ਕੀਰਤਨ ਜਥੇ ਵੱਲੋਂ ਮਨੋਹਰ ਕੀਰਤਨ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਦਮਦਮਾ ਸਾਹਿਬ ਮਲਸੀਆ ਦੇ ਮੁੱਖ ਗ੍ਰੰਥੀ ਭਾਈ ਮਾਨ ਸਿੰਘ ਵੱਲੋਂ ਡਾ. ਪ੍ਰਵੀਨ ਬੇਰੀ, ਡਾ. ਸੀਮਾ ਬੇਰੀ ਅਤੇ ਰਾਮ ਮੂਰਤੀ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ।



ਕਾਲਜ ਦੇ ਸੁਪਰਡੈਂਟ ਜਸਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਨੈਤਿਕ ਕਦਰਾਂ ਕੀਮਤਾਂ 'ਤੇ ਪਹਿਰਾ ਦੇਣ ਲਈ ਪ੍ਰੇਰਿਆ। ਗੁਰੂ ਕੇ ਲੰਗਰ ਦੀ ਸੇਵਾ ਵਿੱਚ ਰਾਮ ਮੂਰਤੀ, ਮਨਜੀਤ ਸਿੰਘ, ਹਰਜੀਤ ਸਿੰਘ, ਰਾਹੁਲ, ਸਤਨਾਮ ਸਿੰਘ ਅਤੇ ਵਿਦਿਆਰਥੀਆਂ ਨੇ ਸ਼ਰਧਾ ਪੂਰਵਕ ਸੇਵਾ ਨਿਭਾਈ।ਧਾਰਮਿਕ ਸਮਾਗਮ ਵਿੱਚ ਹਾਜ਼ਰੀ ਲਗਵਾਉਣ ਵਾਲਿਆਂ ਵਿੱਚ ਹੋਰਨਾਂ ਤੋਂ ਇਲਾਵਾ ਕਾਲਜ ਦੇ ਵਾਈਸ ਪ੍ਰਿੰਸੀਪਲ ਗੁਰਪ੍ਰੀਤ ਕੌਰ, ਨੰਬਰਦਾਰ ਮਿਹਰ ਸਿੰਘ, ਨਿਰਮਲ ਸਿੰਘ ਜੋਸਨ, ਪਵਨਦੀਪ ਸਿੰਘ ਸੰਧੂ, ਦਵਿੰਦਰ ਕੌਰ, ਸ਼ਿਵਾਲੀ ਸ਼ਰਮਾ, ਇੰਦਰਬੀਰ ਕੌਰ, ਜਸਮੇਲ ਕੌਰ, ਪਰਮਿੰਦਰ ਕੌਰ, ਗੁਰਪ੍ਰੀਤ ਤੇ ਮਨਪ੍ਰੀਤ ਸ਼ਾਮਲ ਸਨ।

# ਸਿਵਲ ਹਸਪਤਾਲ 'ਚ ਨੌਜਵਾਨ ਦੀ ਮੌਤ

## ਪਰਵਾਰ ਵਾਲਿਆਂ ਨੇ ਲਗਾਏ ਹਸਪਤਾਲ ਦੇ ਸਟਾਫ 'ਤੇ ਅਣਗਹਿਲੀ ਦੇ ਦੋਸ਼

**ਫਿਲੌਰ, (ਨਿਰਮਲ)**- ਫਿਲੌਰ ਦੇ ਸਿਵਲ ਹਸਪਤਾਲ ਫਿਲੌਰ ਵਿਖੇ ਇੱਕ ਨੌਜਵਾਨ ਦੀ ਮੌਤ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਜਿਸ ਸਬੰਧੀ



ਪਰਵਾਰ ਵਾਲਿਆਂ ਨੇ ਹਸਪਤਾਲ ਦੇ ਸਟਾਫ ਤੇ ਅਣਗਹਿਲੀ ਦੇ ਦੋਸ਼ ਲਗਾਏ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮ੍ਰਿਤਕ ਨੌਜਵਾਨ ਦੇ ਭਰਾ ਰਿਸ਼ੀ ਤੇ ਹੋਰ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦਾ ਬੇਟਾ ਵਿਕਾਸ ਉਰਫ ਵਿੱਕੀ ਜੋ ਸਵੇਰੇ ਕਬੂਤਰ ਉਡਾਣ ਲਈ ਤੀਜੀ ਮੰਜ਼ਿਲ ਤੇ ਚੜ੍ਹਿਆ ਸੀ ਪਤਾ ਨਹੀਂ ਕਿਸ ਤਰ੍ਹਾਂ ਉਹ ਉੱਪਰੋਂ ਡਿੱਗ ਪਿਆ ਜਿਸ ਕਾਰਨ ਉਹ ਜ਼ਖ਼ਮੀ ਹੋ ਗਿਆ ਜਿਸ ਨੂੰ ਇਲਾਜ ਲਈ ਸਿਵਲ ਹਸਪਤਾਲ ਫਿਲੌਰ ਵਿਖੇ ਦਾਖਲ ਕਰਵਾਇਆ ਗਿਆ। ਜਿੱਥੇ ਉਸ ਦਾ ਇਲਾਜ ਚੱਲ ਰਿਹਾ ਸੀ ਤੇ ਉਹ ਪਰਵਾਰ ਵਾਲਿਆਂ ਨਾਲ ਗੱਲਬਾਤ ਕਰ ਰਿਹਾ ਸੀ ਜਿਵੇਂ ਹੀ ਹਸਪਤਾਲ ਦੇ ਸਟਾਫ ਨੇ ਉਸ ਦੇ ਪਤਾ ਨਹੀਂ ਕਿਹੜਾ ਟੀਕਾ ਲਗਾਇਆ ਉਸ ਦੀ ਮੌਤ ਹੋ ਗਈ। ਉਨ੍ਹਾਂ ਹਸਪਤਾਲ ਸਟਾਫ ਤੇ ਦੋਸ਼ ਲਗਾਏ ਕਿ ਉਨ੍ਹਾਂ ਦੇ ਟੀਕੇ ਤੋਂ ਬਾਅਦ ਉਸ ਦੀ ਮੌਤ ਹੋਈ ਹੈ। ਜਿਸ ਤੋਂ ਗੁਸਾਏ ਪਰਵਾਰ ਵਾਲਿਆਂ ਨੇ ਹਸਪਤਾਲ ਵਿਚ ਭੰਨ ਤੋੜ ਵੀ ਕੀਤੀ। ਇਸ ਸਬੰਧੀ ਡਿਊਟੀ ਤੇ ਹਾਜ਼ਰ ਡਾਕਟਰ ਸਾਹਿਲ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਤਾਂ ਜੋ ਆਮ ਟਰੀਟਮੈਂਟ ਕਰਦੇ ਹਾਂ ਉਹ ਹੀ ਕੀਤਾ ਹੈ ਬਾਕੀ ਉਹ ਨੂੰ ਉਲਟੀ ਆਈ ਸੀ ਜੋ ਬਾਹਰ ਆਉਣ ਦੀ ਬਜਾਏ ਅੰਦਰ ਹੀ ਪੈ ਗਈ ਜਿਸ ਨਾਲ ਮੌਤ ਹੋਈ ਲੱਗਦੀ ਹੈ। ਬਾਕੀ ਜੋ ਪੋਸਟ ਮਾਰਟਮ ਰਿਪੋਰਟ ਆਏਗੀ ਉਸ 'ਚ ਅਸਲ ਸੱਚਾਈ ਪਤਾ ਲੱਗੇਗੀ। ਇਸ ਸਬੰਧੀ ਥਾਣਾ ਮੁਖੀ ਫਿਲੌਰ ਅਮਨ ਸੈਨੀ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਪਰਵਾਰਕ ਮੈਂਬਰਾਂ ਦੇ ਬਿਆਨਾਂ ਦੇ ਆਧਾਰ ਤੇ ਪਰਚਾ ਦਰਜ ਕਰ ਕੇ ਮਾਮਲੇ ਦੀ ਜਾਂਚ ਕੀਤੀ ਜਾਵੇਗੀ।

# ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਮਨਾਇਆ ਹੋਲੀ ਦਾ ਤਿਉਹਾਰ



**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦੀ ਦਿਹਾਤੀ ਪੁਲਸ ਨੇ ਸਥਾਨਕ ਰੈੱਡ ਕਰਾਸ ਦਿਵਿਆਂਗ ਸਕੂਲ ਤੇ ਪ੍ਰਯਾਸ ਸਕੂਲ ਦੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਹੋਲੀ ਦਾ ਤਿਉਹਾਰ ਮਨਾਇਆ। ਉਨ੍ਹਾਂ ਇਸ ਮੌਕੇ ਬੱਚਿਆਂ ਨੂੰ ਫਲ ਤੇ ਪਿਚਕਾਰੀਆਂ ਆਦਿ ਵੰਡ ਕੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਉਨ੍ਹਾਂ ਨਾਲ ਹੋਲੀ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ।ਡਾ. ਅਗਰਵਾਲ ਨੇ ਕਿਹਾ ਕਿ ਹੋਲੀ ਸਿਰਫ਼ ਰੰਗਾਂ ਦਾ ਨਹੀਂ, ਸਗੋਂ ਆਪਸੀ ਪ੍ਰੇਮ, ਏਕਤਾ ਅਤੇ ਸਦਭਾਵਨਾ ਦਾ ਤਿਉਹਾਰ ਹੈ। ਉਨ੍ਹਾਂ ਇਸ ਮੌਕੇ ਸਭ ਨੂੰ ਮਿਲ ਕੇ ਹੋਲੀ ਮਨਾਉਣ ਅਤੇ ਆਪਸੀ ਭਾਈਚਾਰੇ ਦੀਆਂ ਤੰਦਾਂ ਨੂੰ ਹੋਰ ਮਜ਼ਬੂਤ ਕਰਨ ਲਈ ਸਰਗਰਮ ਯਤਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਹ ਤਿਉਹਾਰ ਜਿਥੇ ਬੁਰਾਈ 'ਤੇ ਚੰਗਿਆਈ ਦੀ ਜਿੱਤ ਦਾ ਪ੍ਰਤੀਕ ਹੈ, ਉਥੇ ਹੋਲੀ ਦੇ ਰੰਗ ਵਿੰਭਿਨਤਾ ਵਿੱਚ ਏਕਤਾ ਦਾ ਸੰਦੇਸ਼ ਵੀ ਦਿੰਦੇ ਹਨ। ਇਸ ਮੌਕੇ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸੁਰਜੀਤ ਲਾਲ ਵੀ ਮੌਜੂਦ ਸਨ।

# ਪੱਟੀ ਵਿਖੇ ਸੂਬਾ ਪੱਧਰੀ ਰੈਲੀ ਭਲਕੇ

**ਜਲੰਧਰ (ਰਾਜੇਸ਼ ਥਾਪਾ)**- ਕਾਮਰੇਡ ਜਗਦੀਸ਼ ਸਿੰਘ ਚਾਹਲ ਸੂਬਾ ਪ੍ਰਧਾਨ ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਟਰਾਂਸਪੋਰਟ ਵਰਕਰਾਂ ਅਤੇ ਪੈਨਸ਼ਨਰਜ਼ ਨੂੰ ਅਪੀਲ ਕੀਤੀ ਕਿ ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਭਗਵੰਤ ਮਾਨ ਸਰਕਾਰ ਦੀਆਂ ਟਰਾਂਸਪੋਰਟ ਵਿਰੋਧੀ ਨੀਤੀਆਂ ਦੇ ਖਿਲਾਫ ਵੱਖ ਵੱਖ ਥਾਵਾਂ ਤੇ ਗੇਟ ਰੈਲੀਆਂ ਕਰਨ ਤੋਂ ਬਾਅਦ 7 ਮਾਰਚ ਨੂੰ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੀ ਪੱਟੀ ਵਿਖੇ ਰਿਹਾਇਸ਼ ਸਾਹਮਣੇ ਸੂਬਾ ਪੱਧਰੀ ਰੈਲੀ ਅਤੇ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਵੱਲੋਂ ਰੈਲੀ ਵਿੱਚ ਆਪਣੇ ਵੱਧ ਤੋਂ ਵੱਧ ਸਾਥੀਆਂ ਸਮੇਤ ਜਥੇਬੰਦੀ ਦੇ ਝੰਡੇ ਅਤੇ ਬੈਨਰ ਲੈ ਕੇ ਸਮੇ ਸਿਰ ਹਾਜ਼ਰ ਹੋਣ ਦੀ ਅਪੀਲ ਕੀਤੀ।

# ਇੰਨੋਸੈਂਟ ਹਾਰਟਸ 'ਚ ਫੁੱਲਾਂ ਤੇ ਕੁਦਰਤੀ ਰੰਗਾਂ ਨਾਲ ਮਨਾਈ ਹੋਲੀ

**ਜਲੰਧਰ (ਸ਼ੈਲੀ ਐਲਬਰਟ)**- ਇੰਨੋਸੈਂਟ ਹਾਰਟਸ-ਪ੍ਰੀ-ਪ੍ਰਾਈਮਰੀ ਸਕੂਲ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ-ਜੰਡਿਆਲਾ ਰੋਡ, ਨੂਰਪੁਰ ਰੋਡ ਅਤੇ ਕਪੂਰਥਲਾ ਰੋਡ) ਦੇ ਨੰਨੇ-ਮੁੰਨੇ ਬੱਚਿਆਂ ਤੇ ਇੰਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ ਉਤਸ਼ਾਹ ਅਤੇ ਖੁਸ਼ੀ ਨਾਲ ਆਰਗੈਨਿਕ ਹੋਲੀ ਮਨਾਈ।ਪ੍ਰੀ-ਪ੍ਰਾਈਮਰੀ ਸਕੂਲ ਵਿੱਚ ਛੋਟੇ-ਛੋਟੇ ਬੱਚਿਆਂ ਨੇ ਪਰਿਆਵਰਣ-ਮਿੱਤਰ ਤਰੀਕੇ ਨਾਲ ਫੁੱਲਾਂ ਅਤੇ ਰੰਗ-ਬਿਰੰਗੇ ਕਾਗਜ਼ਾਂ ਨਾਲ ਹੋਲੀ ਦਾ ਆਨੰਦ ਲਿਆ। ਸਫੈਦ ਪਹਿਰਾਵੇ ਵਿੱਚ ਸਜੇ ਨੰਨੇ ਬੱਚੇ ਆਪਣੇ ਅਧਿਆਪਕਾਂ ਨਾਲ ਤਿਲਕ ਹੋਲੀ ਅਤੇ ਪੇਪਰ ਹੋਲੀ ਖੇਡਦੇ ਹੋਏ ਬਹੁਤ ਪ੍ਰਸੰਨ ਦਿਖਾਈ ਦਿੱਤੇ। ਖੁਸ਼ੀਆਂ ਅਤੇ ਭਾਈਚਾਰੇ ਦੇ ਇਸ ਤਿਉਹਾਰ ਵਿੱਚ ਮੁਸਕਾਨਾਂ, ਹੱਸਣ-ਖੇਡਣ ਅਤੇ ਇੱਕ-ਦੂਜੇ ਨੂੰ ਦਿਲੋਂ ਹੋਲੀ ਦੀਆਂ ਵਧਾਈਆਂ ਦੇਣ ਦਾ ਸੁੰਦਰ ਦ੍ਰਿਸ਼ ਦੇਖਣ ਨੂੰ ਮਿਲਿਆ।ਦੂਜੇ ਪਾਸੇ, ਇੰਨੋਸੈਂਟ ਹਾਰਟਸ ਕਾਲਜ ਆਫ ਐਜੂਕੇਸ਼ਨ ਦੇ ਵਿਦਿਆਰਥੀ-ਅਧਿਆਪਕਾਂ ਨੇ 'ਇੱਕ ਭਾਰਤ ਸ਼੍ਰੇਸ਼ਠ ਭਾਰਤ' ਕਾਰਜਕ੍ਰਮ ਦੀ ਭਾਵਨਾ ਅਧੀਨ ਇਸ ਰੰਗਾਂ ਦੇ ਤਿਉਹਾਰ ਨੂੰ ਮਨਾਇਆ ਅਤੇ ਇਹ ਸੰਦੇਸ਼ ਦਿੱਤਾ ਕਿ ਹੋਲੀ ਪ੍ਰੇਮ, ਏਕਤਾ ਅਤੇ ਆਪਸੀ ਸਾਂਝ ਦਾ ਪ੍ਰਤੀਕ ਹੈ।



# ਪ ਸ ਸ ਫ ਵੱਲੋਂ 8 ਨੂੰ ਵਿਧਾਨ ਸਭਾ ਦਾ ਘਿਰਾਓ ਕਰਨ ਦਾ ਫੈਸਲਾ : ਰਾਜੀਵ ਸ਼ਰਮਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਸਾਂਝੀਆਂ ਮੰਗਾਂ ਨੂੰ ਲੈ ਕੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ। ਹੁਣ ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਵੀ ਰੋਸ ਪ੍ਰਦਰਸ਼ਨ



ਕੀਤੇ ਜਾ ਰਹੇ ਹਨ ਜਿਸ ਦੀ ਕੜੀ ਵਜੋਂ 8 ਮਾਰਚ ਨੂੰ ਪੰਜਾਬ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਤੇ ਬੈਨਰ ਹੇਠ ਰੋਸ਼ ਮੁਜਾਹਿਰਾ ਕਰਨ ਤੋਂ ਬਾਅਦ ਪੰਜਾਬ ਵਿਧਾਨ ਸਭਾ ਵੱਲ ਮਾਰਚ ਕੀਤਾ ਜਾਵੇਗਾ। ਇਸ ਦੀ ਤਿਆਰੀ ਵਜੋਂ ਬਲਾਕ ਤਲਵਾੜਾ ਦੀ ਮੀਟਿੰਗ ਬਲੌਕ ਪ੍ਰਧਾਨ ਰਾਜੀਵ ਸ਼ਰਮਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਦੇ ਸੈਸ਼ਨ ਦੌਰਾਨ ਲਗਾਤਾਰ ਰੋਸ ਪ੍ਰਦਰਸ਼ਨ ਕੀਤੇ ਜਾਣਗੇ ਜਿਸ ਦੀ ਕੜੀ ਵਜੋਂ 8 ਮਾਰਚ ਨੂੰ ਕੀਤੇ ਜਾਣ ਵਾਲੇ ਰੋਸ ਮੁਜਾਰੇ ਵਿੱਚ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਬਲਾਕ ਤਲਵਾੜਾ ਦੇ ਕਾਰਕੁਨ ਤਲਵਾੜਾ ਤੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਇਨਲਿਸਟਮਿੰਟ ਠੇਕਾ ਮੁਲਾਜ਼ਮ ਵਿਭਾਗ ਅੰਦਰ ਲੈ ਕੇ ਪਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ,16 ਫੀਸਦੀ ਪੈਂਡਿੰਗ ਡੀ ਏ ਦੀਆਂ ਕਿਸ਼ਤਾਂ ਜਾਰੀ ਕੀਤੀਆਂ ਜਾਣ, ਕੱਚੇ ਮੁਲਾਜ਼ਮ ਪੱਕੇ ਕੀਤੇ ਜਾਣ, ਦਫਤਰੀ ਮੁਲਾਜ਼ਮਾਂ ਦੀ ਤਨਖਾਹ ਘਟਾਉਣ ਦਾ ਫੈਸਲਾ ਵਾਪਸ ਲਿਆ ਜਾਵੇ, ਦਹਾਕਿਆਂ ਤੋਂ ਸਕੂਲਾਂ ਚ ਕੰਮ ਕਰਦੇ ਅਧਿਆਪਕਾਂ ਤੇ ਮਾਨਯੋਗ ਸੁਪਰੀਮ ਕੋਰਟ ਦੀ ਆੜ ਵਿੱਚ ਥੋਪੀ ਅਧਿਆਪਕ ਯੋਗਤਾ ਟੈਸਟ ਦੀ ਸ਼ਰਤ ਹਟਾਉਣ ਲਈ ਪੰਜਾਬ ਵਿਧਾਨ ਸਭਾ ਵਿੱਚ ਬਿਲ ਲਿਆ ਕੇ ਖਾਰਜ ਕੀਤਾ ਜਾਵੇ। ਇਸ ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਬਹਾਲੀ ਕਮੇਟੀ ਦੇ ਸੂਬਾ ਕਨਵੀਨਰ ਜਸਬੀਰ ਤਲਵਾੜਾ, ਜਲ ਸਪਲਾਈ ਤੋ ਸ਼ਾਮ ਸਿੰਘ, ਜਗਦੀਸ਼ ਸਿੰਘ, ਗੌਰਵ ਕੁਮਾਰ ਤੇ ਹੋਰ ਸਾਥੀ ਸ਼ਾਮਿਲ ਹੋਏ।

# ਬਲਾਕ ਸੰਮਤੀ ਚਮਕੌਰ ਸਾਹਿਬ ਦੇ ਚੇਅਰਮੈਨ ਦੀ ਚੋਣ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਬਲਾਕ ਸਮਿਤੀ ਚਮਕੌਰ ਸਾਹਿਬ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਐਸ ਡੀ ਐਮ ਪ੍ਰਦੀਪ ਸਿੰਘ ਬੈਂਸ ਦੀ ਰਹਿਨਮਾਈ ਹੇਠ ਕੀਤੀ ਗਈ । ਇਸ ਚੋਣ ਵਿੱਚ ਬਲਾਕ ਸਮਿਤੀ ਦੇ ਸਮੂਹ ਮੈਂਬਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਚੋਣ ਦੇ ਪ੍ਰਜ਼ਾਈਡਿੰਗ ਅਫਸਰ ਕਮ ਚਮਕੌਰ ਸਾਹਿਬ ਦੇ ਐਸ ਡੀ ਐਮ ਪ੍ਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਸਰਬਸੰਮਤੀ ਨਾਲ ਹੋਈ ਚੋਣ ਦੌਰਾਨ ਜ਼ੋਨ ਨੰਬਰ 4 ਤੋਂ ਸਮਿਤੀ ਮੈਂਬਰ ਜਸਵੀਰ ਸਿੰਘ ਵੱਲੋਂ ਗੁਰਦੀਪ ਸਿੰਘ ਗੜ੍ਹੀ ਦਾ ਨਾਮ ਚੇਅਰਮੈਨ ਲਈ ਐਲਾਨ ਕੀਤਾ ਗਿਆ, ਜਿਸ ਨੂੰ ਜ਼ੋਨ ਨੰਬਰ 13 ਤੋਂ ਮੈਂਬਰ ਜਗਤਾਰ ਸਿੰਘ ਤਾਈਦ ਕਰਨ ਉਪਰੰਤ ਗੁਰਦੀਪ ਸਿੰਘ ਨੂੰ ਬਲਾਕ ਸਮਿਤੀ ਚਮਕੌਰ ਸਾਹਿਬ ਦਾ ਚੇਅਰਮੈਨ ਅਤੇ ਵਾਈਸ ਚੇਅਰਮੈਨ ਲਈ ਜਸਵੀਰ ਸਿੰਘ ਰੋਲੂਮਾਜਰਾ ਦਾ ਨਾਮ ਜ਼ੋਨ ਨੰਬਰ 7 ਤੋਂ ਮੈਂਬਰ ਮੋਹਨ ਲਾਲ ਵਲੋਂ ਐਲਾਨ ਕੀਤਾ ਗਿਆ ਅਤੇ ਜ਼ੋਨ ਨੰਬਰ 9 ਦੇ ਮੈਂਬਰ ਗੁਰਮੇਲ ਸਿੰਘ ਵੱਲੋਂ ਤਾਈਦ ਕਰਨ ਉਪਰੰਤ ਜਸਵੀਰ ਸਿੰਘ ਰੋਲੂਮਾਜਰਾ ਨੂੰ ਵਾਈਸ ਚੇਅਰਮੈਨ ਚੁਣਿਆ ਗਿਆ।



# ਓਸ਼ੋ ਆਸ਼ਰਮ ਵਿਖੇ ਮਨਾਇਆ ਹੋਲੀ ਦਾ ਤਿਉਹਾਰ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਓਸ਼ੋ ਆਸ਼ਰਮ ਪਿੰਡ ਬਾਰਾਪੁਰ ਵਿਖੇ ਹੋਲੀ ਦਾ ਤਿਉਹਾਰ ਸੁਆਮੀ ਆਨੰਦ ਸਥਿਆਰਥੀ ਜੀ ਦੀ ਯੋਗ ਅਗਵਾਈ ਹੇਠ ਖੁਸ਼ੀਆਂ ਖੇੜਿਆਂ ਤੇ ਉਤਸ਼ਾਹ ਪੂਰਵਕ ਢੰਗ



ਨਾਲ ਮਨਾਇਆ ਗਿਆ। ਇਸ ਮੌਕੇ ਸਭ ਤੋਂ ਪਹਿਲਾਂ ਓਸ਼ੋ ਉਪਾਸਕਾ ਨੇ ਇੱਕ ਦੂਜੇ ਦੇ ਰੰਗ ਮਲਿਆ ਤੇ ਇਕ ਦੂਜੇ ਨੂੰ ਹੋਲੀ ਦੀਆਂ ਵਧਾਈਆਂ ਦਿੱਤੀਆਂ। ਇਸ ਤੋਂ ਬਾਅਦ ਮੈਡੀਟੇਸ਼ਨ ਮਿਊਜ਼ਿਕ ਅਤੇ ਹੋਰ ਧਾਰਮਿਕ ਗੀਤਾਂ ਤੇ ਸਾਰੇ ਹੀ ਉਪਾਸਕਾਂ ਨੇ ਲੰਬਾ ਸਮਾਂ ਨੱਚ ਟੱਪ ਕੇ ਗਹਿਰੇ ਧਿਆਨ ਦਾ ਆਨੰਦ ਮਾਣਿਆ। ਇਸ ਮੌਕੇ ਗੱਲਬਾਤ ਕਰਦਿਆਂ ਸੁਵਾਮੀ ਆਨੰਦ ਸਥਿਆਰਥੀ ਨੇ ਕਿਹਾ ਕਿ ਖੁਸ਼ੀ ਦੇ ਪਲਾ ਉੱਤੇ ਸਾਨੂੰ ਸਾਰਿਆਂ ਨੂੰ ਨੱਚ ਟੱਪ ਕੇ ਆਪਣੇ ਅੰਦਰਲੀ ਨੈਗੇਟਿਵਿਟੀ ਨੂੰ ਕੱਢ ਦੇਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਅੱਜ ਹਰ ਇਨਸਾਨ ਹੱਸਣਾ, ਗਾਉਣਾ, ਨੱਚਣਾ ਅਤੇ ਰੋਣਾ ਭੁੱਲਦਾ ਜਾ ਰਿਹਾ ਹੈ। ਜਿਸ ਕਾਰਨ ਉਸ ਦੀ ਅੰਦਰਲੀ ਨੈਗਟਿਵਿਟੀ ਬਾਹਰ ਨਹੀਂ ਨਿਕਲਦੀ, ਅੰਦਰੋਂ ਅੰਦਰ ਸਰੀਰਕ ਤੇ ਮਾਨਸਿਕ ਰੋਗਾਂ ਨੂੰ ਜਨਮ ਦਿੰਦੀ ਹੈ। ਉਹਨਾਂ ਦੱਸਿਆ ਕਿ ਹੁਣ ਅਗਲਾ ਪ੍ਰੋਗਰਾਮ 21 ਮਾਰਚ ਨੂੰ ਹੋਵੇਗਾ।ਪ੍ਰੋਗਰਾਮ ਦੀ ਸਮਾਪਤੀ ਮੌਕੇ ਸਾਰਿਆਂ ਨੇ ਰਲ ਮਿਲ ਕੇ ਚਾਹ ਪਾਣੀ ਅਤੇ ਲੰਗਰ ਪਾਣੀ ਛਕਿਆ ਅਤੇ ਇੱਕ ਦੂਜੇ ਨੂੰ ਹੋਲੀ ਦੀਆਂ ਵਧਾਈਆਂ ਦਿੱਤੀਆਂ। ਇਸ ਮੌਕੇ ਸੁਆਮੀ ਆਨੰਦ ਸਥਿਆਰਥੀ ਜੀ, ਕ੍ਰਾਂਤੀ ਮਾਂ, ਸੁਆਮੀ ਨਰੂਪਾ ਜੀ, ਸਤਪਾਲ, ਅਰਾਧਨਾ, ਨੀਤੂ, ਲਾਲ ਸ਼ਾਮ, ਮੋਹਣ ਲਾਲ, ਨਿਰਮਲ ਸਿੰਘ ਮੁੱਗੋਵਾਲ, ਪਰਮਜੀਤ ਕੌਰ ਤੇ ਹੋਰ ਓਸ਼ੋ ਪ੍ਰੇਮੀ ਹਾਜ਼ਰ ਸਨ।

# ਮੋਟਰਸਾਈਕਲ ਤੇ ਜੁਗਾੜੂ ਰੇਹੜੀ 'ਚ ਟੱਕਰ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ ਤੋਂ ਰੋਪੜ ਰੋਡ 'ਤੇ ਸਥਿਤ ਹਾਈਟੈਕ ਨਾਕਾ ਅੰਸਰੋਂ ਦੇ ਨਜ਼ਦੀਕ ਇੱਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਹ ਹਾਦਸਾ



ਰੋਡ 'ਤੇ ਖੜੀ ਇੱਕ ਜੁਗਾੜੂ ਰੇਹੜੀ ਅਤੇ ਮੋਟਰਸਾਈਕਲ ਵਿਚਕਾਰ ਹੋਇਆ। ?ਜਾਣਕਾਰੀ ਅਨੁਸਾਰ, ਰੋਡ ਸੇਫਟੀ ਫੋਰਸ ਬਲਾਚੌਰ ਤੋਂ ਰੋਪੜ ਹੈੱਡ ਨੂੰ ਇੱਕ ਰਾਹਗੀਰ ਨੇ ਹਾਦਸੇ ਦੀ ਸੂਚਨਾ ਦਿੱਤੀ। ਮੌਕੇ 'ਤੇ ਪਹੁੰਚ ਕੇ ਦੇਖਿਆ ਗਿਆ ਕਿ ਇੱਕ ਮੋਟਰਸਾਈਕਲ ਜਿਸ 'ਤੇ ਯੁਵਰਾਜ ਸਿੰਘ ਤੇ ਹਰਮਨ ਅਟਵਾਲ ਸਵਾਰ ਸਨ, ਰੋਪੜ ਤੋਂ ਰਾਹੋਂ ਵੱਲ ਜਾ ਰਹੇ ਸਨ। ਅੰਸਰੋਂ ਨਾਕੇ ਦੇ ਕਰੀਬ ਇਹ ਮੋਟਰਸਾਈਕਲ ਸੜਕ ਕਿਨਾਰੇ ਖੜੀ ਇੱਕ ਜੁਗਾੜੂ ਰੇਹੜੀ ਨਾਲ ਟਕਰਾ ਗਿਆ।ਰੇਹੜੀ ਨੂੰ ਕਰਮ ਚੰਦ, ਵਾਸੀ ਰੇਲ ਮਾਜਰਾ ਚਲਾ ਰਿਹਾ ਸੀ।

# ਡਿੰਪਲ ਚੇਅਰਪਰਸਨ ਤੇ ਗਗਨਦੀਪ ਚੀਮਾ ਵਾਈਸ ਚੇਅਰਮੈਨ ਬਣੇ



**ਦਸੂਹਾ (ਕਰਨੈਲ ਮਾਂਗਟ)**- ਬਲਾਕ ਸੰਮਤੀ ਦਸੂਹਾ ਦੀ ਚੇਅਰਪਰਸਨ ਅਤੇ ਵਾਈਸ ਚੇਅਰਮੈਨ ਦੀ ਚੋਣ ਸ਼ਾਂਤੀਪੂਰਨ , ਅਤੇ ਸਰਬ ਸੰਮਤੀ ਨਾਲ ਸੰਪੰਨ ਹੋ ਗਈ, ਜਿਸ ਦੌਰਾਨ ਆਮ ਆਦਮੀ ਪਾਰਟੀ ਦੀ ਡਿੰਪਲ ਕੌਰ (ਪਿੰਡ ਬਾਲਾ ਕੁੱਲੀਆਂ) ਨੂੰ ਸਰਬਸੰਮਤੀ ਨਾਲ ਚੇਅਰਪਰਸਨ ਅਤੇ ਗਗਨਦੀਪ ਸਿੰਘ ਚੀਮਾ ਨੂੰ ਵਾਈਸ ਚੇਅਰਮੈਨ ਚੁਣ ਲਿਆ ਗਿਆ। ਇਸ ਮੌਕੇ ਮੌਜੂਦ ਆਗੂਆਂ ਅਤੇ ਮੈਂਬਰਾਂ ਵੱਲੋਂ ਦੋਹਾਂ ਨੂੰ ਫੁੱਲ ਮਾਲਾਵਾਂ ਪਾ ਕੇ ਵਧਾਈਆਂ ਦਿੱਤੀਆਂ ਗਈਆਂ ਤੇ ਉਨ੍ਹਾਂ ਦੇ ਚੁਣੇ ਜਾਣ ਨੂੰ ਇਲਾਕੇ ਲਈ ਇੱਕ ਸਕਾਰਾਤਮਕ ਕਦਮ ਕਰਾਰ ਦਿੱਤਾ ਗਿਆ। ਚੋਣ ਪ੍ਰਕਿਰਿਆ ਐੱਸ ਡੀ ਐੱਮ ਕੰਵਲਜੀਤ ਸਿੰਘ ਦੀ ਅਗਵਾਈ ਤੇ ਬੀ ਡੀ ਪੀ ਓ ਗੁਰਮੀਤ ਸਿੰਘ ਚਾਹਲ ਦੀ ਦੇਖਰੇਖ ਹੇਠ ਕਰਵਾਈ ਗਈ। ਚੋਣ ਦੌਰਾਨ ਬਲਾਕ ਸੰਮਤੀ ਦੇ ਮੈਂਬਰਾਂ ਵੱਲੋਂ ਪੂਰੀ ਸਹਿਮਤੀ ਨਾਲ ਡਿੰਪਲ ਕੌਰ ਤੇ ਗਗਨਦੀਪ ਸਿੰਘ ਚੀਮਾ ਦੇ ਨਾਂਅ 'ਤੇ ਮੋਹਰ ਲਗਾਈ ਗਈ, ਜਿਸ ਨਾਲ ਦੋਹਾਂ ਨੂੰ ਬਿਨਾਂ ਕਿਸੇ ਵਿਰੋਧ ਦੇ ਸਰਬਸੰਮਤੀ ਨਾਲ ਚੁਣਿਆ ਗਿਆ। ਇਸ ਮੌਕੇ ਦਸੂਹਾ ਦੇ ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਪੰਜਾਬ ਕਲਾ ਪ੍ਰੀਸ਼ਦ ਵੱਲੋਂ ਨਾਵਲਕਾਰ ਜਸਬੀਰ ਮੰਡ ਨਾਲ ਸੰਵਾਦ ਸਮਾਰੋਹ

**ਬੰਗਾ (ਅਵਤਾਰ ਕਲੇਰ)** ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵਲੋਂ ਪੰਜਾਬ ਦੀ ਨਵ ਸਿਰਜਣਾ ਤਹਿਤ ਆਰੰਭ ਕੀਤੀ ਪ੍ਰੋਗਰਾਮ ਲੜੀ 'ਸਿਰਜਣਾ ਅਤੇ ਸੰਵਾਦ' ਅਧੀਨ ਖੇਤਰ ਦੇ




ਦੋਆਬਾ ਆਰੀਆ ਸੀਨੀਅਰ ਸੈਕੰਡਰੀ ਸਕੂਲ ਰਾਹੋਂ ਰੋਡ ਨਵਾਂ ਸ਼ਹਿਰ ਵਿਖੇ ਪੰਜਾਬੀ ਦੇ ਪ੍ਰਸਿੱਧ ਨਾਵਲਕਾਰ ਜਸਬੀਰ ਮੰਡ ਨਾਲ ਸੰਵਾਦ ਸਮਾਰੋਹ ਦਾ ਆਯੋਜਨ ਕਰਵਾਇਆ ਗਿਆ। ਅਦਾਰਾ ਪਰਵਾਜ਼, ਇਕਾਈ ਨਵਾਂ ਸ਼ਹਿਰ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਰੋਹ ਦੇ ਪ੍ਰਧਾਨਗੀ ਮੰਡਲ ਵਿੱਚ ਮਹਿਮਾਨ ਨਾਵਲਕਾਰ ਜਸਬੀਰ ਮੰਡ, ਆਰੀਆ ਸਕੂਲ ਦੇ ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ, ਜਸਬੀਰ ਦੀਪ, ਭੁਪਿੰਦਰ ਸਿੰਘ ਮੱਲ੍ਹੀ ਅਤੇ ਕਹਾਣੀਕਾਰ ਅਜਮੇਰ ਸਿੱਧੂ ਨੇ ਸ਼ਿਰਕਤ ਕੀਤੀ। ਸਮਾਰੋਹ ਦੇ ਆਰੰਭ ਵਿੱਚ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ ਜੇ ਬੀ ਸੇਖੋਂ ਨੇ ਦੱਸਿਆ ਕਿ ਪੰਜਾਬ ਕਲਾ ਪਰੀਸ਼ਦ ਵਲੋਂ ਉਲੀਕੇ ਇਸ ਸਮਾਰੋਹ ਦਾ ਮੰਤਵ ਲੇਖਕ ਤੇ ਪਾਠਕ ਵਿਚਕਾਰ ਸੰਵਾਦ ਦੀਆਂ ਨਵੀਆਂ ਸੰਭਾਵਨਾਵਾਂ ਪੈਦਾ ਕਰਨਾ ਹੈ। ਪ੍ਰਿੰਸੀਪਲ ਰਜਿੰਦਰ ਸਿੰਘ ਗਿੱਲ ਨੇ ਸਵਾਗਤੀ ਸ਼ਬਦ ਸਾਂਝੇ ਕੀਤੇ ਤੇ ਕਲਾ ਪਰਿਸ਼ਦ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਮਹਿਮਾਨ ਨਾਵਲਕਾਰ ਜਸਬੀਰ ਮੰਡ ਨੇ ਆਪਣੇ ਨਾਵਲਾਂ ਦੀ ਸਿਰਜਣ ਪ੍ਰਕਿਰਿਆ ਬਾਰੇ ਵਿਚਾਰ ਰੱਖੇ। ਉਨ੍ਹਾਂ ਆਪਣੇ ਨਾਵਲ 'ਔੜ ਦੇ ਬੀਜ' ਤੋਂ 'ਚੁਰਾਸੀ ਲੱਖ ਯਾਦਾਂ' ਤੱਕ ਦੇ ਸਿਰਜਣਾਤਮਿਕ ਸਫ਼ਰ ਬਾਰੇ ਦੱਸਦਿਆਂ ਕਿਹਾ ਕਿ ਉਨ੍ਹਾਂ ਦੇ ਨਾਵਲਾਂ ਵਿੱਚ ਕੁਦਰਤ, ਕਿਰਤ, ਕਿਰਸਾਨੀ ਅਤੇ ਪਿੰਡ ਦੇ ਬਦਲ ਰਹੀ ਤਸਵੀਰ ਦਾ ਅਕਸਰ ਜ਼ਿਕਰ ਆਉਂਦਾ ਹੈ। ਉਨ੍ਹਾਂ ਸੰਤਾਲੀ ਅਤੇ ਪੰਜਾਬ ਸੰਕਟ ਨਾਲ ਜੁੜੇ ਨਾਵਲੀ ਬਿਰਤਾਂਤ ਦੀਆਂ ਘਟਨਾਵਾਂ, ਪਾਤਰਾਂ, ਭਾਸ਼ਾ ਸ਼ੈਲੀ ਆਦਿ ਬਾਰੇ ਮੁੱਲਵਾਨ ਵਿਚਾਰ ਰੱਖੇ।ਇਸ ਮੌਕੇ ਜਸਵੀਰ ਬੇਗਮਪੁਰੀ ਨੇ ਪੁਸਤਕਾਂ ਦੀ ਵਿਕਰੀ ਪ੍ਰਦਰਸ਼ਨੀ ਲਗਾਈ। ਸਮਾਰੋਹ ਮੌਕੇ ਸੁਰਮੁਖ ਸਿੰਘ, ਅਜੈ ਕੁਮਾਰ ਚਾਹੜਮਜਾਰਾ, ਕੁਲਦੀਪ ਸਿੰਘ ਜੇਠੂਮਜਾਰਾ, ਰੁਪਿੰਦਰ ਸਿੰਘ ਮਾਹਿਲ, ਐਡਵੋਕੇਟ ਪਰਮਜੀਤ ਸਿੰਘ ਖੱਟੜਾ, ਵਾਸਦੇਵ ਪਰਦੇਸੀ, ਕਵੀ ਮੱਖਣ ਬਖਲੌਰ, ਅਮਰੀਕ ਸਿੰਘ ਬੇਗਮਪੁਰੀ,ਵਿਜੈ ਕੁਮਾਰ , ਰੁਪਿੰਦਰ ਕੌਰ ਦੁਰਗਾ ਪੁਰ,ਸੰਦੀਪ ਨਈਅਰ, ਪ੍ਰੋ ਹਰਪ੍ਰੀਤ ਕੌਰ, ਰੁਪਿੰਦਰ ਕੌਰ ਬਕਾਪੁਰ, ਰੀਆ, ਦੀਪਕਾ ਆਦਿ ਸਮੇਤ ਸਾਹਿਤ ਪ੍ਰੇਮੀ ਹਾਜ਼ਰ ਸਨ।

# ਸ਼ਹੀਦ ਏ ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ 22 ਨੂੰ

**ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਹੋਰ ਮਜ਼ਬੂਤੀ ਦੇਣ ਲਈ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਵੱਲੋਂ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਦੇ ਆਯੋਜਨ ਸਬੰਧੀ ਇਕ ਵਿਸ਼ੇਸ਼ ਮੀਟਿੰਗ



ਬੁਲਾਈ ਗਈ। ਡਿਪਟੀ ਸਪੀਕਰ ਨੇ ਕਿਹਾ ਕਿ ਮਾਨਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਅਤੇ ਰੰਗਲੇ ਪੰਜਾਬ ਦੀ ਪੁਨਰ ਸਥਾਪਨਾ ਲਈ ਸੂਬਾ ਪੱਧਰ 'ਤੇ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਲੜੀ ਤਹਿਤ 22 ਮਾਰਚ ਨੂੰ ਫੁਟਬਾਲ ਦੀ ਨਰਸਰੀ ਕਹੇ ਜਾਣ ਵਾਲੇ ਮਾਹਿਲਪੁਰ (ਗੜ੍ਹਸ਼ੰਕਰ), ਜ਼ਿਲ੍ਹਾ ਹੁਸ਼ਿਆਰਪੁਰ ਵਿੱਚ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਨੈਸ਼ਨਲ ਮੈਰਾਥਨ' ਰਾਜ ਪੱਧਰੀ ਸਮਾਗਮ ਵਜੋਂ ਕਰਵਾਈ ਜਾਵੇਗੀ। ਉਨ੍ਹਾਂ ਦੱਸਿਆ ਕਿ 23 ਮਾਰਚ, 2026 ਨੂੰ ਸ਼ਹੀਦ-ਏ-ਆਜ਼ਮ ਸ੍ਰੀ ਭਗਤ ਸਿੰਘ ਦੇ ਸ਼ਹੀਦੀ ਦਿਹਾੜੇ ਦੇ ਮੌਕੇ ਰਾਜ ਪੱਧਰੀ ਸਮਾਗਮ ਖਟਕੜ ਕਲਾਂ ਵਿਖੇ ਮਨਾਇਆ ਜਾਵੇਗਾ। ਇਸ ਲਈ ਇਕ ਦਿਨ ਪਹਿਲਾਂ 22 ਮਾਰਚ ਨੂੰ ਇਹ ਮੈਰਾਥਨ ਸ਼ਹੀਦ-ਏ-ਆਜ਼ਮ ਨੂੰ ਸਮਰਪਿਤ ਕਰਕੇ ਕਰਵਾਈ ਜਾਵੇਗੀ। ਜੇਤੂਆਂ ਨੂੰ ਵਿਸ਼ੇਸ਼ ਇਨਾਮਾਂ ਨਾਲ ਸਨਮਾਨਤ ਕੀਤਾ ਜਾਵੇਗਾ। ਮੀਟਿੰਗ ਵਿੱਚ ਪਰਮਿੰਦਰ ਸਿੰਘ ਗੋਲਡੀ (ਚੇਅਰਮੈਨ, ਪੰਜਾਬ ਯੂਥ ਡਿਵੈਲਪਮੈਂਟ ਬੋਰਡ), ਡਾ. ਐਸ.ਪੀ. ਅਨੰਦ ਕੁਮਾਰ (ਆਈ.ਏ.ਐਸ), ਸ. ਹਰਪ੍ਰੀਤ ਸਿੰਘ ਸੂਦਨ (ਡਾਇਰੈਕਟਰ ਖੇਡਾਂ), ਦਮਪ੍ਰੀਤ ਵਾਲੀਆ (ਆਈ.ਏ.ਐਸ), ਆਸ਼ਿਕਾ ਜੈਨ (ਡਿਪਟੀ ਕਮਿਸ਼ਨਰ, ਹੁਸ਼ਿਆਰਪੁਰ), ਚਰੂ ਮੀਤਾ, ਸੁਖਪ੍ਰੀਤ ਸਿੰਘ ਸਿੱਧੂ, ਤੇਜਦੀਪ ਸਿੰਘ ਸੈਣੀ, ਮੇਜਰ ਸਿੰਘ (ਐਸ.ਪੀ. ਹੁਸ਼ਿਆਰਪੁਰ), ਗੌਤਮ ਕਪੂਰ (ਲੋਕ ਸੰਪਰਕ ਅਫਸਰ), ਰਾਜੇਸ਼ ਬਖ਼ਸ਼ੀ, ਕੁਲਵੰਤ ਸਿੰਘ ਸੰਘਾ, ਅਰਵਿੰਦਰ ਸਿੰਘ, ਡਾ. ਪਰਮਿੰਦਰ ਸਿੰਘ, ਡਾ. ਸਾਜਨ ਸ਼ਰਮਾ, ਲਕਸ਼ੈ ਭਾਰਤੀ, ਰਾਮ ਲੋਕ ਖਟਾਣਾ ਤੇ ਸ੍ਰੀ ਮੋਹਿਤ ਅੱਤਰੀ, ਲੋਕ ਸੰਪਰਕ ਅਫਸਰ/ਡਿਪਟੀ ਸਪੀਕਰ,ਪੰਜਾਬ ਵਿਧਾਨ ਸਭਾ, ਸਮੇਤ ਹੋਰ ਅਧਿਕਾਰੀ ਹਾਜ਼ਰ ਰਹੇ।

# ਆਂਗਨਵਾੜੀ ਮੁਲਾਜ਼ਮ ਯੂਨੀਅਨ ਦੀ ਮੀਟਿੰਗ

**ਗੁਰਾਇਆ (ਬਿੰਦਰ ਸੁਮਨ, ਨਿਰਮਲ)**- ਆਂਗਨਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਟੂ ਜਿਲਾ ਜਲੰਧਰ ਬਲਾਕ ਫਿਲੌਰ ਵਿੱਚ ਮੀਟਿੰਗ ਕਰਕੇ ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਪ੍ਰਧਾਨ ਨਿਰੰਜਨ ਕੌਰ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਫੇਸ ਰਿਕੋਗਨਾਈਜੇਸ਼ਨ ਸਿਸਟਮ ਦੇ ਤਹਿਤ ਲਾਭਪਾਤਰੀਆਂ ਦੀ ਸ਼ਨਾਖਤ ਕਰਨ ਲਈ ਆਂਗਨਵਾੜੀ ਕੇਂਦਰਾਂ ਵਿੱਚ ਮੋਬਾਇਲ ਖਰੀਦ ਕੇ ਦੇਣੇ ਹਨ। ਚਾਰ ਸਾਲ ਬੀਤਣ ਤੇ ਮੋਬਾਇਲ ਤਾਂ ਨਹੀਂ ਖਰੀਦੇ ਗਏ । ਵਿਭਾਗ ਦੇ ਅਕਸ ਨੂੰ ਬਚਾਉਣ ਵਾਸਤੇ ਆਂਗਨਵਾੜੀ ਵਰਕਰਾਂ ਆਪਣੇ ਮੋਬਾਈਲਾਂ ਤੋਂ ਕੰਮ ਕਰ ਰਹੀਆਂ ਹਨ । ਪਰ ਐਫ ਆਰ ਐਸ ਨੂੰ ਬਹਾਨਾ ਬਣਾ ਕੇ ਅਜਨਾਲੇ ਤੋਂ ਵਰਕਰ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਗਈਆਂ । ਜੱਥੇਬੰਦੀ ਨੇ ਕਿਹਾ ਕਿ ਇਹ ਅਸੂਲਨ ਗਲਤ ਹੈ ।ਜਿੰਨੀ ਦੇਰ ਸਰਕਾਰ ਨੇ ਫੋਨ ਨਹੀਂ ਦਿੱਤੇ ਤਾਂ ਸੇਵਾਵਾਂ ਕਿਵੇਂ ਖਤਮ ਕੀਤੀਆਂ ਜਾ ਸਕਦੀਆਂ ਹਨ। ਜਥੇਬੰਦੀ ਮੰਗ ਕਰਦੀ ਹੈ ਕਿ ਵਿਭਾਗ ਨੂੰ ਦੀਆਂ ਸੇਵਾਵਾਂ ਤੁਰੰਤ ਬਹਾਲ ਕਰਨੀਆਂ ਚਾਹੀਦੀਆਂ ਹਨ। ਇਸ ਤੋਂ ਇਲਾਵਾ ਬੱਚਿਆਂ ਲਈ ਦਿੱਤੀ ਜਾ ਰਹੀ ਸਪਲੀਮੈਂਟਰੀ ਨਿਊਟਰੀਸ਼ਨ ਜਿਸ ਵਿੱਚ ਖਿੱਚੜੀ ਨਮਕੀਨ ਦਲੀਆ ਅਤੇ ਮਿੱਠਾ ਦਲੀਆ ਸ਼ਾਮਿਲ ਹੈ ਉਹ ਸਹੀ ਮਾਇਨੇ ਦੇ ਵਿੱਚ ਪੰਜਾਬ ਦੇ ਲੋਕ ਪਸੰਦ ਨਹੀਂ ਕਰਦੇ ਤੇ ਇਸ ਵਿੱਚ ਸੁਧਾਰ ਦੀ ਮੰਗ ਬਹੁਤ ਵਾਰ ਕੀਤੀ ਜਾ ਚੁੱਕੀ ਹੈ।



# ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਦੀਵਾਨ ਹਾਲ ਦਾ ਲੈਂਟਰ ਪਾਇਆ

**ਮੋਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਵਿਖੇ ਬ੍ਰਹਮਗਿਆਨੀ ਸੰਤ ਬਾਬਾ ਅਜੀਤ ਸਿੰਘ ਜੀ ਹੰਸਾਲੀ ਵਾਲਿਆਂ



ਦੇ ਆਸ਼ੀਰਵਾਦ ਸਦਕਾ ਦੀਵਾਨ ਹਾਲ ਦਾ ਲੈਂਟਰ ਪਾਇਆ ਗਿਆ। ਇਸ ਕਾਰਜ ਦੀ ਅਰੰਭਤਾ ਲਈ ਸਵੇਰੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਇਸ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਲੈਂਟਰ ਦੀ ਅਰੰਭਤਾ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਹਰਜਿੰਦਰ ਸਿੰਘ, ਸਤਵਿੰਦਰ ਸਿੰਘ ਸੋਢੀ ਨੇ ਦੱਸਿਆ ਕਿ ਆਧੁਨਿਕ ਸਹੂਲਤਾਂ ਵਾਲਾ ਇਹ ਦੀਵਾਨ ਹਾਲ ਬੇਸਮੈਂਟ ਸਮੇਤ 160 ਫੁੱਟ ਲੰਬਾਈ, 135 ਫੁੱਟ ਚੋੜਾਈ ਅਤੇ 35 ਫੁੱਟ ਉਚਾਈ ਵਾਲਾ ਬਣਵਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕ ਕਮੇਟੀ ਤੋਂ ਇਲਾਵਾ ਪਿੰਡ ਅਤੇ ਇਲਾਕੇ ਦੇ ਪਤਵੰਤੇ ਸੱਜਣ ਅਤੇ ਕਈ ਉਘੇ ਸਿਆਸੀ ਆਗੂ ਹਾਜਰ ਸਨ। ਮਿਠਾਈਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ ਵਿੱਖੇ ਆਧੁਨਿਕ ਸਹੂਲਤਾਂ ਵਾਲੀ 7 ਮੰਜਿਲਾ ਕਾਰ ਪਾਰਕਿੰਗ ਦੀ ਉਸਾਰੀ ਦੀ ਸੇਵਾ ਪ੍ਰਬੰਧਕ ਕਮੇਟੀ ਵੱਲੋ ਸਮੂਹ ਸੰਗਤ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਹੈ। ਇਸ ਤੋਂ ਇਲਾਵਾ ਆਉਣ ਵਾਲੇ ਸਮੇਂ ਵਿੱਚ ਆਧੁਨਿਕ ਸਹੂਲਤਾਂ ਵਾਲੇ ਬਹੁਮੰਜਿਲੀ ਲੰਗਰ ਹਾਲ ਦੀ ਉਸਾਰੀ ਦਾ ਕੰਮ ਵੀ ਜਲਦ ਸ਼ੁਰੂ ਕਰਵਾਇਆ ਜਾ ਰਿਹਾ ਹੈ।

# ਪੰਚਾਇਤ ਸੰਮਤੀ ਦੇ ਚੇਅਰਪਰਸਨ ਤੇ ਉਪ ਚੇਅਰਪਰਸਨ ਦੀ ਚੋਣ ਪ੍ਰਕਿਰਿਆ ਮੁਕੰਮਲ

**ਨੰਗਲ (ਸੁਰਜੀਤ ਸਿੰਘ ਢੇਰ)**- ਬਲਾਕ ਸੰਮਤੀ ਨੰਗਲ ਦੇ ਪੰਚਾਇਤ ਸੰਮਤੀ ਮੈਂਬਰਾਂ ਨੇ ਚੇਅਰਪਰਸਨ ਤੇ ਉਪ ਚੇਅਰਪਰਸਨ ਦੀ ਚੋਣ ਪ੍ਰਕਿਰਿਆ ਵਿੱਚ ਭਾਗ ਲੈ ਕੇ



ਮਹਿਲਾ ਉਮੀਦਵਾਰਾਂ ਨੂੰ ਚੇਅਰਪਰਸਨ ਅਤੇ ਉਪ ਚੇਅਰਪਰਸਨ ਚੁਣ ਕੇ ਇਲਾਕੇ ਦੇ ਵਿਕਾਸ ਦੀ ਨੀਂਹ ਨੂੰ ਹੋਰ ਮਜ਼ਬੂਤ ਕੀਤਾ ਹੈ। ਹਾਜ਼ਰ ਸਾਰੇ 10 ਪੰਚਾਇਤ ਸੰਮਤੀ ਮੈਂਬਰਾਂ ਨੇ ਸਰਬਸੰਮਤੀ ਨਾਲ ਇਸ ਚੋਣ ਪ੍ਰਕਿਰਿਆ ਨੂੰ ਮੁਕੰਮਲ ਕੀਤਾ ਅਤੇ ਔਰਤਾਂ ਨੂੰ ਅਗਵਾਈ ਕਰਨ ਦਾ ਮੌਕਾ ਦਿੱਤਾ। ਜਿਸ ਦੀ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਨੇ ਭਰਪੂਰ ਸ਼ਲਾਘਾ ਕੀਤੀ ਹੈ। ਬਲਾਕ ਨੰਗਲ ਦੀ ਪੰਚਾਇਤ ਸਮਿਤੀ ਲਈ ਚੇਅਰਪਰਸਨ ਤੇ ਵਾਈਸ ਚੇਅਰਪਰਸਨ ਦੀ ਚੋਣ ਸ਼ਾਂਤੀਪੂਰਵਕ ਅਤੇ ਸਫਲਤਾਪੂਰਵਕ ਸੰਪੰਨ ਹੋ ਗਈ ਹੈ। ਇਸ ਦੌਰਾਨ ਪੰਚਾਇਤ ਸਮਿਤੀ ਦੇ ਮੈਂਬਰਾਂ ਵੱਲੋਂ ਇਕਜੁੱਟ ਹੋ ਕੇ ਨਵੇਂ ਅਹੁਦਿਆਂ ਲਈ ਪ੍ਰਤੀਨਿਧੀਆਂ ਦੀ ਚੋਣ ਕੀਤੀ ਗਈ। ਚੋਣ ਪ੍ਰਕਿਰਿਆ ਦੌਰਾਨ ਮੈਂਬਰਾਂ ਵਿੱਚ ਪੂਰਾ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਸਾਰੇ ਹਾਜ਼ਰ ਮੈਂਬਰਾਂ ਨੇ ਲੋਕਤੰਤਰਿਕ ਤਰੀਕੇ ਨਾਲ ਆਪਣਾ ਸਮਰਥਨ ਪ੍ਰਗਟ ਕੀਤਾ। ਚੋਣ ਦੇ ਨਤੀਜਿਆਂ ਅਨੁਸਾਰ ਜੋਨ ਨੰਬਰ 3, ਮਨਕਪੁਰ ਤੋਂ ਪੰਚਾਇਤ ਸਮਿਤੀ ਮੈਂਬਰ ਮਮਤਾ ਦੇਵੀ ਨੂੰ ਬਲਾਕ ਨੰਗਲ ਦੀ ਚੇਅਰਪਰਸਨ ਚੁਣਿਆ ਗਿਆ ਹੈ। ਉਨ੍ਹਾਂ ਦਾ ਨਾਂਅ ਪੰਚਾਇਤ ਸਮਿਤੀ ਦੇ ਮੈਂਬਰਾਂ ਵੱਲੋਂ ਪ੍ਰਸਤਾਵਿਤ ਕੀਤਾ ਗਿਆ। ਸਾਰੇ ਮੈਂਬਰਾਂ ਨੇ ਉਨ੍ਹਾਂ ਦੀ ਚੋਣ ਦਾ ਤਹਿ ਦਿਲੋਂ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸੇ ਤਰ੍ਹਾਂ ਜੋਨ ਨੰਬਰ 11 ਨਾਨਗਰਾਂ ਤੋਂ ਪੰਚਾਇਤ ਸਮਿਤੀ ਮੈਂਬਰ ਸ੍ਰੀਮਤੀ ਸੀਮਾ ਦੇਵੀ ਨੂੰ ਬਲਾਕ ਨੰਗਲ ਦੀ ਵਾਈਸ ਚੇਅਰਪਰਸਨ ਚੁਣਿਆ ਗਿਆ ਹੈ। ਉਨ੍ਹਾਂ ਦਾ ਨਾਂਅ ਵੀ ਮੈਂਬਰਾਂ ਵੱਲੋਂ ਪ੍ਰਸਤਾਵਿਤ ਕੀਤਾ ਗਿਆ। ਚੋਣ ਪ੍ਰਕਿਰਿਆ ਦੌਰਾਨ ਸਾਰੇ ਹਾਜ਼ਰ ਮੈਂਬਰਾਂ ਨੇ ਇਕਜੁਟ ਹੋ ਕੇ ਉਨ੍ਹਾਂ ਦੀ ਚੋਣ ਦਾ ਸਮਰਥਨ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

# ਹੋਲੇ ਮਹੱਲੇ ਦੇ ਮੌਕੇ ਲਗਾਇਆ ਰਸ ਦਾ ਲੰਗਰ



**ਪੋਜੇਵਾਲ (ਰਾਮ ਲਾਲ)** ਹੋਲੇ ਮਹੱਲੇ ਦੇ ਮੌਕੇ ਤੇ ਜਿੱਥੇ ਹਜ਼ਾਰਾਂ ਹੀ ਸੰਗਤਾਂ ਸ੍ਰੀ ਅਨੰਦਪੁਰ ਸਾਹਿਬ ਨੂੰ ਹੋਲੇ ਮਹੱਲੇ ਦੇ ਮੌਕੇ ਤੇ ਜਾਂਦੀਆਂ ਹਨ। ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਵਾਲੀਆਂ ਸੰਗਤਾਂ ਲਈ ਬਹੁਤ ਸਾਰੀਆਂ ਜਗ੍ਹਾ ਤੇ ਲੰਗਰ ਲਗਾਏ ਜਾਂਦੇ ਹਨ। ਉਥੇ ਹੀ ਸੜੋਆ ਦੀ ਸਮੂਹ ਸੰਗਤ ਵੱਲੋਂ ਰਸ ਦਾ ਲੰਗਰ ਲਗਾਇਆ ਗਿਆ। ਇਸ ਸਬੰਧੀ ਡਾਕਟਰ ਜਸਪਾਲ ਸਿੰਘ ਪੀ ਐੱਚ ਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਇਹ ਲੰਗਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਹੋਲੇ ਮਹੱਲੇ ਤੇ ਮੌਕੇ ਤੇ ਸ੍ਰੀ ਅਨੰਦਪੁਰ ਸਾਹਿਬ ਨੂੰ ਜਾਣ ਵਾਲੀਆਂ ਸੰਗਤਾਂ ਲਈ ਲਗਾਇਆ ਜਾਂਦਾ ਹੈ। ਇਸ ਲੰਗਰ ਵਿੱਚ ਪਿੰਡ ਸੜੋਆ ਦੀ ਸਮੂਹ ਸੰਗਤ ਤੇ ਹੋਰ ਆਲੇ ਦੁਆਲੇ ਦੇ ਪਿੰਡਾਂ ਦੇ ਲੋਕ ਰਲ ਕੇ ਇਸ ਲੰਗਰ ਨੂੰ ਲਗਾਉਂਦੇ ਹਨ।

# ਕੌਮਾਂਤਰੀ ਔਰਤ ਦਿਹਾੜੇ ਮੌਕੇ ਵਿਚਾਰ ਚਰਚਾ 8 ਨੂੰ

**ਜਲੰਧਰ (ਕੇਸਰ)**- ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਕੌਮਾਂਤਰੀ ਔਰਤ ਦਿਹਾੜੇ ਮੌਕੇ 8 ਮਾਰਚ ਨੂੰ ਸਵੇਰੇ ਠੀਕ 11 ਵਜੇ ਦੇਸ਼ ਭਗਤ ਯਾਦਗਾਰ ਹਾਲ ਅੰਦਰ ਬਣੇ ਗੰਧਰਵ ਸੇਨ ਕੋਛੜ ਯਾਦਗਾਰੀ ਥੀਏਟਰ ਵਿੱਚ ਵਿਚਾਰ ਚਰਚਾ ਅਤੇ ਫਿਲਮ ਸ਼ੋਅ ਸਮਾਗਮ ਕੀਤਾ ਜਾਏਗਾ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਜਨਰਲ ਸਕੱਤਰ ਗੁਰਮੀਤ ਸਿੰਘ ਅਤੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਦੱਸਿਆ ਕਿ ਵਿਚਾਰ ਚਰਚਾ ਸਮਾਗਮ ਵਿੱਚ ਮੁੱਖ ਤੌਰ ਤੇ ਬਲਜੀਤ ਕੌਰ ਬੱਲ ਸਾਡੇ ਸਮਿਆਂ ਅੰਦਰ ਔਰਤ ਦੀ ਜ਼ਿੰਦਗੀ ਅਤੇ ਸੰਗਰਾਮ ਸਬੰਧੀ ਆਪਣੇ ਵਿਚਾਰ ਰੱਖਣਗੇ। ਇਸ ਤੋਂ ਇਲਾਵਾ ਕਮੇਟੀ ਮੈਂਬਰ ਡਾ.ਸੈਲੇਸ਼ ਪੀਪਲਜ਼ ਵਾਇਸ ਵੱਲੋਂ ਫਿਲਮ ਸ਼ੋਅ ਕਰਨਗੇ । ਕਮੇਟੀ ਦੇ ਨੇ ਦੱਸਿਆ ਕਿ ਕੌਮਾਂਤਰੀ ਔਰਤ ਦਿਹਾੜੇ ਦੀ ਇਤਿਹਾਸਿਕ ਮਹੱਤਤਾ ਅਜੋਕੇ ਸਮੇਂ 'ਚ ਔਰਤ ਦਾ ਸਾਡੇ ਸਮਾਜ ਅੰਦਰ ਰੁਤਬਾ ਅਤੇ ਹਰ ਖੇਤਰ ਅੰਦਰ ਔਰਤ ਦੀ ਉਚੇਰੀ ਪਰਵਾਜ਼ ਲਈ ਖ਼ੂਬਸੂਰਤ ਅਤੇ ਸੁਖਾਵੇਂ ਵਾਤਾਵਰਣ ਵਾਲਾ ਅੰਬਰ ਸਿਰਜਣ ਦਾ ਅਹਿਦ ਕਰਨ ਲਈ ਇਸ ਕੌਮਾਂਤਰੀ ਦਿਹਾੜੇ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਵਿਸ਼ੇਸ਼ ਤੌਰ ਤੇ ਸਮੂਹ ਲੋਕ ਹਿਤੈਸ਼ੀ, ਅਗਾਂਹ ਵਧੂ ਅਤੇ ਜਮਹੂਰੀਅਤ ਪਸੰਦ ਪਰਿਵਾਰਾਂ ਨੂੰ ਸ਼ਿਰਕਤ ਕਰਨ ਲਈ ਅਪੀਲ ਕਰਦੀ ਹੈ।ਕਮੇਟੀ ਦਾ ਕਹਿਣਾ ਹੈ ਕਿ ਉਹ ਭਾਵੇਂ ਫ਼ਲਸਤੀਨ ਦੇ ਲੋਕਾਂ ਦਾ ਨਸਲ ਘਾਤ ਹੋਵੇ ਭਾਵੇਂ ਅਮਰੀਕ ਇਜ਼ਰਾਇਲ ਵੱਲੋਂ ਈਰਾਨ ਵਰਗੇ ਮੁਲਕਾਂ ਉੱਪਰ ਨੰਗਾ ਚਿੱਟਾ ਧਾਵਾ ਬੋਲਿਆ ਜਾ ਰਿਹਾ ਹੋਵੇ ਜਾਂ ਸਾਡੇ ਮੁਲਕ ਦੇ ਅੰਦਰ ਮੜ੍ਹੀਆਂ ਜਾ ਰਹੀਆਂ ਸਾਮਰਾਜੀ ਅਤੇ ਦੇਸੀ ਬਹੁ ਕੌਮੀ ਘਰਾਣਿਆਂ ਦੀਆਂ ਕੰਪਨੀਆਂ ਦੇ ਮੁਨਾਫਿਆਂ ਵਿੱਚ ਵਾਧਾ ਕਰਨ ਵਾਲੀਆਂ ਨੀਤੀਆਂ ਹੋਣ , ਵਿਚਾਰਾਂ ਦੀ ਦੇ ਪ੍ਰਗਟਾਵੇ ਦੀ ਆਜ਼ਾਦੀ ਉੱਤੇ ਮੜ੍ਹੀਆਂ ਜਾ ਰਹੀਆਂ ਬੰਦਸ਼ਾਂ ਹੋਣ ਜਾਂ ਫਿਰਕੂ ਫਾਸ਼ੀ ਹੱਲੇ ਤੇਜ ਕੀਤੇ ਜਾ ਰਹੇ ਹੋਣ ਅਜਿਹੇ ਮੌਕੇ ਵਿਸ਼ੇਸ਼ ਤੌਰ ਤੇ ਔਰਤ ਵਰਗ ਨੂੰ ਇੱਕ ਵੱਡੀ ਕੀਮਤ ਤਾਰਨੀ ਪੈ ਰਹੀ ਹੈ ਇਸਦੇ ਬਾਵਜੂਦ ਜੂਝਦੀਆਂ ਔਰਤਾਂ ਨੂੰ ਇਸ ਰੋਜ਼ ਕਮੇਟੀ ਸਿਜਦਾ ਕਰੇਗੀ।

# ਮਾਈਨਿੰਗ ਵਾਲੀਆਂ 2 ਟਰਾਲੀਆਂ ਕਥਿਤ ਦੋਸ਼ੀਆਂ ਸਮੇਤ ਕਾਬੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਸੰਦੀਪ ਮਲਿਕ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਵੱਲੋ ਦਿੱਤੇ ਦਿਸ਼ਾ ਨਿਰਦੇਸ਼ਾਂ ਹੇਠ ਮਾਈਨਿੰਗ ਕਰਨ ਵਾਲੇ ਵਿਅਕਤੀਆਂ ਦੇ ਖਿਲਾਫ ਮੁਹਿੰਮ ਸ਼ੁਰੂ ਕੀਤੀ ਗਈ ।ਇਸ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਹੁਸ਼ਿਆਰਪੁਰ ਦੇ ਹੁਕਮਾਂ ਦਿਸ਼ਾ ਨਿਰਦੇਸ਼ਾ ਤੇ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ ਮਿਤੀ 02-03-26 ਮੁੱਖ ਅਫਸਰ ਥਾਣਾ ਮੇਹਟੀਆਣਾ ਵਲੋ ਲਵਪ੍ਰੀਤ ਸਿੰਘ ਜੇ ਈ ਕਮ ਮਾਈਨਿੰਗ ਇੰਸਪੈਕਟਰ ਜਲ ਨਿਕਾਸ ਕਮ ਮਾਈਨਿੰਗ ਉਪ ਮੰਡਲ ਗੜ੍ਹਸ਼ੰਕਰ ਨੂੰ ਬਜਰੀਆਂ ਮੋਬਾਇਲ ਫੋਨ ਤੇ ਸੂਚਿਤ ਕੀਤਾ ਗਿਆ ਕਿ ਓੁਹਨਾਂ ਵਲੋ ਦੋ ਟਰੈਕਟਰ ਟਰਾਲੀ ਮਿੱਟੀ ਨਾਲ ਭਰੇ ਹੋਏ ਪਿੰਡ ਬੱਡੋਂ ਵਿਖੇ ਕਾਬੂ ਕੀਤੇ ਗਏ ਹਨ।ਜਿਹਨਾਂ ਨੂੰ ਚੌਂਕੀ ਅਜਨੋਹਾ ਮੁਲਾਜਮਾਂ ਦੁਆਰਾ ਭੇਜ ਦਿੱਤਾ ਗਿਆ ਹੈ ਅਤੇ ਮੌਕੇ ਤੇ ਆਉਣ ਲਈ ਕਿਹਾ ਗਿਆ। ਜਿਸਤੇ ਉਸ ਵਲੋ ਚੌਂਕੀ ਅਜਨੋਹਾ ਪੁੱਜ ਕੇ ਦੇਖਿਆਂ ਜਿਥੇ ਦੋਵੇਂ ਟਰੈਕਟਰ 1 Sonalika ਸੋਨਾਲੀਕਾ ਨੰਬਰ ਪੀ ਬੀ PB-07-ਏ ਐੱਸ 3701, ਜਿਸਦੀ ਟਰਾਲੀ ਵਿੱਚ ਮਿੱਟੀ ਨਾਲ ਭਰੀ ਹੋਈ ਸੀ , ਜਿਸ ਸਬੰਧੀ ਲਿਖਤੀ ਦਰਖਾਸਤ ਦੇਣ ਤੇ ਇਕਬਾਲ ਸਿੰਘ ਪੁੱਤਰ ਸੰਤਵੀਰ ਸਿੰਘ ਵਾਸੀ ਪਿੰਡ ਟੋਡਰਪੁਰ ਥਾਣਾ ਮੇਹਟੀਆਣਾ ਦੀ ਤੇ ਦੂਜਾ ਟਰੈਕਟਰ ਸੋਨਾਲੀਕਾ ਜੋ ਸੰਤਵੀਰ ਸਿੰਘ ਪੁੱਤਰ ਸੁਦਾਗਰ ਸਿੰਘ ਵਾਸੀ ਪਿੰਡ ਟੋਡਰਪੁਰ ਥਾਣਾ ਮੇਹਟੀਆਣਾ ਦੇ ਪਾਏ ਗਏ ,ਜਿਨ੍ਹਾਂ ਦੀਆਂ ਟ੍ਰਾਲੀਆਂ ਮਿੱਟੀ ਨਾਲ ਭਰੀਆਂ ਹੋਈਆਂ ਸਨ ।

ਜਿਨ੍ਹਾਂ ਦੇ ਮਾਈਨਿੰਗ ਕਰਦੇ ਪਾਏ ਜਾਣ ਤੇ ਵਾਹਨ ਚਾਲਕਾਂ ਉਪਰ ਮਾਈਨਿੰਗ ਮਿਨਰਲ ਐਕਟ 1957 ਦੀ ਧਾਰਾ ਤਹਿਤ ਮੁਕੱਦਮਾ ਦਰਜ ਰਜਿਸਟਰ ਕਰਕੇ ਦੋ ਟਰਾਲੀਆਂ ਸਮੇਤ ਟਰੈਕਟਰ ਕਬਜ਼ੇ ਵਿੱਚ ਲੈ ਲਏ ਗਏ ਹਨ । ਅਗਲੇਰੀ ਕਾਨੂੰਨੀ ਕਾਰਵਾਈ ਜਾਰੀ ਹੈ ।

# ਸਪੈਸ਼ਲ ਡੀ ਜੀ ਪੀ ਵੱਲੋਂ ਅਧਿਕਾਰੀਆਂ ਨਾਲ ਮੀਟਿੰਗ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਸਪੈਸ਼ਲ ਡੀ.ਜੀ.ਪੀ., ਕਮਿਊਨਿਟੀ ਅਫੇਅਰ ਡਿਵੀਜ਼ਨ (ਸੀ ਏ ਡੀ) ਅਤੇ ਮਹਿਲਾ ਕਾਰਜ, ਪੰਜਾਬ ਗੁਰਪ੍ਰੀਤ ਕੌਰ ਦਿਓ ਨੇ ਕਮਿਸ਼ਨਰੇਟ,



ਜਲੰਧਰ ਅਧੀਨ ਪੁਲਸ ਲਾਈਨ ਵਿਖੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਕਮਿਸ਼ਨਰ ਪੁਲਸ ਜਲੰਧਰ ਧਨਪ੍ਰੀਤ ਕੌਰ ਸਮੇਤ ਜੁਆਇੰਟ ਪੁਲਸ ਕਮਿਸ਼ਨਰ ਸੰਦੀਪ ਸ਼ਰਮਾ, ਡਿਪਟੀ ਕਮਿਸ਼ਨਰ ਪੁਲਿਸ ਮਨਪ੍ਰੀਤ ਸਿੰਘ ਢਿੱਲੋਂ ਤੇ ਹੋਰ ਜੀ.ਓ ਅਫ਼ਸਰ ਤੇ ਮੁੱਖ ਅਫ਼ਸਰਾਂ ਨੇ ਸ਼ਿਰਕਤ ਕੀਤੀ। ਸਪੈਸ਼ਲ ਡੀ.ਜੀ.ਪੀ. ਨੇ ਆਪਣੇ ਦੌਰੇ ਦੌਰਾਨ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਪੱਧਰ 'ਤੇ ਚਲਾਈਆਂ ਜਾ ਰਹੀਆਂ ਵਿਸ਼ੇਸ਼ ਮੁਹਿੰਮਾਂ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਗੈਂਗਸਟਰਾਂ 'ਤੇ ਵਾਰ' ਸਬੰਧੀ ਅਗਲੇਰੀਆਂ ਕਾਰਵਾਈਆਂ ਲਈ ਵਿਸ਼ੇਸ਼ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਮਿਸ਼ਨਰੇਟ ਪੁਲਿਸ ਜਲੰਧਰ ਨੂੰ ਵਿਸ਼ੇਸ਼ ਓਪਰੇਸ਼ਨ ਪਲਾਨ ਜਾਰੀ ਕਰਨ ਨੂੰ ਕਿਹਾ, ਜਿਸ ਨਾਲ ਛੋਟੇ ਕ੍ਰਾਈਮ 'ਤੇ ਨੱਥ ਪਾਈ ਜਾ ਸਕੇ। ਉਨ੍ਹਾਂ ਨੇ ਪੁਲਿਸ ਨਾਕਿਆਂ ਨੂੰ ਹਾਈਟੈੱਕ ਕਰਨ ਤੇ ਨਾਕੇ 'ਤੇ ਤਾਇਨਾਤ ਕਰਮਚਾਰੀਆਂ ਨਾਲ ਰਾਬਤਾ ਰੱਖਣ ਲਈ ਵਾਕੀ-ਟਾਕੀ ਸੈੱਟ ਦੀ ਵਰਤੋਂ ਨੂੰ ਤਰਜੀਹ ਦਿੱਤੀ। ਉਨ੍ਹਾਂ ਨੇ ਜਨਤਕ ਸ਼ਿਕਾਇਤਾਂ ਨੂੰ ਪ੍ਰਭਾਵੀ ਢੰਗ ਨਾਲ ਹੱਲ ਕਰਨ, ਢੁੱਕਵੇਂ ਦਸਤਾਵੇਜ਼ਾਂ ਦੀ ਸਾਂਭ-ਸੰਭਾਲ ਕਰਨ ਅਤੇ ਸਟੇਸ਼ਨ ਕੰਪਲੈਕਸ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਲਈ ਸਪੱਸ਼ਟ ਨਿਰਦੇਸ਼ ਜਾਰੀ ਕੀਤੇ। ਸਪੈਸ਼ਲ ਡੀ.ਜੀ.ਪੀ. ਵੱਲੋਂ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ (ਆਈ ਸੀ ਸੀ ਸੀ) ਅਤੇ ਸਾਈਬਰ ਕ੍ਰਾਈਮ ਪੁਲਿਸ ਸਟੇਸ਼ਨ ਦਾ ਦੌਰਾ ਕੀਤਾ ਗਿਆ। ਆਈ ਸੀ ਸੀ ਸੀ ਕੰਟਰੋਲ ਸੈਂਟਰ ਦੇ ਕੰਮਕਾਜ ਦਾ ਜਾਇਜ਼ਾ ਲਿਆ ਗਿਆ ਅਤੇ ਤਾਇਨਾਤ ਕਰਮਚਾਰੀਆਂ ਨੂੰ ਕੰਮਕਾਜ ਨੂੰ ਹੋਰ ਵੀ ਸੁਚਾਰੂ ਢੰਗ ਨਾਲ ਚਲਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ।

# ਅੱਖਾਂ ਦੀ ਮੁਫ਼ਤ ਜਾਂਚ ਕੈਂਪ ਲਗਾਇਆ

**ਮਹਿਤਪੁਰ (ਰਾਜਾ)**- ਸਿਵਲ ਸਰਜਨ ਜਲੰਧਰ ਦੇ ਦਿਸ਼ਾ-ਨਿਰਦੇਸ਼ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਰਘੂ ਪ੍ਰਿਆ ਦੀ ਰਹਿਨੁਮਾਈ ਹੇਠ ਪ੍ਰਾਈਮਰੀ ਹੈਲਥ ਸੈਂਟਰ ਮਹਿਤਪੁਰ ਵਿਖੇ ਮੁਫ਼ਤ ਅੱਖਾਂ ਦੀ ਜਾਂਚ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਐੱਸ ਐੱਮ ਓ ਡਾ. ਗੁਰਪ੍ਰੀਤ ਆਈ ਮੋਬਾਈਲ ਯੂਨਿਟ ਜਲੰਧਰ ਵੱਲੋਂ 60 ਤੋਂ ਵੱਧ ਮਰੀਜ਼ਾਂ ਦੀ ਅੱਖਾਂ ਦੀ ਵਿਸਥਾਰਪੂਰਵਕ



ਜਾਂਚ ਕੀਤੀ ਗਈ। ਜਾਂਚ ਦੌਰਾਨ 25 ਤੋਂ ਵੱਧ ਮਰੀਜ਼ਾਂ ਵਿੱਚ ਮੋਤੀਆਬਿੰਦ ਦੀ ਸਮੱਸਿਆ ਪਾਈ ਗਈ। ਇਨ੍ਹਾਂ ਮਰੀਜ਼ਾਂ ਦਾ ਮੁਫ਼ਤ ਲੈਂਸ ਇੰਪਲਾਂਟ ਓਪਰੇਸ਼ਨ ਸਿਵਲ ਹਸਪਤਾਲ ਜਲੰਧਰ ਵਿੱਚ ਸਫਲਤਾਪੂਰਵਕ ਕਰਵਾਇਆ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਰਘੂ ਪ੍ਰਿਆ ਨੇ ਕਿਹਾ ਕਿ ਅੱਖਾਂ ਸਾਡੇ ਸਰੀਰ ਦਾ ਬਹੁਤ ਹੀ ਕੀਮਤੀ ਅਤੇ ਸੰਵੇਦਨਸ਼ੀਲ ਅੰਗ ਹਨ, ਇਸ ਲਈ ਸਮੇਂ-ਸਮੇਂ ਤੇ ਅੱਖਾਂ ਦੀ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਸਰਕਾਰ ਵੱਲੋਂ ਚਲਾਏ ਜਾ ਰਹੇ ਸਿਹਤ ਪ੍ਰੋਗਰਾਮਾਂ ਅਧੀਨ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਇਲਾਜ ਅਤੇ ਓਪਰੇਸ਼ਨ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ।ਕੈਂਪ ਦੀ ਦੇਖ ਰੇਖ ਬਲੋਕ ਐਜੂਕੇਟਰ ਹਿਮਾਲਿਆ ਪ੍ਰਕਾਸ਼ ਵਲੋਂ ਕੀਤੀ ਗਈ ।

### ਹੋਲੀ ਸਾਨੂੰ ਸਾਰਿਆਂ ਨੂੰ ਮਿਲ ਕੇ ਮਨਾਉਣੀ ਚਾਹੀਦੀ : ਪੰਡਤ ਭਗਵਤ ਪ੍ਰਸਾਦ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਹੋਲੀ ਦਾ ਤਿਉਹਾਰ ਦੇਸ਼ ਭਰ ਵਿੱਚ ਬੜੇ ਉਤਸ਼ਾਹ ਤੇ ਸ਼ਰਧਾ ਪੂਰਵਕ ਮਨਾਇਆ ਜਾਂਦਾ ਹੈ। ਇਸ ਸੰਬੰਧ ਵਿੱਚ ਮਹਿਲਾ ਸੰਕੀਰਤਨ ਭਜਨ ਮੰਡਲੀ ਵੱਲੋਂ ਪੰਡਿਤ ਭਗਵਤ ਪ੍ਰਸਾਦ ਦੀ ਅਗਵਾਈ ਵਿੱਚ ਠਾਕੁਰ ਦੁਆਰਾ ਮੰਦਰ ਉੜਮੁੜ ਵਿਖੇ ਬੜੀ ਧੂਮਧਾਮ ਨਾਲ ਹੋਲੀ ਮਨਾਈ ਗਈ। ਇਸ ਮੌਕੇ ਤੇ ਸਾਰਿਆਂ ਨੇ ਇੱਕ ਦੂਜੇ ਤੇ ਹੋਲੀ ਦੇ ਰੰਗ ਪਾ ਕੇ ਵਧਾਈ ਦਿੰਦੇ ਹੋਏ ਸ਼ੁਭਕਾਮਨਾਵਾਂ ਦਿੱਤੀਆਂ। ਪੰਡਿਤ ਭਗਵਤ ਪ੍ਰਸਾਦ ਨੇ ਭਗਵਾਨ ਰਾਧਾ ਕ੍ਰਿਸ਼ਨ ਜੀ ਦੀ ਆਰਤੀ ਪੂਜਾ ਕਰਨ ਉਪਰੰਤ ਹੋਲੀ ਸਬੰਧੀ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਹੋਲੀ ਬੁਰਾਈ ਤੇ ਅੱਛਾਈ ਦੀ ਪ੍ਰਤੀਕ ਹੈ ਅਤੇ ਹੋਲੀ ਦੇ ਰੰਗ ਇੱਕ ਦੂਜੇ ਤੇ ਪਾਉਣ ਨਾਲ ਆਪਸੀ ਭਾਈਚਾਰੇ ਵਿੱਚ ਵੀ ਵਾਧਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਹੋਲੀ ਇੱਕ ਅਜਿਹਾ ਤਿਉਹਾਰ ਹੈ ਜਿਸਨੂੰ ਹਰ ਧਰਮ ਦੇ ਲੋਕ ਮਨਾਉਂਦੇ ਹੋਏ ਆਪਸੀ ਏਕਤਾ ਦਾ ਸੰਦੇਸ਼ ਦਿੰਦੇ ਹਨ। ਮਹਿਲਾ ਕੀਰਤਨ ਭਜਨ ਮੰਡਲੀ ਚ ਸ਼ਾਮਿਲ ਸੁਨੀਤਾ ਭੱਲਾ, ਸੁਨੀਤਾ ਬਿੱਗ, ਅਰੁਨਾ ਰਾਣੀ, ਰਾਧਾ, ਗੀਤਾ ਰਾਨੀ, ਸ਼ੀਤਲ, ਸ਼ਮਾ ਰਾਣੀ, ਕੋਮਲ, ਸੋਨੂੰ, ਮਮਤਾ ਤੇ ਹੋਰ ਮੰਡਲੀ 'ਚ ਸ਼ਾਮਿਲ ਔਰਤਾਂ ਨੇ ਆਪਣੇ ਕੀਰਤਨਾਂ ਰਾਹੀਂ ਪ੍ਰਭੂ ਦਾ ਗੁਣਗਾਨ ਕਰਦੇ ਹੋਏ ਇੱਕ ਦੂਜੇ ਤੇ ਰੰਗ ਪਾਉਂਦੇ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ।

### ਸਿੱਖਿਆ ਕੋਆਰਡੀਨੇਟਰ ਵੱਲੋਂ ਵੱਖ-ਵੱਖ ਸਕੂਲਾਂ ਦਾ ਨਿਰੀਖਣ

**ਆਦਮਪੁਰ (ਪਰਮਜੀਤ ਸਿੰਘ)**- ਪੰਜਾਬ ਸਰਕਾਰ ਤੇ ਸਿੱਖਿਆ ਮੰਤਰੀ ਦੇ ਨਿਰਦੇਸ਼ਾਂ ਅਨੁਸਾਰ ਆਦਮਪੁਰ ਹਲਕੇ ਦੇ ਸਿੱਖਿਆ ਵਿੰਗ ਦੇ ਕੋਆਰਡੀਨੇਟਰ ਗੁਰਚਰਨ ਸਿੰਘ ਵੱਲੋਂ ਇਲਾਕੇ ਦੇ ਵੱਖ ਵੱਖ ਸਕੂਲਾਂ ਦਾ ਨਿਰੀਖਣ ਕੀਤਾ ਤੇ ਸਕੂਲ ਮੈਨੇਜਮੈਂਟ ਕਮੇਟੀਆਂ ਦੀ ਮੀਟਿੰਗ ਵਿੱਚ ਹਿੱਸਾ ਲਿਆ



ਗਿਆ।ਗੁਰਚਰਨ ਸਿੰਘ ਨੇ ਇਸ ਸਬੰਧੀ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੰਡੋਰੀ ਨਿੱਝਰਾਂ ਦੀ ਵਿਜਿਟ ਦੌਰਾਨ ਦੇਖਿਆ ਕਿ ਸਕੂਲ ਦੇ ਪ੍ਰਬੰਧ ਬਹੁਤ ਸ਼ਲਾਘਾਯੋਗ ਹਨ। ਇਸ ਸਕੂਲ ਸਮੇਤ ਆਦਮਪੁਰ ਹਲਕੇ ਦੇ ਹੋਰ ਸਕੂਲਾਂ ਨੂੰ ਸਰਕਾਰ ਵੱਲੋਂ ਕੰਪਿਊਟਰ ਤੇ ਪੈਨਲ ਦਿੱਤੇ ਜਾਣੇ ਹਨ। ਇਸ ਮੌਕੇ ਸਕੂਲ ਮੁਖੀ ਸੁਰੇਸ਼ ਕੁਮਾਰ, ਸਰਪੰਚ ਮਨਜਿੰਦਰ ਸਿੰਘ, ਸਾਬਕਾ ਸਰਪੰਚ ਬਲਦੇਵ ਸਿੰਘ ਤੇ ਪ੍ਰਮੁੱਖ ਸ਼ਖਸੀਅਤਾਂ ਵੱਲੋਂ ਗੁਰਚਰਨ ਸਿੰਘ ਦਾ ਬੁੱਕੇ ਦੇ ਕੇ ਸਨਮਾਨ ਕੀਤਾ ਗਿਆ। ਇਸ ਉਪਰੰਤ ਉਹਨਾਂ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਢੱਡੇ ਤੇ ਸਰਕਾਰੀ ਮਿਡਲ ਸਕੂਲ ਕੰਗਣੀਵਾਲ ਦਾ ਵੀ ਨਿਰੀਖਣ ਕੀਤਾ ਗਿਆ ਤੇ 12 ਸਕੂਲਾਂ ਵਿੱਚ ਹੋਈਆਂ ਕਮੇਟੀਆਂ ਦੀਆਂ ਮੀਟਿੰਗਾਂ ਸੰਬੰਧੀ ਰਿਪੋਰਟ ਲਈ ਗਈ ਤੇ ਇਹ ਰਿਪੋਰਟ ਸਰਕਾਰ ਨੂੰ ਭੇਜੀ ਗਈ।

# ਜ਼ਰੂਰੀ ਮੀਟਿੰਗ ਭਲਕੇ

**ਫਗਵਾੜਾ (ਜਸਵਿੰਦਰ ਢੱਡਾ)** ਡਿਪਲੋਮਾ ਇੰਜੀਨੀਅਰਜ਼ ਐਸੋਸੀਏਸ਼ਨ, ਲੋਕ ਨਿਰਮਾਣ ਵਿਭਾਗ (ਭਵਨ ਤੇ ਮਾਰਗ) ਸ਼ਾਖਾ ਪੰਜਾਬ ਵੱਲੋਂ ਸੂਬਾ ਪੱਧਰੀ ਦੀ ਅਹਿਮ ਤੇ ਜ਼ਰੂਰੀ ਮੀਟਿੰਗ 7 ਮਾਰਚ ਨੂੰ ਸਮਾਂ ਸਵੇਰੇ 11-00 ਵਜੇ ਲੋਕ ਨਿਰਮਾਣ ਵਿਭਾਗ ਦੇ ਕੰਪਲੈਕਸ ਲੁਧਿਆਣਾ ਵਿਖੇ ਸਥਿਤ ਜੱਥੇਬੰਦੀ ਦੇ ਮੀਟਿੰਗ ਹਾਲ ਵਿੱਚ ਬੁਲਾਈ ਗਈ ਹੈ। ਜੱਥੇਬੰਦੀ ਦੇ ਸਾਰੇ ਹੀ ਸਰਕਲ ਪ੍ਰਧਾਨ/ ਸਰਕਲ ਜਨਰਲ ਸਕੱਤਰ/ ਕਾਰਜਕਾਰਨੀ/ ਵਰਕਿੰਗ ਕਮੇਟੀ ਦੇ ਮੈਂਬਰ ਇਸ ਮੀਟਿੰਗ ਵਿੱਚ ਭਾਗ ਲੈਣ ਲਈ ਪਹੁੰਚਣਗੇ। ਸੂਬਾ ਪੱਧਰੀ ਇਸ ਮੀਟਿੰਗ ਵਿੱਚ ਜਮਾਤ ਦੇ, ਪੁਨਰਗਠਨ ਤੇ ਹੋਰ ਅਹਿਮ ਮੁੱਦਿਆਂ ਉੱਤੇ ਵਿਚਾਰ ਮਸ਼ਵਰੇ ਅਤੇ ਫੈਸਲੇ ਕੀਤੇ ਜਾਣਗੇ। ਇੰਜ: ਮਨਜਿੰਦਰ ਸਿੰਘ ਮੱਤੇਨੰਗਲ ਚੇਅਰਮੈਨ, ਕੌਂਸਲ ਆਫ ਡਿਪਲੋਮਾ ਇੰਜੀਨੀਅਰਜ਼ ਪੰਜਾਬ, ਹਿਮਾਚਲ ਪ੍ਰਦੇਸ਼, ਚੰਡੀਗੜ੍ਹ (ਯੂ. ਟੀ) ਹਰਿਆਣਾ ਤੇ ਜੰਮੂ ਤੇ ਕਸ਼ਮੀਰ ਬਤੌਰ ਮੁੱਖ ਮਹਿਮਾਨ, ਜੱਥੇਬੰਦੀ ਦੇ ਫਾਊਂਡਰ ਆਗੂ ਇੰਜ: ਵਾਸੁਦੇਵ ਸ਼ਰਮਾ, ਇੰਜ: ਰਾਜਿੰਦਰ ਕੁਮਾਰ ਗੌੜ ਮੁੱਖ ਸਰਪ੍ਰਸਤ ਕੌਂਸਲ, ਇੰਜ: ਗੁਰਵਿੰਦਰ ਸਿੰਘ ਬੇਦੀ ਸੂਬਾ ਸਲਾਹਕਾਰ ਡੀ: ਈ:ਏ: ਲੋ: ਨਿ: ਵਿ:(ਭ ਤੇ ਮ) ਸ਼ਾਖਾ ਪੰਜਾਬ ਵੀ ਬਤੌਰ ਵਿਸ਼ੇਸ਼ ਮਹਿਮਾਨ ਇਸ ਮੀਟਿੰਗ ਵਿੱਚ ਸ਼ਾਮਲ ਹੋਣਗੇ।

# ਗੁਰਦੁਆਰਾ ਦਸਮੇਸ਼ਗੜ੍ਹ ਵਿਖੇ ਚਾਹ ਤੇ ਫੁਲਕਿਆਂ ਦਾ ਲੰਗਰ ਲਾਇਆ

**ਬਲਾਚੌਰ (ਜਸਵਿੰਦਰ ਬੈਂਸ)**- ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੇ ਪਵਿੱਤਰ ਤਿਓਹਾਰ ਮੌਕੇ ਨਤਮਸਤਕ ਹੋਣ ਜਾ ਰਹੀਆਂ ਸੰਗਤਾਂ ਦੀ ਸੇਵਾ ਲਈ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪਿੰਡ ਸਿਆਨਾ ਦੇ ਗੁਰਦੁਆਰਾ ਦਸ਼ਮੇਸ਼ਗੜ੍ਹ ਵਿਖੇ ਪਿੰਡ




ਵਾਸੀਆਂ ਅਤੇ ਨਗਰ ਕੌਂਸਲਰ ਚੌਧਰੀ ਰਾਧੇ ਸ਼ਾਮ ਦੀ ਅਗਵਾਈ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਲੰਗਰ ਦੌਰਾਨ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਸ਼ਰਧਾਲੂਆਂ ਲਈ ਚਾਹ ਅਤੇ ਫੁਲਕਿਆਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ, ਜੋ ਕਿ ਦਿਨ ਭਰ ਨਿਰੰਤਰ ਜਾਰੀ ਰਿਹਾ। ਲੰਗਰ ਦੀ ਸੇਵਾ ਅਤੇ ਮਰਿਆਦਾ ਬਾਰੇ ਜਾਣਕਾਰੀ ਦਿੰਦਿਆਂ ਚੌਧਰੀ ਰਾਧੇ ਸ਼ਾਮ ਨੇ ਦੱਸਿਆ ਕਿ ਸੰਗਤਾਂ ਦੀ ਸੇਵਾ ਕਰਨਾ ਸਾਡਾ ਸਭ ਦਾ ਪਰਮ ਧਰਮ ਹੈ ਤੇ ਪੂਰਾ ਪਿੰਡ ਇਸ ਨੇਕ ਕਾਰਜ ਵਿੱਚ ਉਤਸ਼ਾਹ ਨਾਲ ਜੁਟਿਆ ਹੋਇਆ ਹੈ। ?ਪਿੰਡ ਵਾਸੀਆਂ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਦੂਰ-ਦੁਰਾਡੇ ਤੋਂ ਆਉਣ ਵਾਲੇ ਸ਼ਰਧਾਲੂਆਂ ਨੂੰ ਰਸਤੇ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਨਾ ਆਵੇ, ਇਸੇ ਮਕਸਦ ਨਾਲ ਇਹ ਉਪਰਾਲਾ ਹਰ ਸਾਲ ਕੀਤਾ ਜਾਂਦਾ ਹੈ। ਇਸ ਮੌਕੇ ਸੇਵਾ ਨਿਭਾਉਣ ਵਾਲਿਆਂ ਵਿੱਚ ਕੌਂਸਲਰ ਚੌਧਰੀ ਰਾਧੇ ਸ਼ਾਮ, ਹਰਦੇਵ ਸਿੰਘ, ਬਲਦੇਵ ਸਿੰਘ ਬੱਬੀ, ਬਲਦੇਵ ਸਿੰਘ ਬੇਦੀ, ਸੁਰਿੰਦਰ ਸਿੰਘ ਫੌਜੀ, ਰਾਜਵਿੰਦਰ ਕੌਰ ਰੱਜੀ, ਪਰਮਜੀਤ ਸਿੰਘ ਗਿੱਲ, ਰਣਜੀਤ ਕੌਰ ਰਾਣੋ, ਦਿਆਲ ਸਿੰਘ ਫੌਜੀ, ਬਲਵੀਰ ਸਿੰਘ ਜੇ.ਈ. ਅਤੇ ਸੁਰਿੰਦਰ ਸਿੰਘ ਛਿੰਦਾ ਸਮੇਤ ਸਮੂਹ ਪਿੰਡ ਵਾਸੀਆਂ ਨੇ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਸੰਗਤਾਂ ਦੀ ਸੇਵਾ ਕੀਤੀ।

# ਬਹਿਰਾਮ ਰੈਲੀ ਲਈ ਚੱਬੇਵਾਲ ਤੋਂ ਕਾਫਲੇ ਹੋਣਗੇ ਰਵਾਨਾ : ਕਰੀਮਪੁਰੀ



**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਵੱਲੋਂ 15 ਮਾਰਚ ਨੂੰ ਸ੍ਰੀ ਕਾਂਸ਼ੀ ਰਾਮ ਦੇ ਜਨਮ ਦਿਨ ਦੇ ਸਬੰਧ ਵਿੱਚ ਕੀਤੀ ਜਾ ਰਹੀ ਪੰਜਾਬ ਸੰਭਾਲੋ ਮੁਹਿੰਮ ਤਹਿਤ ਸੱਤਾ ਪ੍ਰਾਪਤ ਕਰੋ ਮਹਾਂ-ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਹਲਕਾ ਚੱਬੇਵਾਲ ਅਤੇ ਗੜ੍ਹਸ਼ੰਕਰ ਵਿੱਚ ਸਰਗਰਮੀਆਂ ਤੇਜ਼ ਕਰਦਿਆਂ ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਵੱਖ-ਵੱਖ ਪਿੰਡਾਂ ਵਿੱਚ ਵਰਕਰਾਂ ਅਤੇ ਅਹੁਦੇਦਾਰਾਂ ਨਾਲ ਅਹਿਮ ਮੀਟਿੰਗਾਂ ਕੀਤੀਆਂ ਅਤੇ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਰਣਨੀਤੀ ਉਲੀਕੀ। ਡਾ. ਕਰੀਮਪੁਰੀ ਨੇ ਕਿਹਾ ਕਿ ਸਰਕਾਰ ਬੇਰੁਜਗਾਰਾਂ ਨੂੰ ਕੰਮ ਦੇਵੇ ਲੂਣ ਤੇਲ ਉਹ ਆਪ ਖਰੀਦ ਲੈਣਗੇ।ਇਸ ਮੌਕੇ ਬਸਪਾ ਹਲਕਾ ਚੱਬੇਵਾਲ ਦੀ ਸਮੁੱਚੀ ਲੀਡਰਸ਼ਿਪ ਨੇ ਵਿਸ਼ਵਾਸ ਦਿਵਾਇਆ ਕਿ ਹਲਕਾ ਚੱਬੇਵਾਲ ਤੋਂ ਸ੍ਰੀ ਕਾਂਸ਼ੀ ਰਾਮ ਦੇ ਜਨਮ ਦਿਨ ਤੇ ਦਾਣਾ ਮੰਡੀ ਬਹਿਰਾਮ ਲਈ ਵੱਡੇ ਕਾਫਲੇ ਜਾਣਗੇ ਤੇ ਰੈਲੀ ਵਿੱਚ ਰਿਕਾਰਡ ਤੋੜ ਇਕੱਠ ਹੋਵੇਗਾ।ਹਲਕਾ ਇੰਚਾਰਜ ਐਡਵੋਕੇਟ ਪਲਵਿੰਦਰ ਮਾਨਾ, ਹਲਕਾ ਪ੍ਰਧਾਨ ਯਸ਼ ਭੱਟੀ ਦੀ ਅਗਵਾਈ ਹੇਠ ਅਹੁਦੇਦਾਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਕਿ ਉਹ ਪਿੰਡ-ਪਿੰਡ ਜਾ ਕੇ ਬਾਬਾ ਸਾਹਿਬ ਡਾ. ਅੰਬੇਡਕਰ ਤੇ ਕਾਂਸ਼ੀ ਰਾਮ ਦੀ ਵਿਚਾਰਧਾਰਾ ਨਾਲ ਲੋਕਾਂ ਨੂੰ ਜੋੜਨ ਅਤੇ ਰੈਲੀ ਦਾ ਸੱਦਾ ਦੇਣਗੇ। ?ਇਸ ਮੌਕੇ ਪੰਜਾਬ ਇੰਚਾਰਜ ਚੌਧਰੀ ਗੁਰਨਾਮ ਸਿੰਘ,ਜ਼ਿਲਾ ਪ੍ਰਧਾਨ ਦਲਜੀਤ ਰਾਏ, ਜ਼ਿਲ੍ਹਾ ਇੰਚਾਰਜ ਵਿਧਾਨ ਸਭਾ ਚੱਬੇਵਾਲ ਇੰਚਾਰਜ ਐਡਵੋਕੇਟ ਪਲਵਿੰਦਰ ਮਾਨਾ, ਪ੍ਰਧਾਨ ਯਸ਼ ਭੱਟੀ, ਬਾਮਸੇਫ ਆਗੂ ਦਵਿੰਦਰ ਸਿੰਘ ਬਾਹੋਵਾਲ, ਹਰਭਜਨ ਬਿਰਦੀ ਐਨ ਆਰ ਆਈ ਸਪੋਟਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਲੀਡਰਸ਼ਿਪ ਤੇ ਇਲਾਕਾ ਵਾਸੀ ਮੌਜੂਦ ਸਨ।

### ਪੰਜਾਬੀ ਸਾਹਿਤ-ਸਭਾ ਵੱਲੋਂ ਪੰਜਾਬੀ ਸਾਹਿਤਕ ਮੁਕਾਬਲੇ



**ਜਲੰਧਰ (ਸ਼ੈਲੀ ਐਲਬਰਟ)**- ਸਿਰਮੌਰ ਵਿਦਿਅਕ ਸੰਸਥਾ ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਨੇ ਜਿੱਥੇ ਖੇਡਾਂ, ਸਭਿਆਚਾਰਕ ਖੇਤਰ ਵਿੱਚ ਵੱਖਰੇ ਮੁਕਾਮ ਹਾਸਲ ਕੀਤੇ ਹਨ ਉਥੇ ਵਿਦਿਆਰਥੀਆਂ ਅੰਦਰ ਸਾਹਿਤਿਕ ਰੁਚੀਆਂ ਨੂੰ ਪ੍ਰਫੁੱਲਤ ਕਰਨ ਲਈ ਪੰਜਾਬੀ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਦੀ ਪੰਜਾਬੀ ਸਾਹਿਤ ਸਭਾ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਪੰਜਾਬੀ ਸਹਿਤ ਸਭਾ ਵੱਲੋਂ ਵੱਖੋ ਵੱਖ ਸਮੇਂ ਦੌਰਾਨ ਵਿਦਿਆਰਥੀਆਂ ਅੰਦਰ ਇਸ ਸਾਹਿਤਕ ਪ੍ਰਤਿਭਾ ਨੂੰ ਪ੍ਰਫੁੱਲਤ ਕਰਨ ਲਈ ਸਾਹਿਤਕ ਮੁਕਾਬਲੇ ਕਰਵਾਏ ਜਾਂਦੇ ਹਨ। ਕੌਮਾਂਤਰੀ ਮਾਂ-ਬੋਲੀ ਦਿਹਾੜੇ ਨੂੰ ਸਮਰਪਿਤ ਪੰਜਾਬੀ ਕਵਿਤਾ, ਲੇਖ ਅਤੇ ਕਹਾਣੀ ਲਿਖਣ ਦੇ ਅੰਤਰ ਵਿਭਾਗੀ ਮੁਕਾਬਲੇ ਕਰਵਾਏ ਗਏ। ਇਸ ਵਿੱਚ 60 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਅੱਗੇ ਤੋਂ ਹੋਰ ਵੱਧ ਚੜ ਕੇ ਅਜਿਹੇ ਸਾਹਿਤਕ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ।ਇਸ ਦੇ ਨਾਲ ਹੀ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆਂ ਨੂੰ ਪ੍ਰਮਾਣ ਪੱਤਰ ਅਤੇ ਕਾਲਜ ਦਾ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਹੋਲਾ ਮਹੱਲਾ ਸੰਬੰਧੀ ਧਾਰਮਿਕ ਸਮਾਗਮ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**- ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਹੋਲਾ ਮਹੱਲਾ ਲੰਗਰ ਕਮੇਟੀ ਕੰਧਾਲਾ ਜੱਟਾਂ ਅੱਡਾ ਸਰਾਂ ਵੱਲੋਂ ਸਮੂਹ ਨਗਰ ਨਿਵਾਸੀ , ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸਾਧ ਸੰਗਤ ਦੇ ਸਹਿਯੋਗ ਨਾਲ ਹਰ ਸਾਲ ਦੀ ਤਰਾਂ ਇਸ ਸਾਲ ਵੀ ਹੋਲੇ ਮਹੱਲੇ ਦੇ ਸਬੰਧ ਵਿੱਚ ਸਮਾਗਮ 1 ਮਾਰਚ ਤੋਂ 5 ਮਾਰਚ ਨੂੰ ਪਿੰਡ ਕੰਧਾਲਾ ਜੱਟਾਂ ਅੱਡਾ ਸਰਾਂ ਤੇ ਕਰਵਾਏ ਗਏ । ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਗਿਆ ਕਿ ਹੋਲੇ ਮਹੱਲਾ ਤੇ ਸ੍ਰੀ ਆਨੰਦਪੁਰ ਸਾਹਿਬ ਜਾਣ ਆਉਣ ਵਾਲੀਆਂ ਸੰਗਤਾਂ ਲਈ ਹਰ ਸਾਲ ਦੀ ਤਰ੍ਹਾਂ ਇਹ ਸਮਾਗਮ ਕਰਵਾਏ ਗਏ, ਜਿਸ ਦੌਰਾਨ ਸੰਗਤਾਂ ਲਈ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ । ਇਸ ਸਮਾਗਮ ਵਿੱਚ ਅੱਜ ਦੂਸਰੀ ਲੜੀ ਦੇ 6 ਸ੍ਰੀ ਆਖੰਡ ਦੇ ਭੋਗ ਸਵੇਰੇ 10 ਵਜੇ ਪੈਣ ਉਪਰੰਤ ਗੁਰੂ ਗ੍ਰੰਥ ਸਾਹਿਬ ਜੀ ਛਤਰ ਛਾਇਆ ਹੇਠ ਸਜਾਏ ਗਏ ਕੀਰਤਨ ਦੀਵਾਨ ਵਿੱਚ ਸੰਤ ਬਾਬਾ ਮੱਖਣ ਸਿੰਘ ਜੀ ਦਰੀਏ ਵਾਲੇ ਸੰਗਤਾਂ ਨੂੰ ਕਥਾ ਨਾਲ ਅਤੇ ਢਾਡੀ ਹਰਜਿੰਦਰ ਸਿੰਘ ਬੰਗਿਆਂ ਵਾਲਿਆਂ ਦਾ ਇੰਨਟਰਨੈਸ਼ਨਲ ਢਾਡੀ ਜੱਥਾ ਸੰਗਤਾਂ ਨੂੰ ਢਾਡੀ ਵਾਰਾਂ ਨਾਲ



ਨਿਹਾਲ ਕੀਤਾ ਅਤੇ ਗੁਰ ਇਤਿਹਾਸ ਨਾਲ ਜੋੜਿਆ।ਇਸ ਮੌਕੇ ਚਾਹ ਪਕੌੜੇ, ਮਠਿਆਈਆਂ ਦੇ ਲੰਗਰ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ ।ਇਲਾਕਾ ਨਿਵਾਸੀ ਸਾਧ ਸੰਗਤ ਨੂੰ ਇਹਨਾਂ ਸਮਾਗਮਾਂ ਵਿੱਚ ਬਹੁਤ ਗਿਣਤੀ ਵਿੱਚ ਹਾਜ਼ਰੀ ਭਰੀ ਅਤੇ ਵੱਖ ਵੱਖ ਸੇਵਾਵਾਂ ਨਿਭਾਈਆਂ । ਇਸ ਮੌਕੇ ਬਾਬਾ ਅਵਤਾਰ ਸਿੰਘ ਮੁੱਖ ਗ੍ਰੰਥੀ , ਬਾਬਾ ਰਣਜੀਤ ਸਿੰਘ ਹੈਂਡ ਗ੍ਰੰਥੀ, ਪ੍ਰਧਾਨ ਰੇਸ਼ਮ ਸਿੰਘ , ਕੁਲਵੰਤ ਸਿੰਘ , ਗੁਰਵਿੰਦਰ ਸਿੰਘ ਗਿੱਤਾ, ਮਨਜੀਤ ਸਿੰਘ ਸੈਕਟਰੀ, ਅਮ੍ਰਿਤਪਾਲ ਸਿੰਘ ਧਾਲੀਵਾਲ, ਇੰਦਰਜੀਤ ਸਿੰਘ ਧਾਲੀਵਾਲ , ਸੁਰਜੀਤ ਸਿੰਘ ਇਟਲੀ , ਮਨਜੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਧਾਲੀਵਾਲ , ਸੁੱਚਾ ਸਿੰਘ ਲੰਬੜਦਾਰ , ਮਨਜੀਤ ਸਿੰਘ ,ਜਸਵੀਰ ਸਿੰਘ ਲੱਕੀ,ਜੈ ਸਿੰਘ , ਕੁਲਵਿੰਦਰ ਸਿੰਘ, ਜਸਪਾਲ ਸਿੰਘ ਭੱਟੀ , ਸਤਵਿੰਦਰ ਸਿੰਘ , ਕੁਲਵਿੰਦਰ ਸਿੰਘ ਸੋਨੀ ਪੰਚ , ਗੁਰਦੀਪ ਸਿੰਘ ਕਾਲਾ, ਹਰਜੀਤ ਸਿੰਘ ਧਾਲੀਵਾਲ, ਕੈਪਟਨ ਹਰੀ ਓਮ ਸਿੰਘ ਹਰਜਿੰਦਰ ਸਿੰਘ ਸੋਡੀ, ਡਾ. ਚਰਨਜੀਤ ਸਿੰਘ ਪੜਬੱਗਾ, ਸੁਖਵਿੰਦਰ ਸਿੰਘ ਸੁੱਖੂ, ਅਮਰੀਕ ਸਿੰਘ ਬੱਬੂ, ਬਲਜੀਤ ਸਿੰਘ ਬੱਲੂ, ਮਨਜੀਤ ਸਿੰਘ ਜੀਤਾ ,ਗੁਰਵਿੰਦਰ ਸਿੰਘ ਸਾਬੀ ਅਤੇ ਨਗਰ ਦੀਆਂ ਹੋਰ ਸੰਗਤਾਂ ਹਾਜ਼ਰ ਸਨ।

# ਖਾਲੀ ਪਿਆ ਪਲਾਟ ਬਣਿਆ ਕੂੜੇ ਦਾ ਡੰਪ

**ਬਲਾਚੌਰ (ਜਸਵਿੰਦਰ ਬੈਂਸ)**- ਨਗਰ ਕੌਂਸਲ ਬਲਾਚੌਰ ਵਿੱਚ ਪੈਂਦੇ ਪਿੰਡ ਮਹਿੰਦੀਪੁਰ ਦੀ ਬਲਵੀਰ ਸਰਵਿਸ ਸਟੇਸ਼ਨ



ਵਾਲੀ ਰਸਤਾ ਗਲੀ ਜਿਸ ਦੇ ਚੜਦੇ ਵੱਲ ਨਗਰ ਕੌਂਸਲ ਬਲਾਚੌਰ (ਮਹਿੰਦੀਪੁਰ) ਦੀ ਮਾਲਕੀ ਖਾਲੀ ਪਈ ਥਾਂ ਤੇ ਕੂੜੇ ਦਾ ਡੰਪ ਬਣ ਜਾਣ ਕਾਰਨ ਮੱਛਰ ਮੱਖੀਆਂ ਉਡਾਰੀਆਂ ਮਾਰ ਰਹੀਆ ਹਨ ਉਸ ਦੇ ਨਾਲ ਹੀ ਇਸ ਗੰਦਗੀ ਨਾਲ ਮੁਹੱਲਾ ਨਿਵਾਸੀਆ ਦਾ ਜਿਊਣਾ ਦੁੱਭਰ ਹੋ ਗਿਆ ਹੈ। ਕੂੜੇ ਦੇ ਇਸ ਡੰਪ ਬਣੇ ਪਲਾਟ ਵਿੱਚ ਗੰਦੀ ਬਦਬੂ ਹਵਾ ਨੂੰ ਦੂਸ਼ਿਤ ਕਰਦੀ ਹੋਈ ਲੋਕਾਂ ਤੱਕ ਪੁੱਜਦੀ ਹੈ ਤੇ ਮੱਛਰ ਮੱਖੀਆਂ ਦੀ ਭਰਮਾਰ ਹੋਣ ਕਾਰਨ ਮੁਹੱਲਾ ਨਿਵਾਸੀਆਂ ਨੂੰ ਬਿਮਾਰੀਆ ਵੱਲ ਧੱਕ ਰਿਹਾ ਹੈ। ਭਾਵੇਂ ਕਿ ਨਗਰ ਕੌਂਸਲ ਤੇ ਵਾਰਡ ਦੇ ਮੌਜੂਦਾ ਕੌਂਸਲਰ ਵਲੋਂ ਲੋਕਾਂ ਨੂੰ ਸਾਫ ਸਫਾਈ ਰੱਖਣ, ਘਰਾਂ ਦਾ ਕੂੜਾ ਨਗਰ ਕੌਂਸਲ ਦੇ ਘਰ ਘਰ ਕੂੜਾ ਚੁੱਕਣ ਆ ਰਹੇ ਸਫਾਈ ਸੇਵਕਾ ਨੂੰ ਦੇਣ ਦੀਆਂ ਅਪੀਲਾਂ ਕਰ ਰਹੇ ਹਨ, ਮਗਰ ਇਸ ਦੇ ਬਾਵਜੂਦ ਵੀ ਕੁੱਝ ਲੋਕਾਂ ਦੇ ਕੰਨਾ ਤੇ ਜੂ ਨਹੀ ਸਰਕ ਰਹੀ ਹੈ । ਮੁਹੱਲਾ ਨਿਵਾਸੀਆਂ ਵਲੋਂ ਦਿੱਤੀ ਜਾਣਕਾਰੀ ਅਨੁਸਾਰ ਉਨ੍ਹਾਂ ਵਲੋਂ ਇਸ ਖਾਲੀ ਪਲਾਟ ਦੇ ਕੁਝ ਹਿੱਸੇ ਨੂੰ ਆਪਣੇ ਪਾਸੋ ਪੈਸੇ ਖਰਚ ਕਰਕੇ ਸਾਫ ਸਫਾਈ ਕਰਾਈ ਸੀ ਤੇ ਮਿੱਟੀ ਪੁਆ ਕੇ ਗੰਦਗੀ ਦੇ ਢੇਰਾਂ ਨੂੰ ਢੱਕ ਕੇ ਸਾਫ ਸੁਥਰੀ ਜਗ੍ਹਾਂ ਬਣਾ ਸੀ ਤੇ ਇਸ ਦੇ ਨਾਲ ਹੀ ਪਿਛਲੇ ਲੰਮੇ ਸਮੇਂ ਤੋਂ ਆਪਣੀ ਸਹੂਲਤ ਲਈ ਇਸ ਸਰਕਾਰੀ ਜਗ੍ਹਾਂ ਦੇ ਕੁੱਝ ਹਿੱਸੇ ਵਿੱਚੋ ਰਸਤਾ ਬਣਾਕੇ ਇਸਤੇਮਾਲ ਕੀਤਾ ਜਾ ਰਿਹਾ ਸੀ, ਮਗਰ ਕੁੱਝ ਸ਼ਰਾਰਤੀ ਵਿਅਕਤੀਆ ਦੀ ਸ਼ਹਿ ਤੇ ਪਿੰਡ ਦੇ ਹੀ ਕੁੱਝ ਲੋਕਾਂ ਵਲੋਂ ਇਸ ਸਰਕਾਰੀ ਜਗ੍ਹਾਂ ਉਪਰ ਆਪਣਾ ਨਿੱਜੀ ਮਾਲਕੀ ਅਧਿਕਾਰ ਰੱਖਦਿਆ ਰਸਤਾ ਗਲੀ ਨੂੰ ਪੁੱਟ ਕੇ ਡੂੰਘੇ ਟੋਏ ਪਾ ਦਿੱਤੇ ਸਨ। ।ਜਦ ਇਸੀ ਮੁਹੱਲੇ ਦਾ ਇੱਕ ਵਿਅਕਤੀ ਰਾਤ ਸਮੇਂ ਐਮਰਜੈਂਸੀ ਹਾਲਤਾ ਵਿੱਚ ਆਪਣੀ ਕਾਰ ਲੈ ਕੇ ਨਿਕਲਿਆ ਤਾਂ ਕਾਰ ਇਨਾਂ ਖੱਡਿਆ ਵਿੱਚ ਡਿੱਗ ਪਈ, ਭਾਵੇ ਕਿ ਇਸ ਮੌਕੇ ਵੱਡੀ ਦੁਰਘਟਨਾ ਵਾਪਰਨ ਤੋਂ ਬਚਾਅ ਹੋ ਗਿਆ ਮਗਰ ਕਾਰ ਚਾਲਕ ਮਾਨਸਿਕ ਨੂੰ ਪਰੇਸ਼ਾਨੀਆਂ ਦਾ ਸਾਹਮਣਾ ਵੀ ਕਰਨਾ ਪਿਆ।ਮੁਹੱਲਾ ਨਿਵਾਸੀਆ ਨੇ ਨਗਰ ਕੌਂਸਲ ਤੇ ਪ੍ਰਸ਼ਾਸਨਿਕ ਅਧਿਕਾਰੀਆ ਪਾਸੋਂ ਮੰਗ ਕੀਤੀ ਕਿ ਖਾਲੀ ਪਏ ਪਲਾਟ ਵਿੱਚੋ ਕੂੜਾ ਸੁੱਟਣ ਤੇ ਮੁਕੰਮਲ ਪਾਬੰਦੀ ਲਗਾਈ ਜਾਵੇ।

### ਜਸਪ੍ਰੀਤ ਕੌਰ ਬੈਂਸ ਨੇ ਪ੍ਰਿੰਸੀਪਲ ਵਜੋਂ ਸੰਭਾਲਿਆ ਚਾਰਜ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਜਸਪ੍ਰੀਤ ਕੌਰ ਬੈਂਸ ਨੇ ਸ਼ਹੀਦ ਮੇਜਰ ਹਰਮਿੰਦਰ ਪਾਲ ਸਿੰਘ (ਸ਼ੌਰਿਆ ਚੱਕਰ ਵਿਜੇਤਾ) ਸਰਕਾਰੀ ਕਾਲਜ, ਫੇਜ਼-6, ਮੋਹਾਲੀ (ਐੱਸ ਏ ਐੱਸ ਨਗਰ) ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲ ਲਿਆ। ਇਸ ਮੌਕੇ ਕਾਲਜ ਦੇ ਅਧਿਆਪਨ ਅਤੇ ਗੈਰ-ਅਧਿਆਪਨ ਸਟਾਫ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।

### ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਵਿਧਾਇਕ ਵੱਲੋਂ ਉਦਮੀ ਮਹਿਲਾਵਾਂ ਦਾ ਸਨਮਾਨ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਵਿਧਾਇਕ ਸ: ਕੁਲਜੀਤ ਸਿੰਘ ਰੰਧਾਵਾ ਨੇ ਕਮਿਊਨਿਟੀ ਸੈਂਟਰ ਡੇਰਾਬੱਸੀ ਵਿਖੇ ਆਉਣ ਵਾਲੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਕਰਵਾਏ ਗਏ ਵਿਸ਼ਾਲ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੇ ਹਿੱਸਾ ਲਿਆ। ਸਮਾਗਮ ਦੌਰਾਨ ਵਿਧਾਇਕ ਰੰਧਾਵਾ ਵੱਲੋਂ ਸੈਕੜਿਆਂ ਤੋਂ ਵੱਧ ਉਦਮੀ, ਸਮਾਜਿਕ ਅਤੇ ਵੱਖ-ਵੱਖ ਖੇਤਰਾਂ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਮਹਿਲਾਵਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਅੱਜ ਦੀ ਮਹਿਲਾ ਹਰ ਖੇਤਰ ਵਿੱਚ ਆਪਣੀ ਮਿਹਨਤ, ਸਮਰਪਣ ਅਤੇ ਯੋਗਤਾ ਦੇ ਬਲ 'ਤੇ ਨਵੀਆਂ ਉਚਾਈਆਂ ਹਾਸਲ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਨੇ ਸਨਮਾਨਿਤ ਕੀਤੀਆਂ ਗਈਆਂ ਮਹਿਲਾਵਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀਆਂ ਉਪਲਬਧੀਆਂ ਹੋਰ ਮਹਿਲਾਵਾਂ ਲਈ ਪ੍ਰੇਰਨਾ ਦਾ ਸਰੋਤ ਹਨ।ਸਮਾਗਮ ਦੌਰਾਨ ਵੱਖ-ਵੱਖ ਮਹਿਲਾਵਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਮਾਜ ਵਿੱਚ ਮਹਿਲਾਵਾਂ ਦੀ ਭੂਮਿਕਾ ਬਾਰੇ ਚਰਚਾ ਕੀਤੀ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਆਸ਼ੂ ਉਪਨੇਜਾ, ਮਾਲਵਾ ਈਸਟ ਜੋਨ ਪ੍ਰਧਾਨ ਸਵਰਨਜੀਤ ਕੌਰ, ਜਿਲਾ ਪ੍ਰਧਾਨ ਕਸ਼ਮੀਰ ਕੌਰ, ਹਲਕਾ ਕੋਆਰਡੀਨੇਟਰ ਕੁਲਦੀਪ ਕੌਰ ਸਮੇਤ ਬਲਾਕ ਕੋਆਰਡੀਨੇਟਰ ਅਤੇ ਹੋਰ ਆਗੂ ਵੀ ਮੌਜੂਦ ਰਹੇ।

## ਬੱਚਿਆਂ ਨੂੰ ਲੈਣਾ ਚਾਹੀਦਾ ਹੈ ਸਰਕਾਰੀ ਸਹੂਲਤਾਂ ਦਾ ਫਾਇਦਾ : ਰਾਜਿੰਦਰ ਸਿੰਘ

**ਪੋਜੇਵਾਲ (ਰਾਮ ਲਾਲ)** ਪੰਜਾਬ ਵਿੱਚ ਬਹੁਤ ਜਗ੍ਹਾ ਪੰਜਾਬ ਸਰਕਾਰ ਵੱਲੋਂ ਜਾਂ ਕੇਂਦਰ ਸਰਕਾਰ ਵੱਲੋਂ ਬੱਚਿਆਂ ਦੀ ਪੜ੍ਹਾਈ ਦੀਆਂ ਫਿਜੀਕਲ ਦੀ ਕੋਚਿੰਗ ਸਰਕਾਰ ਵੱਲੋਂ ਫਰੀ ਦਿੱਤੀ ਜਾਂਦੀ ਹੈ ।ਜਿੱਥੇ ਰਹਿਣ ਸਹਿਣ ਲਈ ਮਕਾਨ ਤੇ ਖਾਣ ਲਈ ਖਾਣਾ ਵੀ



ਫਰੀ ਦਿੱਤਾ ਜਾਂਦਾ ਹੈ ।ਸਰਕਾਰ ਵੱਲੋਂ ਬੱਚਿਆਂ ਨੂੰ ਪੜ੍ਹਾਈ ਤੇ ਫਿਜੀਕਲ ਟਰੇਨਿੰਗ ਕੋਚਿੰਗ ਫਰੀ ਦਿੱਤੀ ਜਾਂਦੀ ਹੈ ।ਤਾਂ ਜੋ ਸਾਡੇ ਬੱਚੇ ਭਾਰਤੀ ਫੌਜ ,ਪੰਜਾਬ ਪੁਲਿਸ ਜਾਂ ਪੈਰਾਮਿਲਟਰੀ ਵਿੱਚ ਵਧੀਆ ਭਰਤੀ ਹੋ ਸਕਣ ਜਾਂ ਸਿਵਲ ਨੌਕਰੀ ਵੀ ਲਗ ਸਕਦੇ ਹਨ ।ਇਹ ਸਰਕਾਰ ਵੱਲੋਂ ਪੰਜਾਬ ਵਿੱਚ ਕਈ ਜਗ੍ਹਾ ਫਰੀ ਸੈਂਟਰ ਹਨ ।ਜਿੱਥੇ ਬੱਚੇ ਨਿੱਜੀ ਅਕੈਡਮੀਆਂ ਵਿੱਚ ਜਾ ਕੇ ਹਜ਼ਾਰਾਂ ਰੁਪਏ ਮਹੀਨਾ ਦੇ ਕੇ ਫਿਟਨਸ ਜਾਂ ਪੜਾਈ ਵਾਲੇ ਟੈਸਟ ਦੀ ਤਿਆਰੀ ਕਰਦੇ ਹਨ ।ਉਥੇ ਸਰਕਾਰੀ ਸੈਂਟਰਾਂ ਵਿੱਚ ਫੌਜ ਤੋਂ ਸਰਵਿਸ ਮੁਕਤ ਫੌਜੀ ਟ੍ਰੇਨਿੰਗ ਦੇ ਕੇ ਬੱਚਿਆਂ ਨੂੰ ਨੌਕਰੀ ਦੇ ਕਾਬਿਲ ਬਣਾਉਣ ਦੇ ਹਨ ।ਬੱਚਿਆਂ ਨੂੰ ਵੱਧ ਤੋਂ ਵੱਧ ਨੌਕਰੀ ਲਗਵਾਉਂਦੇ ਹਨ। ਨਾਲ ਹੀ ਕਈ ਤਰ੍ਹਾਂ ਦੇ ਕੋਰਸ ਵੀ ਚਲਾਏ ਜਾਂਦੇ ਹਨ। ਜੋ ਕਿ ਬਿਲਕੁਲ ਮੁਕਤ ਹੁੰਦੇ ਹਨ। ਇਹਨਾਂ ਕੈਂਪਾਂ ਦਾ ਨਾ ਸੀ ਭਾਈ ਕੈਂਪ ਰਾਹੋ ਨਵਾਂ ਸ਼ਹਿਰ, ਨਿਆ ਨੰਗਲ ਆਦਿ ਹੋਰ ਵੀ ਪੰਜਾਬ ਵਿੱਚ ਕਈ ਜਿਲ੍ਹਿਆਂ ਵਿੱਚ ਇਸ ਤਰ੍ਹਾਂ ਦੇ ਕੈਂਪ ਚੱਲ ਰਹੇ ਹਨ ।

# ਸੰਤ ਸੁਰਿੰਦਰ ਸਿੰਘ ਦੀ ਯਾਦ 'ਚ ਪ੍ਰਾਰਥਨਾ ਸਭਾ

**ਗੁਰਾਇਆ (ਬਿੰਦਰ ਸੁਮਨ)**- ਐੱਸ ਟੀ ਐੱਸ ਵਰਲਡ ਸਕੂਲ ਦੀ ਜਮਾਤ ਸੱਤਵੀਂ ਬੀ ਵੱਲੋਂ ਸਕੂਲ ਦੇ ਸੰਸਥਾਪਕ ਚੇਅਰਪਰਸਨ ਸੰਤ ਸੁਰਿੰਦਰ ਸਿੰਘ ਦੀ ਪਵਿੱਤਰ ਯਾਦ ਵਿੱਚ ਆਦਰ ਭਾਵਨਾ ਨਾਲ ਭਰਪੂਰ ਵਿਸ਼ੇਸ਼ ਪ੍ਰਾਰਥਨਾ ਸਭਾ ਆਯੋਜਿਤ ਕੀਤਾ ਗਈ। ਜਮਾਤ ਇੰਚਾਰਜ ਮਿਸ ਸੁਖਵਿੰਦਰ ਕੌਰ ਦੀ ਸੁਚੱਜੀ ਰਹਿਨੁਮਾਈ ਹੇਠ ਇਹ ਪ੍ਰੋਗਰਾਮ ਬੜੀ ਨਿਮਰਤਾ ਅਤੇ ਸਮਰਪਣ ਨਾਲ ਪੇਸ਼ ਕੀਤਾ ਗਿਆ, ਜਿਸ ਰਾਹੀਂ ਉਨ੍ਹਾਂ ਦੇ ਉੱਚ ਆਦਰਸ਼ਾਂ, ਧਾਰਮਿਕ



ਵਿਚਾਰਧਾਰਾ ਅਤੇ ਸੰਸਥਾ ਪ੍ਰਤੀ ਅਮੁੱਲਕ ਯੋਗਦਾਨ ਨੂੰ ਯਾਦ ਕੀਤਾ ਗਿਆ। ਸਮਾਗਮ ਦੀ ਸੁਚਾਰੂ ਸੰਚਾਲਨਾ ਮਨਰੂਪ ਕੌਰ ਅਤੇ ਤਨਵੀਰ ਕੌਰ ਵੱਲੋਂ ਬੜੇ ਆਤਮਵਿਸ਼ਵਾਸ ਨਾਲ ਕੀਤੀ ਗਈ। ਹਰਸੁਖਮਨ ਕੌਰ ਨੇ ਅੱਜ ਦਾ ਸ਼ਬਦ ਸਾਂਝਾ ਕਰਦੇ ਹੋਏ ਗਿਆਨ ਵਿੱਚ ਵਾਧਾ ਕੀਤਾ ਅਤੇ ਗੁਰਬਾਜ ਸਿੰਘ ਨੇ ਪ੍ਰੇਰਨਾਦਾਇਕ ਅੱਜ ਦਾ ਵਿਚਾਰ ਪੇਸ਼ ਕੀਤਾ। ਮੁਸਕਾਨ ਕੌਰ ਵੱਲੋਂ ਦਿਨ ਦੀਆਂ ਮੁੱਖ ਖ਼ਬਰਾਂ ਪੜ੍ਹੀਆਂ ਗਈਆਂ।ਜਸਨੂਰ ਕੌਰ ਨੇ ਸੰਤ ਸੁਰਿੰਦਰ ਸਿੰਘ ਜੀ ਦੇ ਜੀਵਨ, ਉਨ੍ਹਾਂ ਦੀ ਦੂਰਦਰਸ਼ੀ ਸੋਚ ਅਤੇ ਉੱਚ ਮੁੱਲਾਂ ਬਾਰੇ ਭਾਵਪੂਰਣ ਭਾਸ਼ਣ ਦਿੱਤਾ। ਸੁਖਰੀਤ ਕੌਰ ਨੇ ਉਨ੍ਹਾਂ ਦੇ ਸਿਧਾਂਤਾਂ ਨੂੰ ਸਮਰਪਿਤ ਇਕ ਸੁੰਦਰ ਕਵਿਤਾ ਰਾਹੀਂ ਸਭ ਦੇ ਮਨ ਨੂੰ ਛੂਹਿਆ। ਇਸ ਦੇ ਨਾਲ ਹੀ ਸੁਖਰੀਤ ਕੌਰ ਅਤੇ ਮੁਸਕਾਨ ਕੌਰ ਵੱਲੋਂ ਪੇਸ਼ ਕੀਤੇ ਗਏ ਪੌਡਕਾਸਟ ਵਿੱਚ ਉਨ੍ਹਾਂ ਦਾ ਵਿਦਿਆਰਥੀਆਂ ਲਈ ਸੰਦੇਸ਼ ਉਜਾਗਰ ਕੀਤਾ ਗਿਆ ਤਾਂ ਕਿ ਉਹ ਆਪਣੇ ਮਾਪਿਆਂ ਦੇ ਸੁਪਨਿਆਂ ਦੇ ਨਾਲ ਨਾਲ ਆਪਣੇ ਸੁਪਨੇ ਵੀ ਸਾਕਾਰ ਕਰਨ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਵਿਦਿਆਰਥੀ ਚੰਗੇ ਖਿਡਾਰੀ ਬਣਨ, ਉੱਚ ਸਿੱਖਿਆ ਹਾਸਲ ਕਰਨ, ਸੱਚਾਈ ਅਤੇ ਇਮਾਨਦਾਰੀ ਦੇ ਮਾਰਗ 'ਤੇ ਚੱਲਣ ਅਤੇ ਮਜ਼ਬੂਤ ਨੈਤਿਕ ਮੁੱਲਾਂ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ।ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪ੍ਰਭਜੋਤ ਗਿੱਲ ਨੇ ਸੰਤ ਸੁਰਿੰਦਰ ਸਿੰਘ ਜੀ ਦੇ ਉਪਦੇਸ਼ਾਂ ਨੂੰ ਯਾਦ ਕਰਦਿਆਂ ਵਿਦਿਆਰਥੀਆਂ ਨੂੰ ਅਨੁਸ਼ਾਸਨ ਅਤੇ ਨੇਕ ਰਾਹ 'ਤੇ ਤੁਰਨ ਦੀ ਪ੍ਰੇਰਨਾ ਦਿੱਤੀ।

# ਹੋਲੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ

**ਬਲਾਚੌਰ, (ਜਸਵਿੰਦਰ ਬੈਂਸ)**- ਬਲਾਚੌਰ ਇਲਾਕੇ ਵਿੱਚ ਹੋਲੀ ਦਾ ਤਿਉਹਾਰ ਬੜੀ ਹੀ ਧੂਮਧਾਮ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸ਼ਹਿਰ ਦੇ ਮੁੱਖ ਬਾਜ਼ਾਰਾਂ ਤੋਂ ਲੈ ਕੇ ਪਿੰਡਾਂ ਦੀਆਂ ਸੱਥਾਂ ਤੱਕ ਹਰ ਪਾਸੇ ਰੰਗਾਂ ਦੀ ਬਾਰਿਸ਼ ਦੇਖਣ ਨੂੰ ਮਿਲੀ। ਸਵੇਰ ਤੋਂ ਹੀ ਨੌਜਵਾਨ ਮੁੰਡੇ-ਕੁੜੀਆਂ, ਬੱਚਿਆਂ ਤੇ ਬਜ਼ੁਰਗਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਸੀ। ਸ਼ਹਿਰ ਦੇ ਵੱਖ-ਵੱਖ ਮੁਹੱਲਿਆਂ ਵਿੱਚ ਲੋਕਾਂ ਨੇ ਇੱਕ-ਦੂਜੇ ਨੂੰ ਗੁਲਾਲ ਲਗਾ ਕੇ ਹੋਲੀ ਦੀ ਵਧਾਈ ਦਿੱਤੀ ਤੇ ਨੌਜਵਾਨਾਂ ਦੀਆਂ ਟੋਲੀਆਂ ਡੀ ਜੇ ਦੀਆਂ ਧੁਨਾਂ 'ਤੇ ਨਚਦੀਆਂ ਨਜ਼ਰ



ਆਈਆਂ।ਹੋਲੀ ਦਾ ਤਿਉਹਾਰ ਸਦੀਆਂ ਤੋਂ ਬੁਰਾਈ 'ਤੇ ਸੱਚਾਈ ਦੀ ਜਿੱਤ ਦੇ ਪ੍ਰਤੀਕ ਵਜੋਂ ਮਨਾਇਆ ਜਾਂਦਾ ਹੈ। ਸਿੱਖ ਇਤਿਹਾਸ ਵਿੱਚ ਵੀ ਇਸ ਦਿਨ ਦਾ ਖਾਸ ਮਹੱਤਵ ਹੈ। ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹੋਲੀ ਦੇ ਰਵਾਇਤੀ ਰੰਗਾਂ ਦੀ ਥਾਂ ਸਿੱਖਾਂ ਵਿੱਚ ਬੀਰ-ਰਸ ਭਰਨ ਲਈ 1701 ਈਸਵੀ ਵਿੱਚ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਹੋਲਾ ਮਹੱਲਾ ਦੀ ਸ਼ੁਰੂਆਤ ਕੀਤੀ ਸੀ। ਇਸ ਦਾ ਮਕਸਦ ਸਿੱਖਾਂ ਨੂੰ ਸ਼ਸਤਰ ਵਿੱਦਿਆ, ਘੋੜ ਸਵਾਰੀ ਅਤੇ ਗੱਤਕੇ ਵਰਗੇ ਜੰਗੀ ਕਰਤਬਾਂ ਵਿੱਚ ਨਿਪੁੰਨ ਕਰਨਾ ਸੀ ਤਾਂ ਜੋ ਉਹ ਜ਼ੁਲਮ ਵਿਰੁੱਧ ਡਟ ਕੇ ਲੜ ਸਕਣ। ਲੋਕਾਂ ਨੇ ਆਪਸੀ ਗਿਲੇ-ਸ਼ਿਕਵੇ ਭੁਲਾ ਕੇ ਇੱਕ-ਦੂਜੇ ਨੂੰ ਗਲੇ ਲਗਾਇਆ ਅਤੇ ਭਾਈਚਾਰਕ ਸਾਂਝ ਦੀ ਮਿਸਾਲ ਪੈਦਾ ਕੀਤੀ।

### ਹਰਿਆਣਾ ਰਾਜ ਸਭਾ ਚੋਣ: ਤਿੰਨ ਉਮੀਦਵਾਰਾਂ ਨੇ ਭਰੀਆਂ ਨਾਮਜਦਗੀਆਂ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਰਾਜ ਸਭਾ ਦੇ ਦੋ ਸਾਲਾਂ ਚੋਣ ਲਈ ਨਾਮਜਦ ਰਿਟਰਨਿੰਗ ਆਫਿਸਰ ਪੰਕਜ ਅਗਰਵਾਲ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ 16 ਮਾਰਚ ਨੂੰ ਹੋਣ ਵਾਲੇ ਰਾਜਸਭਾ ਚੋਣ ਲਈ ਤਿੰਨ ਨਾਮਜਦਗੀ ਪੱਤਰ ਪ੍ਰਾਪਤ ਹੋਏ ਹਨ। ਉਨ੍ਹਾਂ ਨੇ ਦੱਸਿਆ ਕਿ ਨਾਮਜ਼ਦਗੀ ਦਾਖਲ ਕਰਨ ਦੀ ਅੱਜ ਆਖੀਰੀ ਮਿੱਤੀ ਸੀ, ਜਦੋਂ ਕਿ ਨਾਮਜਦਗੀ ਪੱਤਰਾਂ ਦੀ ਜਾਂਚ 6 ਮਾਰਚ ਨੂੰ ਕੀਤੀ ਜਾਵੇਗੀ।ਸ੍ਰੀ ਅਗਰਵਾਲ ਨੇ ਦਸਿਆ ਕਿ ਭਾਰਤੀ ਜਨਤਾ ਪਾਰਟੀ ਵੱਲੋਂ ਸ੍ਰੀ ਸੰਜੈ ਭਾਟੀਆ, ਭਾਰਤੀ ਰਾਸ਼ਟਰੀ ਕਾਂਗਰਸ ਵੱਲੋਂ ਸ੍ਰੀ ਕਰਮਵੀਰ ਸਿੰਘ ਬੌਧ ਅਤੇ ਆਜਾਦ ਉਮੀਦਵਾਰ ਵਜੋਂ ਸ੍ਰੀ ਸਤੀਸ਼ ਨਾਂਦਲ ਨੇ ਆਪਣੇ-ਆਪਣੇ ਨਾਮਜਦਗੀ ਪੱਤਰ ਦਾਖਲ ਕੀਤੇ ਹਨ। ਉਨ੍ਹਾਂ ਨੇ ਅੱਗੇ ਦਸਿਆ ਕਿ ਉਮੀਦਵਾਰ 9 ਮਾਰਚ ਤੱਕ ਆਪਣੀ ਨਾਮਜਦਗੀ ਵਾਪਸ ਲੈ ਸਕਦੇ ਹਨ। ਚੋਣ ਜੇਕਰ ਜਰੂਰੀ ਹੋਇਆ ਤਾਂ 16 ਮਾਰਚ ਨੂੰ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਹਰਿਆਣਾ ਵਿਧਾਨਸਭਾ ਸਕੱਤਰੇਤ ਦੇ ਕਮੇਟੀ ਰੂਮ ਵਿੱਚ ਹੋਵੇਗਾ।

# ਬਲਾਕ ਸੰਮਤੀ ਮੋਰਿੰਡਾ 'ਤੇ ਕਾਂਗਰਸ ਦਾ ਕਬਜ਼ਾ, ਹਰਵਿੰਦਰ ਕੌਰ ਸੰਧੂ ਚੇਅਰਪਰਸਨ ਬਣੇ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਬਲਾਕ ਸੰਮਤੀ ਮੋਰਿੰਡਾ ਦੀ ਚੋਣ ਐੱਸ ਡੀ ਐੱਮ ਮੋਰਿੰਡਾ ਚੇਤਨ ਬੰਗੜ ਦੀ ਦੇਖ ਰੇਖ ਹੇਠ ਸਥਾਨਕ ਮਾਰਕੀਟ ਕਮੇਟੀ ਦੇ ਦਫ਼ਤਰ ਵਿਖੇ ਹੋਈ। ਇਸ ਸਮੇਂ ਬਲਾਕ ਸੰਮਤੀ ਦੇ ਨਵੇਂ ਚੁਣੇ ਸਾਰੇ 16 ਮੈਂਬਰ ਹਾਜ਼ਰ ਸਨ। ਇਸ ਮੌਕੇ ਬਲਾਕ ਸੰਮਤੀ ਮੈਂਬਰ ਪ੍ਰਿਤਪਾਲ ਸਿੰਘ ਨੇ ਚੇਅਰਪਰਸਨ ਦੇ ਅਹੁਦੇ ਲਈ ਬੀਬੀ ਹਰਵਿੰਦਰ ਕੌਰ ਸੰਧੂ ਦਾ ਨਾਂਅ ਪੇਸ਼ ਕੀਤਾ ਜਦੋਂ ਕਿ ਉਹਨਾਂ ਦੀ ਤਾਇਦ ਹਰਕੀਰਤ ਸਿੰਘ ਮੜੌਲੀ ਕਲਾਂ ਸਮੇਤ ਸਮੂਹ ਮੈਂਬਰਾਂ ਨੇ ਕੀਤੀ। ਇਸ ਕਾਰਨ ਹਰਵਿੰਦਰ ਕੌਰ ਸੰਧੂ ਸਰਬਸੰਮਤੀ ਨਾਲ ਚੇਅਰਪਰਸਨ ਚੁਣੇ ਗਏ। ਇਸੇ ਤਰ੍ਹਾਂ ਬਲਾਕ ਸੰਮਤੀ ਮੈਂਬਰ ਬਲਵਿੰਦਰ ਸਿੰਘ ਰੰਗੀਆਂ ਨੇ ਵਾਇਸ ਚੇਅਰਮੈਨ ਦੇ ਅਹੁਦੇ ਲਈ ਨਰਿੰਦਰ ਸਿੰਘ ਨਿਹੰਗ ਕੋਟਲਾ ਦਾ ਨਾਮ ਪੇਸ਼ ਕੀਤਾ। ਇਸ ਦੀ ਤਾਇਦ ਤੇਜਿੰਦਰ ਸਿੰਘ ਸੋਨੂੰ ਸਮੇਤ ਸਮੂਹ ਮੈਂਬਰਾਂ ਨੇ ਕੀਤੀ। ਇਸ ਤਰ੍ਹਾਂ ਵਾਇਸ ਚੇਅਰਮੈਨ ਵੀ ਸਰਬਸੰਮਤੀ ਨਾਲ ਚੁਣਿਆ ਗਿਆ।ਇਸ ਤਰ੍ਹਾਂ ਬਲਾਕ ਸੰਮਤੀ ਮੋਰਿੰਡਾ ਤੇ ਕਾਂਗਰਸ ਪਾਰਟੀ ਦਾ ਕਬਜ਼ਾ ਹੋ ਗਿਆ। ਚੋਣ ਉਪਰੰਤ ਵਿਸ਼ੇਸ਼ ਤੌਰ ਤੇ ਪਹੁੰਚੇ ਪੰਜਾਬ ਦੇ



ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਆਖਿਆ ਕਿ ਇਹ ਜਿੱਤ ਹਲਕੇ ਦੇ ਲੋਕਾਂ ਦੀ ਜਿੱਤ ਹੈ, ਸੰਵਿਧਾਨ ਦੀ ਜਿੱਤ ਹੈ, ਕਾਂਗਰਸ ਪਾਰਟੀ ਦੀ ਜਿੱਤ ਹੈ। ਚੋਣ ਮੀਟਿੰਗ ਵਿੱਚ ਤਹਿਸੀਲਦਾਰ ਸੁਰਿੰਦਰ ਪਾਲ ਸਿੰਘ, ਬੀ ਡੀ ਪੀ ਓ ਹਰਕੀਰਤ ਸਿੰਘ, ਰਣਜੀਤ ਕੌਰ ਬੰਨ ਮਾਜਰਾ, ਵਿਕਾਸ ਫੂਲ ਕਾਈਨੌਰ, ਸੁਰਿੰਦਰ ਕੌਰ ਦਾਤਾਰਪੁਰ, ਸੁਰਜੀਤ ਸਿੰਘ ਬਲਦੇਵ ਨਗਰ, ਜਸਵਿੰਦਰ ਕੌਰ ਮੁੰਡੀਆਂ, ਦਵਿੰਦਰ ਕੌਰ ਬੂਰ ਮਾਜਰਾ, ਗੁਰਚਰਨ ਕੌਰ ਸੀਹੋਂ ਮਾਜਰਾ, ਮਨਦੀਪ ਕੌਰ ਬਹਿਰਾਮਪੁਰ ਜ਼ਿਮੀਂਦਾਰਾ, ਕਿਰਨਜੀਤ ਕੌਰ ਚਿੰਤਗੜ੍ਹ, ਗੁਰਚਰਨ ਸਿੰਘ ਮੰਦਵਾੜਾ (ਸਾਰੇ ਬਲਾਕ ਸੰਮਤੀ ਮੈਂਬਰਾਂ) ਤੋਂ ਇਲਾਵਾ ਸੀਨੀਅਰ ਕਾਂਗਰਸੀ ਆਗੂ ਬੰਤ ਸਿੰਘ ਕਲਾਰਾਂ ਸਾਬਕਾ ਚੇਅਰਮੈਨ ਪਨਗ੍ਰੇਨ,ਹਰਮਿੰਦਰ ਸਿੰਘ ਲੱਕੀ ਮੀਤ ਪ੍ਰਧਾਨ ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ, ਗੁਰਵਿੰਦਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰੂਪਨਗਰ, ਦਰਸ਼ਨ ਸਿੰਘ ਸੰਧੂ ਪ੍ਰਧਾਨ ਬਲਾਕ ਕਾਂਗਰਸ ਕਮੇਟੀ ਮੋਰਿੰਡਾ, ਰਣਜੋਧ ਸਿੰਘ ਜੋਤੀ ਖਟੜਾ, ਹਰਜੋਤ ਸਿੰਘ ਢੰਗਰਾਲੀ, ਸੋਨੂੰ ਦੱਤ, ਜਗਤਾਰ ਸਿੰਘ ਅਰਨੌਲੀ,ਤਰਲੋਚਨ ਸਿੰਘ ਡੂਮਛੇੜੀ, ਗੁਰਜੀਤ ਸਿੰਘ ਜੀਤੀ ਰਾਮਗੜ੍ਹ ਮੰਡਾਂ, ਸਤਵੰਤ ਸਿੰਘ ਦਾਤਾਰਪੁਰ, ਗੁਰਪ੍ਰੀਤ ਸਿੰਘ ਧਨੌਰੀ, ਧਰਮਿੰਦਰ ਸਿੰਘ ਅਰਨੌਲੀ ਸਮੇਤ ਅਨੇਕਾਂ ਕਾਂਗਰਸੀ ਵਰਕਰ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

## ਸੈਣੀ ਨੇ ਸੂਬੇ ਤੇ ਦੇਸ਼ਵਾਸੀਆਂ ਦੀ ਖੁਸ਼ਹਾਲੀ ਦੀ ਲਈ ਕੀਤੀ ਅਰਦਾਸ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਥਿਤ ਗੁਰੂਦੁਆਰਾ ਸ੍ਰੀ ਚੋਲਾ ਸਾਹਿਬ, ਡੇਰਾ ਸਾਹਿਬ ਨਾਨਕ ਪਹੁੰਚ ਕੇ ਮੱਥਾ ਟੇਕਿਆ ਅਤੇ ਅਰਦਾਸ ਕੀਤੀ। ਇਸ ਦੌਰਾਨ ਉਨ੍ਹਾਂ ਨੇ ਗੁਰੂਆਂ ਦਾ ਆਸ਼ੀਰਵਾਦ ਪ੍ਰਾਪਤ ਕਰਦੇ ਹੋਏ ਸੂਬੇ ਅਤੇ ਦੇਸ਼ਵਾਸੀਆਂ ਦੀ ਸੁੱਖ, ਸ਼ਾਂਤੀ ਤੇ ਖੁਸ਼ਹਾਲੀ ਦੀ ਕਾਮਨਾ ਕੀਤੀ। ਉਨ੍ਹਾਂ ਨੇ ਗੁਰੂ ਦਾ ਲੰਗਰ ਵਿੱਚ ਸੇਵਾ ਵੀ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਗੁਰੂਆਂ ਦੀ ਸਿੱਖਿਆਵਾਂ ਮਨੁੱਖਤਾ, ਸੇਵਾ, ਭਾਈਚਾਰੇ ਅਤੇ ਸੱਚ ਦੇ ਮਾਰਗ 'ਤੇ ਚਲਣ ਦੀ ਪ੍ਰੇਰਨਾ ਦਿੰਦੀ ਹੈ। ਉਨ੍ਹਾਂ ਨੇ ਕਿਹਾ ਕਿ ਗੁਰੂ ਪਰੰਪਰਾ ਦਾ ਸੰਦੇਸ਼ ਸਮਾਜ ਵਿੱਚ ਸਦਭਾਵ, ਏਕਤਾ ਅਤੇ ਪਰੋਪਕਾਰ ਦੀ ਭਾਵਨਾ ਨੂੰ ਮਜਬੂਤ ਕਰਦਾ ਹੈ।ਉਨ੍ਹਾਂ ਨੇ ਦੇਸ਼ ਅਤੇ ਸੂਬੇ ਦੇ ਲੋਕਾਂ ਦੇ ਉੱਜਵਲ ਭਵਿੱਖ, ਖੁਸ਼ਹਾਲੀ ਅਤੇ ਵਿਕਾਸ ਲਈ ਵੀ ਪ੍ਰਾਰਥਨਾ ਕੀਤੀ।ਇਸ ਮੌਕੇ 'ਤੇ ਰਵੀ ਕਰਣ ਕਾਹਲੋਂ, ਰਾਜਿੰਦਰ ਕੁਮਾਰ ਬਿੱਟੂ, ਨਿਰਮਲ ਸਿੰਘ, ਪਰਮੀਤ ਸਿੰਘ ਬੇਦੀ ਅਤੇ ਮੁੱਖ ਮੰਤਰੀ ਦੇ ਰਾਜਨੀਤੀਕ ਸਕੱਤਰ ਤਰੁਣ ਭੰਡਾਰੀ ਸਮੇਤ ਹੋਰ ਮਾਣਯੋਗ ਮੌਜੂਦ ਸਨ।

# ਜਿਉਂਦ ਜਬਰ ਖਿਲਾਫ ਅੱਜ ਦੇ ਮੁਜ਼ਾਹਰੇ 'ਚ ਪਹੁੰਚਣਗੇ ਹਜ਼ਾਰਾਂ ਲੋਕ : ਉਗਰਾਹਾਂ

**ਬਠਿੰਡਾ ਦੀ ਐਸ ਐਸ ਪੀ ਸਮੇਤ ਜਬਰ ਦੇ ਦੋਸ਼ੀ ਪੁਲਸ ਅਧਿਕਾਰੀਆਂ 'ਤੇ ਕੇਸ ਦਰਜ ਕਰਨ ਦੀ ਮੰਗ**

**ਸ਼ਾਹਕੋਟ (ਗਿਆਨ ਸੈਦਪੁਰੀ)**- ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ, ਸੂਬਾ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਤੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਜਾਰੀ ਕੀਤੇ ਬਿਆਨ ਰਾਹੀਂ ਦੱਸਿਆ ਕਿ ਜਿਉਂਦ ਜਬਰ ਦੇ ਖਿਲਾਫ ਚਾਰ ਦਰਜਨ ਦੇ ਕਰੀਬ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ 6 ਮਾਰਚ ਨੂੰ ਬਠਿੰਡਾ ਵਿਖੇ ਕੀਤੇ ਰੋਹ ਭਰਪੂਰ ਮੁਜ਼ਾਹਰੇ 'ਚ ਵੱਡੀ ਗਿਣਤੀ ਔਰਤਾਂ



ਸਮੇਤ ਹਜ਼ਾਰਾਂ ਕਿਰਤੀ ਲੋਕ ਸ਼ਮੂਲੀਅਤ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਪ੍ਰਦਰਸ਼ਨ 'ਚ ਕਿਸਾਨਾਂ, ਖੇਤ ਮਜ਼ਦੂਰਾਂ, ਸਨਅਤੀ ਕਾਮਿਆਂ, ਮੁਲਾਜ਼ਮਾਂ, ਠੇਕਾ ਮੁਲਾਜ਼ਮਾਂ, ਵਿਦਿਆਰਥੀਆਂ, ਤਰਕਸ਼ੀਲਾਂ, ਸਾਹਿਤ ਸੱਭਿਆਚਾਰ ਕਾਮਿਆਂ ਤੋਂ ਇਲਾਵਾ ਜਮਹੂਰੀ ਹੱਕਾਂ ਦੀਆਂ ਜਥੇਬੰਦੀਆਂ ਵੱਲੋਂ ਸ਼ਮੂਲੀਅਤ ਕੀਤੀ ਜਾਵੇਗੀ।ਕਿਸਾਨ ਆਗੂਆਂ ਨੇ ਦੱਸਿਆ ਕਿ ਇਸ ਸਾਂਝੇ ਰੋਸ ਪ੍ਰਦਰਸ਼ਨ ਨੂੰ ਸਾਬੋਤਾਜ ਕਰਨ ਲਈ ਵੀ ਪੁਲਸ ਵੱਲੋਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਘਰਾਂ 'ਚ ਛਾਪੇਮਾਰੀ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ ਪਰ ਆਖਰ ਤਿੱਖੇ ਤੇ ਵਿਸ਼ਾਲ ਲੋਕ ਰੋਹ ਨੂੰ ਭਾਂਪਦਿਆਂ ਭਗਵੰਤ ਮਾਨ ਸਰਕਾਰ ਨੂੰ ਪਿੱਛੇ ਹਟਣਾ ਪਿਆ ਅਤੇ ਬਠਿੰਡਾ ਪ੍ਰਸ਼ਾਸਨ ਵੱਲੋਂ ਬੀਤੇ ਕੱਲ੍ਹ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਇਸ ਮੁਜ਼ਾਹਰੇ ਸਬੰਧੀ ਸਹਿਮਤੀ ਦੇਣ ਲਈ ਮਜਬੂਰ ਹੋਣਾ ਪਿਆ। ਉਹਨਾਂ ਦੱਸਿਆ ਕਿ ਮੁਜ਼ਾਹਰੇ ਤੋਂ ਪਹਿਲਾਂ ਹਜ਼ਾਰਾਂ ਕਿਰਤੀ ਲੋਕ ਬਠਿੰਡਾ ਦੇ ਪਾਵਰ ਰੋਡ ਸਥਿਤ ਪੁੱਡਾ ਗਰਾਊਂਡ ਵਿਖੇ ਇਕੱਠੇ ਹੋਣਗੇ ਤੇ ਫਿਰ ਸ਼ਹਿਰ ਦੇ ਅੰਦਰ ਮੁਜ਼ਾਹਰਾ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਪ੍ਰਦਰਸ਼ਨ ਦੌਰਾਨ ਮੰਗ ਕੀਤੀ ਜਾਵੇਗੀ ਕਿ ਜਿਉਂਦ ਵਿਖੇ ਕਿਸਾਨਾਂ ਮਜ਼ਦੂਰਾਂ ਉਤੇ ਜਬਰ ਦੇ ਦੋਸ਼ੀ ਬਠਿੰਡਾ ਦੀ ਐਸ ਐਸ ਪੀ ਜਯੋਤੀ ਯਾਦਵ ਸਮੇਤ ਸਭਨਾਂ ਦੋਸ਼ੀ ਪੁਲਸ ਅਧਿਕਾਰੀਆਂ 'ਤੇ ਕੇਸ ਦਰਜ ਕੀਤਾ ਜਾਵੇ, ਸੰਘਰਸ਼ ਕਰਨ ਦੇ ਹੱਕ 'ਤੇ ਮੜ੍ਹੀਆਂ ਰੋਕਾਂ ਹਟਾਈਆਂ ਜਾਣ, ਜ਼ਖ਼ਮੀਆਂ ਦੇ ਇਲਾਜ ਅਤੇ ਸਰੀਰਕ ਤੇ ਮਾਨਸਿਕ ਪੀੜ ਦੀ ਭਰਪਾਈ ਕੀਤੀ ਜਾਵੇ, ਇਸ ਜ਼ੁਲਮੀ ਕਾਰੇ ਲਈ ਪੰਜਾਬ ਸਰਕਾਰ ਵੱਲੋਂ ਜਨਤਕ ਮੁਆਫ਼ੀ ਮੰਗੀ ਜਾਵੇ ਅਤੇ ਅੰਦੋਲਨਾਂ ਦੌਰਾਨ ਬਣੇ ਕੇਸ ਵਾਪਸ ਲਏ ਜਾਣ। ਉਨ੍ਹਾਂ ਦੱਸਿਆ ਕਿ ਇਸ ਪ੍ਰਦਰਸ਼ਨ ਦੌਰਾਨ ਪੰਜਾਬ ਅੰਦਰ ਆਏ ਦਿਨ ਬਣਾਏ ਜਾ ਰਹੇ ਝੂਠੇ ਪੁਲਸ ਮੁਕਾਬਲਿਆਂ ਖਿਲਾਫ ਵੀ ਅਵਾਜ਼ ਬੁਲੰਦ ਕੀਤੀ ਜਾਵੇਗੀ।ਇੱਕ ਵੱਖਰੇ ਬਿਆਨ ਰਾਹੀਂ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਜੋਰਾ ਸਿੰਘ ਨਸਰਾਲੀ ਤੇ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਨੇ ਦੱਸਿਆ ਕਿ ਜਿਉਂਦ ਜਬਰ ਖਿਲਾਫ 6 ਮਾਰਚ ਨੂੰ ਬਠਿੰਡਾ ਵਿਖੇ ਕੀਤੇ ਜਾ ਰਹੇ ਮੁਜ਼ਾਹਰੇ ਵਿੱਚ ਪੰਜਾਬ ਭਰ ਚੋਂ ਵੱਡੀ ਗਿਣਤੀ ਔਰਤਾਂ ਸਮੇਤ ਖੇਤ ਮਜ਼ਦੂਰਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਜਾਵੇਗੀ।

## ਵਿਕਾਸ ਕਾਰਜਾਂ ਤੇ ਸੁੰਦਰੀਕਰਨ ਪ੍ਰੋਜੈਕਟਾਂ ਦੀ ਸਮੀਖਿਆ




**ਸੰਗਰੂਰ (ਪ੍ਰਵੀਨ ਸਿੰਘ)**-ਵਿਕਾਸ ਕਾਰਜਾਂ ਤੇ ਸੁੰਦਰੀਕਰਨ ਪ੍ਰੋਜੈਕਟਾਂ ਦੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ ਮੀਟਿੰਗ ਦੌਰਾਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਤੇ ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਵੱਲੋਂ ਵਿਸਥਾਰਪੂਰਵਕ ਸਮੀਖਿਆ ਕੀਤੀ ਗਈ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਚੱਲ ਰਹੇ ਪ੍ਰੋਜੈਕਟਾਂ ਦੀ ਪ੍ਰਗਤੀ ਰਿਪੋਰਟ ਪੇਸ਼ ਕੀਤੀ ਗਈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਦੂਰਦਰਸ਼ੀ ਸੋਚ ਅਨੁਸਾਰ ਧੂਰੀ ਸ਼ਹਿਰ ਨੂੰ ਮਾਡਲ ਸ਼ਹਿਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼ਹਿਰ 'ਚ ਸੜਕਾਂ, ਸੀਵਰੇਜ ਪ੍ਰਣਾਲੀ, ਸਟਰੀਟ ਲਾਈਟਾਂ, ਪਾਰਕਾਂ ਤੇ ਹੋਰ ਬੁਨਿਆਦੀ ਢਾਂਚਾਗਤ ਸਹੂਲਤਾਂ ਦੇ ਵਿਕਾਸ ਲਈ ਵੱਡੇ ਪੱਧਰ 'ਤੇ ਕੰਮ ਜਾਰੀ ਹੈ।ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਵਿਕਾਸ ਕਾਰਜਾਂ 'ਚ ਕਿਸੇ ਵੀ ਤਰ੍ਹਾਂ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਦੌਰਾਨ ਹਦਾਇਤ ਕੀਤੀ ਗਈ ਕਿ ਸਾਰੇ ਵਿਕਾਸ ਕਾਰਜ ਨਿਰਧਾਰਤ ਸਮੇਂ ਅੰਦਰ ਤੇ ਉੱਚ ਮਿਆਰ ਨਾਲ ਪੂਰੇ ਕੀਤੇ ਜਾਣ।ਉਨ੍ਹਾਂ ਕਿਹਾ ਕਿ ਗੁਣਵੱਤਾ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾਵੇਗਾ ਤੇ ਕੰਮਾਂ ਦੀ ਨਿਰੰਤਰ ਮਾਨੀਟਰਿੰਗ ਕੀਤੀ ਜਾਵੇਗੀ ਤਾਂ ਜੁ ਲੋਕਾਂ ਨੂੰ ਵਧੀਆ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ।

## ਜੇ ਪੀ ਪ੍ਰੋਡਕਸ਼ਨ ਦੀ ਨਵੀਂ ਭੇਟ 'ਜੋਤ' ਦਾ ਪੋਸਟਰ ਰਿਲੀਜ਼



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਧਾਰਮਿਕ ਸੰਗੀਤ ਦੇ ਖੇਤਰ 'ਚ ਇੱਕ ਨਵੀਂ ਪੈੜ ਪਾਉਣ ਦੇ ਮਕਸਦ ਨਾਲ ਓ ਜੇ.ਪੀ. ਪ੍ਰੋਡਕਸ਼ਨ ਵੱਲੋਂ ਆਪਣਾ ਨਵੀਂ ਭੇਟ ਜੋਤ ਲਈ ਸ਼ਲਾਘਾਯੋਗ ਉਪਰਾਲਾ ਪੁੱਟਦਿਆਂ ਸਥਾਨਕ ਰਾਧਾ ਕ੍ਰਿਸ਼ਨਾ ਧਾਮ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਜੇ.ਪੀ. ਸਿੰਘ ਦੀ ਜਲਦੀ ਆਉਣ ਵਾਲੀ ਨਵੀਂ ਭੇਟ 'ਜੋਤ' ਦਾ ਪੋਸਟਰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਲੋਕ-ਅਰਪਣ ਕੀਤਾ ਗਿਆ।ਇਸ ਦੇ ਗਾਇਕ, ਲੇਖਕ ਤੇ ਕੰਪੋਜ਼ਰ ਖੁਦ ਜੇ.ਪੀ. ਸਿੰਘ ਹਨ।ਉਨ੍ਹਾਂ ਆਪਣੀ ਸੁਰੀਲੀ ਆਵਾਜ਼ ਤੇ ਸ਼ਬਦਾਂ ਰਾਹੀਂ ਮਾਂ ਦੀ ਮਹਿਮਾ ਦਾ ਗੁਣਗਾਨ ਕੀਤਾ ਹੈ।ਇਸ ਪ੍ਰੋਜੈਕਟ ਨੂੰ ਸਫਲ ਬਣਾਉਣ ਵਿੱਚ ਕਲੇਰ ਕੁਲਵੰਤ ਨੇ ਸੰਗੀਤਕਾਰ ਵਜੋਂ ਤੇ ਮੁਨੀਸ਼ ਠੁਕਰਾਲ ਨੇ ਵੀਡੀਓ ਨਿਰਦੇਸ਼ਕ ਵਜੋਂ ਅਹਿਮ ਭੂਮਿਕਾ ਨਿਭਾਈ ਹੈ।ਪੋਸਟਰ ਰਿਲੀਜ਼ ਕਰਨ ਦੀ ਰਸਮ ਮੌਕੇ ਅੰਤਰਰਾਸ਼ਟਰੀ ਸੀਨੀਅਰ ਲੋਕ ਗਾਇਕ ਤੇ ਗੀਤਕਾਰ ਬਲਧੀਰ ਮਾਹਲਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨੇ ਭੇਟ 'ਜੋਤ' ਦੇ ਸੰਕਲਪ ਦੀ ਸ਼ਲਾਘਾ ਕਰਦਿਆਂ ਜੇ.ਪੀ. ਸਿੰਘ ਦੇ ਉਜਲੇ ਭਵਿੱਖ ਲਈ ਦੁਆਵਾਂ ਦਿੱਤੀਆਂ।ਮਾਹਲਾ ਨੇ ਕਿਹਾ ਕਿ ਅਜਿਹੇ ਅਧਿਆਤਮਿਕ ਉਪਰਾਲੇ ਅਜੋਕੇ ਸਮੇਂ ਦੀ ਮੁੱਖ ਲੋੜ ਹਨ ਤੇ ਇਹ ਸਰੋਤਿਆਂ ਦੇ ਮਨਾਂ ਵਿੱਚ ਅਧਿਆਤਮਿਕ ਰੰਗ ਭਰਨਗੇ।

## ਉਪ ਮੰਡਲ ਹਸਪਤਾਲ ਦੀ ਨਵੀਂ ਇਮਾਰਤ ਜਲਦ ਲੋਕ ਅਰਪਿਤ ਹੋਵੇਗੀ : ਡਾ. ਬਲਵੀਰ ਸਿੰਘ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ, ਮਨੋਹਰ ਸਿੰਘ ਸੱਗੂ)**-ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਸਥਾਨਕ ਸਿਵਲ ਹਸਪਤਾਲ ਦਾ ਜਾਇਜ਼ਾ ਲਿਆ।ਡਾ. ਬਲਵੀਰ ਸਿੰਘ ਨੇ ਦੱਸਿਆ ਕਿ ਧੂਰੀ ਦੇ ਉਪ ਮੰਡਲ ਹਸਪਤਾਲ ਦੀ 21 ਕਰੋੜ 65 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਬਣੀ ਇਮਾਰਤ ਤਿਆਰ ਹੋ ਚੁੱਕੀ ਹੈ, ਜਿਸ ਨੂੰ ਛੇਤੀ ਹੀ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਲੋਕਾਂ ਨੂੰ ਅਰਪਿਤ ਕੀਤਾ ਜਾਵੇਗਾ।ਉਨ੍ਹਾਂ ਹਸਪਤਾਲ 'ਚ ਮੌਜੂਦ ਡਾਕਟਰੀ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਵੀ ਵਿਸਥਾਰਤ ਮੀਟਿੰਗ ਕਰਕੇ ਹਸਪਤਾਲ ਦੀਆਂ ਸਹੂਲਤਾਂ, ਚੱਲ ਰਹੇ ਵਿਕਾਸ ਕਾਰਜਾਂ ਅਤੇ ਸਿਹਤ ਸੇਵਾਵਾਂ ਦੀ ਸਮੀਖਿਆ ਕੀਤੀ।ਡਾ: ਬਲਵੀਰ ਸਿੰਘ ਨੇ ਦੱਸਿਆ ਕਿ ਸਰਕਾਰ ਸਿਹਤ ਖੇਤਰ 'ਚ ਇਤਿਹਾਸਕ ਤਬਦੀਲੀਆਂ ਲਿਆ ਰਹੀ ਹੈ ਤੇ ਹੁਣ ਤੱਕ ਆਮ ਆਦਮੀ ਕਲੀਨਿਕਾ ਰਾਹੀਂ ਕਰੋੜਾਂ ਲੋਕਾਂ ਨੇ ਮੁਫ਼ਤ ਦਵਾਈ ਅਤੇ ਇਲਾਜ ਦੀ ਸਹੂਲਤ ਪ੍ਰਾਪਤ ਕੀਤੀ।ਉਨ੍ਹਾਂ ਕਿਹਾ ਕਿ 10 ਲੱਖ ਰੁਪਏ ਤੱਕ ਦਾ ਇਲਾਜ ਮੁਫਤ ਕਰਨਾ ਇਕ ਇਤਿਹਾਸਕ ਤੇ ਲੋਕ ਹਿਤੈਸ਼ੀ ਕਦਮ ਹੈ।ਉਨ੍ਹਾਂ ਕਿਹਾ ਕਿ ਨਵੀਂ ਇਮਾਰਤ ਦੇ ਉਦਘਾਟਨ ਤੋਂ ਬਾਅਦ ਪੁਰਾਣੀ ਇਮਾਰਤ ਦੀ ਵੀ ਮੁਰੰਮਤ ਕਰਾਈ ਜਾਵੇਗੀ।ਉਨ੍ਹਾਂ ਕਿਹਾ ਕਿ ਨਵੀਂ ਇਮਾਰਤ ਨੂੰ ਅਧੁਨਿਕ ਮੈਡੀਕਲ ਸਹੂਲਤਾਂ, ਉਪਕਰਣਾਂ ਤੇ ਸਹੂਲਤਾਂ ਨਾਲ ਲੈੱਸ ਕੀਤਾ ਗਿਆ ਹੈ।ਹਸਪਤਾਲ 'ਚ ਦਵਾਈਆਂ ਦੀ ਚੋਰੀ ਬਾਰੇ ਪੁੱਛੇ ਜਾਣ ਤੇ ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਮਾਮਲੇ ਦੀ ਪੂਰੀ ਜਾਂਚ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਮੈਡੀਕਲ ਵਿਭਾਗ 'ਚ ਬਕਾਇਆ ਤਰੱਕੀਆਂ ਜਲਦ ਪੂਰੀਆਂ ਕਰਕੇ ਖਾਲੀ ਆਸਾਮੀਆਂ 'ਤੇ ਐਸ ਐਮ ਓਜ ਦੀ ਨਿਯੁਕਤੀ ਕੀਤੀ ਜਾਵੇਗੀ।

## ਵੋਟਰ ਸੂਚੀਆਂ ਦੇ ਮਿਲਾਨ ਲਈ ਸੁਪਰਵਾਈਜ਼ਰਾਂ ਨਾਲ ਮੀਟਿੰਗ



**ਰਾਜਪੁਰਾ (ਰਮੇਸ਼ ਕਟਾਰੀਆ)**-ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵਿਧਾਨ ਸਭਾ ਹਲਕਾ ਰਾਜਪੁਰਾ-111 ਦੇ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-ਕਮ-ਉੱਪ ਮੰਡਲ ਮੈਜਿਸਟਰੇਟ ਨਮਨ ਮਾਰਕਨ ਨੇ ਚੋਣ ਹਲਕਾ 111-ਰਾਜਪੁਰਾ ਦੇ ਸਮੂਹ ਸੁਪਰਵਾਈਜ਼ਰਾਂ ਨਾਲ ਇੱਕ ਵਿਸ਼ੇਸ਼ ਬੈਠਕ ਕਰਕੇ ਐੱਸ.ਆਈ.ਆਰ. ਦੇ ਕੰਮ ਸਬੰਧੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਇਆ।ਐੱਸ ਡੀ ਐੱਮ ਨਮਨ ਮਾਰਕਨ ਨੇ ਸੁਪਰਵਾਈਜ਼ਰਾਂ ਨੂੰ ਦੱਸਿਆ ਕਿ ਐੱਸ.ਆਈ.ਆਰ. ਦਾ ਕੰਮ ਪੰਜਾਬ ਰਾਜ ਵਿੱਚ ਭਾਰਤ ਚੋਣ ਕਮਿਸ਼ਨ ਵੱਲੋਂ ਕਿਸੇ ਸਮੇਂ ਵੀ ਸ਼ੁਰੂ ਕੀਤਾ ਜਾ ਸਕਦਾ ਹੈ, ਇਸ ਲਈ ਸਮੂਹ ਸੁਪਰਵਾਈਜ਼ਰਾਂ ਨੂੰ ਆਪਣੇ ਅਧੀਨ ਆਉਂਦੇ ਬੀ.ਐੱਲ.ਓਜ਼ ਤੋਂ 2003 ਦੀ ਵੋਟਰ ਸੂਚੀ ਨਾਲ ਮੌਜੂਦਾ ਵੋਟਰ ਸੂਚੀ ਦਾ ਮਿਲਾਣ ਕਰਨ ਦਾ (ਇਲੈਕਟਰ ਮੈਚਿੰਗ) ਕੰਮ ਨੇਪਰੇ ਚਾੜ੍ਹਨ ਦੇ ਕੰਮ ਦਾ ਲਗਾਤਾਰ ਜਾਇਜ਼ਾ ਲੈਂਦੇ ਰਹਿਣ ਤਾਂ ਜੋ ਐੱਸ.ਆਈ.ਆਰ. ਦੇ ਕੰਮ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾ ਸਕੇ।

## ਸਟੈਪਿੰਗ ਸਟੋਨ ਸਕੂਲ 'ਚ ਸੁਖਮਨੀ ਸਾਹਿਬ ਦਾ ਪਾਠ ਕਰਾਇਆ



**ਦੋਰਾਹਾ (ਹਰਮਿੰਦਰ ਸੇਠ)**-ਸਥਾਨਕ ਸ਼ਹਿਰ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਸਟੈਪਿੰਗ ਸਟੋਨ ਸਕੂਲ ਵਿਖੇ ਨਵੀਂ ਇਮਾਰਤ ਦੇ ਸ਼ੁੱਭ ਅਵਸਰ ਮੌਕੇ ਆਤਮਿਕ ਸ਼ਾਂਤੀ ਤੇ ਚੜ੍ਹਦੀ ਕਲਾ ਦੀ ਅਰਦਾਸ ਕਰਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਸ਼ਰਧਾ ਤੇ ਭਾਵਨਾ ਨਾਲ ਕਰਵਾਇਆ ਗਿਆ।ਇਸ ਧਾਰਮਿਕ ਸਮਾਗਮ ਦੌਰਾਨ ਸਕੂਲ ਦੇ ਸਮੂਹ ਸਟਾਫ ਮੈਂਬਰਾਂ ਤੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਗਈ।ਪਾਠ ਉਪਰੰਤ ਸਭ ਦੇ ਚੜ੍ਹਦੀ ਕਲਾ ਤੇ ਸੰਸਥਾ ਦੀ ਤਰੱਕੀ ਲਈ ਅਰਦਾਸ ਕੀਤੀ ਗਈ।ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਸਮਦੀਸ਼ ਤੇ ਸਕੂਲ ਪ੍ਰਿੰਸੀਪਲ ਮੈਡਮ ਜੋਤੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਵੀਂ ਇਮਾਰਤ ਦੇ ਸ਼ੁਰੂਆਤ ਮੌਕੇ ਕਰਵਾਇਆ ਗਿਆ ਇਹ ਧਾਰਮਿਕ ਸਮਾਗਮ ਸੰਸਥਾ ਲਈ ਇਕ ਨਵੀਂ ਸ਼ੁਰੂਆਤ ਦਾ ਪ੍ਰਤੀਕ ਹੈ।ਉਨ੍ਹਾਂ ਕਿਹਾ ਕਿ ਸਕੂਲ ਹਮੇਸ਼ਾ ਹੀ ਵਿੱਦਿਆ ਦੇ ਨਾਲ-ਨਾਲ ਨੈਤਿਕ ਤੇ ਆਧਿਆਤਮਿਕ ਮੁੱਲਾਂ ਨੂੰ ਵੀ ਉਤਸ਼ਾਹਤ ਕਰਨ ਲਈ ਵਚਨਬੱਧ ਹੈ, ਤਾਂ ਜੋ ਵਿਦਿਆਰਥੀਆਂ ਦਾ ਸਰਬਾਂਗੀਣ ਵਿਕਾਸ ਸੰਭਵ ਬਣਾਇਆ ਜਾ ਸਕੇ।ਸਮਾਗਮ ਦੇ ਅੰਤ ਵਿੱਚ ਹਾਜ਼ਰ ਸੰਗਤ ਵਿੱਚ ਪ੍ਰਸਾਦ ਵੀ ਵੰਡਿਆ ਗਿਆ ਤੇ ਸਭ ਨੇ ਸਕੂਲ ਦੀ ਉੱਜਵਲ ਭਵਿੱਖ ਲਈ ਕਾਮਨਾ ਕੀਤੀ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਸੈਮੀਨਾਰ




**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮਾਣਯੋਗ ਸਪੈਸ਼ਲ ਡੀ. ਜੀ. ਪੀ. ਕਮਿਊਨਿਟੀ ਅਫੇਅਰਜ਼ ਡਵੀਜ਼ਨ ਪੰਜਾਬ ਸ੍ਰੀ ਅਜੇ ਗਾਂਧੀ ਆਈ ਪੀ ਐੱਸ ਸੀਨੀਅਰ ਕਪਤਾਨ ਪੁਲਸ ਮੋਗਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਨਿਹਾਲ ਸਿੰਘ ਵਾਲਾ ਵਿਖੇ 'ਯੁੱਧ ਨਸ਼ਿਆਂ ਵਿਰੁੱਧ' ਤੇ 'ਗੈਂਗਸਟਰਾਂ 'ਤੇ ਵਾਰ' ਬਾਰੇ ਸੰਪਰਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਅਤੇ ਲੋਕਾਂ ਨੂੰ ਇਨ੍ਹਾਂ ਮੁਹਿੰਮਾਂ ਦੌਰਾਨ ਹੋਈਆਂ ਪ੍ਰਾਪਤੀਆਂ ਬਾਰੇ ਜਾਗਰੂਕ ਕੀਤਾ। ਸੈਮੀਨਾਰ ਵਿੱਚ ਨਸ਼ਿਆਂ ਦੇ ਮਾੜੇ ਪ੍ਰਭਾਵ ਸਬੰਧੀ ਜਾਗਰੂਕ ਕੀਤਾ ਗਿਆ ਤੇ ਉਨ੍ਹਾਂ ਨੂੰ ਪੰਜਾਬ ਪੁਲਸ ਵੱਲੋਂ ਜਾਰੀ ਸੇਫ ਪੰਜਾਬ ਐਪ ਹੈਲਪ ਲਾਈਨ ਨੰਬਰ 97791-00200 ਬਾਰੇ ਜਾਣਕਾਰੀ ਦਿੱਤੀ ਗਈ।ਉਨ੍ਹਾਂ ਕਿਹਾ ਕਿ ਜੋ ਇਸ ਨੰਬਰ 'ਤੇ ਨਸ਼ਾ ਵੇਚਣ ਵਾਲੇ ਬਾਰੇ ਜਾਣਕਾਰੀ ਦੇਵੇਗਾ, ਉਸ ਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਸੋਸ਼ਲ ਮੀਡੀਆ, ਸਾਈਬਰ ਕ੍ਰਾਈਮ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਾਂਝ ਕੇਂਦਰ ਦੇ ਕਰਮਚਾਰੀ ਸਮੇਤ ਥਾਣੇ ਦਾ ਸਮੂਹ ਸਟਾਫ ਹਾਜ਼ਰ ਸੀ।

# ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪਟਿਆਲਾ ਦਾ ਡੈਲੀਗੇਟ ਅਜਲਾਸ

### ਗੁਰਦਿਆਲ ਸਿੰਘ ਬੱਬੂ ਦੂਜੀ ਵਾਰ ਸਰਕਲ ਪ੍ਰਧਾਨ ਬਣੇ



**ਰਾਜਪੁਰਾ (ਰਮੇਸ਼ ਕਟਾਰੀਆ)**
ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਸਰਕਲ ਪਟਿਆਲਾ ਦਾ ਡੈਲੀਗੇਟ ਅਜਲਾਸ ਕਾਮਰੇਡ ਭਗਵਾਨ ਸਿੰਘ ਅਣਖੀ ਭਵਨ ਪਟਿਆਲਾ ਵਿਖੇ ਸਫਲਤਾ ਪੂਰਵਕ ਨੇਪਰੇ ਚੜ੍ਹਿਆ।ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਦੀ ਅਗਵਾਈ ਵਿੱਚ ਬਹੁਤ ਹੀ ਵਧੀਆ ਤਰੀਕੇ ਨਾਲ ਚੋਣ ਡੈਲੀਗੇਟ ਅਜਲਾਸ ਹੋਇਆ।ਸਟੇਟ ਕਮੇਟੀ ਵੱਲੋਂ ਨਿਗਰਾਨ ਦੇ ਤੌਰ 'ਤੇ ਸੂਬਾ ਵਰਕਿੰਗ ਪ੍ਰਧਾਨ ਸਾਥੀ ਗੁਰਵਿੰਦਰ ਸਿੰਘ ਹਜ਼ਾਰਾਂ, ਸੂਬਾ ਜਨਰਲ ਸਕੱਤਰ ਸਾਥੀ ਸੁਰਿੰਦਰ ਪਾਲ ਸਿੰਘ ਲਾਹੌਰੀਆ ਤੇ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਸ਼ਾਮਲ ਹੋਏ।ਪ੍ਰਧਾਨਗੀ ਮੰਡਲ ਵਿੱਚ ਗੁਰਦਿਆਲ ਸਿੰਘ ਬੱਬੂ, ਸਾਥੀ ਬਲਵੀਰ ਸਿੰਘ ਨਾਭਾ, ਸਾਥੀ ਸੁਖਦੇਵ ਸਿੰਘ ਰਾਜਪੁਰਾ, ਸਾਥੀ ਅਰਸ਼ਦੀਪ ਸਿੰਘ ਸਕੱਤਰ ਹਾਜ਼ਰ ਸਨ।ਅਜਲਾਸ ਦੇ ਸ਼ੁਰੂ ਵਿੱਚ ਪਹਿਲਾਂ ਵਿੱਛੜੇ ਆਗੂਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਉਪਰੰਤ ਬੁਲਾਰੇ ਸਾਥੀਆਂ ਨੇ ਆਪਣੀ ਗੱਲ ਕਰਦੇ ਹੋਏ ਕੇਂਦਰ ਦੀ ਮੋਦੀ ਸਰਕਾਰ, ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਨੂੰ ਕਰੜੇ ਹੱਥੀਂ ਲੈਂਦਿਆਂ ਆਪਣੇ ਹੱਕ ਲੈਣ ਲਈ ਵਰਕਰਾਂ ਨੂੰ ਲੜਨ ਲਈ ਤਿਆਰ ਰਹਿਣ ਲਈ ਕਿਹਾ।ਸਕੱਤਰ ਵੱਲੋਂ ਜਥੇਬੰਦਕ ਰਿਪੋਰਟ ਪੇਸ਼ ਕੀਤੀ ਗਈ।ਖਜ਼ਾਨਚੀ ਵੱਲੋਂ ਸਰਕਲ ਪਟਿਆਲਾ ਦੀ ਵਿੱਤ ਦੀ ਰਿਪੋਰਟ ਵਾਧੇ ਵਾਲੀ ਪੇਸ਼ ਕੀਤੀ ਗਈ।ਦੋਵੇਂ ਰਿਪੋਰਟਾਂ ਪੇਸ਼ ਕਰਨ ਉਪਰੰਤ ਹਾਊਸ ਵੱਲੋਂ ਪਾਸ ਕਰਵਾਈਆਂ ਗਈਆਂ।ਇਸ ਅਜਲਾਸ ਵਿੱਚ ਸਰਕਲ ਦੀ ਪੂਰੀ ਪੁਰਾਣੀ ਟੀਮ ਨੇ ਸਰਕਲ ਪਟਿਆਲਾ ਅਧੀਨ ਆਉਂਦੀਆਂ ਡਵੀਜ਼ਨਾਂ ਦੀ ਲੀਡਰਸ਼ਿਪ ਤੇ ਸੈਂਕੜੇ ਮੈਂਬਰ ਸਾਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ।ਆਖਿਰ 'ਚ ਸਰਕਲ ਪਟਿਆਲਾ ਦੀ ਸਰਵਸੰਮਤੀ ਨਾਲ ਚੋਣ ਕੀਤੀ ਗਈ, ਜਿਸ 'ਚ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ, ਸੀਨੀਅਰ ਮੀਤ ਪ੍ਰਧਾਨ ਸਾਥੀ ਸੁਖਦੇਵ ਸਿੰਘ, ਸਾਥੀ ਬਲਬੀਰ ਸਿੰਘ ਮੰਡੌਰ ਨਾਭਾ, ਮੀਤ ਪ੍ਰਧਾਨ ਸਾਥੀ ਹਰਦੀਪ ਸਿੰਘ ਰਾਜਪੁਰਾ, ਮੀਤ ਪ੍ਰਧਾਨ ਸਾਥੀ ਅਰਸ਼ਦੀਪ ਸਿੰਘ ਸਮਾਣਾ, ਸਕੱਤਰ ਸਾਥੀ ਪਿਆਰਾ ਸਿੰਘ ਸਮਾਣਾ, ਸਹਾਇਕ ਸਕੱਤਰ ਸਾਥੀ ਜਗਜੀਤ ਸਿੰਘ ਰਾਜਪੁਰਾ, ਖਜ਼ਾਨਚੀ ਸਾਥੀ ਬਲਜੀਤ ਕੁਮਾਰ ਧੀਮਾਨ, ਸਹਾਇਕ ਖਜ਼ਾਨਚੀ ਸਾਥੀ ਕੁਲਦੀਪ ਸਿੰਘ ਰਾਜਪੁਰਾ, ਮੁੱਖ ਸਲਾਹਕਾਰ ਸਾਥੀ ਮੁਹੰਮਦ ਅਸ਼ਰਫ ਪਟਿਆਲਾ, ਆਡੀਟਰ ਸੱਤ ਰਾਮ ਦੁਲਾਰ ਚੌਹਾਨ ਪਟਿਆਲਾ ਤੇ ਪ੍ਰਚਾਰ ਸਕੱਤਰ ਸਾਥੀ ਹਰਦੀਪ ਸਿੰਘ ਸਮਾਣਾ ਚੁਣੇ ਗਏ। ਇਸ ਚੁਣੀ ਹੋਈ ਕਮੇਟੀ ਦੇ ਇੰਚਾਰਜ ਨਿਗਰਾਨ ਦੇ ਤੌਰ 'ਤੇ ਕੌਮੀ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਆਪਣੀਆਂ ਸੇਵਾਵਾਂ ਪਹਿਲਾਂ ਦੀ ਤਰ੍ਹਾਂ ਦਿੰਦੇ ਰਹਿਣਗੇ।

ਇਸ ਨਵੀਂ ਚੁਣੀ ਹੋਈ ਟੀਮ ਨੇ ਸਟੇਟ ਕਮੇਟੀ ਤੇ ਡਵੀਜ਼ਨਾਂ ਦੀ ਲੀਡਰਸ਼ਿਪ ਨੂੰ ਵਿਸ਼ਵਾਸ ਦਿਵਾਇਆ ਕਿ ਜਥੇਬੰਦੀ ਵੱਲੋਂ ਲਗਾਈ ਗਈ ਹਰ ਡਿਊਟੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਂਦੇ ਹੋਏ ਪਹਿਲਾਂ ਦੀ ਤਰ੍ਹਾਂ ਇੱਕਜੁੱਟ ਹੋ ਕੇ ਸਰਕਲ ਦੇ ਕਿਸੇ ਵੀ ਆਗੂ ਜਾਂ ਵਰਕਰ ਨੂੰ ਢਾਹ ਨਹੀਂ ਲੱਗਣ ਦਿੱਤੀ ਜਾਵੇਗੀ। ਅੰਤ ਵਿੱਚ ਆਏ ਸਾਥੀਆਂ ਦਾ ਨਵੇਂ ਚੁਣੇ ਗਏ ਪ੍ਰਧਾਨ ਸਾਥੀ ਗੁਰਦਿਆਲ ਸਿੰਘ ਬੱਬੂ ਵੱਲੋਂ ਧੰਨਵਾਦ ਕੀਤਾ ਗਿਆ।

## ਜਿਉਂਦ ਪੁਲਸ ਤਸ਼ੱਦਦ ਦੀ ਭਾਕਿਯੂ (ਰਾਜੇਵਾਲ) ਵੱਲੋਂ ਸਖਤ ਨਿੰਦਾ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਬਲਾਕ ਧੂਰੀ ਤੇ ਸ਼ੇਰਪੁਰ ਦੀ ਇੱਕ ਬਲਾਕ ਧੂਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਤੇ ਬਲਾਕ ਸ਼ੇਰਪੁਰ ਦੇ ਪ੍ਰਧਾਨ ਪ੍ਰੀਤਮ ਸਿੰਘ ਦੀ ਪ੍ਰਧਾਨਗੀ ਹੇਠ ਹੋਈ ਸਾਂਝੀ ਮੀਟਿੰਗ 'ਚ ਕਿਸਾਨੀ ਸੰਘਰਸ਼ ਨੂੰ ਹੋਰ ਪ੍ਰਚੰਡ ਕਰਨ ਤੇ ਆਉਣ ਵਾਲੇ ਪ੍ਰੋਗਰਾਮਾਂ ਦੀ ਰੂਪ-ਰੇਖਾ ਉਲੀਕਣ ਲਈ ਗੰਭੀਰ ਵਿਚਾਰਾਂ ਕੀਤੀਆਂ ਗਈਆਂ।ਕਿਸਾਨ ਆਗੂਆਂ ਨੇ ਜਾਣਕਾਰੀ ਦਿੱਤੀ ਕਿ 10 ਮਾਰਚ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਉਲੀਕੀ ਗਈ 'ਮਹਾਂ ਪੰਚਾਇਤ' ਵਿੱਚ ਰਾਜੇਵਾਲ ਜਥੇਬੰਦੀ ਦੇ ਵਰਕਰ ਤੇ ਆਗੂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ।ਇਸ ਤੋਂ ਇਲਾਵਾ 17 ਮਾਰਚ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਇੱਕ ਵਿਸ਼ੇਸ਼ ਇਕੱਤਰਤਾ ਸੱਦੀ ਗਈ ਹੈ।ਇਸ ਸਮਾਗਮ ਵਿੱਚ ਬੁੱਧੀਜੀਵੀਆਂ ਤੇ ਪੱਤਰਕਾਰਾਂ ਨਾਲ ਪਾਣੀਆਂ ਦੇ ਮਸਲੇ, ਅਮਰੀਕਾ ਨਾਲ ਹੋਏ ਵਪਾਰਕ ਸਮਝੌਤਿਆਂ ਦੇ ਖੇਤੀ 'ਤੇ ਪ੍ਰਭਾਵ ਤੇ ਹੋਰ ਭਖਦੇ ਕਿਸਾਨੀ ਮੁੱਦਿਆਂ 'ਤੇ ਵਿਸਥਾਰਪੂਰਵਕ ਚਰਚਾ ਕੀਤੀ ਜਾਵੇਗੀ।ਮੀਟਿੰਗ ਦੌਰਾਨ ਪਿੰਡ ਜਿਉਂਦ ਵਿੱਚ ਭਾਕਿਯੂ (ਉਗਰਾਹਾਂ) ਦੇ ਸ਼ਾਂਤਮਈ ਧਰਨੇ 'ਤੇ ਪੁਲਸ ਵੱਲੋਂ ਕੀਤੇ ਗਏ ਤਸ਼ੱਦਦ ਤੇ ਕਿਸਾਨਾਂ ਦੀ ਕੁੱਟਮਾਰ ਦੀ ਸਖ਼ਤ ਨਿੰਦਾ ਕੀਤੀ ਗਈ।ਆਗੂਆਂ ਨੇ ਸਮਾਣਾ ਵਿਖੇ ਚੱਲ ਰਹੇ ਕਿਸਾਨੀ ਧਰਨੇ ਨੂੰ ਪੂਰਨ ਹਮਾਇਤ ਦੇਣ ਦਾ ਐਲਾਨ ਕੀਤਾ।ਇਸ ਦੇ ਨਾਲ ਹੀ ਸਰਕਾਰ ਤੋਂ ਮੰਗ ਕੀਤੀ ਗਈ ਕਿ ਪੰਜਾਬ ਵਿੱਚ ਹੋ ਰਹੇ ਬੇਅਦਬੀ ਦੇ ਮਾਮਲਿਆਂ ਨੂੰ ਨੱਥ ਪਾਉਣ ਲਈ ਸਖ਼ਤ ਤੋਂ ਸਖ਼ਤ ਕਾਨੂੰਨ ਬਣਾਇਆ ਜਾਵੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਜੱਖਲਾਂ, ਗੁਰਬਚਨ ਸਿੰਘ ਹਰਚੰਦਪੁਰ, ਮਲਕੀਤ ਸਿੰਘ ਜੱਖਲਾਂ, ਸੁਖਦੇਵ ਸਿੰਘ ਰਣੀਕੇ, ਮਲਕੀਤ ਸਿੰਘ ਕੰਧਾਰਗੜ੍ਹ, ਰਾਜ ਸਿੰਘ ਮੂਲੋਵਾਲ ਤੇ ਦੀਦਾਰ ਸਿੰਘ ਬਰੜਵਾਲ ਸਮੇਤ ਕਈ ਮੋਹਤਵਰ ਆਗੂ ਮੌਜੂਦ ਸਨ।

## ਝਾੜ ਸਾਹਿਬ ਕਾਲਜ ਦੀਆਂ ਵਿਦਿਆਰਥਣਾਂ ਨੇ ਸਵਦੇਸ਼ੀ ਮੇਲੇ 'ਚ ਕੀਤੀ ਸ਼ਿਰਕਤ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵੂਮੈਨ ਝਾੜ ਸਾਹਿਬ ਦੀ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਤੇ ਡਾ. ਰਣਜੀਤ ਕੌਰ ਦੀ ਅਗਵਾਈ ਹੇਠ ਹੋਮ ਸਾਇੰਸ ਵਿਭਾਗ ਦੀਆਂ ਵਿਦਿਆਰਥਣਾਂ ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਦੇ ਸਵਦੇਸ਼ੀ ਮੇਲੇ ਵਿੱਚ ਸ਼ਿਰਕਤ ਕੀਤੀ।ਇਸ ਮੇਲੇ ਦਾ ਮੁੱਖ ਉਦੇਸ਼ ਵਿਦਿਆਰਥਣਾਂ ਨੂੰ ਸਵਦੇਸ਼ੀ ਉਤਪਾਦਾਂ ਦੀਆਂ ਨਵੀਆਂ ਤਕਨੀਕਾਂ ਤੇ ਆਤਮ ਨਿਰਭਰਤਾ ਦੇ ਸਿਧਾਂਤ ਨਾਲ ਜੋੜਨਾ ਸੀ।ਮੇਲੇ ਵਿੱਚ ਵੱਖ-ਵੱਖ ਸਟਾਲਾਂ 'ਤੇ ਘਰੇਲੂ ਤਿਆਰ ਖਾਧ ਪਦਾਰਥ, ਹਸਤਕਲਾ ਤੇ ਪੁਰਾਤਨ ਕਢਾਈਆਂ ਤੋਂ ਤਿਆਰ ਕੀਤੇ ਬਸਤਰ ਪ੍ਰਦਰਸ਼ਿਤ ਕੀਤੇ ਗਏ ਸਨ।ਇਸ ਮੌਕੇ ਵਿਦਿਆਰਥਣਾਂ ਨੇ ਉਦਯੋਗਪਤੀਆਂ ਨਾਲ ਗੱਲਬਾਤ ਕਰਕੇ ਵਪਾਰਕ ਪੱਖ, ਕੀਮਤ ਨਿਰਧਾਰਣ, ਉਤਪਾਦ ਸਥਿਤੀਕਰਨ, ਖਪਤਕਾਰ ਵਿਹਾਰ ਤੇ ਰਿਵਾਇਤੀ ਉਤਪਾਦਾਂ ਦੀ ਆਧੁਨਿਕ ਮਾਰਕੀਟਿੰਗ ਬਾਰੇ ਵੀ ਜਾਣਕਾਰੀ ਹਾਸਲ ਕੀਤੀ।ਡਾ. ਰਣਜੀਤ ਕੌਰ ਨੇ 'ਲਰਨ ਬਾਈ ਅਰਨ' ਨੀਤੀ ਦੀ ਮਹੱਤਤਾ ਉਜਾਗਰ ਕਰਦੇ ਹੋਏ ਵਿਦਿਆਰਥਣਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੀ ਵਪਾਰਕ ਕੁਸ਼ਲਤਾ ਨੂੰ ਵਿਕਸਤ ਕਰਕੇ ਪੜ੍ਹਾਈ ਦੇ ਨਾਲ-ਨਾਲ ਆਤਮ ਨਿਰਭਰ ਬਣ ਸਕਦੀਆਂ ਹਨ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਕਿਹਾ ਕਿ ਹੋਮ ਸਾਇੰਸ ਵਿਭਾਗ ਵਿੱਚ ਸਿੱਖੀਆਂ ਗਈਆਂ ਕਲਾਵਾਂ ਜਿਵੇਂ ਕਿ ਫੂਡ ਪ੍ਰੋਸੈਸਿੰਗ, ਟੈਕਸਟਾਈਲ ਡਿਜ਼ਾਇਨਿੰਗ ਤੇ ਇੰਟੀਰੀਅਰ ਡੈਕੋਰੇਸ਼ਨ ਨੂੰ ਛੋਟੇ ਪੱਧਰ 'ਤੇ ਉਦਯੋਗ ਵਜੋਂ ਅਪਣਾਇਆ ਜਾ ਸਕਦਾ ਹੈ। ਉਨ੍ਹਾਂ ਸਕਿੱਲ ਡਿਵੈਲਪਮੈਂਟ ਨੂੰ ਸਮੇਂ ਦੀ ਲੋੜ ਦੱਸਦਿਆਂ ਵਿਦਿਆਰਥਣਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਨਵੀਆਂ ਤਕਨੀਕਾਂ ਤੇ ਪ੍ਰਯੋਗਾਤਮਕ ਗਿਆਨ ਨੂੰ ਅਪਣਾਉਣ ਤੇ ਆਪਣੇ ਕਰੀਅਰ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਣ।ਇਸ ਮੇਲੇ ਦੌਰਾਨ ਵਿਦਿਆਰਥਣਾਂ 'ਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਉਨ੍ਹਾਂ ਨੇ ਲਾਭਦਾਇਕ ਅਨੁਭਵ ਪ੍ਰਾਪਤ ਕੀਤਾ।

## ਸਰਕਾਰ ਦੀਆਂ ਜੜ੍ਹਾਂ ਹਿਲਾਊ ਕਿਸਾਨ ਮਹਾਂ ਪੰਚਾਇਤ 10 ਨੂੰ ਬਰਨਾਲਾ 'ਚ : ਦੌਲਤਪੁਰਾ

### ਰੌਲੀ ਤੋਂ ਸਾਥੀ ਹੋਏ ਬੀ ਕੇ ਯੂ ਲੱਖੋਵਾਲ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਜ਼ਿਲ੍ਹਾ ਦਫਤਰ ਵਿਖੇ ਵਿਚਾਰ ਚਰਚਾ ਕਰਦੇ ਹੋਏ ਕਿਹਾ ਕਿ 10 ਮਾਰਚ ਨੂੰ, ਜੋ ਸੰਯੁਕਤ ਕਿਸਾਨ ਮੋਰਚਾ ਵੱਲੋਂ ਉਲੀਕੀ ਗਈ ਬਰਨਾਲਾ ਵਿਖੇ ਕਿਸਾਨ ਮਹਾਂ ਪੰਚਾਇਤ ਹੋ ਰਹੀ ਹੈ, ਉਹ ਪੰਜਾਬ ਤੇ ਕੇਂਦਰ ਸਰਕਾਰ ਦੀਆਂ ਜੜ੍ਹਾਂ ਹਿਲਾਉਣ ਲਈ ਸੰਯੁਕਤ ਕਿਸਾਨ ਮੋਰਚੇ ਦੀ ਇੱਕਜੁੱਟਤਾ ਦੀ ਪ੍ਰਤੀਕ ਹੋਵੇਗੀ, ਕਿਉਂਕਿ ਜੋ ਸਮੇਂ ਦੀਆਂ ਸਰਕਾਰਾਂ ਹਨ, ਉਹ ਕਿਸਾਨਾਂ ਨਾਲ ਬਹੁਤ ਹੀ ਜ਼ੋਰ ਜ਼ਬਰਦਸਤੀ ਕਰ ਰਹੀਆਂ ਹਨ।ਸਰਕਾਰਾਂ ਨੇ ਕਾਨੂੰਨ ਨੂੰ ਬਿਲਕੁਲ ਛਿੱਕੇ ਟੰਗ ਛੱਡਿਆ ਹੈ। ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਅਸੀਂ 10 ਮਾਰਚ ਨੂੰ ਮੋਗਾ ਜ਼ਿਲ੍ਹੇ ਤੋਂ ਵੱਡੇ ਕਾਫਲੇ ਦੇ ਰੂਪ ਵਿੱਚ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਬਰਨਾਲਾ ਵਿਖੇ ਕਿਸਾਨ ਮਹਾਂ ਪੰਚਾਇਤ ਵਿੱਚ ਸ਼ਮੂਲੀਅਤ ਕਰਾਂਗੇ। ਇਸ ਲਈ ਅੱਜ ਵੱਖ ਵੱਖ ਬਲਾਕਾਂ ਦੀਆਂ ਡਿਊਟੀਆਂ ਲਾ ਦਿੱਤੀਆਂ ਗਈਆਂ ਹਨ, ਨਾਲ ਹੀ ਉਨ੍ਹਾਂ ਕਿਹਾ ਕਿ ਅੱਜ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਅਗਾਂਹਵਧੂ ਕੰਮਾਂ ਨੂੰ ਵੇਖਦੇ ਹੋਏ ਪਿੰਡ ਰੌਲੀ ਤੋਂ ਨੌਜਵਾਨ ਆਗੂ ਅਜਵਿੰਦਰ ਸਿੰਘ ਗਿੱਲ ਤੇ ਜਸਪ੍ਰੀਤ ਸਿੰਘ ਜੱਸੀ ਗਿੱਲ ਬੀਕੇਯੂ ਲੱਖੋਵਾਲ ਵਿੱਚ ਸ਼ਾਮਲ ਹੋਏ। ਅਸੀਂ ਉਨ੍ਹਾਂ ਦਾ ਸਵਾਗਤ ਕਰਦੇ ਹਾਂ ਤੇ ਆਸ ਕਰਦੇ ਹਾਂ ਕਿ ਸਾਥੀ ਲੱਖੋਵਾਲ ਯੂਨੀਅਨ ਦਾ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣਗੇ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਭੁਪਿੰਦਰ ਸਿੰਘ ਸਮਾਧ ਭਾਈ, ਜਗਜੀਤ ਸਿੰਘ ਸਮਾਧ ਭਾਈ, ਬਲਦੇਵ ਸਿੰਘ ਨੈਸਲੇ ਮੋਗਾ, ਕਰਮਜੀਤ ਸਿੰਘ, ਮਲਕੀਤ ਸਿੰਘ ਕਾਹਨ ਸਿੰਘ ਵਾਲਾ ਆਦਿ ਹਾਜ਼ਰ ਸਨ।

## ਕ੍ਰਿਕਟ ਟੂਰਨਾਮੈਂਟ ਅੱਜ ਤੋਂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਵਰਗਵਾਸੀ ਜਸਵੀਰ ਸਿੰਘ (ਫੈਨਾ) ਫੁੱਟਬਾਲ ਦੀ ਯਾਦ ਨੂੰ ਸਮਰਪਤ ਪਿੰਡ ਬਿਲਾਸਪੁਰ (ਮੋਗਾ) ਵਿਖੇ ਕ੍ਰਿਕਟ ਦਾ ਸ਼ਾਨਦਾਰ ਟੂਰਨਾਮੈਂਟ 6,7,8 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਪਹਿਲਾ ਇਨਾਮ 51000 ਕੱਪ+11 ਟਰਾਫੀਆਂ ਤੇ ਦੂਸਰਾ ਇਨਾਮ 41000+ ਕੱਪ ਤੇ ਟਰਾਫੀਆਂ ਤੋਂ ਇਲਾਵਾ ਤੀਸਰਾ ਤੇ ਚੌਥਾ ਇਨਾਮ 7100+ਕੱਪ ਅਤੇ ਪੰਜਵਾਂ ਤੇ ਅੱਠਵਾਂ ਇਨਾਮ 3100+3100 ਉਸ ਤੋਂ ਇਲਾਵਾ ਬੈਸਟ ਬਾਲਰ ਤੇ ਬੈਸਟਮੈਨ ਫਰਿਜ ਨਾਲ ਸਨਮਾਨਤ ਕੀਤਾ ਜਾਵੇਗਾ। ਮੈਨ ਆਫ ਦੀ ਸੀਰੀਜ਼ ਵਾਲੇ ਨੂੰ ਮੋਟਰਸਾਈਕਲ ਨਾਲ ਸਨਮਾਨਤ ਕੀਤਾ ਜਾਵੇਗਾ ਜਾਵੇਗਾ। ਪ੍ਰੈੱਸ ਨੂੰ ਇਸ ਦੀ ਜਾਣਕਾਰੀ ਰਵੀ ਕੈਨੇਡਾ, ਹੈਰੀ ਕੈਨੇਡਾ, ਪਵਨ ਬਿਲਾਸਪੁਰ, ਗੋਪੀ ਕੈਨੇਡਾ, ਭੁਪਿੰਦਰ ਸਿੰਘ ਫੌਜੀ, ਰਮਨ ਮਲੇਸ਼ੀਆ ਵੱਲੋਂ ਦਿੱਤੀ ਗਈ।

## ਕਿਡਜ਼ੀ ਪ੍ਰੀ ਸਕੂਲ 'ਚ ਹੋਲੀ ਦਾ ਤਿਉਹਾਰ ਧੂਮ-ਧਾਮ ਨਾਲ ਮਨਾਇਆ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਏਸ਼ੀਆ ਦੀ ਸਭ ਤੋਂ ਵੱਡੀ ਪ੍ਰੀ-ਸਕੂਲ ਚੇਨ ਦਾ ਹਿੱਸਾ ਤੇ ਆਪਣੇ ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਕਿਡਜ਼ੀ ਪ੍ਰੀ ਸਕੂਲ ਵਿੱਚ ਹੋਲੀ ਦਾ ਤਿਉਹਾਰ ਬੜੇ ਹੀ ਉਤਸ਼ਾਹ ਤੇ ਖੁਸ਼ੀ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਮਿਲ ਕੇ ਰੰਗਾਂ ਦੇ ਇਸ ਤਿਉਹਾਰ ਦਾ ਆਨੰਦ ਮਾਣਿਆ।ਬੱਚਿਆਂ ਨੇ ਇੱਕ-ਦੂਜੇ ਨਾਲ ਰੰਗ-ਬਿਰੰਗੇ ਪੇਪਰ ਦੇ ਬਣੇ ਰੰਗਾਂ ਨਾਲ ਹੋਲੀ ਮਨਾਈ ਤੇ ਇੱਕ ਦੂਜੇ ਨੂੰ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ।ਸਕੂਲ ਪ੍ਰਸ਼ਾਸਨ ਵੱਲੋਂ ਸਿਰਫ਼ ਕੁਦਰਤੀ ਤੇ ਆਰਗੈਨਿਕ ਰੰਗਾਂ ਦੀ ਵਰਤੋਂ ਕਰਨ ਦੀ ਹਦਾਇਤ ਦਿੱਤੀ ਗਈ ਸੀ।ਇਸ ਮੌਕੇ ਹੋਲੀ ਦੇ ਇਤਿਹਾਸ ਤੇ ਮਹੱਤਤਾ ਨੂੰ ਦਰਸਾਉਂਦਾ ਇੱਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਹੋਲਿਕਾ ਦਹਿਨ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ।ਸੰਸਥਾ ਦੇ ਬਾਨੀ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ ਤੇ ਪ੍ਰਿੰਸੀਪਲ ਪਰਮਿੰਦਰ ਕੌਰ ਨੇ ਬੱਚਿਆਂ ਨੂੰ ਹੋਲੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਡਾਇਰੈਕਟਰ ਤੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਹੋਲੀ ਦੇ ਇਤਿਹਾਸ ਬਾਰੇ ਦੱਸਦਿਆਂ ਕਿਹਾ ਕਿ ਹੋਲੀ ਦਾ ਤਿਉਹਾਰ ਬੁਰਾਈ 'ਤੇ ਸੱਚ ਦੀ ਜਿੱਤ ਦਾ ਪ੍ਰਤੀਕ ਹੈ।ਹੋਲਿਕਾ ਦਹਿਨ ਵਿੱਚ ਭਗਤ ਪ੍ਰਹਿਲਾਦ ਦੀ ਰੱਖਿਆ ਤੇ ਅਧਰਮ ਦੇ ਨਾਸ ਦਾ ਪ੍ਰਤੀਕ ਹੈ।ਨਰਸਰੀ, ਜੂਨੀਅਰ ਕੇ ਜੀ, ਸੀਨੀਅਰ ਕੇ ਜੀ ਦੇ ਬੱਚਿਆਂ ਵੱਲੋਂ ਕਲਰਫੁੱਲ ਕੈਪਸ ਲੈ ਕੇ ਹੋਲੀ ਦੇ ਗੀਤਾਂ 'ਤੇ ਭੰਗੜਾ ਤੇ ਡਾਂਸ ਪੇਸ਼ ਕੀਤਾ ਗਿਆ।ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਬੱਚਿਆਂ ਨੂੰ ਕਿਹਾ ਕਿ ਹੋਲੀ ਦਾ ਤਿਉਹਾਰ ਆਪਸੀ ਵੈਰ-ਵਿਰੋਧ ਮਿਟਾ ਕੇ ਪਿਆਰ ਤੇ ਏਕਤਾ ਦਾ ਸੁਨੇਹਾ ਦਿੰਦਾ ਹੈ।ਇਸ ਮੌਕੇ ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਬੱਚਿਆਂ ਨੂੰ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ ਤੇ ਕੁਦਰਤੀ ਰੰਗਾਂ ਨਾਲ ਹੋਲੀ ਖੇਡਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕਿਡਜ਼ੀ ਕੋਆਰਡੀਨੇਟਰ ਗੁੰਜਨ ਦੀਪ ਢਿੱਲੋਂ ਨੇ ਵੀ ਬੱਚਿਆਂ ਨੂੰ ਹੋਲੀ ਦੇ ਤਿਉਹਾਰ ਦੀ ਵਧਾਈ ਦਿੱਤੀ ਤੇ ਇਸ ਪ੍ਰੋਗਰਾਮ ਦਾ ਖੂਬ ਆਨੰਦ ਮਾਣਿਆ।

## 29ਵਾਂ ਕਲਾ ਕਿਤਾਬ ਮੇਲਾ 22 ਤੋਂ, ਮੰਚ ਵੱਲੋਂ ਤਿਆਰੀ ਸੰਬੰਧੀ ਮੀਟਿੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦ ਭਗਤ ਸਿੰਘ ਕਲਾ ਮੰਚ ਪੰਜਾਬ ਦੀ ਇਕੱਤਰਤਾ ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਦਰਸ਼ਨ ਸਿੰਘ ਦੀ ਪ੍ਰਧਾਨਗੀ ਹੇਠ ਸਥਾਨਕ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਈ।ਮੀਟਿੰਗ ਦੀ ਸ਼ੁਰੂਆਤ ਸਕੱਤਰ ਡਾ. ਕੁਲਦੀਪ ਚੌਹਾਨ ਨੇ ਹਾਜ਼ਰੀਨ ਦਾ ਸਵਾਗਤ ਕਰਦਿਆਂ ਕੀਤੀ।ਇਸ ਮੌਕੇ ਮੇਲੇ ਦੇ ਕਨਵੀਨਰ ਡਾ. ਕੁਲਦੀਪ ਸਿੰਘ ਦੀਪ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਲਾ ਮੰਚ ਵੱਲੋਂ ਸ੍ਰ. ਭਗਤ ਸਿੰਘ ਦੇ ਸ਼ਹੀਦੀ ਦਿਹਾੜੇ 'ਤੇ ਵਿਸ਼ਵ ਰੰਗਮੰਚ ਦਿਵਸ ਮੌਕੇ ਪ੍ਰੋ. ਅਜਮੇਰ ਸਿੰਘ ਔਲਖ ਦੀ ਨਿੱਘੀ ਯਾਦ ਨੂੰ ਸਮਰਪਿਤ 'ਜੰਗ ਨਹੀਂ ਅਮਨ' ਥੀਮ ਹੇਠ 29ਵਾਂ ਕਲਾ ਕਿਤਾਬ ਮੇਲਾ 22 ਤੋਂ 24 ਮਾਰਚ ਤੱਕ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਾਨਸਾ ਵਿਖੇ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੇਲੇ ਦੇ ਤਿੰਨੇ ਦਿਨ ਵੱਖ-ਵੱਖ ਪ੍ਰਕਾਸ਼ਕਾਂ ਵੱਲੋਂ ਪੁਸਤਕਾਂ ਦੀਆਂ ਪ੍ਰਦਰਸ਼ਨੀਆਂ, ਦੂਜੀ ਸੰਸਾਰ ਜੰਗ ਨਾਲ ਸੰਬੰਧਤ ਤਸਵੀਰਾਂ ਤੇ ਪੇਂਟਿੰਗਜ਼ ਪ੍ਰਦਰਸ਼ਨੀਆਂ ਤੋਂ ਇਲਾਵਾ ਕਵੀ ਦਰਬਾਰ, ਰੂਬਰੂ ਤੇ ਚਲੰਤ ਮਸਲਿਆਂ ਬਾਰੇ ਸੈਮੀਨਾਰ ਵੀ ਕਰਵਾਏ ਜਾਣਗੇ, ਜਿਸ ਦੌਰਾਨ ਪੰਜਾਬ ਤੇ ਰਾਸ਼ਟਰੀ ਪੱਧਰ ਦੇ ਬੁੱਧੀਜੀਵੀ ਸ਼ਾਮਲ ਹੋਣਗੇ।ਮੇਲੇ ਦੀਆਂ ਤਿੰਨ ਰਾਤਾਂ 'ਚ ਇਸ ਵਾਰ ਯੁੱਧ ਦੇ ਸੰਸਾਰ ਪੱਧਰੀ ਮਾਰੂ ਪ੍ਰਭਾਵਾਂ ਨੂੰ ਦਰਸਾਉਂਦੇ ਨਾਟਕਾਂ ਦੀ ਪੇਸ਼ਕਾਰੀ ਪੰਜਾਬ ਦੀਆਂ ਨਾਮਵਰ ਨਾਟ ਮੰਡਲੀਆਂ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕਲਾ ਤੇ ਸਾਹਿਤ ਦੇ ਖੇਤਰ 'ਚ ਨਾਮਣਾ ਖੱਟਣ ਵਾਲੀਆਂ ਅਦਬੀ ਸ਼ਖ਼ਸੀਅਤਾਂ ਦਾ ਵੱਖ-ਵੱਖ ਐਵਾਰਡਾਂ ਨਾਲ ਵਿਲੱਖਣ ਸਨਮਾਨ ਹੋਵੇਗਾ।ਇਸ ਤੋਂ ਇਲਾਵਾ ਪੂਰੇ ਸਾਲ 'ਚ ਮਾਨਸਾ ਜ਼ਿਲ੍ਹੇ ਦੇ ਸਾਹਿਤਕਾਰਾਂ ਦੀਆਂ ਪ੍ਰਕਾਸ਼ਿਤ ਪੁਸਤਕਾਂ ਦਾ ਲੋਕ ਅਰਪਣ ਮੰਚ ਵੱਲੋਂ ਕੀਤਾ ਜਾਵੇਗਾ।ਇਸ ਮੌਕੇ ਮੰਚ ਦੇ ਸਲਾਹਕਾਰ ਕਹਾਣੀਕਾਰ ਦਰਸ਼ਨ ਜੋਗਾ, ਕਹਾਣੀਕਾਰ ਤੇ ਆਲੋਚਕ ਨਿਰੰਜਨ ਬੋਹਾ ਅਤੇ ਡਾ. ਗੁਰਮੇਲ ਕੌਰ ਜੋਸ਼ੀ ਤੋਂ ਇਲਾਵਾ ਜੁਗਰਾਜ ਸਿੰਘ ਡਾਇਰੈਕਟਰ ਦਸਮੇਸ਼ ਪਬਲਿਕ ਸਕੂਲ, ਗਗਨ ਸ਼ਰਮਾ, ਜਗਜੀਵਨ ਆਲੀਕੇ, ਗੁਲਾਬ ਸਿੰਘ ਰਿਉਂਦ, ਜਗਰੂਪ ਉੱਡਤ, ਸੁਖਜੀਵਨ ਸਿੰਘ, ਜਸਵਿੰਦਰ ਮੰਡੇਰ, ਸੁਰਿੰਦਰ ਸਾਗਰ, ਸੰਤੋਖ਼ ਸਾਗਰ, ਇੰਦਰਜੀਤ ਜਾਦੂ ਗੁਰਜੰਟ ਸਿੰਘ ਲੱਲੂਆਣਾ, ਹਰਮਨਪ੍ਰੀਤ ਚੌਹਾਨ, ਭੁਪਿੰਦਰ ਦਾਸ ਭੱਟੀ ਆਦਿ ਹਾਜ਼ਰ ਅਹੁਦੇਦਾਰਾਂ ਤੇ ਮੈਂਬਰਾਂ ਨੇ ਮੇਲੇ ਦੀਆਂ ਤਿਆਰੀਆਂ ਤੇ ਜ਼ਿੰਮੇਵਾਰੀਆਂ ਸੰਬੰਧੀ ਆਪਣੀ ਪ੍ਰਗਤੀ ਰਿਪੋਰਟ ਪੇਸ਼ ਕਰਦਿਆਂ ਉਤਸ਼ਾਹ ਦਾ ਪ੍ਰਗਟਾਵਾ ਵੀ ਕੀਤਾ।ਮੀਟਿੰਗ ਦੇ ਅਖੀਰ 'ਚ ਮੰਚ ਦੇ ਪ੍ਰਧਾਨ ਗੁਰਨੈਬ ਮਘਾਣੀਆਂ ਨੇ ਸਮੁੱਚੇ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਆਪੋ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਦੀ ਤਾਕੀਦ ਕੀਤੀ।

## ਪੀ ਆਰ ਟੀ ਸੀ ਦੇ ਚੇਅਰਮੈਨ ਵੱਲੋਂ ਵਿੱਤ ਮੰਤਰੀ ਨਾਲ ਬੈਠਕ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**
ਪੀ ਆਰ ਟੀ ਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪੀ ਆਰ ਟੀ ਸੀ ਦੀ ਚੜ੍ਹਦੀ ਕਲਾ ਤੇ ਸਮੂਹ ਜਥੇਬੰਦੀਆਂ ਦੀ ਸਾਂਝੀ ਮੰਗ ਦੇ ਯੋਗ ਹੱਲ ਕਰਨ ਸਬੰਧੀ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਚੀਮਾ ਨਾਲ ਉਨ੍ਹਾਂ ਦੇ ਗ੍ਰਹਿ ਚੰਡੀਗੜ੍ਹ ਵਿਖੇ ਮਹੱਤਵਪੂਰਨ ਮੀਟਿੰਗ ਕੀਤੀ।ਐਡਵੋਕੇਟ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦਾ ਮੁੱਖ ਏਜੰਡਾ ਪੀ ਆਰ ਟੀ ਸੀ ਦਾ ਪੰਜਾਬ ਦੇ ਵੱਖ-ਵੱਖ ਵਿਭਾਗਾਂ ਵੱਲ ਲੰਬਿਤ ਰਕਮ ਦੀਆਂ ਦੇਣਦਾਰੀਆਂ ਜਾਰੀ ਕਰਵਾਉਣਾ ਸੀ ਤਾਂ ਜੋ ਕਰਮਚਾਰੀਆਂ ਨੂੰ ਤਨਖਾਹ, ਪੈਨਸ਼ਨਰਾਂ ਨੂੰ ਪੈਨਸ਼ਨ ਤੋਂ ਇਲਾਵਾ ਮੈਡੀਕਲ ਜਾਂ ਹੋਰ ਬਕਾਇਆਂ ਰਕਮਾਂ ਦਾ ਸਮੇਂ ਸਿਰ ਭੁਗਤਾਨ ਕੀਤਾ ਜਾ ਸਕੇ। ਇਸ ਬਜਟ ਨਾਲ ਡਿਪੂਆਂ ਵਿੱਚ ਸਪੇਅਰ ਪਾਰਟਸ ਦੀ ਮੁਕੰਮਲ ਖਰੀਦ ਕਰਕੇ ਬੱਸ ਸਰਵਿਸ ਸੁਚਾਰੂ ਚੱਲਦੀ ਰੱਖੀ ਜਾ ਸਕੇ ਤੇ ਸਵਾਰੀਆਂ ਨੂੰ ਨਿਰੰਤਰ ਸਫ਼ਰ ਸਹੂਲਤ ਦਿੱਤੀ ਜਾ ਸਕੇ।ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਚੀਮਾ ਨੇ ਉਨ੍ਹਾਂ ਵੱਲੋਂ ਉਠਾਈਆਂ ਗਈਆਂ ਮੰਗਾਂ ਸਬੰਧੀ ਪੰਜਾਬ ਦੇ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਰਾਬਤਾ ਕਾਇਮ ਕਰਦੇ ਹੋਏ ਉਨ੍ਹਾਂ ਵਿਭਾਗਾਂ ਵੱਲ ਪੀਆਰਟੀਸੀ ਦੇ ਲੰਬਿਤ ਬਕਾਇਆ ਫ਼ੰਡਜ਼ ਦੀ ਅਦਾਇਗੀ ਜਲਦ ਤੋਂ ਜਲਦ ਕਰਨ ਦੇ ਸਖਤ ਨਿਰਦੇਸ਼ ਦਿੱਤੇ, ਤਾਂ ਜੋ ਵਿਭਾਗ ਦੇ ਕਾਰਜਾਂ ਵਿੱਚ ਹੋਰ ਸੁਧਾਰ ਤੇ ਨਿਰੰਤਰਤਾ ਬਣੀ ਰਹੇ।ਇਸ ਮੌਕੇ ਜਨਰਲ ਮੈਨੇਜਰ ਪਟਿਆਲਾ ਜਤਿੰਦਰਪਾਲ ਸਿੰਘ ਗਰੇਵਾਲ, ਤੇ ਜਨਰਲ ਮੈਨੇਜਰ (ਪ੍ਰਸ਼ਾਸਨ) ਮਨਿੰਦਰਪਾਲ ਸਿੰਘ ਸਿੱਧੂ ਵੀ ਮੌਜੂਦ ਸਨ।

## ਦੇਵ ਸਮਾਜ ਕਾਲਜ ਫਾਰ ਵੂਮੈਨ ਵਿਖੇ ਅੰਤਰ-ਰਾਸ਼ਟਰੀ ਵੈਬੀਨਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਨੇ ਬੀਤੇ ਦਿਨ ਡੀ-ਐੱਸ-ਟੀ-ਕਿਊਰੀ ਗ੍ਰਾਂਟ ਅਧੀਨ ਮਾਇਕ੍ਰੋਬੇਸ ਐਜ਼ ਮੈਡੀਸਿਨ : ਦਿ ਫਿਊਚਰ ਬਿਓਂਡ ਐਂਟੀ-ਬਾਇਓਟਿਕਸ ਵਿਸ਼ੇ 'ਤੇ ਇਕ ਅੰਤਰਰਾਸ਼ਟਰੀ ਵੈਬੀਨਾਰ ਦਾ ਆਯੋਜਨ ਕਰਕੇ ਅੰਤਰਰਾਸ਼ਟਰੀ ਵਿਗਿਆਨ ਦਿਵਸ 2026 ਨੂੰ ਬੜੇ ਉਤਸ਼ਾਹ ਨਾਲ ਮਨਾਇਆ। ਇਹ ਕਾਰਜਕ੍ਰਮ ਪੋਸਟ ਗ੍ਰੈਜੂਏਟ ਜ਼ੂਆਲੋਜੀ ਵਿਭਾਗ ਵੱਲੋਂ ਚੇਅਰਪਰਸਨ ਡਾ. ਅਗਨੀਜ਼ ਢਿੱਲੋਂ, ਚੇਅਰਪਰਸਨ ਡੀਐੱਸਸੀ ਡਬਲਯੂ ਫਿਰੋਜ਼ਪੁਰ ਐਡਵੋਕੇਟ ਅਜੈ ਬੱਤਾ, ਸਕੱਤਰ ਡੀਐੱਸਸੀਡਬਲਯੂ ਤੇ ਡਾ. ਸੰਗੀਤਾ ਪ੍ਰਿੰਸੀਪਲ ਡੀਐੱਸਸੀਡਬਲਯੂ ਫਿਰੋਜ਼ਪੁਰ ਦੇ ਯੋਗ ਮਾਰਗਦਰਸ਼ਨ ਹੇਠ ਕੀਤਾ ਗਿਆ। ਇਹ ਸਮਾਗਮ ਇਸ ਸਾਲ ਦੀ ਥੀਮ 'ਵੂਮੈਨ ਇਨ ਸਾਇੰਸ : ਕੇਟੇਲਾਇਜ਼ਿੰਗ ਵਿਕਸਿਤ ਭਾਰਤ' ਨਾਲ ਸਬੰਧਤ ਸੀ, ਜਿਸ ਵਿੱਚ ਨਵੀਨਤਾ, ਖੋਜ ਉਤਕ੍ਰਿਸ਼ਟਤਾ ਤੇ ਰਾਸ਼ਟਰੀ ਵਿਕਾਸ ਵਿੱਚ ਮਹਿਲਾ ਵਿਗਿਆਨੀਆਂ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ ਗਿਆ। ਵਿਸ਼ੇਸ਼ ਵਕਤਾ ਡਾ. ਮੋਨਿਕਾ ਚੌਧਰੀ ਪੋਸਟ ਡਾਕਟੋਰਲ ਫੈਲੋ ਆਇਕਾਨ ਸਕੂਲ ਆਫ ਮੈਡੀਸਿਨ ਐਟ ਮਾਊਂਟ ਸਾਈਨਾਈ ਨਿਊਯਾਰਕ ਨੇ ਐਂਟੀ-ਬਾਇਓਟਿਕ ਤੋਂ ਅੱਗੇ ਦਵਾਈ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਸੂਖਮ ਜੀਵਾਂ ਦੀ ਬਦਲਾਅਕਾਰੀ ਭੂਮਿਕਾ ਬਾਰੇ ਗਿਆਨਵਰਧਕ ਵਿਅਖਿਆਨ ਦਿੱਤਾ। ਉਨ੍ਹਾਂ ਐਂਟੀ-ਬਾਇਓਟਿਕ ਰੋਧ ਦੀ ਵਧਦੀ ਸਮੱਸਿਆ 'ਤੇ ਚਰਚਾ ਕੀਤੀ ਤੇ ਭਵਿੱਖ ਦੀਆਂ ਸਿਹਤ ਚੁਣੌਤੀਆਂ ਲਈ ਮਾਈਕ੍ਰੋਬਾਇਓਮ ਆਧਾਰਤ ਥੈਰਪੀਜ਼ ਤੇ ਹੋਰ ਸੂਖਮ ਜੀਵ ਆਧਾਰਤ ਇਲਾਜਾਂ ਨੂੰ ਟਿਕਾਊ ਹੱਲ ਵਜੋਂ ਰੇਖਾਂਕਿਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਪ੍ਰੋਗਰਾਮ ਦੇ ਸਫਲ ਆਯੋਜਨ ਤੇ ਪ੍ਰੋਗਰਾਮ ਦੇ ਕੋਆਰਡੀਨੇਟਰ ਡਾ. ਮੋਕਸ਼ੀ ਮੁਖੀ ਪੋਸਟ ਗ੍ਰੈਜੂਏਟ ਜ਼ੂਆਲੋਜੀ ਵਿਭਾਗ ਤੇ ਡਾ. ਰਮਨੀਕ ਕੌਰ ਸਹਾਇਕ ਪ੍ਰੋਫੈਸਰ ਤੇ ਜ਼ੂਆਲੋਜੀ ਵਿਭਾਗ ਦੇ ਸਮੂਹ ਅਧਿਆਪਕਾਂ ਨੂੰ ਵਧਾਈ ਦਿੱਤੀ।

## ਦਿਵਿਆਂਗ ਵਿਦਿਆਰਥੀਆਂ ਲਈ ਸਾਮਾਨ ਵੰਡ ਕੈਂਪ ਲਗਾਇਆ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾਂ ਨਿਰਦੇਸ਼ ਅਨੁਸਾਰ ਜ਼ਿਲ੍ਹਾ ਸਿੱਖਿਆ ਅਫ਼ਸਰ (ਐ ਸਿੱ) ਫਿਰੋਜ਼ਪੁਰ ਸੁਨੀਤਾ ਰਾਣੀ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਐ ਸਿੱ) ਕੋਮਲ ਅਰੋੜਾ ਦੀ ਅਗਵਾਈ ਹੇਠ ਸਪਸ ਪਿੰਡੀ ਵਿਖੇ ਦਿਵਿਆਂਗ ਵਿਦਿਆਰਥੀਆਂ ਲਈ ਸਾਮਾਨ ਵੰਡ ਕੈਂਪ ਲਗਾਇਆ ਗਿਆ, ਜਿਸ ਵਿੱਚ ਬਲਾਕ ਗੁਰੂ ਹਰਸਹਾਏ 1, ਬਲਾਕ ਪਿੰਡੀ ਤੇ ਮਮਦੋਟ ਬਲਾਕ ਦੇ ਬੱਚਿਆਂ ਨੂੰ ਸਾਲ 2025 ਦੌਰਾਨ ਲੱਗੇ ਅਸੈੱਸਮੈਂਟ ਕੈਂਪ ਵਿੱਚ, ਜਿਨ੍ਹਾਂ ਬੱਚਿਆ ਨੂੰ ਡਾਕਟਰੀ ਮਾਹਰ ਟੀਮਾਂ ਵੱਲੋਂ ਸਿਫਾਰਸ਼ ਕੀਤੇ ਗਏ ਸਾਮਾਨ ਦੀ ਵੰਡ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਬੱਚਿਆਂ ਤੇ ਮਾਪਿਆਂ ਵੱਲੋਂ ਸ਼ਮੂਲੀਅਤ ਕੀਤੀ ਗਈ।ਇਸ ਦੌਰਾਨ ਬੱਚਿਆਂ ਨੂੰ ਵ੍ਹੀਲਚੇਅਰ, ਟਰਾਈ ਸਾਈਕਲ, ਕੰਨਾਂ ਵਾਲੀਆਂ ਮਸ਼ੀਨਾਂ, ਟੀ ਐੱਲ ਐੱਮ ਕਿੱਟ ਆਦਿ ਵੰਡੀਆਂ ਗਈਆਂ।ਇਸ ਮੌਕੇ ਜ਼ਿਲ੍ਹਾ ਸਿੱਖਿਆ ਦਫ਼ਤਰ ਤੋਂ ਡੀ ਐੱਸ ਸੀ ਕ੍ਰਿਸ਼ਨ ਮੋਹਨ ਚੌਬੇ, ਸਹਾਇਕ ਬੀ ਪੀ ਈ ਓ ਬਲਦੇਵ ਸਿੰਘ, ਕਲਰਕ ਨਿਤਿਨ ਕੁਮਾਰ, ਹਰਪ੍ਰੀਤ ਕੌਰ, ਆਈ ਈ ਆਰ ਟੀ ਗੁਰਪਾਲ ਸਿੰਘ, ਏਕਤਾ, ਛਿੰਦਰਪਾਲ ਸਿੰਘ, ਜਸਵੰਤ ਸਿੰਘ, ਸੁਰਜੀਤ ਕੌਰ, ਸੈਂਟਰ ਹੈੱਡ ਟੀਚਰ ਮਨਪ੍ਰੀਤ ਕੌਰ, ਰਜਿੰਦਰ ਸਿੰਘ, ਰਾਜ ਕੁਮਾਰ, ਇਕਬਾਲ ਸਿੰਘ, ਵਿਨੇ ਸ਼ਰਮਾ, ਅਲਿਮਕੋ ਟੀਮ ਮੈਂਬਰ ਤੇ ਸਮੂਹ ਸਪੈਸ਼ਲ ਐਜੂਕੇਟਰ ਅਧਿਆਪਕ ਸਾਹਿਬਾਨ ਹਾਜ਼ਰ ਸਨ।

## ਸੰਤ ਅਤਰ ਸਿੰਘ ਦਾ ਜਨਮ ਦਿਹਾੜਾ ਮਨਾਉਣ ਸੰਬੰਧੀ ਮੀਟਿੰਗ



**ਚੀਮਾ ਮੰਡੀ (ਰਵਿੰਦਰ ਚੀਮਾ)**-ਵੀਹਵੀਂ ਸਦੀ ਦੇ ਮਹਾਨ ਤਪੱਸਵੀ ਸੰਤ ਅਤਰ ਸਿੰਘ ਮਸਤੂਆਣਾ ਸਾਹਿਬ ਵਾਲਿਆਂ ਦਾ 160ਵਾਂ ਜਨਮ ਦਿਹਾੜਾ ਗੁ: ਜਨਮ ਅਸਥਾਨ ਚੀਮਾ ਸਾਹਿਬ ਵਿਖੇ 13 ਮਾਰਚ ਤੋਂ 17 ਮਾਰਚ 2026 ਤੱਕ ਬੜੇ ਪ੍ਰੇਮ, ਉਤਸ਼ਾਹ ਤੇ ਚੜ੍ਹਦੀਕਲਾ ਨਾਲ ਮਨਾਇਆ ਜਾ ਰਿਹਾ ਹੈ।ਇਸ ਮਹਾਨ ਗੁਰਮਤਿ ਸਮਾਗਮ ਨੂੰ ਪੂਰਨ ਚੜ੍ਹਦੀਕਲਾ ਨਾਲ ਮਨਾਉਣ ਲਈ ਬੀਤੇ ਦਿਨ ਗੁ. ਜਨਮ ਅਸਥਾਨ ਚੀਮਾ ਸਾਹਿਬ ਵਿਖੇ ਨਗਰ ਨਿਵਾਸੀਆਂ ਦਾ ਭਰਵਾਂ ਇਕੱਠ ਕੀਤਾ ਗਿਆ, ਜਿਸ ਵਿਚ ਸਮੂਹ ਨਗਰ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ ਤੇ ਆਪਣੇ ਕੀਮਤੀ ਸੁਝਾਅ ਅਤੇ ਸੇਵਾਵਾਂ ਭੇਟ ਕੀਤੀਆਂ।ਸੰਗਤ ਵੱਲੋਂ ਇਕੱਠ ਵਿੱਚ ਗੁਰਮਤੇ ਪਾਸ ਕੀਤੇ ਗਏ ਕਿ ਨੌਜਵਾਨਾਂ ਵੱਲੋਂ ਟ੍ਰੈਕਟਰਾਂ ਉੱਪਰ ਡੈੱਕ ਨਾ ਚਲਾਏ ਜਾਣ ਅਤੇ ਸਾਰੀ ਸੰਗਤ ਤੇ ਸਾਧਨ (ਵਹੀਕਲ) ਸ਼ਰਧਾ ਸਹਿਤ ਪਾਲਕੀ ਸਾਹਿਬ ਦੇ ਪਿੱਛੇ ਚੱਲਣ, ਸੰਗਤਾਂ ਵੱਲੋਂ ਲਗਾਏ ਗਏ ਲੰਗਰਾਂ ਵਿੱਚ ਲੰਗਰਾਂ ਦੇ ਸਵਾਦ ਦੱਸਣ ਲਈ ਸਪੀਕਰਾਂ ਵਿੱਚ ਅਵਾਜ਼ਾਂ ਨਾ ਦਿੱਤੀਆਂ ਜਾਣ ਤੇ ਧੀਮੀ ਅਵਾਜ਼ ਵਿੱਚ ਵਾਹਿਗੁਰੂ ਦਾ ਜਾਪ ਕਰਵਾਇਆ ਜਾਵੇ।ਸੰਗਤ ਵੱਲੋਂ ਗੁ. ਜਨਮ ਅਸਥਾਨ ਦੇ ਸੇਵਾਦਾਰ ਭਾਈ ਜਗਜੀਤ ਸਿੰਘ (ਕਾਕਾ ਵੀਰ ਜੀ) ਨੂੰ ਨਵੀਂ ਪਾਲਕੀ ਸਾਹਿਬ ਲਿਆਉਣ ਲਈ ਬੇਨਤੀ ਕੀਤੀ ਗਈ ਤੇ ਉਸ ਦੇ ਲਈ ਚੜ੍ਹਦੀਕਲਾ ਨਾਲ ਮਾਇਆ ਦੀਆਂ ਸੇਵਾਵਾਂ ਭੇਟ ਕੀਤੀਆਂ ਗਈਆਂ।ਸੰਗਤ ਨੇ ਪੰਜੇ ਦਿਨਾਂ ਦੇ ਸਾਰੇ ਸਮਾਗਮਾਂ ਵਿੱਚ ਵੱਧ ਤੋਂ ਵੱਧ ਸੇਵਾਵਾਂ ਨਿਭਾਉਣ ਲਈ ਉਤਸ਼ਾਹ ਤੇ ਸ਼ਰਧਾ ਪ੍ਰਗਟਾਈ।17 ਮਾਰਚ ਨੂੰ ਅੰਮ੍ਰਿਤ ਵੇਲੇ 1 ਵਜੇ ਸੰਤ ਜੀ ਮਹਾਰਾਜ ਦੇ ਜਨਮ ਸਮੇਂ ਸਾਰੇ ਨਗਰ ਤੇ ਇਲਾਕੇ ਨੇ ਆਪਣੇ ਪਰਿਵਾਰਾਂ ਸਮੇਤ ਗੁਰੂ-ਦਰਬਾਰ ਵਿੱਚ ਹਾਜ਼ਰੀ ਭਰਨ ਦੀ ਸ਼ਰਧਾ ਪ੍ਰਗਟ ਕੀਤੀ ਤੇ ਸ੍ਰੀ ਅਖੰਡ ਪਾਠ ਸਾਹਿਬਾਂ ਦੀਆਂ ਚੱਲ ਰਹੀਆਂ ਲੜੀਆਂ ਵਿੱਚ ਵੱਧ ਤੋਂ ਵੱਧ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਤੇ ਰੌਲਾਂ ਲਗਾਉਣ ਦੀਆਂ ਸੇਵਾਵਾਂ ਨਿਭਾਉਣ ਲਈ ਪ੍ਰੇਮ ਹਾਜ਼ਰ ਕੀਤਾ।ਇਸ ਇਕੱਠ 'ਚ ਗੁ. ਨਾਨਕਸਰ ਸਾਹਿਬ ਦੇ ਰਸੀਵਰ ਭਾਈ ਦਰਬਾਰਾ ਸਿੰਘ ਜੀ, ਪੰਚਾਇਤ ਪ੍ਰਧਾਨ ਤੇ ਸਾਰੇ ਐੱਮ. ਸੀ. ਸਾਹਿਬਾਨ ਅਤੇ ਸਮੂਹ ਨਗਰ ਵਾਸੀ ਸੰਗਤਾਂ ਮੌਜੂਦ ਸਨ।

## ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਵਿਖੇ ਸਾਲਾਨਾ ਖੇਡਾਂ ਕਰਵਾਈਆਂ



**ਲੁਧਿਆਣਾ (ਰੈਕਟਰ ਕਥੂਰੀਆ)**-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵਿਮੈਨ ਲੁਧਿਆਣਾ ਵਿਖੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਡਾ. ਕਵਲਜੀਤ ਕੌਰ ਦੀ ਅਗਵਾਈ ਅਧੀਨ ਸਮੂਹ ਸਟਾਫ ਦੇ ਸਹਿਯੋਗ ਨਾਲ਼ ਸਾਲਾਨਾ ਖੇਡ ਸਮਾਗਮ ਕਰਵਾਇਆ ਗਿਆ।ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਕਾਲਜ ਦੇ ਵਿਹੜੇ ਅੰਦਰ ਫੁੱਲਾਂ ਦਾ ਗੁਲਦਸਤਾ ਭੇਟ ਕਰਦਿਆਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਮਾਗਮ ਦਾ ਆਗਾਜ਼ ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ ਤੇ ਸਾਰੇ ਅਧਿਆਪਕ ਸਾਹਿਬਾਨਾਂ ਵੱਲੋਂ ਗੁਬਾਰਿਆਂ ਦੇ ਗੁੱਛੇ ਨੂੰ ਅਸਮਾਨ ਵੱਲ ਛੱਡ ਕੇ ਸੰਕੇਤਕ ਤੌਰ 'ਤੇ ਕੀਤਾ ਗਿਆ।ਇਸ ਮੌਕੇ ਵਿਦਿਆਰਥਣਾਂ ਨੇ ਐਰੋਬਿਕਸ ਨਾਲ਼ ਖੇਡ ਸਮਾਗਮ ਦੀ ਸ਼ੁਰੂਆਤ ਕੀਤੀ ਤੇ ਪੂਰੀ ਗਰਮ ਜੋਸ਼ੀ ਨਾਲ਼ ਵੱਖ ਵੱਖ ਖੇਡਾਂ ਵਿੱਚ ਭਾਗ ਲਿਆ।ਇਸ ਦੌਰਾਨ ਤਿੰਨ ਟੰਗੀ ਦੌੜ, 100 ਮੀਟਰ ਦੌੜ, ਸੈਕ ਦੌੜ, ਸ਼ਾਰਟ ਪੁੱਟ, ਰੁਕਾਵਟ (ਅਬਸਟੈਕਲ ਰੇਸ) ਦੌੜ, ਅੱਠ ਭੁਜਾ ਜੀਵ ਦੀ ਦੌੜ (ਆਕਟੋਪਸ ਰੇਸ) ਮੁੱਖ ਆਕਰਸ਼ਣ ਦਾ ਕੇਂਦਰ ਰਹੀਆਂ।ਸਲੋਨੀ ਨੂੰ ਬੈਸਟ ਐਥਲੀਟ ਦੇ ਖ਼ਿਤਾਬ ਨਾਲ਼ ਨਿਵਾਜਿਆ ਗਿਆ।ਪ੍ਰਿੰਸੀਪਲ ਸਾਹਿਬਾਨਾਂ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥਣਾਂ ਨੂੰ ਜੀਵਨ ਵਿੱਚ ਖੇਡਾਂ ਦੇ ਮਹੱਤਵ ਬਾਰੇ ਜਾਣਕਾਰੀ ਦਿੰਦਿਆਂ ਰੋਜ਼ਾਨਾ ਜੀਵਨ ਵਿੱਚ ਕੋਈ ਇੱਕ ਖੇਡ ਨੂੰ ਸ਼ਾਮਲ ਕਰਨ ਲਈ ਪ੍ਰੇਰਿਆ।ਅੰਤ ਵਿੱਚ ਰਾਸ਼ਟਰੀ ਗਾਨ ਨਾਲ਼ ਖੇਡ ਸਮਾਗਮ ਸੰਪੰਨ ਹੋਇਆ।ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ, ਸਕੱਤਰ ਸ੍ਰ. ਗੁਰਬਚਨ ਸਿੰਘ ਪਾਹਵਾ ਤੇ ਹੋਰ ਮੈਂਬਰ ਸਾਹਿਬਾਨਾਂ ਨੇ ਵਿਭਾਗ ਦੇ ਮੁਖੀ ਤੇ ਅਧਿਆਪਕ ਸਾਹਿਬਾਨਾਂ ਦੀ ਇਸ ਕਾਰਗੁਜ਼ਾਰੀ ਦੀ ਸ਼ਲਾਘਾ ਕੀਤੀ ਤੇ ਜੇਤੂਆਂ ਨੂੰ ਵਧਾਈ ਦਿੱਤੀ।

## ਬੀ ਕੇ ਯੂ ਸਿੱਧੂਪੁਰ ਦੀ ਮੀਟਿੰਗ 'ਚ ਵੱਡੀ ਗਿਣਤੀ ਕਿਸਾਨ ਹੋਏ ਸ਼ਾਮਲ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਗੁਰਮੀਤ ਸਿੰਘ ਘੋੜੇ ਚੱਕ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਜ਼ਿਲ੍ਹਾ ਕਨਵੀਨਰ ਦੀ ਅਗਵਾਈ 'ਚ ਪਿੰਡ ਭੂਰੇ ਕਲਾਂ ਵਿੱਚ ਮੀਟਿੰਗ ਕੀਤੀ ਗਈ, ਜਿਸ ਵਿਚ ਵਿਸ਼ੇਸ਼ ਤੌਰ 'ਤੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਪੰਜਾਬ ਦੇ ਕਨਵੀਨਰ ਦਲਵੀਰ ਸਿੰਘ ਸਿੱਧੂਪੁਰ ਮੀਟਿੰਗ ਵਿੱਚ ਪਹੁੰਚੇ।ਇਕੱਠ ਨੂੰ ਸੰਬੋਧਨ ਕਰਦਿਆਂ ਸਿੱਧੂਪੁਰ ਨੇ ਕਿਹਾ ਕਿ ਬਠਿੰਡਾ ਵਿਖੇ ਜਿਓਂਦ ਪਿੰਡ ਵਿਖੇ ਨਿਰਦੋਸ਼ ਕਿਸਾਨਾਂ 'ਤੇ ਹੋਏ ਲਾਠੀਚਾਰਜ ਦੀ ਨਿੰਦਾ ਕਰਦੇ ਹੋਏ ਕਿਸਾਨਾਂ ਨੂੰ ਵੱਡੇ ਸੰਘਰਸ਼ ਲਈ ਲਾਮਬੰਦ ਕੀਤਾ ਗਿਆ।ਖਨੌਰੀ ਬਾਰਡਰ ਦੇ ਜਸਵਿੰਦਰ ਸਿੰਘ ਵਿਰਕ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਕਿਸਾਨੀ ਸੰਘਰਸ਼ ਵਿੱਚ ਪਾਏ ਵੱਡੇ ਯੋਗਦਾਨ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨੂੰ ਬੀਕੇਯੂ ਸਿੱਧੂਪੁਰ ਜ਼ਿਲ੍ਹੇ ਦਾ ਕਨਵੀਨਰ ਨਿਯੁਕਤ ਕੀਤਾ।ਇਸ ਮੌਕੇ ਪਰਮਜੀਤ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਲਖਵਿੰਦਰ ਸਿੰਘ ਭੁੱਲਰ ਜ਼ਿਲ੍ਹਾ ਯੂਥ ਆਗੂ, ਪ੍ਰਗਟ ਸਿੰਘ ਲੋਕ ਬਲਾਕ ਯੂਥ ਆਗੂ, ਗੁਰਜੰਟ ਸਿੰਘ ਜ਼ਿਲ੍ਹਾ ਮੀਤ ਯੂਥ ਆਗੂ, ਗੁਰਜੰਟ ਸਿੰਘ ਭੁੱਲਰ ਵਰਕਿੰਗ ਕਮੇਟੀ ਮੈਂਬਰ, ਗੁਰਨੇਕ ਸਿੰਘ ਬਲਾਕ ਸਕੱਤਰ, ਬਲਜਿੰਦਰ ਸਿੰਘ ਬਰਾੜ ਬਲਾਕ ਪ੍ਰਧਾਨ ਲੱਖੋ ਕੇ ਬਹਿਰਾਮ, ਅਮਰਜੀਤ ਸਿੰਘ ਮੀਤ ਬਲਾਕ ਪ੍ਰਧਾਨ ਲੱਖੋ ਕੇ ਬਹਿਰਾਮ, ਸੁਖਵਿੰਦਰ ਸਿੰਘ ਸਵਾਈ ਕੇ ਬਲਾਕ ਪ੍ਰਧਾਨ ਮਮਦੋਟ, ਸੁਖਜੀਤ ਸਿੰਘ ਬਰਾੜ ਵਰਕਿੰਗ ਕਮੇਟੀ ਮੈਂਬਰ ਜ਼ਿਲ੍ਹਾ ਫਿਰੋਜ਼ਪੁਰ ਨਿਯੁਕਤ ਕੀਤੇ ਗਏ।ਇਸ ਮੌਕੇ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਆਗੂ ਹਾਜ਼ਰ ਸਨ।

## ਹਾਈਕਿੰਗ ਕੈਂਪ ਲਈ ਐੱਨ ਐੱਸ ਐੱਸ ਵਲੰਟੀਅਰਾਂ ਦੀ ਚੋਣ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਐੱਮ ਐੱਮ ਡੀ ਡੀਏਵੀ ਕਾਲਜ ਗਿੱਦੜਬਾਹਾ ਦੇ 8 ਐੱਨ ਐੱਸ ਐੱਸ ਵਲੰਟੀਅਰਜ਼ ਦੀ ਚੋਣ ਹਾਈਕਿੰਗ ਕੈਂਪ ਲਈ ਹੋਈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਰਾਜੇਸ਼ ਮਹਾਜਨ ਨੇ ਦੱਸਿਆ ਕਿ ਉਨ੍ਹਾਂ ਦੇ 8 ਐੱਨ ਐੱਸ ਐੱਸ ਵਲੰਟੀਅਰਜ਼, ਜਿਨ੍ਹਾਂ ਵਿੱਚ ਸਾਜਨਪ੍ਰੀਤ, ਰਾਜਦੀਪ ਸਿੰਘ, ਆਕਾਸ਼ਦੀਪ ਸਿੰਘ, ਮਨਜੀਤ ਸਿੰਘ, ਅਮਨ ਕੁਮਾਰ, ਕ੍ਰਿਸ਼ਨ, ਅਕਸ਼ੇ ਕੁਮਾਰ ਤੇ ਕਰਨ ਸ਼ਾਮਲ ਹਨ, ਦੀ ਚੋਣ 5 ਮਾਰਚ ਤੋਂ 9 ਮਾਰਚ ਤੱਕ ਮੋਹਾਲੀ ਵਿਖੇ ਆਯੋਜਿਤ ਕੀਤੇ ਜਾ ਰਹੇ ਹਾਈਕਿੰਗ ਕੈਂਪ ਲਈ ਹੋਈ ਹੈ।ਵਰਣਨਯੋਗ ਹੈ ਕਿ ਐੱਮ ਐੱਮ ਡੀ ਡੀਏਵੀ ਕਾਲਜ ਵਿਖੇ ਬੀਤੇ ਲੰਬੇ ਸਮੇਂ ਤੋਂ ਪ੍ਰੋਗਰਾਮ ਅਫਸਰ ਪ੍ਰੋਫੈਸਰ ਅੰਜਲੀ ਤੇ ਜਸਵਿੰਦਰ ਬਾਘਲਾ ਦੀ ਅਗਵਾਈ ਹੇਠ ਐੱਨ ਐੱਸ ਐੱਸ ਯੂਨਿਟ ਚੱਲ ਰਿਹਾ ਹੈ ਅਤੇ ਕਾਲਜ ਦੇ ਵਾਲੰਟੀਰਜ਼ ਲਗਾਤਾਰ ਵੱਖ ਵੱਖ ਜਗ੍ਹਾ 'ਤੇ ਆਯੋਜਿਤ ਕੀਤੇ ਜਾ ਰਹੇ ਕੈਂਪਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਹੇ ਹਨ।ਉਨ੍ਹਾਂ ਹਾਈਕਿੰਗ ਕੈਂਪ ਲਈ ਚੁਣੇ ਗਏ ਵਾਲੰਟੀਅਰਜ਼ ਨੂੰ ਕੈਂਪ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਰਿੰਕੂ ਆਦੀਵਾਲ ਤੇ ਵਿਨੋਦ ਕੁਮਾਰ ਹਾਜ਼ਰ ਸਨ।

# ਅਰੁਣਾ ਚੌਧਰੀ ਵੱਲੋਂ ਗਲੀਆਂ ਦੇ ਕੰਮ ਦਾ ਉਦਘਾਟਨ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਇਕਾ ਅਰੁਣਾ ਚੌਧਰੀ ਵੱਲੋਂ ਸ਼ਹਿਰ ਅੰਦਰ ਵੱਖ ਵੱਖ ਵਾਰਡਾਂ 'ਚ 87 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀਆਂ ਨਵੀਆਂ ਗਲੀਆਂ ਅਤੇ ਹੋਰਨਾਂ ਦੀ ਮੁਰੰਮਤ ਲਈ ਕੰਮ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਕਾਂਗਰਸ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ, ਨਗਰ ਕੌਂਸਲ ਪ੍ਰਧਾਨ ਪਰਮਿੰਦਰ ਸਿੰਘ ਨੀਟੂ ਚੌਹਾਨ ਅਤੇ ਸਿਟੀ ਪ੍ਰਧਾਨ ਮਨੋਜ ਗੁਪਤਾ ਵੀ ਹਾਜ਼ਰ ਸਨ। ਅਰੁਣਾ ਚੌਧਰੀ ਨੇ ਵਾਰਡ ਨੰਬਰ-1, ਵਾਰਡ ਨੰਬਰ-2, ਤਿੰਨ, ਸੱਤ, ਗਿਆਰਾਂ ਅਤੇ ਤੇਰਾਂ ਵਿੱਚ ਨਵੀਆਂ ਗਲੀਆਂ ਅਤੇ ਮੁਰੰਮਤ ਦਾ ਕੰਮ ਸ਼ੁਰੂ ਕਰਵਾਉਂਦਿਆਂ ਕਿਹਾ ਕਿ ਇਹ ਸਾਰੇ ਕੰਮ ਸ਼ਹਿਰ ਵਾਸੀਆਂ ਦੀ ਮੰਗ ਅਤੇ ਜ਼ਰੂਰਤ ਨੂੰ ਧਿਆਨ ਵਿੱਚ ਰੱਖਦਿਆਂ ਕਰਵਾਏ ਜਾ ਰਹੇ ਹਨ ਅਤੇ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਨਾ ਹੀ ਉਨ੍ਹਾਂ ਦਾ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵਿਕਾਸ ਕਰਨ 'ਚ ਯਕੀਨ ਰੱਖਦੀ ਹੈ ਅਤੇ ਪੂਰੇ ਹਲਕੇ ਅੰਦਰ ਪਿਛਲੇ ਪੰਜ ਸਾਲਾਂ ਦੌਰਾਨ ਵਿਕਾਸ ਦੇ ਜਿੰਨੇ ਕੰਮ ਹੋਏ ਹਨ, ਓਨੇ ਕੰਮ ਪਹਿਲਾਂ ਕਦੇ ਨਹੀਂ ਹੋਏ। ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਕਿਹਾ ਕਿ ਅਗਲੇ ਦਿਨਾਂ 'ਚ ਨਗਰ ਕੌਂਸਲ ਦੀਆਂ ਚੋਣਾਂ ਹੋ ਸਕਦੀਆਂ ਹਨ, ਇਸ ਲਈ ਲੋਕ ਇਹ ਤੈਅ ਕਰ ਲੈਣ ਕਿ ਉਨ੍ਹਾਂ ਨੇ ਵੋਟ ਸਰਵਪੱਖੀ ਵਿਕਾਸ ਕਰਨ ਵਾਲੀ ਕਾਂਗਰਸ ਪਾਰਟੀ ਨੂੰ ਪਾਉਣੀ ਹੈ ਜਾਂ ਚੋਣ ਵਾਅਦਿਆਂ ਤੋਂ ਭੱਜਣ ਵਾਲੀ ਆਮ ਆਦਮੀ ਪਾਰਟੀ ਜਾਂ ਭਾਜਪਾ ਨੂੰ। ਉਨ੍ਹਾਂ ਹਾਜ਼ਰ ਮਹਿਲਾਵਾਂ ਨੂੰ 'ਆਪ' ਆਗੂਆਂ ਕੋਲੋਂ ਪਿਛਲੇ ਚਾਰ ਸਾਲਾਂ ਦਾ 48 ਹਜ਼ਾਰ ਰੁਪਈਆ ਮੰਗਣ ਦੀ ਗੱਲ ਵੀ ਆਖੀ।ਇਸ ਮੌਕੇ ਕੌਂਸਲਰ ਡਾ. ਸਾਹਿਲ ਰੇਹਾਨ, ਕੌਂਸਲਰ ਪਰਮਜੀਤ ਕੌਰ, ਰਿੰਕੀ ਬੱਬਰ, ਦੀਪਕ ਭੱਲਾ, ਅਮਰਜੀਤ ਅੰਬੀ, ਅਮਿਤ ਬਾਲੀ, ਸਮਾਜ ਸੇਵਕ ਭਗਵਾਨ ਸਿੰਘ ਬਾਜਵਾ, ਚੇਅਰਮੈਨ ਜਿੰਮੀ ਬਰਾੜ, ਅਸ਼ਵਨੀ ਕੁਮਾਰ, ਨਰਿੰਦਰ ਪਾਲ ਨਿੰਦੀ, ਦਰਸ਼ਨ ਕਲੌਤਰਾ ਅਤੇ ਮਦਨ ਮੱਦੀ ਹਾਜ਼ਰ ਸਨ।

# ਪੰਜਵੀਂ ਜਮਾਤ ਦੀਆਂ ਪ੍ਰੀਖਿਆਵਾਂ ਅੱਜ ਤੋਂ

ਪਠਾਨਕੋਟ (ਦਵਿੰਦਰ ਸਿੰਘ)-ਸਕੂਲ ਸਿੱਖਿਆ ਵਿਭਾਗ ਵੱਲੋਂ ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਰਾਹੀਂ ਜਾਰੀ ਕੀਤੀ ਗਈ ਪੰਜਵੀਂ ਜਮਾਤ ਦੀ ਡੇਟ ਸ਼ੀਟ ਅਨੁਸਾਰ ਪ੍ਰੀਖਿਆਵਾਂ 6 ਮਾਰਚ ਤੋਂ ਸ਼ੁਰੂ ਹੋ ਰਹੀਆਂ ਹਨ। ਇਨ੍ਹਾਂ ਪ੍ਰੀਖਿਆਵਾਂ ਨੂੰ ਨਿਰਪੱਖ ਅਤੇ ਸੁਚਾਰੂ ਢੰਗ ਨਾਲ ਸੰਪੰਨ ਕਰਵਾਉਣ ਲਈ ਬਲਾਕ ਜ਼ਿਲ੍ਹਾ ਪਠਾਨਕੋਟ ਵੱਲੋਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ/ ਸੈਕੰਡਰੀ ਸ੍ਰੀਮਤੀ ਕਮਲਦੀਪ ਕੌਰ ਵੱਲੋਂ ਕੀਤਾ ਗਿਆ ਅਤੇ ਉਨ੍ਹਾਂ ਕਿਹਾ ਕਿ ਪੇਪਰਾਂ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਪਸ਼ਟ ਹਦਾਇਤਾਂ ਵੀ ਜਾਰੀ ਕਰ ਦਿੱਤੀਆਂ ਗਈਆਂ ਹਨ।ਉਨ੍ਹਾਂ ਕਿਹਾ ਕਿ ਪ੍ਰੀਖਿਆ ਦੌਰਾਨ ਕੋਈ ਵੀ ਨਿਗਰਾਨ ਬਿਨਾਂ ਵਾਜਬ ਕਾਰਨ ਛੁੱਟੀ ਨਹੀਂ ਲਵੇਗਾ ਅਤੇ ਮੈਡੀਕਲ ਛੁੱਟੀ ਲਈ ਐੱਸ ਐੱਮ ਓ ਤੋਂ ਪ੍ਰਮਾਣਿਤ ਸਰਟੀਫਿਕੇਟ ਪੇਸ਼ ਕਰਨਾ ਲਾਜ਼ਮੀ ਹੋਵੇਗਾ।ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸ੍ਰੀ ਡੀ.ਜੀ. ਸਿੰਘ ਨੇ ਕਿਹਾ ਕਿ ਸਕੂਲਾਂ ਵਿੱਚ ਸਫ਼ਾਈ, ਰੌਸ਼ਨੀ ਅਤੇ ਬੈਠਕ ਪ੍ਰਬੰਧ ਨੂੰ ਯਕੀਨੀ ਬਣਾਉਣ ਲਈ ਹਦਾਇਤਾਂ ਜਾਰੀ ਕੀਤੀਆਂ ਤਾਂ ਜੋ ਵਿਦਿਆਰਥੀਆਂ ਨੂੰ ਕਿਸੇ ਵੀ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਪੰਜਵੀਂ ਜਮਾਤ ਦੀਆਂ ਇਹ ਪ੍ਰੀਖਿਆਵਾਂ 12 ਮਾਰਚ ਤੱਕ ਚੱਲਣਗੀਆਂ ਅਤੇ ਸਮਾਂ ਸਵੇਰੇ 9 ਵਜੇ ਤੋਂ ਦੁਪਹਿਰ 12 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ। ਇਸ ਮੌਕੇ ਕਲਰਕ ਤਰੁਣ ਪਠਾਨੀਆ, ਡੀ ਆਰ ਸੀ ਵਨੀਤ ਮਹਾਜਨ, ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ ਅਤੇ ਬਲਕਾਰ ਅੱਤਰੀ ਆਦਿ ਹਾਜ਼ਰ ਸਨ

# ਪੱਟੀ 'ਚ 7 ਮਾਰਚ ਨੂੰ ਟਰਾਂਸਪੋਰਟ ਮੁਲਾਜ਼ਮਾਂ ਦੀ ਵਿਸ਼ਾਲ ਰੋਸ ਰੈਲੀ ਦਾ ਐਲਾਨ



ਤਰਨ ਤਾਰਨ (ਪ੍ਰਿਤਪਾਲ ਸਿੰਘ)- ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਬਰਾਂਚ ਤਰਨ ਤਾਰਨ ਦੀ ਅਹਿਮ ਮੀਟਿੰਗ ਹੋਈ, ਜਿਸ ਵਿੱਚ 7 ਮਾਰਚ ਨੂੰ ਟਰਾਂਸਪੋਰਟ ਮੰਤਰੀ ਦੇ ਸ਼ਹਿਰ ਪੱਟੀ ਵਿਖੇ ਵਿਸ਼ਾਲ ਰੋਸ ਰੈਲੀ ਕਰਨ ਦਾ ਫੈਸਲਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਯੂਨੀਅਨ ਆਗੂ ਗੁਰਜੰਟ ਸਿੰਘ ਕੋਕਰੀ ਨੇ ਕਿਹਾ ਕਿ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਲੋਕਾਂ ਨੇ ਰਵਾਇਤੀ ਪਾਰਟੀਆਂ ਤੋਂ ਅੱਕ ਕੇ ਆਮ ਆਦਮੀ ਪਾਰਟੀ ਨੂੰ ਭਾਰੀ ਜਿੱਤ ਦਵਾਈ ਸੀ, ਪਰ ਚਾਰ ਸਾਲ ਬੀਤ ਜਾਣ ਦੇ ਬਾਵਜੂਦ ਟਰਾਂਸਪੋਰਟ ਵਿਭਾਗ ਦੀ ਹਾਲਤ ਵਿੱਚ ਕੋਈ ਵੱਡਾ ਸੁਧਾਰ ਨਹੀਂ ਆਇਆ।ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਰੋਡਵੇਜ਼ ਵਿੱਚ ਇੱਕ ਵੀ ਨਵੀਂ ਬੱਸ ਸ਼ਾਮਲ ਨਹੀਂ ਕੀਤੀ ਗਈ, ਜਦਕਿ ਪਹਿਲਾਂ ਅਕਾਲੀ ਸਰਕਾਰ ਨੇ ਆਪਣੇ ਸਮੇਂ ਵਿੱਚ 1483 ਅਤੇ ਕਾਂਗਰਸ ਸਰਕਾਰ ਨੇ 868 ਨਵੀਆਂ ਬੱਸਾਂ ਸ਼ਾਮਲ ਕੀਤੀਆਂ ਸਨ। ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਵੱਲੋਂ ਬਾਦਲਾਂ ਦੀਆਂ ਬੱਸਾਂ ਨੂੰ ਸਰਕਾਰੀ ਬੇੜੇ ਵਿੱਚ ਸ਼ਾਮਲ ਕਰਨ ਦਾ ਐਲਾਨ ਕੀਤਾ ਗਿਆ ਸੀ ਪਰ ਅਜੇ ਤੱਕ ਇਸ ਬਾਰੇ ਕੋਈ ਪਾਲਿਸੀ ਨਹੀਂ ਬਣੀ ਅਤੇ ਨਾ ਹੀ ਉੱਚ ਅਦਾਲਤਾਂ ਦੇ ਫੈਸਲਿਆਂ ਅਨੁਸਾਰ ਗੈਰਕਾਨੂੰਨੀ ਪਰਮਿਟ ਰੱਦ ਕਰਨ ਲਈ ਢੁੱਕਵਾਂ ਕਦਮ ਚੁੱਕਿਆ ਗਿਆ ਹੈ।ਯੂਨੀਅਨ ਆਗੂਆਂ ਨੇ ਕਿਹਾ ਕਿ 1997 ਤੋਂ ਬਾਅਦ ਕਿਸੇ ਵੀ ਸਰਕਾਰ ਵੱਲੋਂ ਇਸ ਪਬਲਿਕ ਅਦਾਰੇ ਲਈ ਬਜਟ ਵਿੱਚੋਂ ਵੱਖਰੇ ਫੰਡ ਨਹੀਂ ਰੱਖੇ ਗਏ। ਔਰਤਾਂ ਲਈ ਮੁਫ਼ਤ ਬੱਸ ਸਫ਼ਰ ਦੀ ਸਹੂਲਤ ਦੇ ਤਹਿਤ ਲਗਭਗ 500 ਕਰੋੜ ਰੁਪਏ ਅਤੇ ਹੋਰ ਕੈਟਾਗਰੀਆਂ ਦੀ ਯਾਤਰਾ ਸਹੂਲਤ ਦੇ ਕਰੀਬ 300 ਕਰੋੜ ਰੁਪਏ ਸਰਕਾਰ ਵੱਲ ਬਕਾਇਆ ਹਨ। ਇਸ ਤੋਂ ਇਲਾਵਾ ਸਰਕਾਰੀ ਰੈਲੀਆਂ ਦਾ ਖਰਚਾ ਵੀ ਵਿਭਾਗ ਨੂੰ ਅਦਾ ਨਹੀਂ ਕੀਤਾ ਗਿਆ, ਜਿਸ ਕਾਰਨ ਸਪੇਅਰ ਪਾਰਟਸ ਅਤੇ ਡੀਜ਼ਲ ਦੀ ਖਰੀਦ ਮੁਸ਼ਕਿਲ ਹੋ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਬੱਸਾਂ ਲਈ ਬੈਟਰੀਆਂ ਦੀ ਖਰੀਦ ਨਾ ਹੋਣ ਕਰਕੇ ਰੋਜ਼ਾਨਾ ਲਗਭਗ 400 ਬੱਸਾਂ ਵਰਕਸ਼ਾਪਾਂ ਵਿੱਚ ਖੜ੍ਹੀਆਂ ਰਹਿੰਦੀਆਂ ਹਨ ਅਤੇ ਬੱਸਾਂ ਦਾ ਕੁੱਲ ਫਲੀਟ 2407 ਤੋਂ ਘਟ ਕੇ 1460 ਰਹਿ ਗਿਆ ਹੈ। ਐਨ ਆਰ ਆਈ ਪੰਜਾਬੀਆਂ ਲਈ ਸ਼ੁਰੂ ਕੀਤੀ ਗਈ ਵੋਲਵੋ ਬੱਸ ਸਰਵਿਸ ਵੀ ਬੰਦ ਹੋਣ ਦੇ ਕੰਢੇ 'ਤੇ ਹੈ।ਯੂਨੀਅਨ ਨੇ ਦੋਸ਼ ਲਗਾਇਆ ਕਿ ਟਾਈਮ ਟੇਬਲ ਵਿੱਚ ਸਿਆਸੀ ਦਖ਼ਲ ਅੰਦਾਜ਼ੀ ਵਧ ਗਈ ਹੈ ਅਤੇ ਨਵੇਂ ਟਾਈਮ ਟੇਬਲ ਬਣਾਉਣ ਦੇ ਅਧਿਕਾਰ ਨਿੱਜੀ ਹੱਥਾਂ ਨੂੰ ਦੇਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਬਦਲੀਆਂ ਦੇ ਅਧਿਕਾਰ ਵੀ ਡਾਇਰੈਕਟਰ ਸਟੇਟ ਟਰਾਂਸਪੋਰਟ ਤੋਂ ਖੋਹ ਕੇ ਟਰਾਂਸਪੋਰਟ ਮੰਤਰੀ ਕੋਲ ਰੱਖੇ ਗਏ ਹਨ, ਜਿਸ ਨਾਲ ਕਰਮਚਾਰੀਆਂ ਦੀ ਲੁੱਟ ਦੇ ਦੋਸ਼ ਲੱਗੇ ਹਨ।ਮੀਟਿੰਗ ਵਿੱਚ ਕਿਹਾ ਗਿਆ ਕਿ ਵਰਕਸ਼ਾਪਾਂ ਦੀ ਹਾਲਤ ਖਰਾਬ ਹੈ ਅਤੇ ਥੋੜ੍ਹੇ ਜਿਹੇ ਮੀਂਹ ਨਾਲ ਵੀ ਪਾਣੀ ਭਰ ਜਾਂਦਾ ਹੈ, ਜਿਸ ਕਾਰਨ ਡੇਂਗੂ ਵਰਗੀਆਂ ਬਿਮਾਰੀਆਂ ਦਾ ਖਤਰਾ ਬਣਿਆ ਰਹਿੰਦਾ ਹੈ। ਵਰਕਸ਼ਾਪਾਂ ਦੇ ਨਵੀਨੀਕਰਨ ਲਈ 100 ਕਰੋੜ ਰੁਪਏ ਰੱਖੇ ਜਾਣ ਦੇ ਬਾਵਜੂਦ ਅਜੇ ਤੱਕ ਕੰਮ ਸ਼ੁਰੂ ਨਹੀਂ ਹੋਇਆ। ਟਿਕਟ ਮਸ਼ੀਨਾਂ ਦੀ ਵੱਡੀ ਗਿਣਤੀ ਖਰਾਬ ਹੈ ਅਤੇ ਸਟਾਫ ਦੀ ਭਾਰੀ ਘਾਟ ਹੋਣ ਦੇ ਬਾਵਜੂਦ ਭਰਤੀਆਂ ਨਹੀਂ ਕੀਤੀਆਂ ਜਾ ਰਹੀਆਂ।ਯੂਨੀਅਨ ਆਗੂਆਂ ਨੇ ਕਿਹਾ ਕਿ ਵਿਭਾਗ ਵਿੱਚ ਤਰੱਕੀਆਂ ਲੰਮੇ ਸਮੇਂ ਤੋਂ ਰੁਕੀਆਂ ਹੋਈਆਂ ਹਨ, ਕਈ ਕਰਮਚਾਰੀ ਮੈਡੀਕਲ ਬਿੱਲਾਂ ਦੀ ਅਦਾਇਗੀ ਦੀ ਉਡੀਕ ਕਰਦੇ ਕਰਦੇ ਸੰਸਾਰ ਛੱਡ ਗਏ ਪਰ ਸਰਕਾਰ ਵੱਲੋਂ ਕੋਈ ਢੁੱਕਵਾਂ ਕਦਮ ਨਹੀਂ ਚੁੱਕਿਆ ਗਿਆ। ਕੱਚੇ ਕਰਮਚਾਰੀਆਂ ਨੂੰ ਪੱਕਾ ਕਰਨ ਅਤੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਬਾਰੇ ਵੀ ਸਰਕਾਰ ਵੱਲੋਂ ਅਜੇ ਤੱਕ ਕੋਈ ਨੀਤੀ ਨਹੀਂ ਬਣਾਈ ਗਈ।ਇਸ ਮੌਕੇ ਯੂਨੀਅਨ ਨੇ ਐਲਾਨ ਕੀਤਾ ਕਿ ਉਪਰੋਕਤ ਮੰਗਾਂ ਦੀ ਪ੍ਰਾਪਤੀ ਲਈ 7 ਮਾਰਚ ਨੂੰ ਟਰਾਂਸਪੋਰਟ ਮੰਤਰੀ ਦੇ ਸ਼ਹਿਰ ਪੱਟੀ ਵਿੱਚ ਵਿਸ਼ਾਲ ਰੋਸ ਰੈਲੀ ਕੀਤੀ ਜਾਵੇਗੀ, ਜਿਸ ਵਿੱਚ ਸਮੁੱਚੇ ਪੰਜਾਬ ਤੋਂ ਮੁਲਾਜ਼ਮ ਅਤੇ ਪੰਜਾਬ ਪੈਨਸ਼ਨਰ ਯੂਨੀਅਨ ਦੇ ਸਾਥੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

ਮੀਟਿੰਗ ਵਿੱਚ ਸਵਰਨ ਸਿੰਘ ਸੈਕਟਰੀ ਪੈਨਸ਼ਨਰ, ਸੁੱਚਾ ਸਿੰਘ, ਅਜਮੇਰ ਸਿੰਘ, ਕਾਰਜ ਸਿੰਘ ਕੈਰੋ, ਸਰਬਜੀਤ ਸਿੰਘ ਪੁਰੀ, ਦਿਲਬਾਗ ਸਿੰਘ ਵਰਪਾਲ, ਨਵਦੀਪ ਸਿੰਘ ਜੁਆਇੰਟ ਸੈਕਟਰੀ, ਸਤਨਾਮ ਸਿੰਘ ਡੀਪੂ ਪ੍ਰਧਾਨ, ਕੁਲਵਿੰਦਰ ਸਿੰਘ ਸੈਕਟਰੀ, ਲਖਵਿੰਦਰ ਸਿੰਘ, ਗੁਰਵਿੰਦਰਪਾਲ ਸਿੰਘ, ਹਰਦੇਵ ਸਿੰਘ, ਸੰਤੋਖ ਸਿੰਘ, ਸੁਰਜੀਤ ਸਿੰਘ, ਰਜਨੀਸ਼ ਸਹੋਤਾ, ਹਰਸਰਨ ਸਿੰਘ, ਸਮਸ਼ੇਰ ਸਿੰਘ ਇੰਸਪੈਕਟਰ ਪੱਟੀ ਸਮੇਤ ਹੋਰ ਸਾਥੀ ਵੀ ਹਾਜ਼ਰ ਸਨ।

# ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਸਹਿਯੋਗ ਸਦਕਾ ਸ਼ਤਾਬਦੀ ਸਮਾਗਮ ਸਫਲਤਾ ਨਾਲ ਸੰਪੰਨ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ 350 ਸਾਲਾ ਗੁਰਤਾਗੱਦੀ ਨੂੰ ਸਮਰਪਤ ਮਹਾਰਾਸ਼ਟਰ ਵਿਖੇ ਨਾਗਪੁਰ, ਨਾਂਦੇੜ ਤੇ ਖਾਰਘਾਰ ਵਿਖੇ ਆਯੋਜਿਤ ਸ਼ਤਾਬਦੀ ਸਮਾਗਮਾਂ ਦੀ ਪੂਰਨ ਸਫਲਤਾ ਨਾਲ ਹੋਈ ਸੰਪੰਨਤਾ ਤੋਂ ਬਾਅਦ ਸੂਬਾ ਸਰਕਾਰ ਵੱਲੋਂ ਸ਼ਤਾਬਦੀ ਸਮਾਗਮਾਂ ਦੌਰਾਨ ਕੀਤੇ ਗਏ ਸ਼ਾਨਦਾਰ ਉਪਰਾਲਿਆਂ ਤੇ ਜ਼ਬਰਦਸਤ ਪ੍ਰਬੰਧਾਂ ਦੀ ਜ਼ੋਰਦਾਰ ਸ਼ਲਾਘਾ ਕਰਦਿਆਂ ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਵੱਡੇ ਸਹਿਯੋਗ ਤੋਂ ਬਿਨਾਂ ਰਾਜ ਪੱਧਰ 'ਤੇ ਹੋਏ ਸ਼ਤਾਬਦੀ ਸਮਾਗਮਾਂ ਨੂੰ ਏਨੀ ਵਿਸ਼ਾਲਤਾ ਨਾਲ ਸੰਪੂਰਨ ਕਰ ਪਾਉਣਾ ਇੱਕ ਕਠਿਨ ਕਾਰਜ ਸੀ।ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਖਾਰਘਾਰ ਸਮਾਗਮ ਦੌਰਾਨ ਉਨ੍ਹਾਂ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਨਾਮ 'ਤੇ ਨਵੀਂ ਮੁੰਬਈ ਵਿਖੇ ਵੱਡਾ ਹਸਪਤਾਲ ਬਣਾਏ ਜਾਣ ਦਾ ਤੇ ਸਿੱਖ ਸ਼ਹਾਦਤ (1500-1765) ਨੂੰ ਸੂਬੇ ਦੇ ਪਾਠਕ੍ਰਮ 'ਚ ਲਾਗੂ ਕਰਨ ਦਾ ਐਲਾਨ ਕਰਕੇ ਸਿੱਖ ਕੌਮ ਨੂੰ ਵੱਡਾ ਮਾਣ ਦਿੱਤਾ ਹੈ।ਇਹ ਪਹਿਲ ਭਾਰਤ ਦੇ ਬਹੁਲਤਾਵਾਦ ਇਤਿਹਾਸ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਵਿੱਚ ਇੱਕ ਮੀਲ ਪੱਥਰ ਸਾਬਤ ਹੋਵੇਗੀ ਤੇ ਆਉਣ ਵਾਲੀ ਪੀੜ੍ਹੀ ਨੂੰ ਨਵੀਂ ਸੇਧ ਦੇਵੇਗੀ।ਦਮਦਮੀ ਟਕਸਾਲ ਮੁਖੀ ਨੇ ਕਿਹਾ ਕਿ ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ ਸੱਚਖੰਡ ਤਖਤ ਸ੍ਰੀ ਹਜ਼ੂਰ ਸਾਹਿਬ ਦਾ ਕਰਜ਼ਾ ਮੁਆਫ ਕਰਨਾ ਤੇ ਸੂਬੇ 'ਚ ਸਿੱਖ ਆਨੰਦ ਕਾਰਜ ਐਕਟ ਲਾਗੂ ਕਰਨਾ ਵੀ ਬੇਹੱਦ ਸ਼ਲਾਘਾਯੋਗ ਉਪਰਾਲਾ ਸੀ, ਜਿਸ ਲਈ ਸਿੱਖ ਸੰਗਤਾਂ 'ਚ ਵੱਡੀ ਖੁਸ਼ੀ ਹੈ।

# ਸੰਗਤਾਂ ਦਾ ਡੇਰਾ ਬਾਬਾ ਨਾਨਕ ਪੁੱਜਣ 'ਤੇ ਭਰਵਾਂ ਸਵਾਗਤ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) - ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਸਿੱਖ ਧਰਮ ਦੇ ਬਾਨੀ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਦੇ ਪਵਿੱਤਰ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਸਾਲਾਨਾ ਜੋੜ ਮੇਲੇ ਮੌਕੇ ਹਰ ਸਾਲ ਦੀ ਤਰ੍ਹਾਂ 1 ਮਾਰਚ ਨੂੰ ਦੁਆਬੇ ਦੀ ਧਰਤੀ ਖਡਿਆਲਾ ਸੈਣੀਆ ਜਿਲ੍ਹਾ ਹੁਸ਼ਿਆਰਪੁਰ ਤੋਂ ਜਥੇਦਾਰ ਰਣਧੀਰ ਸਿੰਘ ਦੀ ਅਗਵਾਈ ਹੇਠ ਪੈਦਲ ਚੱਲੀਆਂ ਹਜਾਰਾਂ ਸੰਗਤਾਂ ਸੰਗ ਦੇ ਰੂਪ ਵਿੱਚ ਦੇਰ ਰਾਤ ਕਰੀਬ 10 ਵਜੇ ਜਦ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਪੁੱਜਿਆ ਤਾਂ ਜੈਕਾਰਿਆਂ ਦੀਆਂ ਗੂੰਜਾਂ ਨਾਲ ਜਿਥੇ ਅਸਮਾਨ ਗੂੰਜ ਉੱਠਿਆ ਉੱਥੇ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਪੂਰੀ ਤਰਾਂ ਖਾਲਸਾਈ ਰੰਗ ਵਿੱਚ ਰੰਗਿਆ ਗਿਆ। ਇਨ੍ਹਾਂ ਸੰਗਤਾਂ ਦਾ ਕਸਬਾ ਡੇਰਾ ਬਾਬਾ ਨਾਨਕ ਪੁੱਜਣ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਨੇਜਰ ਸਤਨਾਮ ਸਿੰਘ ਗੋਸਲ,ਬਾਬਾ ਸੁਖਦੇਵ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲੇ,ਬਾਬਾ ਅਵਤਾਰ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲੇ,ਬਾਬਾ ਮਨਜੀਤ ਸਿੰਘ ਬੇਦੀ ਸ੍ਰੀ ਚੋਲਾ ਸਾਹਿਬ ਵਾਲੇ ਸਮੇਤ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਗ ਦੇ ਮੁੱਖ ਜਥੇਦਾਰ ਰਣਧੀਰ ਸਿੰਘ ਨੂੰ ਵੱਖ ਵੱਖ ਥਾਵਾਂ 'ਤੇ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਤੇ ਸੰਗਤਾਂ ਉੱਪਰ ਫੁੱਲਾਂ ਦੀ ਵਰਖਾ ਕੀਤੀ ਗਈ।

ਇਸ ਸੰਗ ਦਾ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਪੁੱਜਣ 'ਤੇ ਬਾਬਾ ਸੁਖਦੇਵ ਸਿੰਘ ਬੇਦੀ,ਬਾਬਾ ਮਨਜੀਤ ਸਿੰਘ ਬੇਦੀ ਅਤੇ ਬਾਬਾ ਅਵਤਾਰ ਸਿੰਘ ਬੇਦੀ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਦੇ ਕੇ ਸਨਮਾਨਤ ਕੀਤਾ ਗਿਆ, ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ,ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਜਥੇਦਾਰ ਤੇ ਸਾਬਕਾ ਕੈਬਨਿਟ ਮੰਤਰੀ



ਜਥੇਦਾਰ ਸੁੱਚਾ ਸਿੰਘ ਲੰਗਾਹ, ਮੈਨੇਜਰ ਸਤਨਾਮ ਸਿੰਘ ਗੋਸਲ ਵੱਲੋਂ ਵੀ ਇਹਨਾਂ ਸੰਗਤਾ ਦਾ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਵੱਲੋਂ ਸੰਗ ਦੇ ਦਰਸ਼ਨ ਕਰਕੇ ਜਿੱਥੇ ਉਨ੍ਹਾਂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਨਾਲ ਲਾ ਕੇ ਆਪਣੇ ਆਪ ਨੂੰ ਵਡਭਾਗੇ ਸਮਝ ਰਹੀਆਂ ਸਨ ਉਥੇ ਦੇਸ਼ਾਂ ਵਿਦੇਸ਼ਾਂ ਤੋਂ ਪੁੱਜੀਆਂ ਇਨ੍ਹਾਂ ਸੰਗਤਾਂ ਦੀ ਆਓ ਭਗਤ ਲਈ ਵੱਖ ਵੱਖ ਪਿੰਡਾਂ ਦੀਆਂ ਸੰਗਤਾਂ ਵੱਲੋਂ ਵੀ ਕਈ ਪ੍ਰਕਾਰ ਦੇ ਲੰਗਰਾਂ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਸਨ। ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਬਾਬਾ ਸੇਵਾ ਸਿੰਘ ਜੀ ਕਾਰ ਸੇਵਾ ਖਡੂਰ ਸਾਹਿਬ ਵਾਲਿਆਂ ਵੱਲੋਂ ਸੰਗਤਾਂ ਦੇ ਠਹਿਰਨ ਲਈ ਰਿਹਾਇਸ਼ ਦੇ ਪ੍ਰਬੰਧ ਕੀਤੇ ਗਏ ਸਨ। ਲੰਗਰਾਂ ਦੇ ਪ੍ਰਬੰਧ ਤੇ ਮੈਡੀਕਲ ਸਹੂਲਤਾਂ ਦੇ ਵੀ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤੇ ਗਏ ਸਨ। ਇਸ ਮੌਕੇ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸਾਰੀ ਰਾਤ ਦੀਵਾਨ ਸਜਾਏ ਗਏ ਜਿਨ੍ਹਾਂ ਵਿੱਚ ਪੰਥ ਦੇ ਮਹਾਨ ਕਥਾਵਾਚਕ ਰਾਗੀ- ਢਾਡੀ ਤੇ ਕੀਰਤਨੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਤੇ ਕਥਾ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।

ਇਸ ਮੌਕੇ ਬੀਬੀ ਜੋਗਿੰਦਰ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਮੈਨੇਜਰ ਸਤਨਾਮ ਸਿੰਘ ਗੋਸਲ ਸਿੰਘ,ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਕੁਲਬੀਰ ਸਿੰਘ ਰਿਆੜ੍ਹ ਸੀਨੀਅਰ ਜ਼ਿਲ੍ਹਾ ਮੀਤ ਪ੍ਰਧਾਨ ਬਲਵਿੰਦਰ ਸਿੰਘ ਢਿੱਲਵਾਂ, ਚੇਅਰਮੈਨ ਗੁਰਦੇਵ ਸਿੰਘ ਧਾਰੋਵਾਲੀ, ਮਨਜੀਤ ਸਿੰਘ ਮਝੈਲ ,ਕਸ਼ਮੀਰ ਸਿੰਘ ਰਣਸੀਕੇ,ਜੋਗਾ ਸਿੰਘ ਮਾਨ ,ਹਰਸਿਮਰਤ ਬਾਜਵਾ ,ਸਤਨਾਮ ਸਿੰਘ ਪਟਵਾਰੀ ,ਗੁਰਪ੍ਰੀਤ ਸਿੰਘ ਬਾਦਲ, ਧਰਮਪਾਲ ਸਿੰਘ,ਜਸਪਿੰਦਰ ਸਿੰਘ ਝੰਗੀ,ਸੁਖ ਸ਼ਾਮਪੁਰ,ਜਸਵਿੰਦਰ ਸਿੰਘ ,ਸਿਮਰਤਪਾਲ ਸਿੰਘ ਧਰਮਕੋਟ , ਡਾਕਟਰ ਸੁਖ , ਸੰਦੀਪ ਸ਼ਹਿਜ਼ਾਦਾ ,ਬਲਜੀਤ ਸਿੰਘ ਠੇਠਰਕੇ ਸਰਵਣ ਸਿੰਘ ਰੜੇਵਾਲੀ ,ਮਨਜੀਤ ਸਿੰਘ,ਜਸਪਾਲ ਸਿੰਘ ਵੈਰੋਕੇ , ਸੁਖਚੈਨ ਸਿੰਘ , ਗੁਰਿੰਦਰਪਾਲ ਸਿੰਘ ਵੈਰੋਕੇ , ਹੈਰੀ ਬਾਜਵਾ ,ਅਮਰੀਕ ਸਿੰਘ, ਮਹਿੰਦਰ ਸਿੰਘ , ਸੁਖਦੇਵ ਸਿੰਘ ਪੱਪੀ , ਲਖਵਿੰਦਰ ਸਿੰਘ,ਪ੍ਰਤਾਪ ਸਿੰਘ ,ਸੁਖਮਨ ਖਾਸਾਵਲੀ ,ਹਰਪ੍ਰੀਤ ਖਾਸਾਵਾਲੀ,ਜੱਗਾ ਤਲਵੰਡੀ,ਸੁਰਜੀਤ ਸਿੰਘ ਚਾਕਾਵਾਲੀ,ਗੁਰਮੀਤ ਸ਼ਾਹਪੁਰ ਗੋਰਾਇਆ, ਦਿਲਬਾਗ ਸਿੰਘ ਕਾਦੀਆਂ, ਗੁਰਵਿੰਦਰ ਸਿੰਘ ਖਾਸਾਵਾਲੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਖਡੂਰ ਸਾਹਿਬ 'ਚ ਸ਼੍ਰੋਮਣੀ ਅਕਾਲੀ ਦਲ ਹੋਇਆ ਸਰਗਰਮ



ਖਡੂਰ ਸਾਹਿਬ/ਸ੍ਰੀ ਗੋਇੰਦਵਾਲ ਸਾਹਿਬ (ਸਰਬਜੋਤ ਸਿੰਘ ਸੰਧਾ/ਕਾਬਲ ਸਿੰਘ ਮੱਲ੍ਹੀ)- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਅਤੇ ਹਲਕਾ ਇੰਚਾਰਜ ਰਵਿੰਦਰ ਸਿੰਘ ਬ੍ਰਹਮਪੁਰਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ , ਵੱਲੋਂ ਹਲਕੇ ਵਿੱਚ ਪਾਰਟੀ ਦੀ ਸਰਗਰਮੀ ਹੋਰ ਤੇਜ਼ ਕਰ ਦਿੱਤੀ ਗਈ ਹੈ।ਨਗਰ ਸ੍ਰੀ ਗੋਇੰਦਵਾਲ ਸਾਹਿਬ ਵਿੱਚ ਪਾਰਟੀ ਦੀ ਸਥਾਨਕ ਟੀਮ ਨਾਲ ਮੀਟਿੰਗ ਕਰਦੇ ਹੋਏ ਬ੍ਰਹਮਪੁਰਾ ਨੇ ਪਾਰਟੀ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਇਸ ਤਰ੍ਹਾਂ ਦੀਆਂ ਵਰਕਰ ਮਿਲਣੀਆਂ ਦਾ ਸਿਲਸਿਲਾ ਹੋਰ ਵੀ ਤੇਜ਼ ਕੀਤਾ ਜਾਵੇਗਾ ਤਾਂ ਜੋ ਹਰ ਬੂਥ 'ਤੇ ਪਾਰਟੀ ਨੂੰ ਮਜ਼ਬੂਤ ਬਣਾਇਆ ਜਾ ਸਕੇ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ ਅਤੇ ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਵਿੱਚ ਬਲਾਕ ਸੰਮਤੀ ਚੋਣਾਂ ਦੌਰਾਨ ਪਾਰਟੀ ਦਾ ਵਧੀਆ ਪ੍ਰਦਰਸ਼ਨ ਇਸ ਗੱਲ ਦਾ ਸਪੱਸ਼ਟ ਸਬੂਤ ਹੈ ਕਿ ਜਨਤਾ ਦਾ ਭਰੋਸਾ ਲਗਾਤਾਰ ਸ਼੍ਰੋਮਣੀ ਅਕਾਲੀ ਦਲ ਵੱਲ ਵੱਧ ਰਿਹਾ ਹੈ। ਇਸ ਮੌਕੇ ਬਲਵਿੰਦਰ ਸਿੰਘ (ਸਾਬਕਾ ਬਲਾਕ ਸੰਮਤੀ ਮੈਂਬਰ), ਸੁਖਬੀਰ ਸਿੰਘ ਫੌਜੀ,ਮੋਹਨ ਸਿੰਘ (ਮੈਂਬਰ ਪੰਚਾਇਤ), ਤਰਸੇਮ ਸਿੰਘ (ਸਾਬਕਾ ਏ.ਐੱਸ.ਆਈ), ਦਲਜੀਤ ਸਿੰਘ ਵਿਰਕ, ਮੱਸਾ ਸਿੰਘ, ਬਲਕਾਰ ਸਿੰਘ ਬਾਰਾ, ਰਜਿੰਦਰ ਸਿੰਘ ਫੌਜੀ ਸਮੇਤ ਹੋਰ ਵਰਕਰ ਵੀ ਹਾਜ਼ਰ ਸਨ।

## ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਖ਼ੂਨਦਾਨ ਕੈਂਪ ਭਲਕੇ

ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਧੰਨ ਧੰਨ ਸਾਹਿਬ ਸ੍ਰੀ ਗੁਰ ਹਰਗੋਬਿੰਦ ਸਾਹਿਬ ਪਾਤਸ਼ਾਹੀ ਛੇਵੀਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਗੁਰ ਕੀ ਬੇਰ ਸਾਹਿਬ ਮਹਿਤਾ ਰੋਡ, ਅੰਮ੍ਰਿਤਸਰ ਵਿਖੇ ਵਿਸ਼ਾਲ ਖੂਨਦਾਨ ਕੈਂਪ 7 ਮਾਰਚ ਨੂੰ ਸਵੇਰੇ 10:00 ਵਜੇ ਤੋਂ ਸ਼ਾਮ 5 ਵਜੇ ਤੱਕ ਲਗਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਨੇ ਦਾਨੀ ਸੱਜਣਾਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਖੂਨਦਾਨ ਕਰਨ ਤਾਂ ਜੋ ਕਿਸੇ ਲੋੜਵੰਦ ਦੀ ਮਦਦ ਕਰਕੇ ਕਿਸੇ ਦੀ ਕੀਮਤੀ ਜਾਨ ਬਚਾਈ ਜਾ ਸਕੇ।

## ਮੰਗਾਂ ਦੀ ਪੂਰਤੀ ਨਾ ਹੋਣ ਕਰਕੇ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਮਨਿਸਟੀਰੀਅਲ ਸਰਵਿਸਿਜ ਯੂਨੀਅਨ ਸੂਬਾ ਕਮੇਟੀ ਦੇ ਸੱਦੇ 'ਤੇ ਜਿਲਾ ਇਕਾਈ ਅੰਮ੍ਰਿਤਸਰ ਦੇ ਜਿਲਾ ਜਨਰਲ ਸਕੱਤਰ ਜਗਦੀਸ਼ ਠਾਕੁਰ, ਤੇਜਿੰਦਰ ਸਿੰਘ ਢਿਲੋਂ ਜਿਲਾ ਮੁੱਖ ਬੁਲਾਰਾ,ਗੁਰਮੁੱਖ ਸਿੰਘ ਚਾਹਲ ਜਿਲਾ ਵਿੱਤ ਸਕੱਤਰ,ਅਮਨ ਥਰੀਏਵਾਲ ਸੀਨੀਅਰ ਮੀਤ ਪ੍ਰਧਾਨ ਅਤੇ ਅਤੁੱਲ ਸ਼ਰਮਾ ਮੀਡੀਆ ਇੰਚਾਰਜ ਦੀ ਅਗਵਾਈ ਹੇਠ ਮੰਗਾਂ ਦੀ ਪੂਰਤੀ ਨਾ ਹੋਣ ਕਰਕੇ ਜਿਲਾ ਪੱਧਰੀ ਮੀਟਿੰਗ ਕਰਕੇ 8 ਮਾਰਚ ਦੇ ਚੰਡੀਗੜ੍ਹ ਵਿਖੇ ਜਥੇਬੰਦੀ ਵੱਲੋਂ ਕੀਤੇ ਜਾਣ ਵਾਲੇ ਪ੍ਰਦਰਸ਼ਨ ਵਿਚ ਸ਼ਮੂਲੀਅਤ ਕਰਨ ਸਬੰਧੀ ਤਿਆਰੀ ਕੀਤੀ ਗਈ। ਇਸ ਮੌਕੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਨਾਅਰੇਬਾਜੀ ਕੀਤੀ ਗਈ। ਇਸ ਮੌਕੇ ਵੱਖ ਵੱਖ ਵਿਭਾਗਾਂ ਤੋਂ ਮਲਕੀਅਤ ਸਿੰਘ,ਤੇਜਿੰਦਰ ਕੁਮਾਰ, ਬਿਕਰਮਜੀਤ ਸਿੰਘ ਕਲੇਰ ਸੁਰਿੰਦਰ ਸਿੰਘ,ਜਿੰਮੀ ਬਧਵਾਰ,ਸੰਜੇ ਸ਼ਰਮਾਂ,ਲਖਵਿੰਦਰ ਸਿੰਘ, ਹੀਰਾ ਭੁੱਲਰ,ਬਲਜੀਤ ਸਿੰਘ ਬੱਲੀ,ਰਾਜਨ,ਪ੍ਰੀਤੀ,ਗੁਰਵੇਲ ਸਿੰਘ ਸੇਖੋਂ,ਰਕੇਸ਼ ਬਾਬੋਵਾਲ, ਕਮਲਜੀਤ ਸਿੰਘ,ਜਸਬੀਰ ਸਿੰਘ, ਪਰਵਿੰਦਰ ਸਿੰਘ,ਗੁਰਿੰਦਰ ਸਿੰਘ ਅਤੇ ਭਰਾਤਰੀ ਜਥੇਬੰਦੀ ਤੋਂ ਪ੍ਰਧਾਨ ਜੋਗਿੰਦਰ ਸਿੰਘ ਆਦਿ ਸਾਥੀਆਂ ਸਮੇਤ ਹਾਜਰ ਸਨ।

## ਵਿਆਹ ਕਾਰਨ ਪਿੰਡ ਤਲਵੰਡੀ ਖੁੰਮਣ ਦਾ ਸੇਵਾ ਕੇਂਦਰ ਬੰਦ

ਚੁਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਸਹੂਲਤਾਂ ਦੇਣ ਲਈ ਹਰ ਤਰ੍ਹਾਂ ਦੀਆਂ ਸੇਵਾਵਾਂ ਦਿੱਤੀਆਂ ਗਈਆਂ ਹਨ ਪਰ ਅਧਿਕਾਰੀ ਇਹਨਾਂ ਸੇਵਾਵਾਂ ਨੂੰ ਟਿੱਚ ਜਾਣਦੇ ਹਨ ਜਿਸ ਦੀ ਤਾਜ਼ਾ ਮਿਸਾਲ ਪਿੰਡ ਤਲਵੰਡੀ ਖੁਮਣ ਵਿਖੇ ਖੁੱਲ੍ਹੇ ਸੇਵਾ ਕੇਂਦਰ ਦੀ ਹੈ ਜੋ ਬੰਦ ਪਿਆ ਹੋਇਆ ਸੀ ਅਤੇ ਲੋਕ ਖੱਜਲ ਖਵਾਰ ਹੋ ਰਹੇ ਸਨ ਅਤੇ ਕਿਸੇ ਨੂੰ ਵੀ ਨਹੀਂ ਸੀ ਪਤਾ ਕਿ ਇਹ ਅਧਿਕਾਰੀ ਕਿੱਥੇ ਗਏ ਹਨ। ਇਸ ਸਬੰਧੀ ਲੋਕਾਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਹਰ ਇੱਕ ਤਰ੍ਹਾਂ ਦੀ ਸਹੂਲਤ ਲਈ ਸੇਵਾ ਕੇਂਦਰ ਖੋਲ੍ਹੇ ਗਏ ਹਨ ਪਰ ਅਧਿਕਾਰੀ ਇਸ ਵੱਲ ਧਿਆਨ ਨਹੀਂ ਦੇ ਰਹੇ। ਇਸ ਸਬੰਧੀ ਜਦੋਂ ਸੇਵਾ ਕੇਂਦਰ ਦੇ ਅਧਿਕਾਰੀ ਮਨਪ੍ਰੀਤ ਸਿੰਘ ਨਾਲ ਸੰਪਰਕ ਕੀਤਾ ਤਾਂ ਉਹਨਾਂ ਕਿਹਾ ਕਿ ਮੈਂ ਵਿਆਹ ਦੇਖਣ ਗਿਆ ਹਾਂ ਅਤੇ ਜਲਦੀ ਆ ਜਾਣਾ ਹੈ। ਇਸ ਸਬੰਧੀ ਤਹਿਸੀਲਦਾਰ ਮਜੀਠਾ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਪਰ ਸੰਪਰਕ ਨਹੀਂ ਹੋ ਸਕਿਆ।




## ਪੰਜਾਬ 'ਚ ਅਮਨ ਕਾਨੂੰਨ ਦੀ ਸਥਿਤੀ ਚਿੰਤਾਜਨਕ : ਬਸਪਾ ਆਗੂ



ਧਾਰੀਵਾਲ (ਮਨਦੀਪ ਵਿੱਕੀ)- ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਕਾਦੀਆਂ ਦੇ ਅਹੁਦੇਦਾਰਾਂ ਦੀ ਮੀਟਿੰਗ ਰਵੀ ਕੁਮਾਰ ਜ਼ਿਲ੍ਹਾ ਕੁਆਰਡੀਨੇਟਰ ਦੀ ਪ੍ਰਧਾਨਗੀ ਹੇਠ ਬਿਸ਼ਨ ਸਿੰਘ ਲਖੋਤਰਾ ਸ਼ਹਿਰੀ ਪ੍ਰਧਾਨ ਦੇ ਗ੍ਰਹਿ ਬੇਦੀ ਕਲੋਨੀ ਵਿਖੇ ਹੋਈ। ਮੀਟਿੰਗ ਵਿੱਚ ਬਸਪਾ ਦੇ ਹਲਕਾ ਕਾਦੀਆਂ ਪ੍ਰਧਾਨ ਇੰਜ. ਕਸਤੂਰੀ ਲਾਲ (ਰਿਟਾ.ਐਸ ਡੀ ਓ) ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਮੀਟਿੰਗ ਦੌਰਾਨ ਬਸਪਾ ਆਗੂਆਂ ਨੇ ਪੰਜਾਬ ਦੇ ਮੌਜੂਦਾ ਹਾਲਾਤ 'ਤੇ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਸਰਕਾਰ ਹਰ ਮੁੱਦੇ 'ਤੇ ਨਾਕਾਮ ਸਾਬਤ ਹੋਈ ਹੈ। ਅਮਨ ਕਾਨੂੰਨ ਦੀ ਸਥਿਤੀ ਚਿੰਤਾਜਨਕ ਬਣੀ ਹੋਈ ਹੈ।ਕੋਈ ਵੀ ਖੁਦ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਿਹਾ। ਰੋਜ਼ਾਨਾ ਲੁੱਟ ਖੋਹ, ਫਿਰੌਤੀਆਂ ਅਤੇ ਕਤਲ ਦੀਆਂ ਵਾਰਦਾਤਾਂ ਕਾਰਨ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਸਰਕਾਰ ਬੇਵੱਸ ਨਜ਼ਰ ਆ ਰਹੀ ਹੈ। ਇਸ ਮੌਕੇ ਰਵੀ ਕੁਮਾਰ ਜ਼ਿਲ੍ਹਾ ਕੁਆਰਡੀਨੇਟਰ, ਇੰਜ ਕਸਤੂਰੀ ਲਾਲ ਹਲਕਾ ਪ੍ਰਧਾਨ, ਰਾਜ ਪਾਲ ਜਨਰਲ ਸਕੱਤਰ, ਬਿਸ਼ਨ ਸਿੰਘ ਸ਼ਹਿਰੀ ਪ੍ਰਧਾਨ, ਤਜਿੰਦਰ ਕੁਮਾਰ ਸਕੱਤਰ, ਰਤਨ ਚੰਦ ਸਾਬਕਾ ਏ ਡੀ ਓ, ਚਰਨਜੀਤ ਸਿੰਘ ਘਾਂਗਲਾ ਆਦਿ ਹਾਜ਼ਰ ਸਨ

## ਤਸਵਾ ਨੇ ਜਲੰਧਰ ਵਿੱਚ ਆਪਣਾ ਪਹਿਲਾ ਸਟੋਰ ਕੀਤਾ ਲਾਂਚ

ਜਲੰਧਰ-ਆਦਿਤਿਆ ਬਿਰਲਾ ਫੈਸ਼ਨ ਐਂਡ ਰਿਟੇਲ ਲਿਮਟਿਡ ਤੇ ਮਸ਼ਹੂਰ ਡਿਜ਼ਾਈਨਰ ਤਰੁਣ ਤਾਹਿਲਿਆਨੀ ਦੇ ਸ਼ਾਨਦਾਰ ਭਾਰਤੀ ਪੁਰਸ਼ਾਂ ਦੇ ਕੱਪੜਿਆਂ ਦੇ ਬ੍ਰਾਂਡ, ਤਸਵਾ ਨੇ ਸ਼ਹਿਰ ਵਿੱਚ ਆਪਣੇ ਪਹਿਲੇ ਫਲੈਗਸ਼ਿਪ ਸਟੋਰ ਦੇ ਉਦਘਾਟਨ ਨਾਲ ਜਲੰਧਰ ਵਿੱਚ ਆਪਣੀ ਐਂਟਰੀ ਕੀਤੀ ਹੈ। ਮਾਡਲ ਟਾਊਨ ਰੇਨਬੋ ਰੋਡ 'ਤੇ ਰਣਨੀਤਕ ਤੌਰ 'ਤੇ ਸਥਿਤ, 2,000 ਵਰਗ ਫੁੱਟ ਸਟੋਰ ਗਾਹਕਾਂ ਲਈ ਇੱਕ ਵਧੀਆਅਤੇ ਇਮਰਸਿਵ ਰਿਟੇਲ ਅਨੁਭਵ ਪ੍ਰਦਾਨ ਕਰਦਾ ਹੈ। ਪੰਜਾਬ ਦੇ ਸਭ ਤੋਂ ਪੁਰਾਣੇ ਸ਼ਹਿਰਾਂ ਵਿੱਚੋਂ ਇੱਕ, ਜਲੰਧਰ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਇੱਕ ਆਧੁਨਿਕ, ਫੈਸ਼ਨ-ਅਗਵਾਈ ਵਾਲੇ ਦ੍ਰਿਸ਼ਟੀਕੋਣ ਨਾਲ ਸਹਿਜੇ ਹੀ ਸੰਤੁਲਿਤ ਕਰਦਾ ਹੈ।



ਅੰਮ੍ਰਿਤਸਰ ਦੇ ਵਿਧਾਨ ਸਭਾ ਉੱਤਰੀ ਹਲਕੇ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਉਨ੍ਹਾਂ ਦੇ ਵਧੀਆ ਕੰਮਾਂ ਲਈ ਸਨਮਾਨਤ ਕਰਦੇ ਹੋਏ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਸ਼ੰਕਰ ਅਰੋੜਾ, ਰਾਜਿੰਦਰ ਅਰੋੜਾ, ਜਾਵੇਦ ਸ਼ੇਖ, ਕ੍ਰਿਸ਼ਨਾ ਨਾਇਰ, ਸੰਜੀਵ ਭਾਟੀਆ ਤੇ ਹੋਰ। (ਫੋਟੋ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

# ਸੁਖਜਿੰਦਰ ਸਿੰਘ ਸੋਨੂੰ ਲੰਗਾਹ ਸਾਥੀਆਂ ਸਮੇਤ ਗੁਰਦੁਆਰਾ ਚੋਲਾ ਸਾਹਿਬ ਵਿਖੇ ਹੋਏ ਨਤਮਸਤਕ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਸ਼੍ਰੀ ਚੋਲਾ ਸਾਹਿਬ ਦੇ ਦਰਸ਼ਨਾਂ ਲਈ ਜਿੱਥੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦੂਰ ਦੁਰਾਡੇ ਤੋਂ ਪਹੁੰਚ ਰਹੀਆਂ ਹਨ। ਉੱਥੇ ਵੀਰਵਾਰ ਨੂੰ ਡੇਰਾ ਬਾਬਾ ਨਾਨਕ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਅਕਾਲੀ ਆਗੂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਆਪਣੇ ਸਾਥੀਆਂ ਸਮੇਤ ਗੁਰਦੁਆਰਾ ਸ਼੍ਰੀ ਚੋਲਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮੇਲਾ ਮੁੱਖ ਪ੍ਰਬੰਧਕ ਸਵਰਗਵਾਸੀ ਬਾਬਾ ਸੰਤ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਦੇ ਪਰਿਵਾਰਕ ਮੈਂਬਰਾਂ ਬਾਬਾ ਸੁਖਦੇਵ ਸਿੰਘ ਬੇਦੀ,ਬਾਬਾ ਮਨਜੀਤ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਵੱਲੋਂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਅਤੇ ਉੱਨਾਂ ਦੇ ਸਾਥੀਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰਪਾਓ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਾਬਾ ਸੁਖਦੇਵ ਸਿੰਘ ਬੇਦੀ,ਬਾਬਾ ਮਨਜੀਤ ਸਿੰਘ ਬੇਦੀ ਵੱਲੋਂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਅਤੇ ਉੱਨਾਂ ਦੇ ਸਾਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਸ਼੍ਰੀ ਚੋਲਾ ਸਾਹਿਬ, ਭੈਣ ਨਾਨਕੀ ਦੇ ਹੱਥ ਕਢਾਈ ਕੀਤੇ ਰੁਮਾਲ ਅਤੇ ਸ਼੍ਰੀ ਚੋਲਾ ਸਾਹਿਬ ਦੇ ਇਤਿਹਾਸ ਸਬੰਧੀ ਜਾਣੂ ਕਰਵਾਇਆ ਗਿਆ। ਸੋਨੂੰ ਲੰਗਾਹ ਨੇ ਇਲਾਕੇ ਦੀਆਂ ਸੰਗਤਾਂ ਨੂੰ ਮੇਲਾ ਸ਼੍ਰੀ ਚੋਲਾ ਸਾਹਿਬ ਦੇ ਸਲਾਨਾ ਜੋੜ ਮੇਲੇ ਦੀ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਮਨੁੱਖਾ ਜੀਵਨ ਸਫਲ ਕਰਨ ਲਈ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫਲਸਫ਼ੇ 'ਤੇ ਚੱਲਦਿਆਂ ਹੋਇਆਂ ਨਾਮ ਜਪਣ, ਵੰਡ ਛਕਣ ਅਤੇ ਕਿਰਤ ਕਰਨ ਨੂੰ ਪਹਿਲ ਦੇਣੀ ਚਾਹੀਦੀ ਹੈ। ਇਸ ਮੌਕੇ ਬਾਬਾ ਅਵਤਾਰ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲੇ,ਹਰਸਿਮਰਤ ਸਿੰਘ ਬਾਜਵਾ ਵੇਰੋਕੇ,ਸਤਨਾਮ ਸਿੰਘ ਪਟਵਾਰੀ ਠੇਠਰਕੇ,ਗੁਰਪ੍ਰੀਤ ਸਿੰਘ ਬਾਦਲ,ਜਸਪਿੰਦਰ ਸਿੰਘ ਝੰਗੀ,ਧਰਮਪਾਲ ਸਿੰਘ ਮੱਤਰੀ,ਹਰਦੀਪ ਸਿੰਘ ਲੰਗਾਹ,ਜੋਤੀ ਧਾਰੋਵਾਲੀ,ਅੰਮ੍ਰਿਤ ਭਿੰਡਰ,ਅੰਮ੍ਰਿਤ ਧਾਰੋਵਾਲੀ,ਜਰਨੈਲ ਸਿੰਘ ਕਲਾਨੌਰ,ਸਿਮਰ ਸਹਾਰੀ,ਸੁਖਵਿੰਦਰ ਸਿੰਘ ਪਕੀਵਾ,ਅਸ਼ੋਕ ਕਲਾਨੌਰ,ਸੁਰਜੀਤ ਸਿੰਘ ਟੋਨੀ,ਰਣਜੀਤ ਕਾਜੀਪੁਰ ਆਦਿ ਹਾਜਰ ਸਨ।

# 11ਵਾਂ ਅੰਮ੍ਰਿਤਸਰ ਸਾਹਿਤ ਉਤਸਵ ਅੱਜ ਤੋਂ ਆਰੰਭ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਖੋਜਾਰਥੀਆਂ ਅਤੇ ਵਿਦਿਆਰਥੀਆਂ ਵੱਲੋਂ ਚਲਾਈ ਜਾ ਰਹੀ ਖੋਜ ਸੰਸਥਾ ਨਾਦ ਪ੍ਰਗਾਸੁ ਦੁਆਰਾ ਹਰ ਸਾਲ ਕਰਵਾਇਆ ਜਾਂਦਾ 'ਅੰਮ੍ਰਿਤਸਰ ਸਾਹਿਤ ਉਤਸਵ' ਇਸ ਵਾਰ ਆਪਣੇ ਗਿਆਰ੍ਹਵੇਂ ਸਾਲ ਵਿੱਚ ਦਾਖ਼ਲ ਹੋ ਰਿਹਾ ਹੈ, ਜਿਸ ਵਿੱਚ ਪ੍ਰਬੰਧਕਾਂ ਵੱਲੋਂ ਕਲਾ, ਸਾਹਿਤ ਅਤੇ ਚਿੰਤਨ ਨਾਲ ਸੰਬੰਧਤ ਅੱਠ ਸਮਾਗਮ ਉਲੀਕੇ ਗਏ ਹਨ। ਖ਼ਾਲਸਾ ਕਾਲਜ ਫਾਰ ਵਿਮਨ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਾਹਿਤ ਉਤਸਵ ਵਿੱਚ ਸੈਮੀਨਾਰਾਂ ਤੋਂ ਇਲਾਵਾ ਵਿਸ਼ੇਸ਼ ਭਾਸ਼ਣ, ਵਿਚਾਰ ਚਰਚਾਵਾਂ ਅਤੇ ਸੰਗੀਤਕ ਸ਼ਾਮ ਵਿਸ਼ੇਸ਼ ਤੌਰ ਤੇ ਖਿੱਚ ਦਾ ਕੇਂਦਰ ਹੋਣਗੀਆਂ। ਇਸ ਸਾਹਿਤ ਉਤਸਵ ਦੌਰਾਨ ਤਿੰਨ ਦਿਨਾਂ ਦੇ ਵੱਖ-ਵੱਖ ਸਮਾਗਮਾਂ ਵਿੱਚ ਪੰਜਾਬ ਤੋਂ ਇਲਾਵਾ ਭਾਰਤ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਦੇ ਵਿਦਵਾਨ ਪਹੁੰਚ ਰਹੇ ਹਨ ਜਿਨ੍ਹਾਂ ਵਿੱਚ ਪ੍ਰੋ. ਅਕਸ਼ੈ ਕੁਮਾਰ, ਡਾ. ਰਾਜੇਸ਼ ਸ਼ਰਮਾ, ਡਾ. ਮਨਮੋਹਨ ਸਿੰਘ, ਪ੍ਰੋ. ਬਾਬੂ ਥਲਾਇਥ, ਡਾ. ਗੁਰਵਿੰਦਰ ਸਿੰਘ ਅਤੇ ਡਾ. ਜਸਵਿੰਦਰ ਸਿੰਘ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਇਸ ਤੋਂ ਇਲਾਵਾ ਇਸ ਉਤਸਵ ਦੇ ਆਖਰੀ ਦਿਨ 17ਵਾਂ 'ਚੜ੍ਹਿਆ ਬਸੰਤ ਕਵੀ ਦਰਬਾਰ' ਆਯੋਜਿਤ ਕੀਤਾ ਜਾਵੇਗਾ ਜਿਸ ਵਿੱਚ ਪੰਜਾਬੀ ਤੋਂ ਇਲਾਵਾ ਪੰਜਾਬੀ ਦੀਆਂ ਉਪ ਬੋਲੀਆਂ ਦੇ ਕਵੀ ਆਪਣੀਆਂ ਰਚਨਾਵਾਂ ਸਾਂਝੀਆਂ ਕਰਨਗੇ। ਕਵੀ ਦਰਬਾਰ ਤੋਂ ਬਾਅਦ ਸਿਰਜਣਾਤਮਕ ਅਤੇ ਰਹੱਸਵਾਦ ਤੇ ਅਧਾਰਤ ਇੱਕ ਸੰਗੀਤਕ ਸ਼ਾਮ ਵੀ ਹੋਵੇਗੀ। ਸੰਸਥਾ ਵੱਲੋਂ ਹਰ ਸਾਲ ਦਿੱਤਾ ਜਾਂਦਾ 'ਨਾਦ ਪ੍ਰਗਾਸੁ ਸ਼ਬਦ ਸਨਮਾਨ' ਪੰਜਾਬੀ ਦੀ ਪ੍ਰਸਿੱਧ ਕਵਿਤਰੀ ਅਰਤਿੰਦਰ ਸੰਧੂ ਨੂੰ 'ਚੜ੍ਹਿਆ ਬਸੰਤ ਕਵੀ ਦਰਬਾਰ' ਮੌਕੇ ਦਿੱਤਾ ਜਾਵੇਗਾ। ਇਸ ਸਨਮਾਨ ਵਿੱਚ ਉਨ੍ਹਾਂ ਨੂੰ 21 ਹਜ਼ਾਰ ਦੀ ਨਗਦ ਰਾਸ਼ੀ ਦੇ ਨਾਲ ਸਨਮਾਨ ਪੱਤਰ, ਲੋਈ ਅਤੇ ਪੁਸਤਕਾਂ ਦਾ ਸੈੱਟ ਸਾਹਿਤਕ ਯੋਗਦਾਨ ਲਈ ਜਾਵੇਗਾ।

# ਉੱਘੇ ਕਾਮਰੇਡ ਅਜੀਤ ਸਿੰਘ ਭਿੱਟੇਵੱਡ ਨਹੀਂ ਰਹੇ



ਛੇਹਰਟਾ /ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) - ਮਿਹਨਤਕਸ਼ ਲੋਕਾਂ ਦੀਆਂ ਹੱਕੀ ਮੰਗਾਂ ਲਈ ਉਮਰ ਭਰ ਸੰਘਰਸ਼ ਕਰਨ ਵਾਲੇ ਨਿਡਰ ਕਮਿਊਨਿਸਟ ਆਗੂ ਕਾਮਰੇਡ ਅਜੀਤ ਸਿੰਘ ਭਿੱਟੇਵੱਡ ਦਾ ਸੰਖੇਪ ਬਿਮਾਰੀ ਤੋਂ ਬਾਅਦ ਦੇਹਾਂਤ ਹੋ ਗਿਆ। ਉਨ੍ਹਾਂ ਦੇ ਚਲੇ ਜਾਣ ਨਾਲ ਇਲਾਕੇ ਦੀ ਮਜ਼ਦੂਰ-ਕਿਸਾਨ ਲਹਿਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਕਾਮਰੇਡ ਭਿੱਟੇਵੱਡ ਦਾ ਸਸਕਾਰ ਛੇਹਰਟਾ ਦੇ ਸ਼ਮਸ਼ਾਨ ਘਾਟ ਵਿਚ 'ਇਨਕਲਾਬ ਜ਼ਿੰਦਾਬਾਦ' ਦੇ ਅਕਾਸ਼ ਗੁੰਜਾਊ ਨਾਅਰਿਆਂ ਵਿਚ ਕੀਤਾ ਗਿਆ। ਇਸ ਮੌਕੇ ਸੀ.ਪੀ.ਆਈ. (ਐੱਮ.) ਦੇ ਜ਼ਿਲ੍ਹਾ ਸਕੱਤਰ ਕਾਮਰੇਡ ਚਰਨਜੀਤ ਸਿੰਘ ਮਜੀਠਾ ਦੀ ਅਗਵਾਈ ਵਿਚ ਪਾਰਟੀ ਵਰਕਰਾਂ ਨੇ ਉਨ੍ਹਾਂ ਦੀ ਮ੍ਰਿਤਕ ਦੇਹ ਉਤੇ ਲਾਲ ਝੰਡਾ ਪਾ ਕੇ ਸ਼ਰਧਾਂਜਲੀ ਭੇਟ ਕੀਤੀ। ?ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਕਿਹਾ ਕਿ ਅਜੀਤ ਸਿੰਘ ਭਿੱਟੇਵੱਡ ਅਜਿਹੇ ਸਿਰੜੀ ਯੋਧੇ ਸਨ, ਜਿਨ੍ਹਾਂ ਸਾਰੀ ਜ਼ਿੰਦਗੀ ਲੋਕ ਹਿੱਤਾਂ ਲਈ ਲੇਖੇ ਲਾਈ। ਇਸ ਮੌਕੇ ਪਰਿਵਾਰਿਕ ਮੈਂਬਰਾਂ ਤੋਂ ਇਲਾਵਾ ਪਾਰਟੀ ਦੇ ਪ੍ਰਮੁੱਖ ਆਗੂ ਜਸਬੀਰ ਸਿੰਘ ਝਬਾਲ, ਨਰਿੰਦਰ ਧੰਜਲ, ਕਿਰਪਾ ਰਾਮ, ਮਹਿੰਦਰ ਸਿੰਘ ਖਹਿਰਾ ਅਤੇ ਵੱਡੀ ਗਿਣਤੀ ਵਿਚ ਪਾਰਟੀ ਵਰਕਰ ਤੇ ਇਲਾਕਾ ਵਾਸੀ ਹਾਜ਼ਰ ਸਨ। ?ਕਾਮਰੇਡ ਅਜੀਤ ਸਿੰਘ ਭਿੱਟੇਵੱਡ ਦੀ ਨਮਿਤ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ 11 ਮਾਰਚ ਨੂੰ ਉਨ੍ਹਾਂ ਦੇ ਛੇਹਰਟਾ ਸਥਿਤ ਗ੍ਰਹਿ ਵਿਖੇ ਹੋਵੇਗਾ।

## 'ਹੁਣ' ਰਸਾਲੇ ਦਾ 52ਵਾਂ ਅੰਕ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਹਾਜ਼ਰੀ 'ਚ ਲੋਕ ਅਰਪਿਤ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬੀ ਦੇ ਸਾਹਿਤਕ ਰਸਾਲਿਆਂ ਵਿਚ ਮੋਹਰੀ ਰੋਲ ਅਦਾ ਕਰਨ ਵਾਲੇ ਬਹੁਮਿਆਰੀ ਰਸਾਲੇ 'ਹੁਣ' ਦਾ 52ਵਾਂ ਅੰਕ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਕਰਮਜੀਤ ਸਿੰਘ ਦੀ ਹਾਜ਼ਰੀ ਵਿਚ ਵਿਦਵਾਨ ਸਾਹਿਤਕਾਰਾਂ ਵਲੋਂ ਲੋਕ ਅਰਪਿਤ ਕੀਤਾ ਗਿਆ।

ਜਨਵਾਦੀ ਲੇਖਕ ਸੰਘ ਵਲੋਂ ਆਯੋਜਿਤ ਇਸ ਅਦਬੀ ਮਹਿਫ਼ਲ ਵਿਚ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਅਜਿਹੇ ਸਾਹਿਤਕ ਰਸਾਲੇ ਪਾਠਕ ਦੀਆਂ ਸਾਹਿਤ, ਸੁਹਜ ਤੇ ਕਲਾ ਦੀਆਂ ਲੋੜਾਂ ਪੂਰੀਆਂ ਕਰਨ ਦੇ ਨਾਲ ਨਾਲ ਜੀਵਨ ਦੀ ਡੂੰਘੀ ਤੇ ਅਰਥਪੂਰਨ ਸਮਝ ਪ੍ਰਦਾਨ ਕਰਨ ਦੇ ਜ਼ਰੀਆ ਬਣਦੇ ਹਨ। ਡਾ. ਸਿੰਦਰਪਾਲ ਸਿੰਘ ਨੇ ਦੱਸਿਆ ਕਿ 'ਹੁਣ' ਵਰਗੇ ਬਹੁਮਿਆਰੀ ਮੈਗਜ਼ੀਨ ਪੰਜਾਬੀ ਸਾਹਿਤ ਦੇ ਅਦਾਨ ਪ੍ਰਦਾਨ ਲਈ ਕੀਮਤੀ ਮੰਚ ਮੁਹਈਆ ਕਰਦੇ ਹਨ। ਵਿਦਵਾਨ ਡਾ. ਦੀਪਕ ਮਨਮੋਹਨ ਸਿੰਘ ਨੇ ਵਧਾਈ ਦੇਂਦਿਆਂ ਕਿਹਾ ਕਿ ਮਿਆਰੀ ਸਾਹਿਤਕ ਮੈਗਜ਼ੀਨ ਕੱਢਣਾ ਅੱਜ ਦੇ ਸਮੇਂ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਸਹੀ ਅਰਥਾਂ ਵਿਚ ਸੇਵਾ ਕਰਨਾ ਹੈ।

ਇਸ ਸਮਾਗਮ ਵਿੱਚ ਉਚੇਚੇ ਤੌਰ 'ਤੇ ਪੁੱਜੇ 'ਹੁਣ' ਦੇ ਸੰਪਾਦਕ ਸੁਸ਼ੀਲ ਦੁਸਾਂਝ ਨੇ ਕਿਹਾ ਕਿ ਉਨ੍ਹਾਂ ਸਾਹਿਤਕ ਰਸਾਲੇ ਰਾਹੀਂ ਚੰਗੇ ਲੇਖਕਾਂ ਵੱਲੋਂ ਸਿਰਜੇ ਨਰੋਏ ਸਾਹਿਤ ਨੂੰ ਪਾਠਕਾਂ ਤੱਕ ਪਹੁੰਚਾਉਣ ਦੀ ਜ਼ਿੰਮੇਵਾਰੀ ਵਾਲੀ ਭੂਮਿਕਾ ਅਦਾ ਕਰਨੀ ਹੁੰਦੀ ਹੈ।

ਇਸ ਮੌਕੇ ਡਾ. ਬਲਜਿੰਦਰ ਸਿੰਘ ਬੱਲ ਅਤੇ ਰਾਜਿੰਦਰ ਸਿੰਘ ਧੀਮਾਨ ਨੇ ਵੀ ਵਧਾਈ ਦੇਂਦਿਆਂ ਮੁੱਲਵਾਨ ਟਿੱਪਣੀਆਂ ਕੀਤੀਆਂ। ਮੰਚ ਸੰਚਾਲਨ ਕਰਦਿਆਂ ਦੀਪ ਦਵਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ।

# ਹਲਕਾ ਭੋਆ ਦੇ ਤਿੰਨਾਂ ਬਲਾਕਾਂ ਵਿੱਚ ਬਲਾਕ ਸੰਮਤੀ ਚੇਅਰਮੈਨਾਂ ਦੀ ਤਾਜਪੋਸ਼ੀ



ਪਠਾਨਕੋਟ (ਦਵਿੰਦਰ ਸਿੰਘ) - ਹਲਕਾ ਭੋਆ ਵਿੱਚ ਬਲਾਕ ਸਮਿਤੀਆਂ ਦੇ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਨਿਯੁਕਤੀ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਵਿੱਚ ਸਰਬਸੰਮਤੀ ਨਾਲ ਕੀਤੀ ਗਈ। ਇਸ ਦੌਰਾਨ ਤਿੰਨਾਂ ਬਲਾਕਾਂ ਦੇ ਚੁਣੇ ਹੋਏ ਮੈਂਬਰਾਂ ਦੀ ਮੀਟਿੰਗ ਵਿੱਚ ਲੋਕਤਾਂਤਰਿਕ ਪ੍ਰਕਿਰਿਆ ਦੇ ਤਹਿਤ ਚੇਅਰਮੈਨ ਅਤੇ ਵਾਈਸ ਚੇਅਰਮੈਨ ਦੀ ਚੋਣ ਕੀਤੀ ਗਈ। ਨਿਯੁਕਤੀ ਹੋਣ ਨਾਲ ਹੀ ਕਰਮਚਾਰੀਆਂ ਅਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਮੰਤਰੀ ਕਟਾਰੂਚੱਕ ਨੇ ਨਵਨਿਯੁਕਤ ਅਧਿਕਾਰੀਆਂ ਨੂੰ ਫੁੱਲ ਮਾਲਾਵਾਂ ਪਹਿਨਾ ਕੇ ਵਧਾਈ ਦਿੱਤੀ ਅਤੇ ਮਿਠਾਈਆਂ ਵੰਡ ਕੇ ਖੁਸ਼ੀ ਮਨਾਈ।ਨਵਨਿਯੁਕਤ ਚੇਅਰਮੈਨਾਂ ਨੇ ਸਾਂਝੇ ਤੌਰ 'ਤੇ ਪਾਰਟੀ ਦੇ ਰਾਸ਼ਟਰੀ ਸੰਯੋਜਕ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਸੀਨੀਅਰ ਨੇਤਾ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਭਰੋਸਾ ਕੀਤਾ ਹੈ ਉਸ ਲਈ ਉਹ ਆਭਾਰੀ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਲਗਨ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਖੇਤਰ ਦੇ ਵਿਕਾਸ ਅਤੇ ਲੋਕਾਂ ਦੀ ਸੇਵਾ ਲਈ ਸਦਾ ਤਤਪਰ ਰਹਿਣਗੇ। ਘਰੋਟਾ ਬਲਾਕ ਸਮਿਤੀ ਲਈ ਸਰਬਸੰਮਤੀ ਨਾਲ ਪਵਨ ਕੁਮਾਰ ਫੌਜੀ ਨੂੰ ਚੇਅਰਮੈਨ ਅਤੇ ਨੀਰੂ ਸ਼ਰਮਾ ਨੂੰ ਵਾਈਸ ਚੇਅਰਮੈਨ, ਨਰੋਟ ਜੈਮਲ ਸਿੰਘ ਬਲਾਕ ਸਮਿਤੀ ਵਿੱਚ ਸੋਹਨ ਲਾਲ ਨੂੰ ਚੇਅਰਮੈਨ ਅਤੇ ਰੀਤੂ ਮਨਹਾਸ ਨੂੰ ਵਾਈਸ ਚੇਅਰਮੈਨ ਅਤੇ ਬਮਿਆਲ ਬਲਾਕ ਸਮਿਤੀ ਲਈ ਧਰਮ ਪਾਲ ਨੂੰ ਚੇਅਰਮੈਨ ਅਤੇ ਸੁਸ਼ਮਾ ਦੇਵੀ ਨੂੰ ਵਾਈਸ ਚੇਅਰਮੈਨ ਨਿਯੁਕਤ ਕੀਤਾ ਗਿਆ। ਮੌਜੂਦ ਮੈਂਬਰਾਂ ਨੇ ਸਭ ਨੂੰ ਵਧਾਈ ਦਿੰਦਿਆਂ ਖੇਤਰ ਦੇ ਵਿਕਾਸ ਲਈ ਮਿਲ ਕੇ ਕੰਮ ਕਰਨ ਦੀ ਉਮੀਦ ਜਤਾਈ। ਮੰਤਰੀ ਲਾਲ ਚੰਦ ਕਟਾਰੂਚੱਕ ਨੇ ਸਾਰੇ ਨਵਨਿਯੁਕਤ ਚੇਅਰਮੈਨ ਅਤੇ ਵਾਈਸ ਚੇਅਰਮੈਨ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਲਾਕ ਸਮਿਤੀਆਂ ਪਿੰਡ ਵਿਕਾਸ ਦੀ ਰੀੜ੍ਹ ਦੀ ਹੱਡੀ ਹੁੰਦੀਆਂ ਹਨ। ਇਸ ਦੌਰਾਨ ਨਰੇਸ਼ ਸੈਣੀ (ਵੀ.ਸੀ. ਵਿੰਗ ਸਕੱਤਰ ਮਾਝਾ ਜੋਨ), ਨਿਤਿਨ ਠਾਕੁਰ (ਜ਼ਿਲ੍ਹਾ ਪਰਿਸ਼ਦ ਮੈਂਬਰ), ਗੁਰਪ੍ਰੀਤ ਕੌਰ (ਜ਼ਿਲ੍ਹਾ ਪਰਿਸ਼ਦ ਮੈਂਬਰ), ਭੂਪਿੰਦਰ ਸਿੰਘ ਮੁੰਨਾ (ਜ਼ਿਲ੍ਹਾ ਪਰਿਸ਼ਦ ਮੈਂਬਰ), ਅਸ਼ਵਨੀ ਕੁਮਾਰ (ਜ਼ਿਲ੍ਹਾ ਪਰਿਸ਼ਦ ਮੈਂਬਰ), ਬਬਲੀ ਕੁਮਾਰ (ਪ੍ਰਧਾਨ ਨਗਰ ਪੰਚਾਇਤ ਨਰੋਟ ਜੈਮਲ ਸਿੰਘ), ਪ੍ਰਵੀਣ ਕੁਮਾਰ (ਬਲਾਕ ਪ੍ਰਧਾਨ), ਰਵੀ ਕੁਮਾਰ, ਰਣਜੀਤ ਸਿੰਘ, ਕਿਰਣ ਬਾਲਾ, ਕੁਲਵੰਤ ਸਿੰਘ, ਬਲਜੀਤ ਸਿੰਘ, ਪਰਸ਼ੋਤਮ ਲਾਲ, ਸ਼ੈਲੀ ਸ਼ਰਮਾ ਆਦਿ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਸਮਰਥਕ ਮੌਜੂਦ ਸਨ।

## ਮੇਲੇ 'ਚ ਹਜ਼ਾਰਾਂ ਦੀ ਨਗਦੀ ਸਮੇਤ ਮੋਟਰਸਾਈਕਲ ਚੋਰੀ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)- ਸਟੇਟ ਬੈਂਕ ਦੇ ਨੇੜਿਓਂ ਇੱਕ ਮੋਟਰਸਾਈਕਲ ਚੋਰੀ ਹੋਣ ਦੀ ਖਬਰ ਵੀ ਸਾਹਮਣੇ ਆਈ ਹੈ।ਜਾਣਕਾਰੀ ਅਨੁਸਾਰ ਮੇਲਾ ਚੋਹਲਾ ਸਾਹਿਬ ਦੇਖਣ ਆਈ ਔਰਤ ਬਲਜੀਤ ਕੌਰ ਨੇ ਦੱਸਿਆ ਕਿ ਜਦੋਂ ਉਹ ਬੱਸ ਸਟੈਂਡ ਦੇ ਨਜ਼ਦੀਕ ਬਾਬਾ ਜੀ ਨੂੰ ਮੱਥਾ ਟੇਕਣ ਲੱਗੀ ਤਾਂ ਚੋਰ ਨੇ ਬੜੀ ਹੁਸ਼ਿਆਰੀ ਨਾਲ ਪਰਸ ਵਿੱਚੋਂ 2000 ਰੁਪਏ ਕੱਢ ਲਏ।ਇਸੇ ਤਰ੍ਹਾਂ ਹੀ ਸੱਜਣ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਟਾਂਡਾ ਉੜਮੁੜ ਨੇ ਦੱਸਿਆ ਕਿ ਭੀੜ ਭੜੱਕੇ 'ਚ ਉਸ ਦੀ ਪੈਂਟ ਦੀ ਜੇਬ 'ਚੋਂ ਬਟੂਆ ਕੱਢ ਲਿਆ। ਸਟੇਟ ਬੈਂਕ ਕਾਦੀਆਂ ਦੇ ਬਾਹਰੋਂ ਵੀ ਚੋਰਾਂ ਵੱਲੋਂ ਮੋਟਰਸਾਈਕਲ ਚੋਰੀ ਕੀਤਾ ਗਿਆ।ਇਸੇ ਤਰ੍ਹਾਂ ਰਜਾਦਾ ਰੋਡ ਸਥਿਤ ਡੀਏਵੀ ਸਕੂਲ ਦੇ ਨਜ਼ਦੀਕ ਪ੍ਰੀਤਮ ਸਿੰਘ ਨੇ ਦੱਸਿਆ ਕਿ ਉਸ ਦੀ ਕੁੜਤੇ ਪਜਾਮੇ ਦੀ ਜੇਬ ਵਿੱਚੋਂ ਕਿਸੇ ਚੋਰ ਨੇ ਪਰਸ ਕੱਢ ਲਿਆ ਜਿਸ ਵਿੱਚ ਉਸ ਦੇ ਕਰੀਬ 3500 ਰੁਪਏ ਅਤੇ ਉਸ ਦਾ ਆਧਾਰ ਕਾਰਡ ਅਤੇ ਪੈਨ ਕਾਰਡ ਸੀ।ਇਸੇ ਤਰ੍ਹਾਂ ਹੀ ਮੇਨ ਬਾਜ਼ਾਰ ਕਾਦੀਆਂ ਵਿੱਚ ਯਾਤਰਾ ਦੇ ਦਰਸ਼ਨ ਕਰਨ ਆਏ ਅੰਗਰੇਜ਼ ਸਿੰਘ ਨੇ ਦੱਸਿਆ ਕਿ ਉਹ ਆਪਣੀ ਧਰਮ ਪਤਨੀ ਦੇ ਨਾਲ ਮੇਲਾ ਦੇਖਣ ਆਇਆ ਹੋਇਆ ਸੀ ਅਤੇ ਉਸ ਦੀ ਜੇਬ ਵਿੱਚੋਂ ਕਿਸੇ ਨੇ ਪਰਸ ਕੱਢ ਲਿਆ ਜਿਸ ਵਿੱਚ ਉਸ ਦੇ ਕਰੀਬ ਦੋ ਤੋਂ ਤਿੰਨ ਹਜ਼ਾਰ ਰੁਪਏ ਅਤੇ ਜ਼ਰੂਰੀ ਕਾਗਜ਼ਾਤ ਸਨ।

ਸਿਵਲ ਲਾਈਨ ਚੌਂਕ ਵਿੱਚੋਂ ਗੁਰਬੇਜ ਸਿੰਘ ਨੇ ਦੱਸਿਆ ਕਿ ਉਸਦੀ ਪੈਂਟ ਵਿੱਚੋਂ ਕਿਸੇ ਚੋਰ ਵੱਲੋਂ ਕਰੀਬ 25 ਹਜ਼ਾਰ ਰੁਪਏ ਕੱਢ ਲਏ ਗਏ।ਇੱਥੇ ਦੱਸਣਯੋਗ ਹੈ ਕਿ ਹਰ ਸਾਲ ਹੀ ਸ੍ਰੀ ਚੋਲਾ ਸਾਹਿਬ ਦੇ ਮੇਲੇ ਦੌਰਾਨ ਜਿੱਥੇ ਸੰਗਤਾਂ ਬੜੀ ਸ਼ਰਧਾ ਭਾਵਨਾ ਨਾਲ ਯਾਤਰਾ ਵਿੱਚ ਪਹੁੰਚਦੀਆਂ ਹਨ ਉਥੇ ਹੀ ਅਜਿਹੇ ਚੋਰਾਂ ਦੇ ਹੌਸਲੇ ਹਰ ਵਾਰ ਹੀ ਬੁਲੰਦ ਰਹਿੰਦੇ ਹਨ।

# ਰਾਜ ਪੱਧਰੀ ਸਮਾਰੋਹ ਦੌਰਾਨ ਡਿਪਟੀ ਐਡਵੋਕੇਟ ਜਨਰਲ ਰਾਜੀਵ ਮਦਾਨ ਰਾਜਾ ਸਨਮਾਨਤ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਪੁੱਤਰਾਂ ਦੇ ਦਾਨੀ ਬ੍ਰਹਮ ਗਿਆਨੀ ਬਾਬਾ ਬੁੱਢਾ ਸਾਹਿਬ ਜੀ ਦੇ ਚਰਨ ਛੋਹ ਪ੍ਰਾਪਤ ਧਰਤੀ ਰਮਦਾਸ (ਅਜਨਾਲਾ) ਦੇ ਜੰਮਪਲ ਉੱਘੇ ਸਮਾਜ ਸੇਵਕ, ਕਾਨੂੰਨੀ ਮਾਹਰ ਅਤੇ ਹੁਣ ਡਿਪਟੀ ਐਡਵੋਕੇਟ ਜਨਰਲ ਪੰਜਾਬ ਵਜੋਂ ਸੇਵਾਵਾਂ ਨਿਭਾਅ ਰਹੇ ਐਡਵੋਕੇਟ ਰਾਜੀਵ ਮਦਾਨ ਰਾਜਾ ਨੂੰ ਪੰਚਾਇਤ ਵਿਕਾਸ ਸਕੱਤਰ ਜੂਨੀਅਰ ਵੱਲੋਂ ਮੁਹਾਲੀ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਰੋਹ ਦੌਰਾਨ ਪੰਜਾਬ ਦੇ ਵਿਕਾਸ ਮੰਤਰੀ ਤਰਨਪੀਤ ਸਿੰਘ ਸੌਂਦ ਵਲੋਂ ਸਨਮਾਨਤ ਕੀਤਾ ਗਿਆ। ਐਡਵੋਕੇਟ ਰਾਜਾ ਆਪਣੀਆਂ ਕਾਨੂੰਨੀ ਪੇਸ਼ੇਵਰ/ਸਲਾਹਕਾਰ ਸੇਵਾਵਾਂ ਦੇਣ ਤੋਂ ਇਲਾਵਾ, ਸਰਹੱਦੀ ਖੇਤਰ ਵਿੱਚ ਸਮਾਜਿਕ ਜਾਗਰੂਕਤਾ ਪੈਦਾ ਕਰਨ ਦੇ ਨਾਲ-ਨਾਲ ਨੌਜਵਾਨਾਂ ਨੂੰ ਸ਼ਕਤੀਸ਼ਾਲੀ ਬਣਾ ਰਹੇ ਹਨ ਅਤੇ ਯੁਵਕ ਸੇਵਾਵਾਂ ਵਿਭਾਗ, ਪੰਜਾਬ ਨਾਲ ਸਬੰਧਤ ਇੱਕ ਯੂਥ ਵੈਲਫੇਅਰ ਕਲੱਬ ਵੀ ਚਲਾ ਰਹੇ ਹਨ। ਇਸ ਤੋਂ ਇਲਾਵਾ ਉਹ ਆਮ ਲੋਕਾਂ ਦੇ ਨਾਲ-ਨਾਲ ਪੰਚਾਇਤੀ ਰਾਜ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਸਰਕਾਰ ਦੇ ਹੋਰ ਹਿੱਸੇਦਾਰਾਂ ਵਿੱਚ ਆਰ.ਟੀ.ਆਈ ਅਤੇ ਹੋਰ ਕਾਨੂੰਨੀ ਅਤੇ ਸਮਾਜਿਕ ਮੁੱਦਿਆਂ ਸਰਕਾਰੀ ਸੰਸਥਾਵਾਂ/ਐਨ.ਜੀ.ਓਜ਼ ਦੁਆਰਾ ਆਯੋਜਿਤ ਸਿਖਲਾਈ ਪ੍ਰੋਗਰਾਮਾਂ ਦੌਰਾਨ ਸਰਵੋਤਮ ਸੇਵਾ ਪ੍ਰਦਾਨੀ ਵਿੱਚ ਉੱਤਮਤਾ, ਸੂਚਨਾ ਦਾ ਅਧਿਕਾਰ ਐਕਟ, ਨਸ਼ਿਆਂ ਦੀ ਦੁਰਵਰਤੋਂ ਅਤੇ ਰੋਕਥਾਮ, ਮਨੁੱਖੀ ਅਧਿਕਾਰ, ਘੱਟ ਗਿਣਤੀ ਐਕਟ, ਅਤੇ ਆਫ਼ਤ ਪ੍ਰਬੰਧਨ ਵਰਗੇ ਵਿਸ਼ਿਆਂ 'ਤੇ 500 ਤੋਂ ਵੱਧ ਸੈਸ਼ਨ ਆਯੋਜਿਤ ਕੀਤੇ ਜਾ ਚੁੱਕੇ ਹਨ। ਉਨ੍ਹਾਂ ਨੂੰ ਸਟੇਟ ਐਵਾਰਡ 2025 ਵੀ ਪੰਜਾਬ ਸਰਕਾਰ ਵਲੋਂ ਮਿਲ ਚੁੱਕਾ ਹੈ।

# ਅਕਸ਼ੈ ਸ਼ਰਮਾ ਨੇ 14 ਨੂੰ ਅਮਿਤ ਸ਼ਾਹ ਦੀ ਰੈਲੀ ਨੂੰ ਯਾਦਗਾਰੀ ਬਣਾਉਣ ਦਾ ਲਿਆ ਸੰਕਲਪ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਉੱਤਰੀ ਵਿਧਾਨ ਸਭਾ ਹਲਕੇ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਚੰਡੀਗੜ੍ਹ ਵਿਖੇ ਯੁਵਾ ਮੋਰਚਾ ਦੀ ਮੀਟਿੰਗ ਵਿੱਚ ਸ਼ਿਰਕਤ ਕੀਤੀ। ਭਾਜਪਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਪਰਮਿੰਦਰ ਸਿੰਘ ਬਰਾੜ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ 14 ਮਾਰਚ ਨੂੰ ਪੰਜਾਬ ਵਿੱਚ ਕੀਤੀ ਜਾਣ ਵਾਲੀ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਅਕਸ਼ੈ ਸ਼ਰਮਾ ਨੇ ਆਉਣ ਵਾਲੀ ਰੈਲੀ ਦੀ ਸਫਲਤਾ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਅਤੇ ਰੈਲੀ ਨਾਲ ਸਬੰਧਤ ਮੁੱਖ ਮੁੱਦਿਆਂ 'ਤੇ ਆਪਣੇ ਵਿਚਾਰ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ 14 ਮਾਰਚ ਨੂੰ ਹੋਣ ਵਾਲੀ ਇਹ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਇਤਿਹਾਸ ਸਿਰਜੇਗੀ, ਅਤੇ ਯੁਵਾ ਮੋਰਚਾ ਇਸ ਦੀ ਸਫਲਤਾ ਨੂੰ ਯਕੀਨੀ ਬਣਾਉਣ ਲਈ ਆਪਣੇ ਸਾਰੇ ਯਤਨ ਕਰੇਗਾ। ਅਕਸ਼ੈ ਸ਼ਰਮਾ ਅਤੇ ਮੌਜੂਦ ਅਧਿਕਾਰੀਆਂ ਨੇ ਸਮੂਹਿਕ ਤੌਰ 'ਤੇ ਨੌਜਵਾਨਾਂ ਦੀ ਵੱਡੀ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਇਸ ਸਮਾਗਮ ਨੂੰ ਸ਼ਾਨਦਾਰ ਅਤੇ ਯਾਦਗਾਰੀ ਬਣਾਉਣ ਦਾ ਸੰਕਲਪ ਲਿਆ।

# ਨਾਇਬ ਸਿੰਘ ਸੈਣੀ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਵਿਖੇ ਹੋਏ ਨਤਮਸਤਕ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਸ੍ਰੀ ਚੋਲਾ ਸਾਹਿਬ ਦੇ ਸਲਾਨਾ ਜੋੜ ਮੇਲੇ ਮੌਕੇ ਨਤਮਸਤਕ ਹੋਣ ਲਈ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਵਿਖੇ ਪੁੱਜੇ। ਇਸ ਮੌਕੇ ਉਹਨਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਦਰਸ਼ਨ ਦੀਦਾਰੇ ਕਰਨ ਉਪਰੰਤ ਗੁਰੂ ਘਰ ਤੋਂ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਹਨਾਂ ਦੇ ਨਾਲ ਪੰਜਾਬ ਭਾਜਪਾ ਦੇ ਸੀਨੀਅਰ ਆਗੂ ਰਵੀਕਰਨ ਸਿੰਘ ਕਾਹਲੋਂ, ਪ੍ਰਧਾਨ ਰਾਜੂ ਪੰਡਿਤ ਸਮੇਤ ਕਈ ਹੋਰ ਵੱਡੇ ਭਾਜਪਾ ਆਗੂ ਵੀ ਹਾਜ਼ਰ ਸਨ।

ਮੁੱਖ ਮੰਤਰੀ ਦਾ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਡੇਰਾ ਬਾਬਾ ਨਾਨਕ ਪੁੱਜਣ 'ਤੇ ਬਾਬਾ ਸੁਖਦੇਵ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲੇ,ਬਾਬਾ ਅਵਤਾਰ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲੇ,ਬਾਬਾ ਮਨਜੀਤ ਸਿੰਘ ਬੇਦੀ ਸ਼੍ਰੀ ਚੋਲਾ ਸਾਹਿਬ ਵਾਲਿਆਂ ਸਮੇਤ ਸਮੂਹ ਬੇਦੀ ਪਰਿਵਾਰ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰਪਾਓ ਸਾਹਿਬ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰੂਪ ਵਾਲਾ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਇਆਂ ਮੁੱਖ ਮੰਤਰੀ ਨੇ ਕਿਹਾ ਕਿ ਅੱਜ ਉਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਦਰਸ਼ਨ ਕਰਨ ਅਤੇ ਨਤਮਸਤਕ ਹੋਣ ਵਾਸਤੇ ਡੇਰਾ ਬਾਬਾ ਨਾਨਕ ਆਏ ਹਨ।



ਉਹਨਾਂ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਹੀ ਵਡਭਾਗਾ ਸਮਝ ਰਹੇ ਹਨ ਕਿਉਂਕਿ ਉਹਨਾਂ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਅੰਗ ਵਸਤਰ ਸ੍ਰੀ ਚੋਲਾ ਸਾਹਿਬ ਦੇ ਪਹਿਲੀ ਵਾਰ ਦਰਸ਼ਨ ਦੀਦਾਰੇ ਕੀਤੇ ਹਨ। ਉਹਨਾਂ ਕਿਹਾ ਕਿ ਇਸ ਸਥਾਨ ਦੇ ਦਰਸ਼ਨ ਕਰਕੇ ਜੋ ਉਹਨਾਂ ਦੇ ਮਨ ਨੂੰ ਸਕੂਨ ਮਿਲਿਆ ਹੈ ਉਸ ਨੂੰ ਬਿਆਨ ਨਹੀਂ ਕੀਤਾ ਜਾ ਸਕਦਾ। ਇਸ ਮੌਕੇ ਜਥੇਦਾਰ ਨਿਰਮਲ ਸਿੰਘ ਰੱਤਾ ਸਮੇਤ ਭਾਜਪਾ ਦੇ ਸੀਨੀਅਰ ਆਗੂ ਤੇ ਵਰਕਰ ਹਾਜ਼ਰ ਸਨ।

ਆਲ ਇੰਡੀਆ ਫਰੀਡਮ ਫਾਈਟਰ ਫੈਮਿਲੀਜ਼ ਐਸੋਸੀਏਸ਼ਨ

ਐਸੋਸੀਏਸ਼ਨ ਫਰੀਡਮ ਫਾਈਟਰ ਪਰਿਵਾਰਾਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕਰਨ ਲਈ ਵਚਨਬੱਧ ਹੈ।



ਪ੍ਰਧਾਨ ਬਖਤਾਵਰ ਸਿੰਘ ਲਾਧੂਪੁਰ, 98102-73707



ਮਨਦੀਪ ਸਿੰਘ ਵਿੱਕੀ
ਪੱਤਰਕਾਰ ਨਵਾਂ ਜ਼ਮਾਨਾ, ਧਾਰੀਵਾਲ (ਜ਼ਿਲ੍ਹਾ ਗੁਰਦਾਸਪੁਰ)
ਮੋ. 98551-38108

ਅਕਾਲ ਅਕੈਡਮੀ

ਦਾਖ਼ਲਾ ਸ਼ੁਰੂ
2026 - 2027

CHAIN OF 130 CBSE PATTERN SCHOOLS BASED ON FAITH AND TRADITION



AKAL ACADEMIES' DISTRICT TOPPERS



98.4%
Prabhdeep Kaur
AA Bhai Desa | Class 12th
Dist. Mansa (Pb.)



98.8 %
Harivats Shakya
AA Baru Sahib | Class 10th
Dist. Sirmaur (HP.)

AKAL ACADEMIES' ACHIEVERS

| 33 AIR - UPSC | GOLD MEDALIST | 67 AIR | 34 AIR | 127 AIR - IIT DELHI |
|---|---|---|---|---|
| ADDITIONAL DEPUTY COMMISSIONER | INTERNATIONAL JUNIOR FENCING CHAMPIONSHIP | IIT DELHI | ADDITIONAL PRINCIPAL SECRETARY | SOFTWARE ENGINEER AT GOOGLE |
| Jaspinder Singh, AA Muktsar | Govindnoor Kaur, AA Teja Singh Wala | Sahil Jindal, AA Ratia | Simrandeep Singh, AA Kauriwara | Gursharan Singh, AA Ratia |

| 19 AIR NEET | REGISTRAR | 18 AIR - NDA | 9 AIR - BARC | SILVER MEDAL | 9 AIR ICAI |
|---|---|---|---|---|---|
| | CHANDIGARH HIGH COURT | CLEARED SSB | NUCLEAR SCIENTISTS | NATIONAL-LEVEL RELAY RACE | |
| Ramandeep Singh, AA Kauriwara | Harvinder Singh Grewal, AA Cheema Sahib | Yuvraj Singh, AA Gomti | Adhiraj Singh Thakur, AA Baru Sahib | Tasneem Kaur Dhillon, AA Bhadaur | Anmoldeep Singh, AA Reethkheri |

MANAGED BY:
THE KALGIDHAR TRUST BARU SAHIB
Toll-Free: 1800 180 7755
admissions@AkalAcademy.ac.in | www.AkalAcademy.in

The Mother School
Akal Academy Baru Sahib
Boarding School Estd. in 1986

ਪੰਜਾਬ ਦਾ ਸ਼ਾਂਤੀ ਨਿਕੇਤਨ
"ਬਾਬੇ ਨਾਨਕ ਦੀ ਕਿਰਤ ਦਾ ਕਾਲਜ"

ਬਾਬਾ ਆਇਆ ਸਿੰਘ ਰਿਆੜਕੀ ਕਾਲਜ
ਪਿੰਡ ਤੇ ਡਾਕ- ਤੁਗਲਵਾਲਾ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ 143527

50 YEARS OF EXCELLENCE



105 ਸਾਲਾਂ ਦੇ ਆਪਣੇ ਵਿਰਸੇ ਦੇ ਨਾਲ, 1976 ਤੋਂ ਕਾਲਜ ਅਤੇ ਹੋਸਟਲ ਪੰਜਾਬ, ਦੇਸ਼ ਅਤੇ ਦੁਨੀਆਂ ਭਰ ਵਿੱਚ ਆਪਣੇ ਸਾਦਗੀ, ਆਤਮ ਨਿਰਭਰਤਾ, ਕਿਰਤ ਕਮਾਈ ਵਿਦਿਆਰਥੀਆਂ ਨੂੰ ਸਿਖਾਉਂਦਾ ਹੋਇਆ, 'ਗੁਰੂ ਨਾਨਕ ਪੜ੍ਹੋ, ਗੁਰੂ ਨਾਨਕ ਵਿਚਾਰੋ ਤੇ ਵਿਚਰੋ' ਤੇ ਸ਼ਾਨਦਾਰ ਕਾਰਜ ਕਰ ਰਿਹਾ ਹੈ।

ਸਾਨੂੰ ਮਾਣ ਹੈ ਸਰਕਾਰੀ ਤੇ ਗੈਰ ਸਰਕਾਰੀ ਵਿਭਾਗਾਂ ਵਿੱਚ ਜਿੱਥੇ ਇੱਥੋਂ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ ਹਨ, ਉੱਥੇ ਹੀ ਸਾਡੀਆਂ ਵਿਦਿਆਰਥਣਾਂ ਨਿੱਜੀ ਖੇਤਰ ਵਿੱਚ ਆਪਣੇ ਸਕੂਲ, ਕਾਲਜ, ਫੈਕਟਰੀਆਂ, ਕੰਪਨੀਆਂ ਚਲਾ ਕੇ ਵੀ ਸਮਾਜ ਵਿੱਚ ਨਾਮਣਾ ਖੱਟ ਰਹੀਆਂ ਹਨ।

ਸੈਸ਼ਨ 2026-27 ਲਈ ਰਜਿਸਟ੍ਰੇਸ਼ਨ ਅਤੇ ਦਾਖਲਾ ਸ਼ੁਰੂ ਹੈ।

B.A.ਅਤੇ M.A. ਦੀ ਪੜ੍ਹਾਈ ਬਿਲਕੁਲ ਮੁਫਤ ਹੈ।

ਇਸ ਦੇ ਨਾਲ ਨਾਲ B.C.A, B.Com, M.C.A., B.Lib., Diploma in Computer Applications ਅਤੇ Diploma in Communication Skills ਕੇਵਲ ਨਾ-ਮਾਤਰ ਖਰਚੇ ਨਾਲ ਚਲ ਰਹੇ ਹਨ।

ਐਸ. ਕੇ. ਡੀ. ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਤੁਗਲਵਾਲਾ
(ਨਰਸਰੀ ਕਲਾਸ ਤੋਂ ਬਾਰਵੀਂ ਕਲਾਸ ਤੱਕ)
ਅੰਗਰੇਜ਼ੀ ਮਾਧਿਅਮ

* ਮੈਡੀਕਲ * ਨਾਨ ਮੈਡੀਕਲ * ਕਾਮਰਸ * ਹਿਊਮੈਨਿਟੀਜ਼

ਹੋਸਟਲ 6ਵੀ ਜਮਾਤ ਤੋਂ ਕੇਵਲ ਲੜਕੀਆਂ ਲਈ

ਫੀਸਾਂ ਦਾ ਵੇਰਵਾ:-
* ਨਰਸਰੀ ਤੋਂ 5ਵੀਂ ਜਮਾਤ ਕੇਵਲ 5000/- ਰੁਪਏ ਸਾਲਾਨਾ
* 6ਵੀਂ ਤੋਂ 8ਵੀਂ ਜਮਾਤ ਕੇਵਲ 6000/- ਰੁਪਏ ਸਾਲਾਨਾ
* 9ਵੀਂ ਤੋਂ 10ਵੀਂ ਜਮਾਤ ਕੇਵਲ 7000/- ਰੁਪਏ ਸਲਾਨਾ
* ਹੋਸਟਲ 6ਵੀਂ ਤੋਂ 12ਵੀਂ ਜਮਾਤ ਕੇਵਲ 13500/- ਰੁਪਏ ਸਲਾਨਾ
*ਕਾਲਜ ਵਿੱਚ ਹੋਸਟਲ ਦਾ ਖਰਚਾ 6500/-ਰੁ: ਸਲਾਨਾ

ਵਿਸ਼ੇਸ਼ਤਾਵਾਂ:-
- ਨਕਲ ਰਹਿਤ ਪ੍ਰੀਖਿਆ ਪ੍ਰਣਾਲੀ (ਪ੍ਰੀਖਿਆਵਾਂ ਵਿੱਚ ਕਿਸੇ ਵੀ ਵਿਦਿਆਰਥੀ ਨੂੰ ਨਕਲ ਮਾਰਦਾ ਫੜੇ ਜਾਣ ਤੇ 21000/- ਰੁਪਏ ਦਾ ਨਗਦ ਇਨਾਮ)
- 100 ਫੀਸਦੀ ਫਸਟ ਡਵੀਜ਼ਨਾਂ ਨਾਲ ਨਤੀਜੇ
- ਸਵੇਰ ਤੇ ਸ਼ਾਮ ਦੀ ਪ੍ਰੇਅਰ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ
- ਲੱਖਾਂ ਰੁਪਈਆਂ ਦੀ ਸਕਾਲਰਸ਼ਿਪ

(ਜਿਹੜੇ ਇਮਾਨਦਾਰੀ ਨਾਲ ਇਹ ਵੀ ਨਹੀਂ ਦੇ ਸਕਦੇ ਉਹ ਕਾਲਜ 'ਚ FREE ਹਨ।)
ਪ੍ਰੰਤੂ ਇਥੇ ਪੜਨਾ ਹੈ ਤਾਂ ਪੁਰਾਣੀਆਂ ਬੁਰੀਆਂ ਆਦਤਾਂ ਛੱਡਣੀਆਂ ਹੀ ਪੈਦੀਆ ਨਹੀਂ ਤੇ ਇੱਥੇ ਟਿਕਣਾ ਮੁਸ਼ਕਿਲ ਹੈ।
ਇਸ ਤੋਂ ਇਲਾਵਾ ਨਾ ਕੋਈ ਦਾਖਲਾ ਫੀਸ, ਨਾ ਕੋਈ ਮਹੀਨੇ ਬਾਅਦ ਫੀਸ ਅਤੇ ਨਾ ਹੀ ਕੋਈ ਹੋਰ ਫੰਡ ਲਿਆ ਜਾਂਦਾ ਹੈ।

ਦਾਖਲਾ ਹੈਲਪਲਾਈਨ
98143-78844



ਪ੍ਰਿੰ. ਸਵਰਨ ਸਿੰਘ ਵਿਰਕ,
ਰਿਆੜਕੀ ਕਾਲਜ਼, ਤੁਗਲਵਾਲਾ
98727-55884


# ਸਰਪੰਚ 'ਤੇ ਹਮਲੇ ਦੇ ਮਾਮਲੇ 'ਚ ਪੁਲਸ ਮੁਕਾਬਲੇ 'ਚ ਮੁੱਖ ਮੁਲਜ਼ਮ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਅਤੇ ਪੁਲਿਸ ਸੁਪਰਡੈਂਟ (ਸਥਾਨਕ/ਤਫ਼ਤੀਸ਼) ਮੁਕੇਸ਼ ਕੁਮਾਰ ਅਤੇ ਉਪ ਪੁਲਿਸ ਕਪਤਾਨ, ਸਬ ਡਵੀਜ਼ਨ ਸ਼ਾਹਕੋਟ ਸੁਖਪਾਲ ਸਿੰਘ ਦੀ ਨਿਗਰਾਨੀ ਹੇਠ ਸਬ-ਇੰਸਪੈਕਟਰ ਪੰਕਜ ਕੁਮਾਰ, ਐੱਸ ਐੱਚ ਓ, ਥਾਣਾ ਮਹਿਤਪੁਰ ਦੀ ਅਗਵਾਈ ਹੇਠ ਪੁਲਿਸ ਟੀਮ ਨੇ ਇੱਕ ਪਿੰਡ ਦੇ ਸਰਪੰਚ 'ਤੇ ਹੋਏ ਜਾਨਲੇਵਾ ਹਮਲੇ ਦੇ ਮਾਮਲੇ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਡੀ.ਐਸ.ਪੀ. ਸੁਖਪਾਲ ਸਿੰਘ ਨੇ ਜਾਣਕਾਰੀ ਦਿੱਤੀ ਕਿ 28 ਫਰਵਰੀ ਨੂੰ ਪਿੰਡ ਬੂਟੇ ਦੀਆਂ ਛੰਨਾ ਦੇ ਮੌਜੂਦਾ ਸਰਪੰਚ ਮਹਿੰਦਰ ਸਿੰਘ 'ਤੇ ਕਿਰਪਾਨਾਂ ਤੇ ਲੋਹੇ ਦੀਆਂ ਰਾਡਾਂ ਨਾਲ ਲੈਸ ਪੰਜ ਅਣਪਛਾਤੇ ਵਿਅਕਤੀਆਂ ਨੇ ਹਮਲਾ ਕੀਤਾ ਸੀ, ਜਿਸ ਕਾਰਨ ਉਹ ਗੰਭੀਰ ਜ਼ਖਮੀ ਹੋ ਗਏ।ਇਸ ਸਬੰਧ ਵਿੱਚ ਐੱਫ ਆਈ ਆਰ ਤਹਿਤ ਦਰਜ ਕਰਕੇ ਤੁਰੰਤ ਜਾਂਚ ਸ਼ੁਰੂ ਕਰ ਦਿੱਤੀ ਗਈ ਸੀ।ਜਾਂਚ ਦੌਰਾਨ, ਹਮਲੇ ਵਿੱਚ ਸ਼ਾਮਲ ਸਾਰੇ ਪੰਜ ਮੁਲਜ਼ਮਾਂ ਦੀ ਪਛਾਣ ਕਰ ਲਈ ਗਈ ਭਰੋਸੇਯੋਗ ਖੁਫੀਆ ਜਾਣਕਾਰੀ ਕਿ ਇੱਕ ਮੁਲਜ਼ਮ ਸੁਖਜੀਤ ਸਿੰਘ ਉਰਫ਼ ਸ਼ੀਲੂ ਵਾਸੀ ਪਿੰਡ ਖੋਖੇਵਾਲ, ਜ਼ਿਲ੍ਹਾ ਜਲੰਧਰ, ਮਹਿਤਪੁਰ ਖੇਤਰ ਵਿੱਚ ਸ਼ੱਕੀ ਢੰਗ ਨਾਲ ਘੁੰਮ ਰਿਹਾ ਹੈ, 'ਤੇ ਕਾਰਵਾਈ ਕਰਦੇ ਹੋਏ ਪੁਲਸ ਸਟੇਸ਼ਨ ਮਹਿਤਪੁਰ ਦੀ ਪੁਲਿਸ ਟੀਮ ਵੱਲੋਂ ਮਹਿਤਪੁਰ-ਨਕੋਦਰ ਰੋਡ 'ਤੇ ਇੱਕ ਵਿਸ਼ੇਸ਼ ਨਾਕਾਬੰਦੀ ਕੀਤੀ ਗਈ ਸੀ। ਨਾਕਾਬੰਦੀ ਦੌਰਾਨ, ਨਕੋਦਰ ਵੱਲੋਂ ਇਕ ਮੋਟਰਸਾਈਕਲ (ਪੀ ਬੀ 08 ਐੱਫ ਕਿਉ 8812) 'ਤੇ ਆ ਰਹੇ ਇੱਕ ਸ਼ੱਕੀ ਵਿਅਕਤੀ, ਜਿਸ ਦੀ ਅਗਲੀ ਨੰਬਰ ਪਲੇਟ ਟੁੱਟੀ ਹੋਈ ਸੀ, ਨੂੰ ਰੁਕਣ ਦਾ ਇਸ਼ਾਰਾ ਕੀਤਾ ਗਿਆ। ਮੁਲਜ਼ਮ ਨੇ ਕਥਿਤ ਤੌਰ 'ਤੇ ਭੱਜਣ ਦੇ ਇਰਾਦੇ ਨਾਲ ਪੁਲਸ ਪਾਰਟੀ 'ਤੇ ਪਿਸਤੌਲ ਨਾਲ ਗੋਲੀਬਾਰੀ ਕੀਤੀ।ਆਪਣੇ ਬਚਾਅ ਲਈ ਤੇ ਮੁਲਜ਼ਮ ਨੂੰ ਭੱਜਣ ਤੋਂ ਰੋਕਣ ਲਈ, ਪੁਲਸ ਪਾਰਟੀ ਨੇ ਜਵਾਬੀ ਕਾਰਵਾਈ ਕੀਤੀ। ਕਾਰਵਾਈ ਦੌਰਾਨ, ਮੁਲਜ਼ਮ ਦੀ ਲੱਤ 'ਤੇ ਗੋਲੀ ਲੱਗੀ ਅਤੇ ਉਸ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਉਸ ਨੂੰ ਤੁਰੰਤ ਇਲਾਜ ਲਈ ਸਰਕਾਰੀ ਹਸਪਤਾਲ ਦਾਖਲ ਕਰਵਾਇਆ ਗਿਆ। ਮੁਲਜ਼ਮ ਤੋਂ ਇੱਕ ਪਿਸਤੌਲ (7.65 ਮਿ.ਮੀ.), ਇੱਕ ਜ਼ਿੰਦਾ ਕਾਰਤੂਸ (7.65 ਮਿ.ਮੀ.), ਇੱਕ ਖਾਲੀ ਖੋਲ (7.65 ਮਿ.ਮੀ.), ਇੱਕ ਮੋਟਰਸਾਈਕਲ (ਪੀ ਬੀ 08 ਐੱਫ ਕਿਉ 8812) ਬਰਾਮਦ ਕੀਤਾ ਗਿਆ ਹੈ। ਇਸ ਸਬੰਧ ਵਿੱਚ, ਐਫ.ਆਈ.ਆਰ. ਨੰਬਰ 35 ਮਿਤੀ 4.03.2026 ਨੂੰ ਥਾਣਾ ਮਹਿਤਪੁਰ ਵਿਖੇ ਦਰਜ ਕੀਤੀ ਗਈ ਹੈ। ਬਾਕੀ ਚਾਰ ਮੁਲਜ਼ਮਾਂ ਨੂੰ ਫੜਨ ਲਈ ਲਗਾਤਾਰ ਛਾਪੇਮਾਰੀ ਤੇ ਨਾਕਾਬੰਦੀ ਕੀਤੀ।

# ਬੇਈਮਾਨੀ 'ਤੇ ਇਮਾਨਦਾਰੀ ਦੀ ਜਿੱਤ ਨੂੰ ਸਮਰਪਤ ਹੈ ਹੋਲੀ : ਦੀਪਕ ਬਾਲੀ

**ਨਵੀਂ ਦਿੱਲੀ/ਜਲੰਧਰ**- ਹੋਲੀ ਦੇ ਸ਼ੁਭ ਮੌਕੇ 'ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ (ਆਪ) ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੀਨੀਅਰ ਨੇਤਾ ਮਨੀਸ਼ ਸਿਸੋਦੀਆ ਦੇ ਘਰ 'ਤੇ ਪਾਰਟੀ ਨੇਤਾਵਾਂ ਤੇ ਸਮਰਥਕਾਂ ਨਾਲ ਰਵਾਇਤੀ ਅੰਦਾਜ਼ ਵਿੱਚ ਹੋਲੀ ਮਨਾਈ। ਮਾਹੌਲ ਰੰਗਾਂ, ਗੁਲਾਲ (ਰੰਗੀਨ ਪਾਊਡਰ) ਤੇ ਢੋਲ ਦੀਆਂ ਤਾਲਾਂ ਨਾਲ ਭਰਿਆ ਹੋਇਆ ਸੀ।ਸਵੇਰ ਤੋਂ ਹੀ ਪਾਰਟੀ ਵਰਕਰਾਂ ਦੀ ਭੀੜ ਮਨੀਸ਼ ਸਿਸੋਦੀਆ ਦੇ ਘਰ ਦੇ ਬਾਹਰ ਤੇ ਅੰਦਰ ਇਕੱਠੀ ਹੋਣੀ ਸ਼ੁਰੂ ਹੋ ਗਈ ਸੀ। ਜਿਵੇਂ ਹੀ ਅਰਵਿੰਦ ਕੇਜਰੀਵਾਲ ਪਹੁੰਚੇ, ਸਮਰਥਕਾਂ ਨੇ ਉਨ੍ਹਾਂ ਦਾ 'ਭਾਰਤ ਮਾਤਾ ਕੀ ਜੈ' ਤੇ 'ਇਨਕਲਾਬ ਜ਼ਿੰਦਾਬਾਦ' ਦੇ ਨਾਅਰਿਆਂ ਨਾਲ ਸਵਾਗਤ ਕੀਤਾ। ਫਿਰ ਆਗੂਆਂ ਅਤੇ ਵਰਕਰਾਂ ਨੇ ਇੱਕ ਦੂਜੇ ਨੂੰ ਗੁਲਾਲ ਨਾਲ ਸਵਾਗਤ ਕੀਤਾ ਤੇ ਇੱਕ ਦੂਜੇ ਨੂੰ ਹੋਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪੰਜਾਬ ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਤੇ ਪੰਜਾਬ ਵਿਰਾਸਤ ਅਤੇ ਸੈਰ-ਸਪਾਟਾ ਪ੍ਰਮੋਸ਼ਨ ਬੋਰਡ ਦੇ ਸਲਾਹਕਾਰ, ਦੀਪਕ ਬਾਲੀ ਇਸ ਮੌਕੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਆਪਣੇ ਸੰਬੋਧਨ ਵਿੱਚ, ਦੀਪਕ ਬਾਲੀ ਨੇ ਕਿਹਾ ਕਿ ਇਹ ਮੌਕਾ ਨਾ ਸਿਰਫ਼ ਰੰਗਾਂ ਦਾ ਤਿਉਹਾਰ ਹੈ, ਸਗੋਂ ਸੱਚ ਅਤੇ ਸੰਘਰਸ਼ ਦੀ ਜਿੱਤ ਦਾ ਪ੍ਰਤੀਕ ਵੀ ਹੈ। ਉਨ੍ਹਾਂ ਕਿਹਾ ਕਿ ਪਾਰਟੀ ਆਗੂਆਂ ਨੇ ਮੁਸ਼ਕਲ ਹਾਲਾਤਾਂ ਦਾ ਬਹਾਦਰੀ ਨਾਲ ਸਾਹਮਣਾ ਕੀਤਾ ਹੈ। ਸਾਡੇ ਆਗੂਆਂ ਨੂੰ ਬਦਨਾਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ, ਪਰ ਜਨਤਾ ਦਾ ਵਿਸ਼ਵਾਸ ਅਤੇ ਸੱਚ ਦੀ ਸ਼ਕਤੀ ਹਮੇਸ਼ਾ ਸਾਡੇ ਨਾਲ ਰਹੀ ਹੈ। ਅੱਜ ਦਾ ਜਸ਼ਨ ਉਸ ਵਿਸ਼ਵਾਸ ਦਾ ਪ੍ਰਤੀਕ ਹੈ। ਇਹ ਹੋਲੀ ਬੇਈਮਾਨੀ ਉੱਤੇ ਇਮਾਨਦਾਰੀ ਦੀ ਜਿੱਤ ਨੂੰ ਸਮਰਪਿਤ ਹੈ। ਸਮਾਗਮ ਦੇ ਅੰਤ ਵਿੱਚ, ਸਾਰੇ ਨੇਤਾਵਾਂ ਤੇ ਵਰਕਰਾਂ ਨੇ ਏਕਤਾ ਤੇ ਭਾਈਚਾਰੇ ਦਾ ਸੰਦੇਸ਼ ਦਿੱਤਾ।



# ਪ੍ਰਾਚੀਨ ਸ਼ਿਵ ਮੰਦਰ ਵਿਖੇ ਫੁੱਲਾਂ ਨਾਲ ਖੇਡੀ ਹੋਲੀ

**ਕਪੂਰਥਲਾ (ਪ੍ਰੀਤ ਸੰਗੋਜਲਾ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪ੍ਰਾਚੀਨ ਸ਼ਿਵ ਮੰਦਿਰ ਬਗੀਚੀ ਲਾਹੌਰੀ ਗੇਟ ਵਿਖੇ ਗੁਲਾਬ ਦੇ ਫੁੱਲਾ ਨਾਲ ਹੌਲੀ ਖੇਡੀ ਗਈ ਜਿਸ ਵਿਚ ਆਸਪਾਸ ਦੇ ਲੋਕਾ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ। ਫੁੱਲਾ ਦੀ ਹੌਲੀ ਦੇ ਨਾਲ ਆਈ ਸੰਗਤ ਨੇ ਕੀਰਤਨ ਦਾ ਵੀ ਆਨੰਦ ਮਾਣਿਆ। ਅਨੀਤਾ ਜੋਸ਼ੀ ਦੀ ਦੇਖ-ਰੇਖ ਹੇਠ ਹੋਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸ਼ਰਧਾਲੂਆਂ ਨੇ ਸ੍ਰੀ ਰਾਧਾ ਕ੍ਰਿਸ਼ਨ ਅੱਗੇ ਮੱਥਾ ਟੇਕਿਆ ਅਤੇ ਉਨ੍ਹਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਅਤੇ ਉਨ੍ਹਾਂ ਨਾਲ ਫੁੱਲਾਂ ਨਾਲ ਹੋਲੀ ਖੇਡੀ ਗਈ । ਸਾਰੇ ਸ਼ਰਧਾਲੂਆਂ ਨੇ ਭਜਨਾ ਦੀਆਂ ਸੁਰੀਲੀਆਂ ਧੁਨਾਂ 'ਤੇ ਨੱਚਿਆ। ਇਸ ਤੋਂ ਬਾਅਦ ਆਰਤੀ ਪੂਜਨ ਦਾ ਪ੍ਰਸ਼ਾਦ ਵੰਡਿਆ ਗਿਆ। ਇਸ ਮੌਕੇ ਤੇ ਪੰਡਿਤ ਪ੍ਰੀਤੁਮ ਰਾਮ , ਭਗਵਾਨ ਦਾਸ ਬੌਬੀ, ਮੁਕੇਸ਼ ਕੁਮਾਰ, ਰਾਕੇਸ਼ ਕੁਮਾਰ, ਅਮਰੀਸ਼ ਜੋਸ਼ੀ, ਚੰਦਰ ਜੋਸ਼ੀ, ਸਾਹਿਲ ਮਹਿਰਾ, ਅਰੁਣ ਸਾਈ, ਪਾਰਸ, ਗਗਨ, ਅਸ਼ਵਨੀ ਮਹਿਰਾ, ਗੁਰਜੀਤ ਕੌਰ ਅਨੀਤਾ, ਪ੍ਰਿਆ ਮਹਿਰਾ, ਡੌਲੀ ਕਪੂਰ, ਚੰਚਲਾ ਕੁਮਾਰੀ, ਮਮਤਾ ਰਾਣੀ, ਰਾਜ ਰਾਣੀ, ਉਰਮਿਲਾ ਰਾਣੀ, ਜੀਵਨ ਕੰਤਾ, ਮਾਨਸੀ ਸ਼ਰਮਾ, ਸੁਰਜੀਤ ਕੌਰ, ਸੁਰਿੰਦਰ ਕੌਰ ਆਦਿ ਹਾਜ਼ਰ ਸਨ।



# ਜੇ ਡੀ ਸੈਂਟਰਲ ਸਕੂਲ ਵਿਖੇ ਹੋਲੀ ਉਤਸ਼ਾਹ ਨਾਲ ਮਨਾਈ

**ਮਹਿਤਪੁਰ (ਰਾਜਾ)** ਪੰਜਾਬ ਤਿਉਹਾਰਾਂ ਅਤੇ ਮੇਲਿਆਂ ਦਾ ਤਿਉਹਾਰ ਹੈ ।ਜੇ ਡੀ ਸੈਂਟਰਲ ਸਕੂਲ ਆਦਰਮਾਨ ਵਿਖੇ ਹਰੇਕ ਤਿਉਹਾਰ ਨੂੰ ਬੜੇ ਹੀ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਜੇ ਡੀ ਸੈਂਟਰਲ ਸਕੂਲ ਆਦਰਮਾਨ ਵਿਖੇ ਮੌਜੂਦਾ ਚੇਅਰਮੈਨ ਸਰਦਾਰ ਸਿਮਰਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਮੈਡਮ ਰੰਜਨਾ ਰਾਏ ਦੀ ਅਗਵਾਈ ਹੇਠ ਹੋਲੀ ਦਾ ਤਿਉਹਾਰ ਮਨਾਇਆ ਗਿਆ ।ਜਿਸ ਦੇ ਵਿੱਚ ਛੋਟੇ ਬੱਚਿਆਂ ਵੱਲੋਂ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕੀਤੀਆਂ ਗਈਆਂ ।ਪ੍ਰਿੰਸੀਪਲ ਮੈਡਮ ਰੰਜਨਾ ਰਾਏ ਨੇ ਕੈਮੀਕਲ ਰੰਗਾਂ ਦੇ ਨੁਕਸਾਨ ਦੱਸਦੇ ਹੋਏ ਵਿਦਿਆਰਥੀਆਂ ਨੂੰ ਕੁਦਰਤੀ ਰੰਗਾਂ ਵਿੱਚ ਰੰਗਣ ਲਈ ਕਿਹਾ। ਵਿਦਿਆਰਥੀਆਂ ਨੂੰ ਹੋਲੀ ਅਤੇ ਹੋਲੇ ਮਹੱਲੇ ਦੇ ਪਵਿੱਤਰ ਇਤਿਹਾਸ ਬਾਰੇ ਵੀ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਰੰਗਾਂ ਦੇ ਤਿਲਕ ਲਗਾ ਕੇ ਹੋਲੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਅਧਿਆਪਕਾਵਾਂ ਨੇ ਵੀ ਵਿਦਿਆਰਥੀਆਂ ਨੂੰ ਵੱਖ ਵੱਖ ਗਤੀਵਿਧੀਆਂ ਕਰਵਾਈਆਂ ਅਤੇ ਉਨਾਂ ਨੂੰ ਇਸ ਤਿਉਹਾਰ ਦੀ ਪਵਿੱਤਰਤਾ ਅਤੇ ਵਿਸ਼ੇਸ਼ਤਾ ਦੱਸਦੇ ਹੋਏ ਵਿਦਿਆਰਥੀਆਂ ਨਾਲ ਹੋਲੀ ਦਾ ਤਿਉਹਾਰ ਮਨਾਇਆ। ਇਹੋ ਜਿਹੇ ਤਿਉਹਾਰ ਵਿਦਿਆਰਥੀਆਂ ਦੇ ਵਿੱਚ ਅਨੁਸ਼ਾਸਨ ਵਿੱਚ ਰਹਿ ਕੇ ਵੱਖ-ਵੱਖ ਰੁੱਤਾ ਅਤੇ ਤਿਉਹਾਰਾਂ ਦੀ ਜਾਣਕਾਰੀ ਵਧਾਉਂਦੇ ਹਨ।



# ਮੇਹਰ ਚੰਦ ਪੋਲੀਟੈਕਨਿਕ ਕਾਲਜ 'ਚ ਫੁੱਲਾਂ ਦੀ ਹੋਲੀ ਮਨਾਈ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿੱਚ ਐਡਮਿਨ ਸਟਾਫ ਵੱਲੋਂ ਫੁੱਲਾਂ ਦੀ ਹੋਲੀ ਖੁਸ਼ੀ ਤੇ ਉਤਸ਼ਾਹ ਨਾਲ ਮਨਾਈ ਗਈ। ਇਹ ਸਮਾਗਮ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਰਹਿਨੁਮਾਈ ਹੇਠ ਆਯੋਜਿਤ ਕੀਤਾ ਗਿਆ।ਇਸ ਮੌਕੇ ਸਟਾਫ ਮੈਂਬਰਾਂ ਨੇ ਇਕ-ਦੂਜੇ ਨੂੰ ਫੁੱਲਾਂ ਨਾਲ ਹੋਲੀ ਦੀਆਂ ਮੁਬਾਰਕਾਂ ਦਿੱਤੀਆਂ ਤੇ ਪਿਆਰ, ਭਾਈਚਾਰੇ ਅਤੇ ਏਕਤਾ ਦਾ ਸੰਦੇਸ਼ ਦਿੱਤਾ। ਰੰਗਾਂ ਦੀ ਬਜਾਇ ਫੁੱਲਾਂ ਨਾਲ ਮਨਾਈ ਗਈ ਇਹ ਹੋਲੀ ਪ੍ਰਕ੍ਰਿਤੀ ਪ੍ਰੇਮ ਤੇ ਪਰਿਆਵਰਣ ਸੁਰੱਖਿਆ ਵੱਲ ਇਕ ਸਰਾਹਣਯੋਗ ਕਦਮ ਸੀ।ਸਮਾਗਮ ਦੌਰਾਨ ਸਭ ਨੂੰ ਗੁਜੀਆ ਵੀ ਖਿਲਾਈ ਗਈ ਤੇ ਮਿੱਠਾਸ ਨਾਲ ਤਿਉਹਾਰ ਦੀ ਖੁਸ਼ੀ ਸਾਂਝੀ ਕੀਤੀ ਗਈ। ਡਾ. ਜਗਰੂਪ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਸੰਸਥਾ ਵਿੱਚ ਸਹਿਯੋਗ ਅਤੇ ਸਕਾਰਾਤਮਕ ਵਾਤਾਵਰਣ ਨੂੰ ਮਜ਼ਬੂਤ ਕਰਦੇ ਹਨ।



# ਮਜ਼ਦੂਰਾਂ-ਕਿਸਾਨਾਂ ਦੀਆਂ ਕਿਰੰਗੜੀਆਂ ਹੋਰ ਮਜ਼ਬੂਤ ਕਰਨਾ ਸਮੇਂ ਦੀ ਲੋੜ

**ਸ਼ਾਹਕੋਟ (ਗਿਆਨ ਸੈਦਪੁਰੀ)** ਪੰਜਾਬ ਖੇਤ ਮਜ਼ਦੂਰ ਸਭਾ ਤੇ ਕੁੱਲ ਹਿੰਦ ਕਿਸਾਨ ਸਭਾ ਦੀ ਸਾਂਝੀ ਮੀਟਿੰਗ ਵਿੱਚ ਆਗੂਆਂ ਨੇ ਸੀ ਪੀ ਆਈ ਦੀਆਂ ਅਵਾਮੀ ਜਥੇਬੰਦੀਆਂ ਦੀ ਮਜ਼ਬੂਤੀ ਅਤੇ ਆਪਸੀ ਸਾਂਝ ਨੂੰ ਹੋਰ ਪਕੇਰਾ ਕਰਨ ਸਬੰਧੀ ਗੰਭੀਰ ਵਿਚਾਰ ਵਟਾਂਦਰਾ ਕੀਤਾ। ਮਹਿਤਪੁਰ ਵਿੱਚ ਹੋਈ ਇਸ ਮੀਟਿੰਗ ਦੀ ਪ੍ਰਧਾਨਗੀ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੰਦੀਪ ਅਰੋੜਾ ਨੇ ਕੀਤੀ। ਸੀ ਪੀ ਆਈ ਜ਼ਿਲ੍ਹਾ ਜਲੰਧਰ ਦੇ ਸਕੱਤਰ ਕਾਮਰੇਡ ਰਸ਼ਪਾਲ ਕੈਲੇ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਾਮਿਲ ਹੋਏ। ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਬੇਰੁਜ਼ਗਾਰੀ, ਮਹਿੰਗਾਈ, ਨਸ਼ਿਆਂ ਦਾ ਪਸਾਰ, ਚੋਰੀ ਦੀਆਂ ਵਾਰਦਾਤਾਂ ਤੇ ਹਿੰਸਕ ਘਟਨਾਵਾਂ ਨੇ ਵਿਕਰਾਲ ਰੂਪ ਧਾਰਿਆ ਹੋਇਆ ਹੈ। ਅਜਿਹੇ ਹਾਲਾਤ ਨੂੰ ਮੋੜਾ ਦੇਣ ਲਈ ਮਜ਼ਦੂਰ ਤੇ ਕਿਸਾਨ ਜਥੇਬੰਦੀਆਂ ਨੂੰ ਸਿਰ ਜੋੜ ਕੇ ਸੰਘਰਸ਼ ਦੇ ਸਾਂਝੇ ਪਿੜ ਵਿੱਚ ਕੁੱਦਣ ਦੀ ਲੋੜ ਪਹਿਲਾਂ ਨਾਲੋਂ ਵੱਧ ਗਈ ਹੈ। ਉਲਝਣ ਭਰੀਆਂ ਪ੍ਰਿਸਥਿਤੀਆਂ ਵਿੱਚ ਉੱਠ ਰਹੇ ਲੋਕ ਰੋਹ ਨੂੰ ਠੰਡਾ ਕਰਨ ਲਈ ਸਰਕਾਰਾਂ ਵੱਲੋਂ ਜਾਤ-ਪਾਤ ਅਤੇ ਧਾਰਮਿਕ ਖੇਤਰ ਵਿੱਚ ਵੱਖਰੇਵੇਂ ਖੜੇ ਕੀਤੇ ਜਾ ਰਹੇ ਹਨ। ਰਵਾਇਤੀ ਸਿਆਸੀ ਪਾਰਟੀਆਂ ਕੋਲ ਪੰਜਾਬ ਦੀ ਬਿਹਤਰੀ ਲਈ ਕੋਈ ਦ੍ਰਿਸ਼ਟੀਕੋਣ ਨਜ਼ਰ ਨਹੀਂ ਆ ਰਿਹਾ। ਉਹ ਆਪਸੀ ਦੂਸ਼ਣਬਾਜ਼ੀ ਨਾਲ ਸਿਆਸਤ ਦੇ ਨਾਲ ਨਾਲ ਸਮਾਜੀ ਮਾਹੌਲ ਨੂੰ ਵੀ ਗੰਧਲਾ ਕਰ ਰਹੇ ਹਨ। ਮੀਟਿੰਗ ਵਿੱਚ ਆਗੂਆਂ ਨੇ ਆਲੂ ਦੀ ਰੁਲ ਰਹੀ ਫਸਲ ਦਾ ਮੁੱਦਾ ਵੀ ਉਠਾਇਆ। ਉਹਨਾਂ ਕਿਹਾ ਕਿ ਆਲੂ ਉਤਪਾਦਕਾਂ ਦੀ ਪੁਕਾਰ ਨੂੰ ਅਣਸੁਣਿਆ ਕੀਤਾ ਜਾ ਰਿਹਾ ਹੈ। ਮਜ਼ਦੂਰ ਵਰਗ ਚੌਤਰਫੀ ਮਾਰ ਝੱਲ ਰਿਹਾ ਹੈ। ਅਜਿਹੇ ਹਾਲਾਤ ਵਿੱਚ ਮਜ਼ਦੂਰਾਂ ਤੇ ਕਿਸਾਨਾਂ ਵੱਲੋਂ ਆਪਸੀ ਕਰੰਗੜੀਆਂ ਨੂੰ ਹੋਰ ਪੱਕਾ ਕਰਕੇ ਸੰਘਰਸ਼ਾਂ ਦੇ ਪਾਂਧੀ ਬਣਨਾ ਹੀ ਸਮੇਂ ਦਾ ਤਕਾਜ਼ਾ ਹੈ। ਮੀਟਿੰਗ ਵਿੱਚ ਵੀਰ ਕੁਮਾਰ, ਸਿਕੰਦਰ ਸੰਧੂ, ਮਨਦੀਪ ਸਿੱਧੂ ਤੇ ਸੁਨੀਲ ਕੁਮਾਰ ਆਦਿ ਵੀ ਸ਼ਾਮਿਲ ਸਨ।



# ਕਰਮਚਾਰੀਆਂ ਨੇ 8 ਦੀ ਰੈਲੀ ਨੂੰ ਸਫਲ ਬਣਾਉਣ ਲਈ ਬਲਾਕ ਪੱਧਰ ਤੋਂ ਤਿਆਰੀ ਵਿੱਢੀ

**ਹੁਸ਼ਿਆਰਪੁਰ, (ਬਲਬੀਰ ਸਿੰਘ ਸੈਣੀ)**- ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਤੇ ਸੀ ਪੀ ਐੱਫ ਕਰਮਚਾਰੀ ਯੂਨੀਅਨ ਪੰਜਾਬ ਤੇ ਹੋਰ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਰਕਾਰ ਦੁਆਰਾ ਲਗਾਤਾਰ ਪਿਛਲੇ ਚਾਰ ਸਾਲਾਂ ਤੋਂ ਪੁਰਾਣੀ ਪੈਨਸ਼ਨ ਦੀ ਬਹਾਲੀ ਤੇ ਹੋਰ ਮੁਲਾਜ਼ਮ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਤੋਂ ਖ਼ਫ਼ਾ ਕਰਮਚਾਰੀ ਵਰਗ ਹੁਣ ਚੋਣ ਵਰ੍ਹਾ ਹੋਣ ਕਾਰਨ ਸਰਕਾਰ ਨਾਲ ਆਰ-ਪਾਰ ਦੇ ਸੰਘਰਸ਼ ਦੇ ਰੌਅ ਵਿੱਚ ਹੈ । ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੂਬਾ ਕਨਵੀਨਰ ਜਸਵੀਰ ਸਿੰਘ ਤਲਵਾੜਾ ਤੇ ਪ੍ਰਧਾਨ ਸੁਖਜੀਤ ਸਿੰਘ ਨੇ ਕਿਹਾ ਕਿ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਮੁਲਾਜ਼ਮਾਂ ਨਾਲ ਕੀਤੇ ਚੋਣ ਵਾਅਦਿਆਂ ਵਿੱਚੋਂ ਇੱਕ ਵਾਅਦਾ ਵੀ ਪੂਰਾ ਨਹੀਂ ਕੀਤਾ ਜਿਸ ਕਾਰਨ ਐੱਨ ਪੀ ਐਸ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। 8 ਮਾਰਚ ਦੀ ਰੈਲੀ ਨੂੰ ਸਫ਼ਲ ਬਣਾਉਣ ਲਈ ਬਲਾਕ ਪੱਧਰੀ ਮੀਟਿੰਗਾਂ ਦਾ ਦੌਰ ਸ਼ੁਰੂ ਕਰ ਦਿੱਤਾ ਗਿਆ ਹੈ।

# ਹੋਲੀ ਦਾ ਤਿਉਹਾਰ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹੋਲੀ ਦਾ ਤਿਉਹਾਰ ਨੂਰਮਹਿਲ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਗਿਆ। ਨੌਜਵਾਨਾਂ ਨੇ ਟੋਲੇ ਬਣਾ ਕਿ ਇਕ ਦੂਸਰੇ ਉਪਰ ਰੰਗ ਪਾ ਕੇ ਇਕ ਦੂਸਰੇ ਨਾਲ ਪਿਆਰ ਦਾ ਇਜ਼ਹਾਰ ਕੀਤਾ। ਲੜਕੀਆਂ ਨੇ ਵੀ ਹੋਲੀ ਮਨਾਈ। ਮੋਟਰਸਾਈਕਲਾਂ ਤੇ ਸਵਾਰ ਨੌਜਵਾਨਾਂ ਨੇ ਇਕ ਦੂਸਰੇ ਉਪਰ ਰੰਗ ਪਾ ਕੇ ਖੂਬ ਆਨੰਦ ਲਿਆ।




ਵਰ੍ਹੇਗੰਢ ਮੁਬਾਰਕ



ਅਜੈਬ ਸਿੰਘ ਅਤੇ ਬਲਬੀਰ ਕੌਰ ਵਾਸੀ ਧਾਰੀਵਾਲ ਕਲਾਂ ਨੇ ਆਪਣੇ ਵਿਆਹ ਦੀ 35ਵੀਂ ਵਰ੍ਹੇਗੰਢ ਮਨਾਈ।


# 8 ਦੀ ਰੈਲੀ ਨੂੰ ਸਫਲ ਬਣਾਉਣ ਲਈ ਮੀਟਿੰਗ

**ਮਾਹਿਲਪੁਰ (ਸ.ਫਰੀ)**- ਮੁਲਾਜਮ-ਪੈਨਸ਼ਨਰ ਸਾਂਝਾ ਫਰੰਟ ਦੀ ਇੱਕ ਅਹਿਮ ਮੀਟਿੰਗ ਮਾਹਿਲਪੁਰ ਵਿਖੇ ਨਰਿੰਦਰ ਅਜਨੋਹਾ ਬਲਾਕ ਪ੍ਰਧਾਨ ਪਸਸਫ ਅਤੇ ਮਲਕੀਤ ਸਿੰਘ ਬਾਹੋਵਾਲ ਦੀ ਅਗਵਾਈ ਵਿੱਚ ਹੋਈ।ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ, ਪਰਮਜੀਤ ਕਾਤਿਬ ਅਤੇ ਕਮਲਜੀਤ ਕੌਰ ਖੜੌਦੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਹਰ ਪ੍ਰਕਾਰ ਦੇ ਕੱਚੇ ਅਤੇ ਮਾਣਭੱਤੇ ਤੇ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਟੈੱਟ ਨੂੰ ਖਤਮ ਕਰਨਾ, ਪੈਨਸ਼ਨਰਜ ਨੂੰ 2.59 ਦਾ ਗੁਣਾਕ, ਪੇ-ਕਮਿਸ਼ਨ ਤੇ ਡੀ ਏ ਦੇ ਬਕਾਏ, ਕੇਂਦਰੀ ਪੇਅ-ਕਮਿਸ਼ਨ ਰੱਦ ਕਰਨ ਤੇ ਕਈ ਹੋਰ ਹੱਕੀ ਅਤੇ ਜਾਇਜ ਮੰਗਾਂ ਮਨਵਾਉਣ ਲਈ ਚੰਡੀਗੜ੍ਹ ਵਿਧਾਨ ਸਭਾ ਦੇ ਘਿਰਾਓ ਦਾ ਫ਼ੈਸਲਾ ਕੀਤਾ ਹੈ।ਆਗੂਆਂ ਨੇ ਕਿਹਾ ਕਿ ਇਸ ਸਮੇਂ ਪੰਜਾਬ ਦੇ ਮੁਲਾਜਮ ਅਤੇ ਪੈਨਸ਼ਨਰ 25% ਤਨਖਾਹ ਅਤੇ ਪੈਨਸ਼ਨ ਘੱਟ ਲੈ ਰਹੇ ਹਨ।ਆਗੂਆਂ ਨੇ ਮੁਲਾਜਮਾਂ ਅਤੇ ਪੈਨਸ਼ਨਰਾਂ ਨੂੰ ਅਪੀਲ ਹੈ ਕਿ ਉਹ ਇਸ ਘਿਰਾਓ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ।ਇਸ ਮੌਕੇ ਨਰਿੰਦਰ ਅਜਨੋਹਾ, ਮੱਖਣ ਸਿੰਘ ਲੰਗੇਰੀ, ਅਮਰਜੀਤ ਕੁਮਾਰ, ਮਲਕੀਤ ਸਿੰਘ ਬਾਹੋਵਾਲ, ਮਨਜਿੰਦਰ ਸਿੰਘ ਲੱਕੀ, ਪਰਮਜੀਤ ਕਾਤਿਬ, ਗੁਰਨਾਮ ਚੰਦ, ਸਤਨਾਮ ਸਿੰਘ, ਬਾਬੂ ਓਮ ਦੱਤ,ਜੈ ਰਾਮ ਬਾੜੀਆਂ, ਰਕੇਸ਼ ਕੁਮਾਰ, ਸਰਬਜੀਤ ਸਿੰਘ, ਨਰਿੰਦਰ ਮਹਿਤਾ, ਚਮਨ ਲਾਲ, ਰਜਨੀ, ਆਸ਼ਾ ਰਾਣੀ, ਕਮਲਜੀਤ ਕੌਰ, ਸੁਰਿੰਦਰ ਕੌਰ, ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।



# ਤ਼ਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮਲਵਿੰਦਰ ਕੰਗ ਹੋਏ ਨਤਮਸਤਕ

**ਸ੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)**- ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਖਾਲਸਾ ਪੰਥ ਦਾ ਤਿਉਹਾਰ ਹੋਲਾ-ਮਹੱਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ। ਹੋਲਾ-ਮਹੱਲਾ ਮੌਕੇ ਮੈਂਬਰ ਪਾਰਲੀਮੈਂਟ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਸ. ਮਲਵਿੰਦਰ ਸਿੰਘ ਕੰਗ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨਤਮਸਤਕ ਹੋਣ ਲਈ ਪਹੁੰਚੇ। ਜਿੱਥੇ ਉਨ੍ਹਾਂ ਗੁਰਦੁਆਰਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ ਤੇ ਸਮੂਹ ਸੰਗਤ ਨੂੰ ਹੋਲਾ-ਮਹੱਲਾ ਦੀ ਵਧਾਈ ਦਿੱਤੀ। ਇਸ ਮੌਕੇ ਗੱਲਬਾਤ ਕਰਦਿਆਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਹੋਲਾ-ਮਹੱਲਾ ਇਕ ਧਰਮ ਦਾ ਤਿਉਹਾਰ ਨਹੀਂ ਸਗੋਂ ਸਮੁੱਚੀ ਮਾਨਵਤਾ ਦਾ ਤਿਉਹਾਰ ਹੈ ਅਤੇ ਅੱਜ ਦੇਸ਼ ਤੇ ਦੁਨੀਆ ਤੋਂ ਲੱਖਾਂ ਦੀ ਗਿਣਤੀ 'ਚ ਸੰਗਤ ਗੁਰੂ ਚਰਨਾਂ ਵਿੱਚ ਮੱਥਾ ਟੇਕ ਰਹੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਦੀ ਤਰੱਕੀ ਤੇ ਇਥੋਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਜ਼ਿਆਦਾ ਮਜ਼ਬੂਤ ਕੀਤਾ ਜਾਵੇਗਾ ਤੇ ਇਸ ਇਲਾਕੇ ਲਈ ਲੋੜੀਂਦੀਆਂ ਹੋਰ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।





ਬੰਗਾ ਹਲਕੇ ਦੇ ਪਿੰਡ ਮੇਹਲੀ ਵਿਖੇ ਬੱਚਿਆਂ ਵੱਲੋਂ ਹੋਲੀ ਦਾ ਤਿਉਹਾਰ ਮਨਾਇਆ ਗਿਆ।
ਫੋਟੋ ਤੇ ਵੇਰਵਾ :- ਅਵਤਾਰ ਕਲੇਰ, ਬੰਗਾ